6-JAN-PAGE-1.qxd 1/5/2025 9:49 PM Page 1


ਸੋਮਵਾਰ, 6 ਜਨਵਰੀ, 2025

23 ਪੋਹ { ਨਾਨਕਸ਼ਾਹੀ 556 / ਬਿਕਰਮੀ 2081 }

ਜਿਲਦ/VOL. : 73

ਅੰਕ/NO. : 217

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 6 JANUARY, 2025

ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਛੱਤੀਸਗੜ੍ਹ ’ਚ 4 ਨਕਸਲੀ ਮਾਰੇ

**ਦਾਂਤੇਵਾੜਾ** : ਛੱਤੀਸਗੜ੍ਹ ਦੇ ਬਸਤਰ ਖੇਤਰ ਵਿੱਚ ਸੁਰੱਖਿਆ ਬਲਾਂ ਨਾਲ ਮੁਕਾਬਲੇ ਵਿਚ ਚਾਰ ਨਕਸਲੀ ਮਾਰੇ ਗਏ, ਜਦੋਂਕਿ ਡਿਸਟ੍ਰਿਕਟ ਰਿਜ਼ਰਵ ਗਾਰਡ ਦਾ ਹੈੱਡ ਕਾਂਸਟੇਬਲ ਸਾਨੂ ਕਰਮ ਸ਼ਹੀਦ ਹੋ ਗਿਆ। ਮੁਕਾਬਲਾ ਸ਼ਨਿੱਚਰਵਾਰ ਸ਼ਾਮ ਨਰਾਇਣਪੁਰ ਤੇ ਦਾਂਤੇਵਾੜਾ ਦੀ ਸਰਹੱਦ ਨਾਲ ਦੱਖਣੀ ਅਬੂਜਮਾਦ ਦੇ ਜੰਗਲਾਂ ’ਚ ਹੋਇਆ। ਸੁਰੱਖਿਆ ਬਲ ਨਕਸਲੀਆਂ ਖਿਲਾਫ ਅਪਰੇਸ਼ਨ ਚਲਾ ਰਹੇ ਸੀ, ਜਦੋਂ ਨਕਸਲੀਆਂ ਵੱਲੋਂ ਕੀਤੀ ਫਾਇਰਿੰਗ ਮਗਰੋਂ ਦੁਵੱਲੀ ਗੋਲੀਬਾਰੀ ਸ਼ੁਰੂ ਹੋ ਗਈ। ਮੌਕੇ ਤੋਂ ਏ ਕੇ-47 ਰਾਈਫਲ ਤੇ ਸੈਲਫ ਲੋਡਿੰਗ ਰਾਈਫਲ ਸਣੇ ਆਟੋਮੈਟਿਕ ਹਥਿਆਰ ਮਿਲੇ। ਉਧਰ, ਮੁੱਖ ਮੰਤਰੀ ਵਿਸ਼ਨੂੰ ਦਿਓ ਸਾਈ ਨੇ ਕਿਹਾ ਕਿ ਨਕਸਲਵਾਦ ਦੀ ਅਲਾਮਤ ਨੂੰ ਖਤਮ ਕਰਨ ਲਈ ਲੜਾਈ ਜਾਰੀ ਰਹੇਗੀ।

## ਹੈਲੀਕਾਪਟਰ ਹਾਦਸੇ ’ਚ ਤਿੰਨ ਜਵਾਨਾਂ ਦੀ ਮੌਤ

**ਪੋਰਬੰਦਰ (ਗੁਜਰਾਤ)** : ਭਾਰਤੀ ਕੋਸਟ ਗਾਰਡ ਦਾ ਹੈਲੀਕਾਪਟਰ ਐਤਵਾਰ ਦੁਪਹਿਰੇ ਗੁਜਰਾਤ ਦੇ ਪੋਰਬੰਦਰ ਵਿੱਚ ਲੈਂਡਿੰਗ ਮੌਕੇ ਹਾਦਸਾਗ੍ਰਸਤ ਹੋਣ ਨਾਲ ਅਮਲੇ ਦੇ ਤਿੰਨ ਮੈਂਬਰਾਂ ਦੀ ਮੌਤ ਹੋ ਗਈ। ਤਿੰਨੇ ਮੈਂਬਰ ਬੁਰੀ ਤਰ੍ਹਾਂ ਝੁਲਸ ਗਏ ਸਨ ਤੇ ਉਨ੍ਹਾਂ ਜ਼ਖਮਾਂ ਦੀ ਤਾਬ ਨਾ ਝੱਲਦਿਆਂ ਪੋਰਬੰਦਰ ਦੇ ਹਸਪਤਾਲ ’ਚ ਦਮ ਤੋੜ ਦਿੱਤਾ।

## ਕੈਂਟਰ ਨਾਲ ਟੱਕਰ ਕਾਰਨ ਬਾਈਕ ਚਾਲਕ ਦੀ ਮੌਤ

**ਫਤਹਿਗੜ੍ਹ ਪੰਜਤੂਰ** : ਮੋਗਾ-ਅੰਮ੍ਰਿਤਸਰ ਮੁੱਖ ਮਾਰਗ ਉੱਤੇ ਪਿੰਡ ਕੜਾਹੇ ਵਾਲਾ ਕੋਲ ਐਤਵਾਰ ਬਾਅਦ ਦੁਪਹਿਰ ਡੇਢ ਵਜੇ ਦੇ ਕਰੀਬ ਮੋਟਰਸਾਈਕਲ ਤੇ ਕੈਂਟਰ ਦੀ ਸਿੱਧੀ ਟੱਕਰ ’ਚ ਮੋਟਰਸਾਈਕਲ ਚਾਲਕ ਨੌਜਵਾਨ ਕੰਵਲਜੀਤ ਸਿੰਘ ਪੁੱਤਰ ਜਸਵਿੰਦਰ ਸਿੰਘ ਵਾਸੀ ਪਿੰਡ ਫਤਹਿਉੱਲਾ ਸ਼ਾਹਵਾਲਾ ਦੀ ਮੌਤ ਹੋ ਗਈ, ਜੋ ਪਿੰਡ ਪੀਰ ਮੁਹੰਮਦ ਤੋਂ ਪਰਤ ਰਿਹਾ ਸੀ। ਕੈਂਟਰ ਚਾਲਕ ਫਰਾਰ ਹੋ ਗਿਆ।

## ਗਲਤੀ ਕਾਰਨ ਲਾਲੂ ਨਾਲ ਰਲਦਾ ਰਿਹਾ : ਨਿਤੀਸ਼

**ਪਟਨਾ** : ਰਾਜਦ ਦੇ ਆਗੂ ਲਾਲੂ ਪ੍ਰਸਾਦ ਯਾਦਵ ਵੱਲੋਂ ਮੁੜ ਇਕੱਠੇ ਹੋਣ ਦੀ ਦਿੱਤੀ ਪੇਸ਼ਕਸ਼ ਮਗਰੋਂ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਕਿਹਾ ਕਿ ਉਹ ਬੀਤੇ ਵਿਚ ‘ਗਲਤੀ’ ਨਾਲ ਵਿਰੋਧੀ ਪਾਰਟੀ ਨਾਲ ਗੱਠਜੋੜ ਦੀ ਸਾਂਝ ਪਾਉਂਦੇ ਰਹੇ ਹਨ। ਕੁਮਾਰ ਨੇ ਕਿਹਾ ਕਿ ਰਾਜਦ ਨੇ ਸੱਤਾ ਵਿਚ ਰਹਿੰਦਿਆਂ ਕੁਝ ਨਹੀਂ ਕੀਤਾ। ਚੇਤੇ ਰਹੇ ਕਿ ਲਾਲੂ ਨੇ ਕਿਹਾ ਸੀ ਕਿ ਸਾਬਕਾ ਭਾਈਵਾਲ (ਜੇ ਡੀ ਯੂ) ਲਈ ਉਨ੍ਹਾ ਦੇ ਦਰ ਅੱਜ ਵੀ ਖੁੱਲ੍ਹੇ ਹਨ। ਬਿਹਾਰ ਦੇ ਮੁਜ਼ੱਫਰਪੁਰ ਜ਼ਿਲ੍ਹੇ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਿਤੀਸ਼ ਨੇ ਕਿਹਾ—ਜਿਹੜੇ ਸਾਡੇ ਤੋਂ ਪਹਿਲਾਂ ਸੱਤਾ ਵਿਚ ਸਨ, ਕੀ ਉਨ੍ਹਾਂ ਕੁਝ ਕੀਤਾ? ਲੋਕ ਦਿਨ ਛੁਪਣ ਮਗਰੋਂ ਘਰੋਂ ਨਿਕਲਣ ਤੋਂ ਡਰਦੇ ਸਨ। ਮੈਂ ਗਲਤੀ ਨਾਲ ਕਈ ਵਾਰ ਉਨ੍ਹਾਂ ਨਾਲ ਗੱਠਜੋੜ ਕੀਤਾ।

## ਡਾਕਟਰ ਮਨਮੋਹਨ ਸਿੰਘ ਨੂੰ ਭਾਰਤ ਰਤਨ ਲਈ ਅਸੈਂਬਲੀ ਸਾਂਝਾ ਮਤਾ ਪਾਏ : ਬਾਜਵਾ

**ਚੰਡੀਗੜ੍ਹ** : ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਮੁੱਖ ਮੰਤਰੀ ਭਗਵੰਤ ਮਾਨ ਤੇ ਅਸੈਂਬਲੀ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੂੰ ‘ਭਾਰਤ ਰਤਨ’ ਦੇਣ ਦੀ ਸਿਫਾਰਸ਼ ਸੰਬੰਧੀ ਪੰਜਾਬ ਅਸੈਂਬਲੀ ’ਚ ਸਾਂਝਾ ਮਤਾ ਲਿਆਂਦਾ ਜਾਵੇ। ਉਨ੍ਹਾ ਇਸ ਬਾਰੇ ਭਾਜਪਾ ਆਗੂ ਅਸ਼ਵਨੀ ਸ਼ਰਮਾ, ਸ਼੍ਰੋਮਣੀ ਅਕਾਲੀ ਦਲ ਦੇ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਤੇ ਬਸਪਾ ਦੇ ਨਛੱਤਰ ਪਾਲ ਨੂੰ ਵੀ ਪੱਤਰ ਲਿਖਿਆ ਹੈ। ਉਨ੍ਹਾ ਕਿਹਾ ਕਿ ਸਰਬ ਪਾਰਟੀ ਵਫਦ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਿਲ ਕੇ ਮਰਹੂਮ ਡਾ. ਮਨਮੋਹਨ ਸਿੰਘ ਨੂੰ ਭਾਰਤ ਰਤਨ ਦੇਣ ਦੀ ਮੰਗ ਕਰਨੀ ਚਾਹੀਦੀ ਹੈ।

# ਮੋਦੀ ਨੂੰ ਭੰਡਣ ਵਾਲਾ ਸੋਰੋਸ ਅਮਰੀਕਾ ਵੱਲੋਂ ਸਨਮਾਨਤ



**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਜੋਅ ਬਾਇਡਨ ਨੇ ਸਾਬਕਾ ਵਿਦੇਸ਼ ਮੰਤਰੀ ਹਿਲੇਰੀ ਕਲਿੰਟਨ, ਫੁਟਬਾਲ ਸੁਪਰਸਟਾਰ ਲਿਓਨੇਲ ਮੈਸੀ, 94 ਸਾਲਾ ਵਿਵਾਦਤ ਸਮਾਜਸੇਵੀ ਜੌਰਜ ਸੋਰੋਸ ਤੇ ਅਦਾਕਾਰ ਡੈਂਜਲ ਵਾਸ਼ਿੰਗਟਨ ਸਣੇ 19 ਵਿਅਕਤੀਆਂ ਦਾ ਦੇਸ਼ ਦੇ ਸਿਖਰਲੇ ਨਾਗਰਿਕ ਪੁਰਸਕਾਰ ‘ਪ੍ਰੈਜ਼ੀਡੈਂਜ਼ੀਅਲ ਮੈਡਲ ਆਫ ਫਰੀਡਮ’ ਨਾਲ ਸਨਮਾਨ ਕੀਤਾ ਹੈ। ਇਹ ਪੁਰਸਕਾਰ ਉਨ੍ਹਾਂ ਵਿਅਕਤੀਆਂ ਨੂੰ ਦਿੱਤਾ ਜਾਂਦਾ ਹੈ, ਜਿਨ੍ਹਾਂ ਅਮਰੀਕਾ ਦੀ ਖੁਸ਼ਹਾਲੀ, ਉਸ ਦੀਆਂ ਕਦਰਾਂ-ਕੀਮਤਾਂ ਤੇ ਆਲਮੀ ਸ਼ਾਂਤੀ ਨੂੰ ਵਧਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੋਵੇ ਜਾਂ ਫਿਰ ਜਨਤਕ ਜਾਂ ਨਿੱਜੀ ਖੇਤਰ ’ਚ ਅਹਿਮ ਕੰਮ ਕੀਤੇ ਹੋਣ। ਅਰਜਨਟੀਨਾ ਦਾ ਫੁਟਬਾਲ ਖਿਡਾਰੀ ਮੈਸੀ ਪਹਿਲਾਂ ਤੋਂ ਨਿਰਧਾਰਤ ਪ੍ਰੋਗਰਾਮਾਂ ਕਰਕੇ ਇਹ ਪੁਰਸਕਾਰ ਲੈਣ ਲਈ ਵ੍ਹਾਈਟ ਹਾਊਸ ਵਿੱਚ ਨਿੱਜੀ ਰੂਪ ’ਚ ਮੌਜੂਦ ਨਹੀਂ ਸੀ। ਬਾਇਡਨ ਨੇ ਵ੍ਹਾਈਟ ਹਾਊਸ ਦੇ ਈਸਟ ਰੂਮ ਵਿਚ ਰੱਖੇ ਸਮਾਗਮ ਦੌਰਾਨ ਕਿਹਾ—ਮੈਨੂੰ ਰਾਸ਼ਟਰਪਤੀ ਵਜੋਂ ਆਖਰੀ ਵਾਰ ਦੇਸ਼ ਦੇ ਸਰਬਉੱਚ ਨਾਗਰਿਕ ਸਨਮਾਨ ਨਾਲ ਅਸਧਾਰਨ ਲੋਕਾਂ ਨੂੰ ਸਨਮਾਨਤ ਕਰਨ ਦਾ ਮੌਕਾ ਮਿਲਿਆ ਹੈ। ਅਜਿਹੇ ਲੋਕ, ਜਿਨ੍ਹਾਂ ਅਮਰੀਕਾ ਦੇ ਸਭਿਆਚਾਰ ਤੇ ਟੀਚੇ ਨੂੰ ਆਕਾਰ ਦੇਣ ਵਿਚ ਯੋਗਦਾਨ ਪਾਇਆ।

ਓਪਨ ਸੁਸਾਇਟੀ ਫਾਊਂਡੇਸ਼ਨਜ਼ ਦੇ ਬਾਨੀ ਤੇ ਦਾਨ ਕਰਨ ਲਈ ਮਸ਼ਹੂਰ ਜੌਰਜ ਸੋਰੋਸ ਨੂੰ ਉਸ ਦੀਆਂ ਉਨ੍ਹਾਂ ਸੰਸਾਰ ਪਹਿਲਕਦਮੀਆਂ ਲਈ ਸਨਮਾਨਤ ਕੀਤਾ ਗਿਆ ਹੈ, ਜਿਹੜੀਆਂ ਜਮਹੂਰੀਅਤ, ਮਨੁੱਖੀ ਅਧਿਕਾਰਾਂ, ਸਿੱਖਿਆ ਤੇ ਸਮਾਜੀ ਨਿਆਂ ਨੂੰ ਮਜ਼ਬੂਤ ਕਰਦੀਆਂ ਹਨ।

ਸੋਰੋਸ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਖੁੱਲ੍ਹੇਆਮ ਅਲੋਚਨਾ ਕੀਤੀ ਸੀ ਤੇ ਭਾਰਤ ਸਰਕਾਰ ਦਾ ਵਿਸ਼ਵਾਸ ਹੈ ਕਿ ਉਸ ਨੇ ਭਾਰਤੀ ਚੋਣਾਂ ਵਿੱਚ ਸਿੱਧਾ ਦਖਲ ਦਿੱਤਾ। ਜਦੋਂ ਸੰਸਦ ਦੇ ਪਿਛਲੇ ਅਜਲਾਸ ’ਚ ਅਡਾਨੀ ਤੇ ਅੰਬੇਡਕਰ ਬਾਰੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਮੁੱਦੇ ਉਛਲੇ ਤਾਂ ਭਾਜਪਾ ਨੇ ਸੋਨੀਆ ਗਾਂਧੀ ਦੇ ਸੋਰੋਸ ਦੇ ਟਰੱਸਟ ਨਾਲ ਸੰਬੰਧਾਂ ਦਾ ਮੁੱਦਾ ਚੁੱਕ ਕੇ ਕਾਫੀ ਹੰਗਾਮਾ ਕੀਤਾ ਸੀ।

ਟੈਸਲਾ ਦੇ ਮਾਲਕ ਐਲੋਨ ਮਸਕ ਨੇ ਜੌਰਜ ਸੋਰੋਸ ਨੂੰ ਅਮਰੀਕਾ ਦੇ ਸਭ ਤੋਂ ਵੱਡੇ ਨਾਗਰਿਕ ਪੁਰਸਕਾਰ ਨਾਲ ਨਿਵਾਜਣ ਨੂੰ ਮਜ਼ਾਕ ਕਰਾਰ ਦਿੱਤਾ ਹੈ।

# ਤਕਰੀਰ ਤੋਂ ਬਾਅਦ ਡੱਲੇਵਾਲ ਦੀ ਸਿਹਤ ਵਿਗੜ ਗਈ ਸੀ



**ਖਨੌਰੀ** : ਸਨਿੱਚਰਵਾਰ ਕਿਸਾਨ ਮਹਾਂ-ਪੰਚਾਇਤ ਨੂੰ 11 ਮਿੰਟ ਸੰਬੋਧਨ ਕਰਨ ਦੇ ਬਾਅਦ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਵਿਗੜ ਗਈ ਸੀ। ਮੈਡੀਕਲ ਟੀਮ ਨੇ ਦੱਸਿਆ ਕਿ ਟੈਂਟ ਵਿੱਚ ਵਾਪਸ ਲਿਜਾਣ ਵੇਲੇ ਉਨ੍ਹਾ ਦਾ ਬਲੱਡ ਪ੍ਰੈਸ਼ਰ ਡਿੱਗਣ ਕਾਰਨ ਸਿਰ ਘੁੰਮਣ ਲੱਗਾ ਤੇ ਉਲਟੀ ਆ ਗਈ। ਸੂਚਨਾ ਮਿਲਦਿਆਂ ਹੀ ਸਾਬਕਾ ਡੀ ਆਈ ਜੀ ਨਰਿੰਦਰ ਭਾਰਗਵ, ਜਿਹੜੇ ਡੱਲੇਵਾਲ ਨਾਲ ਗੱਲਾਂਬਾਤਾਂ ਕਰਨ ਵਾਲਿਆਂ ’ਚ ਸ਼ਾਮਲ ਹਨ, ਖਨੌਰੀ ਵੱਲ ਦੌੜੇ। ਸਿਹਤ ਵਿਭਾਗ ਦੀ ਟੀਮ ਵੀ ਸਟੈਂਡਬਾਈ ਕਰ ਦਿੱਤੀ ਗਈ।

ਕਿਸਾਨ ਮਹਾਂ-ਪੰਚਾਇਤ ਤੋਂ ਪਹਿਲਾਂ ਸ਼ੁੱਕਰਵਾਰ ਸ਼ਾਮ ਡੱਲੇਵਾਲ ਬਲੱਡ, ਪੇਸ਼ਾਬ ਤੇ ਈ ਸੀ ਜੀ ਟੈਸਟਾਂ ਲਈ ਮੰਨ ਗਏ ਸਨ। ਟੈਸਟ ਰਿਪੋਰਟਾਂ ਵਿੱਚ ਨਾਜ਼ੁਕ ਅੰਗਾਂ ਦੇ ਸਥਿਰ ਰਹਿਣ ਦੀਆਂ ਰਿਪੋਰਟਾਂ ਤੋਂ ਬਾਅਦ ਉਨ੍ਹਾ ਨੂੰ ਸਨਿੱਚਰਵਾਰ ਬਾਅਦ ਦੁਪਹਿਰ ਕਰੀਬ ਦੋ ਵਜੇ ਐਂਬੂਲੈਂਸ ’ਚ ਮੰਚ ਤੱਕ ਲਿਜਾਇਆ ਗਿਆ ਸੀ।

ਡੱਲੇਵਾਲ ਨੂੰ ਗਲਾਸ ਦੇ ਕੈਬਿਨ ਵਿੱਚ ਰੱਖਿਆ ਜਾ ਰਿਹਾ ਹੈ, ਜਿਸ ਦੇ ਦੁਆਲੇ 100 ਟਰੈਕਟਰ-ਟਰਾਲੀਆਂ ਵੈਲਡਿੰਗ ਕਰਕੇ ਲਾਈਆਂ ਹੋਈਆਂ ਹਨ ਤੇ ਕਰੀਬ 700 ਵਲੰਟੀਅਰ ਪਹਿਰਾ ਦਿੰਦੇ ਹਨ, ਤਾਂ ਕਿ 26 ਨਵੰਬਰ ਵਾਂਗ ਪੁਲਸ ਉਨ੍ਹਾ ਨੂੰ ਚੁੱਕ ਕੇ ਨਾ ਲੈ ਜਾਵੇ। ਡਾ. ਅਵਤਾਰ ਸਿੰਘ ਢਿੱਲੋਂ ਦੀ ਅਗਵਾਈ ਵਾਲੀ ਡਾਕਟਰਾਂ ਦੀ ਟੀਮ ਨੇ ਕਿਹਾ ਹੈ ਕਿ ਉਹ ਡੱਲੇਵਾਲ ਦੀ ਸਿਹਤ ਬਾਰੇ ਚਿੰਤਤ ਸਨ, ਕਿਉਂਕਿ ਸੰਬੋਧਨ ਦੌਰਾਨ ਉਨ੍ਹਾ ਦਾ ਬੀ ਪੀ ਘੱਟ-ਵਧ ਰਿਹਾ ਸੀ। ਇਸ ਦੌਰਾਨ ਉਨ੍ਹਾ ਨੂੰ ਰੁਕਣ ਦੀ ਬੇਨਤੀ ਵੀ ਕੀਤੀ ਗਈ, ਪਰ ਉਹ ਨਹੀਂ ਮੰਨੇ। ਜਦੋਂ ਉਨ੍ਹਾ ਨੂੰ ਵਾਪਸ ਟੈਂਟ ਵਿੱਚ ਲਿਜਾਇਆ ਜਾ ਰਿਹਾ ਸੀ ਤਾਂ ਬੀ ਪੀ ਅਚਾਨਕ ਡਿੱਗਣ ਨਾਲ ਉਲਟੀ ਆ ਗਈ।

## ਮੋਦੀ ਨੇ ਕਿਸਾਨਾਂ ਨੂੰ ਦਿੱਤੇ ‘ਫਾਇਦੇ’ ਗਿਣਾਏ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਇੱਥੇ ਭਾਰਤ ਮੰਡਪਮ ’ਚ ਗ੍ਰਾਮੀਣ ਭਾਰਤ ਮਹੋਤਸਵ ਦਾ ਉਦਘਾਟਨ ਕਰਦੇ ਹੋਏ ਕਿਹਾ ਕਿ ਸਰਕਾਰ ਨੇ ਪਿਛਲੇ ਦਸ ਸਾਲਾਂ ’ਚ ਕਈ ਫਸਲਾਂ ਲਈ ਐੱਮ ਐੱਸ ਪੀ ’ਚ ਲਗਾਤਾਰ ਵਾਧਾ ਕੀਤਾ ਹੈ। ਪ੍ਰਧਾਨ ਮੰਤਰੀ ਸਨਮਾਨ ਨਿਧੀ ਰਾਹੀਂ ਕਿਸਾਨਾਂ ਨੂੰ ਲਗਭਗ ਤਿੰਨ ਲੱਖ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ। ਪਿਛਲੇ 10 ਸਾਲਾਂ ’ਚ ਖੇਤੀ ਕਰਜ਼ਿਆਂ ਦੀ ਰਾਸ਼ੀ ਵਿੱਚ 3.5 ਗੁਣਾ ਵਾਧਾ ਹੋਇਆ ਹੈ। ਇਸ ਤੋਂ ਇਲਾਵਾ, ਦੇਸ਼ ’ਚ 9,000 ਤੋਂ ਵੱਧ ਕਿਸਾਨ ਉਤਪਾਦਕ ਸੰਸਥਾਵਾਂ (ਐੱਫ ਪੀ ਓਜ਼) ਵੀ ਵਿੱਤੀ ਸਹਾਇਤਾ ਪ੍ਰਾਪਤ ਕਰ ਰਹੀਆਂ ਹਨ। ਹੁਣ ਪਸ਼ੂ ਪਾਲਕਾਂ ਅਤੇ ਮੱਛੀ ਪਾਲਕਾਂ ਨੂੰ ਵੀ ਕਿਸਾਨ ਕਰੈਡਿਟ ਕਾਰਡ ਦਿੱਤੇ ਜਾ ਰਹੇ ਹਨ।

# ਕੈਨੇਡਾ ਇਸ ਸਾਲ ਸੁਪਰ ਵੀਜ਼ੇ ਲਈ ਅਰਜ਼ੀਆਂ ਨਹੀਂ ਲਵੇਗਾ

**ਵੈਨਕੂਵਰ** : ਕੈਨੇਡਾ ਦੇ ਆਵਾਸ ਵਿਭਾਗ ਵੱਲੋਂ ਇਸ ਸਾਲ ਸੁਪਰ ਵੀਜ਼ਾ ਪ੍ਰੋਗਰਾਮ ਤਹਿਤ ਅਰਜ਼ੀਆਂ ਨਹੀਂ ਲਈਆਂ ਜਾਣਗੀਆਂ, ਹਾਲਾਂਕਿ ਇਹ ਵੀਜ਼ਾ ਪ੍ਰੋਗਰਾਮ ਜਾਰੀ ਰਹੇਗਾ। ਵਿਭਾਗ ਅਨੁਸਾਰ ਇਸ ਸਕੀਮ ਤਹਿਤ ਪਿਛਲੇ ਸਾਲਾਂ ਤੋਂ ਉਡੀਕ ਸੂਚੀ ’ਚ ਪਈਆਂ 15 ਹਜ਼ਾਰ ਅਰਜ਼ੀਆਂ ਦਾ ਨਿਬੇੜਾ ਇਸ ਸਾਲ ਦੇ ਅੰਤ ਤੱਕ ਕੀਤੇ ਜਾਣ ਦੇ ਯਤਨ ਕੀਤੇ ਜਾਣਗੇ। ਵਿਭਾਗ ਨੇ ਪੋਸਟ ਗਰੈਜੂਏਸ਼ਨ ਪ੍ਰੋਗਰਾਮ ਤਹਿਤ ਵਿਦੇਸ਼ਾਂ ਤੋਂ ਸੱਦੇ ਜਾਣ ਵਾਲੇ ਹੁਨਰਮੰਦ ਕਾਮਿਆਂ ਦੇ ਪੀ ਆਰ ਕੋਟੇ ’ਤੇ ਵੀ 20 ਫੀਸਦ ਕੱਟ ਲਾ ਕੇ 24500 ਕਰ ਦਿੱਤਾ ਹੈ। ਬੇਸ਼ੱਕ ਵਿਭਾਗ ਨੇ ਹਾਲ ਦੀ ਘੜੀ ਸਿਰਫ ਇਸ ਸਾਲ ਬਾਰੇ ਗੱਲ ਕੀਤੀ ਹੈ, ਪਰ ਵਿਭਾਗ ਦੇ ਅੰਦਰੂਨੀ ਸੂਤਰਾਂ ਅਨੁਸਾਰ ਇਹ ਰੋਕ, ਇਸ ਪ੍ਰੋਗਰਾਮ ਨੂੰ ਪੱਕੇ ਤੌਰ ’ਤੇ ਬੰਦ ਕਰਨ ਵੱਲ ਵਧਾਇਆ ਗਿਆ ਦੂਜਾ ਕਦਮ ਹੈ। ਕੈਨੇਡਾ ਸਰਕਾਰ ਨੇ ਸਥਾਈ ਤੌਰ ’ਤੇ ਰਹਿੰਦੇ ਵਿਦੇਸ਼ੀ ਮੂਲ ਦੇ ਲੋਕਾਂ ਨੂੰ ਸਹੂਲਤ ਦਿੱਤੀ ਹੋਈ ਸੀ ਕਿ ਉਹ ਪਰਵਾਰ ਮਿਲਨ ਪ੍ਰੋਗਰਾਮ ਤਹਿਤ ਆਪਣੇ ਮਾਤਾ-ਪਿਤਾ, ਦਾਦਾ-ਦਾਦੀ ਤੇ ਨਾਨਾ-ਨਾਨੀ ਨੂੰ ਪੱਕੇ ਤੌਰ ’ਤੇ ਕੈਨੇਡਾ ਸੱਦ ਸਕਦੇ ਹਨ। ਕਈ ਸਾਲਾਂ ਤੱਕ ਬੇਹਿਸਾਬੇ ਚਲਦੇ ਰਹੇ ਪ੍ਰੋਗਰਾਮ ’ਚ ਥੋੜ੍ਹਾ ਬਦਲਾਅ ਕਰਕੇ 2016 ਵਿੱਚ ਸਾਲਾਨਾ ਕੋਟਾ 5000 ਅਰਜ਼ੀਆਂ ਤੈਅ ਕੀਤਾ ਗਿਆ ਸੀ। ਤਿੰਨ ਸਾਲਾਂ ਤੋਂ ਅਰਜ਼ੀਆਂ ਤਾਂ ਲਈਆਂ ਜਾਂਦੀਆਂ ਰਹੀਆਂ, ਪਰ ਉਨ੍ਹਾਂ ਉੱਤੇ ਅੱਗੋਂ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਨ 2020 ਵਿੱਚ ਅਰਜ਼ੀ ਭਰਨ ਵਾਲੇ ਲੋਕ ਅਜੇ ਉਡੀਕ ’ਚ ਬੈਠੇ ਹਨ। ਵਿਭਾਗ ਨੇ ਕਿਹਾ ਕਿ ਇਸ ਸਾਲ ਸਿਰਫ ਪਹਿਲੇ ਬਿਨੈਕਾਰਾਂ ’ਚੋਂ ਘੱਟੋ-ਘੱਟ 15 ਹਜ਼ਾਰ ਅਰਜ਼ੀਆਂ ਦਾ ਨਿਬੇੜਾ ਕੀਤਾ ਜਾਏਗਾ ਤੇ ਇਸ ਦੌਰਾਨ ਨਵੀਆਂ ਅਰਜ਼ੀਆਂ ਨਹੀਂ ਲਈਆਂ ਜਾਣਗੀਆਂ। ਇਸ ਦੇ ਬਦਲ ਵਜੋਂ ਸਰਕਾਰ ਨੇ ਪਹਿਲਾਂ ਦੋ ਸਾਲ ਦੀ ਮਿਆਦ ਵਾਲਾ ਸੁਪਰ ਵੀਜ਼ਾ ਪ੍ਰੋਗਰਾਮ ਸ਼ੁਰੂ ਕੀਤਾ ਸੀ ਤੇ ਪਿਛਲੇ ਸਾਲ ਉਸ ਦੀ ਮਿਆਦ ਵਧਾ ਕੇ ਪੰਜ ਸਾਲ ਕਰ ਦਿੱਤੀ ਸੀ।

## ਪ੍ਰਿਅੰਕਾ ਦੀਆਂ ਗੱਲ੍ਹਾਂ ਵਰਗੀਆਂ ਸੜਕਾਂ ਬਣਵਾ ਦੇਵਾਂਗਾ : ਬਿਧੂੜੀ



**ਨਵੀਂ ਦਿੱਲੀ** : ਅਸੰਬਲੀ ਚੋਣਾਂ ਲਈ ਕਾਲਕਾਜੀ ਹਲਕੇ ਤੋਂ ਮੁੱਖ ਮੰਤਰੀ ਆਤਿਸ਼ੀ ਖਿਲਾਫ ਭਾਜਪਾ ਉਮੀਦਵਾਰ ਤੇ ਸਾਬਕਾ ਸਾਂਸਦ ਰਮੇਸ਼ ਬਿਧੂੜੀ ਨੇ ਇਕ ਰੈਲੀ ਵਿੱਚ ਕਿਹਾ—ਲਾਲੂ ਨੇ ਵਾਅਦਾ ਕੀਤਾ ਸੀ ਕਿ ਬਿਹਾਰ ਦੀਆਂ ਸੜਕਾਂ ਨੂੰ ਹੇਮਾ ਮਾਲਿਨੀ ਦੀਆਂ ਗੱਲ੍ਹਾਂ ਵਰਗੀਆਂ ਬਣਾ ਦੇਵਾਂਗਾ, ਪਰ ਉਹ ਅਜਿਹਾ ਕਰ ਨਹੀਂ ਸਕੇ। ਮੈਂ ਤੁਹਾਨੂੰ ਭਰੋਸਾ ਦਿਵਾਉਂਦਾ ਹਾਂ ਕਿ ਜਿਵੇਂ ਓਖਲਾ ਤੇ ਸੰਗਮ ਵਿਹਾਰ ਦੀਆਂ ਸੜਕਾਂ ਬਣਵਾਈਆਂ ਹਨ, ਉਨ੍ਹਾਂ ਵਾਂਗ ਹੀ ਕਾਲਕਾਜੀ ਵਿੱਚ ਸਾਰੀਆਂ ਸੜਕਾਂ ਪ੍ਰਿਅੰਕਾ ਗਾਂਧੀ ਦੀਆਂ ਗੱਲ੍ਹਾਂ ਵਰਗੀਆਂ ਬਣਾ ਦੇਵਾਂਗਾ। ਕਾਂਗਰਸ ਦੇ ਬੁਲਾਰੇ ਪਵਨ ਖੇੜਾ ਨੇ ਕਿਹਾ ਹੈ—ਇਹ ਬਦਤਮੀਜ਼ੀ ਸਿਰਫ ਇਸ ਘਟੀਆ ਆਦਮੀ ਦੀ ਹੀ ਮਾਨਸਿਕਤਾ ਨਹੀਂ ਦਿਖਾਉਂਦੀ, ਇਹ ਇਸ ਦੇ ਮਾਲਕਾਂ ਦੀ ਅਸਲੀਅਤ ਹੈ। ਉੱਪਰ ਤੋਂ ਲੈ ਕੇ ਆਰ ਐੱਸ ਐੱਸ ਦੇ ਸੰਸਕਾਰ ਤੁਹਾਨੂੰ ਭਾਜਪਾ ਦੇ ਹੋਛੇ ਆਗੂਆਂ ਵਿੱਚ ਦਿਸ ਪੈਣਗੇ। ਬਿਧੂੜੀ ਨੇ ਇਸ ਦੇ ਜਵਾਬ ਵਿੱਚ ਕਿਹਾ ਕਿ ਕਾਂਗਰਸ ਨੂੰ ਉਨ੍ਹਾ ਦੇ ਬਿਆਨ ’ਤੇ ਇਤਰਾਜ਼ ਹੈ ਤਾਂ ਪਹਿਲਾਂ ਲਾਲੂ ਨੂੰ ਕਹੇ ਕਿ ਉਹ ਹੇਮਾ ਮਾਲਿਨੀ ਤੋਂ ਮੁਆਫੀ ਮੰਗਣ।

## ਭਾਰਤ ਵਿਸ਼ਵ ਟੈਸਟ ਚੈਂਪੀਅਨਸ਼ਿਪ ਦੇ ਖਿਤਾਬੀ ਮੁਕਾਬਲੇ ’ਚੋਂ ਬਾਹਰ

**ਸਿਡਨੀ** : ਭਾਰਤ ਸਿਡਨੀ ਟੈਸਟ ਵਿੱਚ ਮੇਜ਼ਬਾਨ ਆਸਟਰੇਲੀਆ ਹੱਥੋਂ ਮਿਲੀ 6 ਵਿਕਟਾਂ ਦੀ ਹਾਰ ਨਾਲ ਵਿਸ਼ਵ ਟੈਸਟ ਚੈਂਪੀਅਨਸ਼ਿਪ ਦੇ ਖਿਤਾਬੀ ਮੁਕਾਬਲੇ ’ਚੋਂ ਵੀ ਬਾਹਰ ਹੋ ਗਿਆ ਹੈ। ਆਸਟਰੇਲੀਆ ਨੇ ਪੰਜ ਟੈਸਟ ਮੈਚਾਂ ਦੀ ਲੜੀ 3-1 ਨਾਲ ਜਿੱਤ ਕੇ ਦਸ ਸਾਲਾਂ ਮਗਰੋਂ ਬਾਰਡਰ-ਗਾਵਸਕਰ ਟਰਾਫੀ ਆਪਣੇ ਨਾਂਅ ਕੀਤੀ। ਆਸਟਰੇਲੀਆ ਹੁਣ 11 ਤੋਂ 15 ਜੂਨ ਨੂੰ ਲਾਰਡਜ਼ ਵਿੱਚ ਦੱਖਣੀ ਅਫਰੀਕਾ ਖਿਲਾਫ ਵਿਸ਼ਵ ਟੈਸਟ ਚੈਂਪੀਅਨਸ਼ਿਪ ਦਾ ਫਾਈਨਲ ਖੇਡੇਗਾ। ਭਾਰਤ ਨੇ ਸਿਡਨੀ ਟੈਸਟ ਦੇ ਤੀਜੇ ਦਿਨ ਐਤਵਾਰ ਮੇਜ਼ਬਾਨ ਟੀਮ ਨੂੰ ਜਿੱਤ ਲਈ 162 ਦੌੜਾਂ ਦਾ ਟੀਚਾ ਦਿੱਤਾ ਸੀ, ਜਿਸ ਨੂੰ ਆਸਟਰੇਲੀਅਨ ਟੀਮ ਨੇ 27 ਓਵਰਾਂ ਵਿੱਚ ਚਾਰ ਵਿਕਟਾਂ ਦੇ ● ਬਾਕੀ ਸਫ਼ਾ 2 ’ਤੇ

## ਦਲਿਤ ਕਾਨਫਰੰਸ ਲਈ ਪੰਜਾਬ ਦੇ ਡੈਲੀਗੇਟ ਹੈਦਰਾਬਾਦ ਪੁੱਜੇ



‘ਤੇਰਾ ਪੰਥ ਭਵਨ’ ਅੱਗੇ ਪੰਜਾਬ ਤੋਂ ਪਹੁੰਚੇ ਡੈਲੀਗੇਟ

**ਹੈਦਰਾਬਾਦ, (ਗਿਆਨ ਸੈਦਪੁਰੀ)**-ਇੱਥੇ ਹੋ ਰਹੀ ਕੁਲ ਹਿੰਦ ਦਲਿਤ ਅਧਿਕਾਰ ਅੰਦੋਲਨ ਦੀ ਦੂਸਰੀ ਕਾਨਫਰੰਸ ਵਿੱਚ ਹਿੱਸਾ ਲੈਣ ਲਈ ਪੰਜਾਬ ਤੋਂ ਗੁਲਜ਼ਾਰ ਸਿੰਘ ਗੋਰੀਆ ਦੀ ਅਗਵਾਈ ਵਿੱਚ ਸੱਤ ਮੈਂਬਰੀ ਡੈਲੀਗੇਸ਼ਨ ਐਤਵਾਰ ਤੜਕੇ ਏਟਕ ਦੇ ਦਫ਼ਤਰ ਪਹੁੰਚ ਗਿਆ। ਇਸ ਦੌਰਾਨ ਤਾਮਿਲਨਾਡੂ, ਮਹਾਰਾਸ਼ਟਰ, ਕੇਰਲਾ, ਆਂਧਰਾ ਪ੍ਰਦੇਸ਼ ਆਦਿ ਰਾਜਾਂ ਤੋਂ ਵੀ ਡੈਲੀਗਟ ਪਹੁੰਚਣ ਦਾ ਸਿਲਸਿਲਾ ਜਾਰੀ ਸੀ। ਪੰਜਾਬ ਦੇ ਡੈਲੀਗੇਟਾਂ ਵਿੱਚ ਪੰਜਾਬ ਖੇਤ ਮਜ਼ਦੂਰ ਸਭਾ ਦੇ ਪ੍ਰਧਾਨ ਅਤੇ ਅੰਦੋਲਨ ਦੀ ਕੌਮੀ ● ਬਾਕੀ ਸਫ਼ਾ 2 ’ਤੇ

## ਅੱਜ-ਨਾਮਾ

ਅਹੁਦਾ ਛੱਡਣ ਜਾਂ ਲੱਗਿਆ ਜੋ ਬਾਇਡੇਨ,  
ਨਵਾਂ ਇੱਕ ਲਿਆ ਵਿਵਾਦ ਹੈ ਛੇੜ ਬੇਲੀ।  
ਚਰਚੇ ਵਿੱਚ ਕੋਈ ਰਹਿੰਦਾ ਹੈ ਖਾਸ ਬੰਦਾ,  
ਬਾਇਡੇਨ ਨਾਲ ਜੀਹਦਾ ਚੋਖਾ ਨੇੜ ਬੇਲੀ।  
ਤਕੜਾ ਦਿੱਤਾ ਐਵਾਰਡ ਸੀ ਜਦੋਂ ਉਹਨੂੰ,  
ਉਸ ਨੇ ਦਿੱਤੇ ਕਈ ਜ਼ਖਮ ਉਚੇੜ ਬੇਲੀ।  
ਹੱਕ-ਵਿਰੋਧ ਲਈ ਦਾਗਣ ਬਿਆਨ ਲੱਗੇ,  
ਆਗੂਆਂ ਭਿੜਨ ਦਾ ਛੇੜਿਆ ਗੇੜ ਬੇਲੀ।  
ਭਾਰਤ ਦੇਸ਼ ਵਿੱਚ ਜਿਹੋ ਜਿਹੀ ਰਾਜਨੀਤੀ,  
ਉੱਠਦੇ ਰਹਿੰਦੇ ਕਈ ਨਿੱਤ ਸਵਾਲ ਬੇਲੀ।  
ਅਮਰੀਕਾ ਵਿੱਚ ਵੀ ਓਦਾਂ ਹੀ ਹੋਈ ਜਾਂਦਾ,  
ਸਭ ਥਾਂ ਆਗੂਆਂ ਦੇ ਉਹ ਹੀ ਹਾਲ ਬੇਲੀ।

-ਤੀਸ ਮਾਰ ਖਾਂ

## ਹਰਿਆਣਾ ’ਚ ਦੁੱਧ ਦੇ ਅੱਧੇ ਨਮੂਨੇ ਫੇਲ੍ਹ



**ਚੰਡੀਗੜ੍ਹ** : ਹਰਿਆਣਾ ਦੇ ਫੂਡ ਐਂਡ ਡਰੱਗਜ਼ ਐਡਮਨਿਸਟ੍ਰੇਸ਼ਨ (ਐੱਫ ਡੀ ਏ) ਵੱਲੋਂ 2024 ਵਿੱਚ ਜਨਵਰੀ ਤੋਂ ਅਕਤੂਬਰ ਤੱਕ ਦੁੱਧ ਦੇ ਲਏ 104 ਨਮੂਨਿਆਂ ਵਿੱਚੋਂ 48 (46 ਫੀਸਦੀ) ਫੇਲ੍ਹ ਨਿਕਲੇ ਹਨ। ਲੈਬੋਰਟਰੀ ਨੇ 46 ਨੂੰ ਘਟੀਆ ਤੇ ਦੋ ਨੂੰ ਅਸੁਰੱਖਿਅਤ ਕਰਾਰ ਦਿੱਤਾ। ਮੱਖਣ, ਘਿਓ, ਆਈਸਕ੍ਰੀਮ ਤੇ ਦੁੱਧ ਦੇ ਹੋਰਨਾਂ ਉਤਪਾਦਾਂ ਦੇ 469 ਵਿੱਚੋਂ 139 (30 ਫੀਸਦੀ) ਨਮੂਨੇ ਕੁਆਲਿਟੀ ਟੈੱਸਟ ’ਚ ਫੇਲ੍ਹ ਸਾਬਤ ਹੋਏ ਹਨ। ਇਨ੍ਹਾਂ ਵਿੱਚੋਂ 16 ਨੂੰ ਅਸੁਰੱਖਿਅਤ, 121 ਨੂੰ ਘਟੀਆ ਤੇ ਦੋ ਨੂੰ ਗਲਤ ਬਰਾਂਡ ਵਾਲੇ ਕਰਾਰ ਦਿੱਤਾ ਗਿਆ ਹੈ।

ਅਨਾਜ, ਦਾਲਾਂ ਤੇ ਅਨਾਜ ਉਤਪਾਦਾਂ ਦੇ 222 ਵਿੱਚੋਂ 31, ਖਾਣ ਵਾਲੇ ਤੇਲਾਂ ਤੇ ਬਨਸਪਤੀ ਦੇ 85 ਵਿੱਚੋਂ 9 ਨਮੂਨੇ ਫੇਲ੍ਹ ਰਹੇ।




6-JAN-PAGE-1.qxd 1/5/2025 9:51 PM Page 2



## ਮਹਾਂ-ਪੰਚਾਇਤ 'ਚ ਆਏ ਕਿਸਾਨਾਂ ਲਈ ਲੰਗਰ ਲਗਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਢਾਬੀ ਗੁੱਜਰਾਂ ਬਾਰਡਰ ਉੱਤੇ ਚੱਲ ਰਹੇ ਕਿਸਾਨ ਸੰਘਰਸ਼ ਦੌਰਾਨ ਮਰਨ ਵਰਤ 'ਤੇ ਬੈਠੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਸੂਬਾ ਪ੍ਰਧਾਨ ਤੇ ਉੱਘੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਹੱਕ ਵਿੱਚ ਕੀਤੀ ਗਈ ਕਿਸਾਨ ਮਹਾਂ ਪੰਚਾਇਤ ਵਿੱਚ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਪੁੱਜੇ ਵੱਡੀ ਗਿਣਤੀ ਵਿੱਚ ਕਿਸਾਨਾਂ ਦੀ ਸਹੂਲਤ ਲਈ ਕਾਰ ਸੇਵਾ ਬਾਰੇ ਬਾਬਾ ਅਮਰੀਕ ਸਿੰਘ ਜੀ ਪਟਿਆਲੇ ਵਾਲਿਆਂ ਦੀ ਸਰਪ੍ਰਸਤੀ ਹੇਠ ਗੁਰਦੁਆਰਾ ਹੀਰਾ ਬਾਗ ਪਟਿਆਲਾ ਵੱਲੋਂ ਲਗਾਏ ਗਏ ਲੰਗਰਾਂ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਲੰਗਰ ਛਕਿਆ।ਇਸ ਦੌਰਾਨ ਸੇਵਾ ਕਰ ਰਹੇ ਸੇਵਾਦਾਰਾਂ ਨੇ ਦੱਸਿਆ ਕਿ ਖੇਤੀ ਸੈਕਟਰ ਨੂੰ ਬਚਾਉਣ ਲਈ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਅਗਵਾਈ ਵਿੱਚ ਲੜਿਆ ਜਾ ਰਿਹਾ ਸੰਘਰਸ਼ ਬੇਮਿਸਾਲ ਹੈ।ਇਸ ਦੌਰਾਨ ਉਨ੍ਹਾਂ ਵੱਲੋਂ 40 ਦਿਨਾਂ ਤੋਂ ਮਰਨ ਵਰਤ 'ਤੇ ਬੈਠੇ ਡੱਲੇਵਾਲ ਨੇ ਅੰਦੋਲਨ ਨੂੰ ਤਿੱਖਾ ਕਰਦਿਆਂ ਸੰਗਤ ਦੇ ਦਰਸ਼ਨ ਕਰਨ ਦੀ ਖਾਹਿਸ਼ ਜ਼ਾਹਰ ਕੀਤੀ ਸੀ, ਜਿਸ ਨੂੰ ਲੈ ਕੇ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਵੱਡੀ ਪੱਧਰ 'ਤੇ ਸੰਗਤਾਂ ਖਨੌਰੀ ਬਾਰਡਰ ਉੱਤੇ ਪੁੱਜੀਆਂ।ਉਨ੍ਹਾਂ ਦੱਸਿਆ ਕਿ ਸਿੱਖ ਧਰਮ ਵਿੱਚ ਸੰਗਤ ਤੇ ਪੰਗਤ ਨੂੰ ਅਹਿਮ ਸਥਾਨ ਹਾਸਲ ਹੈ, ਜਿਸ ਤਹਿਤ ਸੰਗਤ ਲਈ ਭੋਜਨ ਪ੍ਰਸਾਦਿ ਦਾ ਪ੍ਰਬੰਧ ਕੀਤਾ ਗਿਆ ਹੈ।

## ਸੰਤ ਮਹੇਸ਼ ਮੁਨੀ ਗਊ ਹਸਪਤਾਲ 'ਚ ਅਜੇ ਕਾਂਸਲ ਦੀ ਟੀਮ ਨੇ ਕੰਬਲ ਦਿੱਤੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸੰਤ ਮਹੇਸ਼ ਮੁਨੀ ਜੀ ਗਊ ਹਸਪਤਾਲ ਰੋਡੇ ਰੋਡ ਵਿਖੇ ਅੱਜ ਮੋਗਾ ਤੋਂ ਅਗਰਵਾਲ ਸਭਾ ਪੰਜਾਬ ਦੇ ਪ੍ਰਧਾਨ ਅਜੇ ਕਾਂਸਲ ਤੇ ਬਾਘਾ ਪੁਰਾਣਾ ਦੀ ਟੀਮ ਵੱਲੋਂ ਗਊ ਹਸਪਤਾਲ ਵਿਖੇ ਪਹੁੰਚ ਕੇ ਗਊਆਂ ਉੱਤੇ ਕੰਬਲ ਪਾਏ ਗਏ ਅਤੇ ਠੰਢ ਤੋਂ ਬਚਾਇਆ ਗਿਆ। ਇਸ ਮੌਕੇ ਗਊ ਹਸਪਤਾਲ ਦੇ ਹੈੱਡ ਸੁਨੀਲ ਕੁਮਾਰ ਨੇ ਅਜੇ ਕਾਂਸਲ ਮੋਗਾ ਦੀ ਟੀਮ ਤੇ ਬਾਘਾ ਪੁਰਾਣਾ ਦੀ ਟੀਮ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਮੰਡਲ ਪ੍ਰਧਾਨ ਦੀਪਕ ਤਲਵਾੜ, ਵਿਜੇ ਬਾਂਸਲ, ਭੂਸ਼ਨ ਗੋਇਲ, ਕੇਵਲ ਕ੍ਰਿਸ਼ਨ ਬਾਂਸਲ, ਹੈਪੀ ਸਿੰਗਲਾ, ਲਖਸ਼ਮੀ ਚੰਦਰ, ਪ੍ਰੇਮ ਪਾਲ ਗਰਗ, ਵਿਨੋਦ ਕੁਮਾਰ, ਮਮਤਾ ਸਿੰਗਲਾ, ਪੰਕਜ ਅਰੋੜਾ, ਰਿੰਕੂ ਪਲੰਬਰ, ਰਾਮ ਤੀਰਥ ਗੂੰਬਰ, ਪ੍ਰਦੀਪ ਸਿੰਗਲਾ, ਕਮਲ ਜਿੰਦਲ, ਸੋਰਵ ਗਰਗ, ਅਕਸ਼ੈ ਤੇ ਹੋਰ ਸ਼ਾਮਲ ਸਨ।

## ਸਮਾਜਿਕ ਚੇਤਨਾ 'ਚ ਸਾਹਿਤ ਸਭਾਵਾਂ ਦਾ ਵਡਮੁੱਲਾ ਯੋਗਦਾਨ : ਹਰਪਾਲ ਚੀਮਾ



**ਸੰਗਰੂਰ (ਪ੍ਰਵੀਨ ਸਿੰਘ)**-ਸਮਾਜਿਕ ਚੇਤਨਾ ਵਿੱਚ ਸਾਹਿਤ ਸਭਾਵਾਂ ਦਾ ਵਡਮੁੱਲਾ ਯੋਗਦਾਨ ਹੈ, ਜਿਸ ਨੂੰ ਕਿਸੇ ਵੀ ਹਾਲਤ ਵਿੱਚ ਅਣਗੌਲਿਆ ਨਹੀਂ ਕੀਤਾ ਜਾ ਸਕਦਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਾਲਵਾ ਲਿਖਾਰੀ ਸਭਾ ਸੰਗਰੂਰ ਵੱਲੋਂ ਕਰਵਾਏ ਗਏ ਇਕ ਸਮਾਗਮ ਵਿੱਚ ਲੇਖਕ ਭਵਨ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਕੀਤਾ। ਇਸ ਮੌਕੇ ਸ੍ਰੀ ਚੀਮਾ ਨੇ ਸਭਾ ਦੀਆਂ ਸਾਹਿਤਕ ਸਰਗਰਮੀਆਂ ਦੀ ਭਰਪੂਰ ਪ੍ਰਸੰਸਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਪੰਜਾਬੀ ਭਾਸ਼ਾ ਤੇ ਸਾਹਿਤ ਦੀ ਪ੍ਰਫੁੱਲਤਾ ਲਈ ਦਿਲੋਂ ਵਚਨਬੱਧ ਹੈ। ਇਸ ਦੌਰਾਨ ਉਹ ਬੋਤਲਾਂ ਵਿੱਚ ਕਵਿਤਾਵਾਂ ਲਿਖਣ ਵਾਲੇ ਵਿਸ਼ਵ ਦੇ ਪਹਿਲੇ ਕਵੀ ਸੁਖਵਿੰਦਰ ਸਿੰਘ ਲੋਟੇ ਦੀ ਵਿਲਖਣ ਕਲਾ ਤੋਂ ਵੀ ਬੇਹੱਦ ਪ੍ਰਭਾਵਿਤ ਹੋਏ। ਇਸ ਇਕੱਤਰਤਾ ਵਿੱਚ ਕਰਮ ਸਿੰਘ ਜ਼ਖ਼ਮੀ, ਰਜਿੰਦਰ ਸਿੰਘ ਰਾਜਨ, ਸੁਖਵਿੰਦਰ ਸਿੰਘ ਲੋਟੇ, ਜਗਜੀਤ ਸਿੰਘ ਲੱਡਾ, ਪਵਨ ਕੁਮਾਰ ਹੋਸ਼ੀ, ਬਹਾਦਰ ਸਿੰਘ ਧੌਲਾ, ਭੁਪਿੰਦਰ ਨਾਗਪਾਲ, ਸਰਬਜੀਤ ਸੰਗਰੂਰਵੀ, ਗੁਰੀ ਚੰਦੜ, ਦਵਿੰਦਰ ਸਿੰਘ, ਸੁਰਿੰਦਰਪਾਲ ਸਿੰਘ, ਲਵਪ੍ਰੀਤ ਸਿੰਘ, ਹਰਦੇਵ ਸਿੰਘ, ਰਾਜਦੀਪ ਸਿੰਘ, ਰਾਜ ਰਾਣੀ, ਸਾਧੂ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਜਗਪਾਲ ਸਿੰਘ, ਮਹਿੰਦਰ ਸਿੰਘ ਭੱਠਲ ਤੇ ਸੁਖਵਿੰਦਰ ਸਿੰਘ ਫੁੱਲ ਆਦਿ ਹਾਜ਼ਰ ਸਨ।

## ਕੇਂਦਰ ਸਰਕਾਰ ਮਰਹੂਮ ਪ੍ਰਧਾਨ ਮੰਤਰੀ ਦੀ ਢੁੱਕਵੀਂ ਯਾਦਗਾਰ ਬਣਾਏ : ਗਗਨਜੀਤ ਬਰਨਾਲਾ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸ਼੍ਰੋਮਣੀ ਅਕਾਲੀ ਦਲ ਦੇ ਸੂਬਾਈ ਆਗੂ ਤੇ ਸਾਬਕਾ ਹਲਕਾ ਵਿਧਾਇਕ ਗਗਨਜੀਤ ਸਿੰਘ ਬਰਨਾਲਾ ਨੇ ਭਾਰਤ ਦੇ ਪਹਿਲੇ ਸਿੱਖ ਮਰਹੂਮ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਆਤਮਿਕ ਸ਼ਾਂਤੀ ਲਈ ਕਰਵਾਏ ਸ਼ੋਕ ਸਭਾ ਸਮਾਗਮ ਵਿੱਚ ਸ਼ਮੂਲੀਅਤ ਕਰਦਿਆਂ ਡਾ. ਮਨਮੋਹਨ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਉਨ੍ਹਾ ਡਾ. ਮਨਮੋਹਨ ਸਿੰਘ ਦੀਆਂ ਦੇਸ਼ ਪ੍ਰਤੀ ਕੀਤੀਆਂ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਡਾ. ਸਿੰਘ ਨੇ ਇੱਕ ਆਮ ਪਰਿਵਾਰ ਵਿੱਚੋਂ ਉੱਠ ਕੇ ਆਪਣੀ ਮਿਹਨਤ ਤੇ ਲਿਆਕਤ ਨਾਲ ਉੱਚ ਸਥਾਨ ਪ੍ਰਾਪਤ ਕੀਤਾ।ਉਹ ਦੇਸ਼ ਦੇ ਪਹਿਲੇ ਸਿੱਖ ਪ੍ਰਧਾਨ ਮੰਤਰੀ ਬਣੇ, ਜਿਸ ਨਾਲ ਪੰਜਾਬੀਆਂ ਤੇ ਖਾਸਕਰ ਸਿੱਖ ਦਸਤਾਰ ਦੀ ਪਛਾਣ ਨੂੰ ਪੂਰੀ ਦੁਨੀਆ ਵਿੱਚ ਉੱਭਰੀ।ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ ਡਾ. ਮਨਮੋਹਨ ਸਿੰਘ 'ਤੇ ਹਮੇਸ਼ਾ ਮਾਣ ਰਹੇਗਾ।ਉਨ੍ਹਾ ਭਾਰਤ ਸਰਕਾਰ ਨੂੰ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਉਨ੍ਹਾਂ ਦੇ ਪਰਿਵਾਰ ਦੀ ਮੰਗ ਅਨੁਸਾਰ ਢੁੱਕਵੀਂ ਯਾਦਗਾਰ ਬਣਾਉਣ ਦੀ ਅਪੀਲ ਕੀਤੀ ਹੈ।ਉਨ੍ਹਾ ਕਿਹਾ ਕਿ ਸਰਕਾਰ ਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਡਾ. ਮਨਮੋਹਨ ਸਿੰਘ ਦੀ ਬਦੌਲਤ ਹੀ ਅੱਜ ਦੇਸ਼ ਸਥਿਰ ਹੈ ਤੇ ਉਨ੍ਹਾਂ ਦੇ ਯੋਗਦਾਨ ਨੂੰ ਮੁੱਖ ਰੱਖਦਿਆਂ ਪਰਿਵਾਰ ਦੀ ਭਾਵਨਾ ਅਨੁਸਾਰ ਢੁੱਕਵਾਂ ਮਾਣ-ਸਨਮਾਨ ਦੇਣਾ ਸਰਕਾਰ ਦਾ ਫ਼ਰਜ਼ ਹੈ।

## ਐੱਸ ਐੱਸ ਪੀ ਅਵਨੀਤ ਕੌਰ ਸਿੱਧੂ ਦੀ ਮੁੱਖ ਮੰਤਰੀ ਮੈਡਲ ਲਈ ਚੋਣ



**ਬਠਿੰਡਾ (ਬਖਤੌਰ ਸਿੰਘ ਢਿੱਲੋਂ/ਪਰਵਿੰਦਰ ਜੀਤ ਸਿੰਘ/ਰਾਜੀਵ ਗੋਇਲ)**-ਓਲੰਪੀਅਨ ਤੇ ਅਰਜੁਨ ਐਵਾਰਡੀ, ਪੰਜਾਬ ਪੁਲਸ ਅਧਿਕਾਰੀ ਅਵਨੀਤ ਕੌਰ ਸਿੱਧੂ ਨੂੰ ਡਿਊਟੀ ਪ੍ਰਤੀ ਬੇਮਿਸਾਲ ਸਮਰਪਣ ਲਈ ਮੁੱਖ ਮੰਤਰੀ ਮੈਡਲ ਲਈ ਚੁਣਿਆ ਗਿਆ ਹੈ, ਜੋ ਉਸ ਦੀ ਅਟੁੱਟ ਵਚਨਬੱਧਤਾ ਤੇ ਲਗਾਤਾਰ ਬੇਮਿਸਾਲ ਕਾਰਗੁਜ਼ਾਰੀ ਦਾ ਪ੍ਰਮਾਣ ਹੈ। ਉਹ ਉਨ੍ਹਾਂ ਅਧਿਕਾਰੀਆਂ ਵਿੱਚੋਂ ਇੱਕ ਹੈ, ਜਿਨ੍ਹਾਂ ਨੇ ਲਗਾਤਾਰ ਆਪਣੇ ਕਰਤੱਵਾਂ ਪ੍ਰਤੀ ਅਸਾਧਾਰਨ ਪੱਧਰ ਦੇ ਸਮਰਪਣ ਦਾ ਪ੍ਰਦਰਸ਼ਨ ਕੀਤਾ ਹੈ। ਉਸ ਨੇ ਤਿੰਨ ਜ਼ਿਲ੍ਹਿਆਂ ਫਰੀਦਕੋਟ, ਮਲੇਰਕੋਟਲਾ ਤੇ ਫਾਜ਼ਿਲਕਾ ਵਿੱਚ ਸੀਨੀਅਰ ਪੁਲਸ ਕਪਤਾਨ ਵਜੋਂ ਸੇਵਾਵਾਂ ਨਿਭਾਈਆਂ ਹਨ ਅਤੇ ਆਪਣੀਆਂ ਸ਼ਾਨਦਾਰ ਪ੍ਰਾਪਤੀਆਂ ਨਾਲ ਸਮਾਜ ਵਿਰੋਧੀ ਅਨਸਰਾਂ 'ਤੇ ਸਖਤ ਨਜ਼ਰ ਰੱਖਦੇ ਹੋਏ ਲੋਕਾਂ ਦੀ ਪ੍ਰਸੰਸਾ ਪ੍ਰਾਪਤ ਕਰਦੇ ਹੋਏ ਲਗਾਤਾਰ ਆਪਣੀ ਕਾਰਗੁਜ਼ਾਰੀ ਵਿੱਚ ਸ਼ਾਨਦਾਰ ਉੱਤਮਤਾ ਦਿਖਾਈ ਹੈ। ਇਸ ਮੌਕੇ ਗੱਲਬਾਤ ਕਰਦੇ ਹੋਏ ਮੈਡਮ ਅਵਨੀਤ ਕੌਰ ਸਿੱਧੂ ਨੇ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਇਸੇ ਤਰ੍ਹਾਂ ਨਿਭਾਉਂਦੇ ਰਹਿਣਗੇ।

## ਮਮਤਾ ਫਾਉਂਡੇਸ਼ਨ ਸਮਾਜ ਸੇਵੀ ਸੰਸਥਾ ਕੈਨੇਡਾ ਵੱਲੋਂ ਪ੍ਰਭ ਆਸਰਾ ਫੇਰੂਰਾਈਂ ਨੂੰ ਐਂਬੂਲੈਂਸ ਭੇਟ




**ਜਗਰਾਉਂ (ਸੰਜੀਵ ਅਰੋੜਾ)**-ਪ੍ਰਭ ਆਸਰਾ ਨਿਆਸਰਿਆਂ ਦੇ ਘਰ ਕੁਰਾਲੀ ਬ੍ਰਾਂਚ ਪਿੰਡ ਫੇਰੂਰਾਈਂ ਵਿਖੇ ਕੈਨੇਡਾ ਦੀ ਬਹੁ-ਚਰਚਿਤ ਸਮਾਜ ਭਲਾਈ ਸੰਸਥਾ ਮਮਤਾ ਫਾਉਂਡੇਸ਼ਨ ਵੱਲੋਂ ਐਂਬੂਲੈਂਸ ਦੀ ਗੱਡੀ ਦੀ ਸੇਵਾ ਕੀਤੀ ਗਈ। ਕੈਨੇਡਾ ਤੋਂ ਪ੍ਰਭ ਆਸਰਾ ਫੇਰੂਰਾਈਂ ਦੇ ਪ੍ਰਬੰਧਕ ਹਰਜੀਤ ਸਿੰਘ ਰਾਏ ਨੇ ਦੱਸਿਆ ਕਿ ਮਮਤਾ ਫਾਉਂਡੇਸ਼ਨ ਕੈਨੇਡਾ ਵੱਲੋਂ ਪਹਿਲਾਂ ਵੀ ਅਨੇਕਾਂ ਸਮਾਜ ਭਲਾਈ ਦੇ ਕੰਮਾਂ ਵਿੱਚ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਨਵੇਂ ਸਾਲ 'ਤੇ ਜੋ ਇਨ੍ਹਾਂ ਨੇ ਐਂਬੂਲੈਂਸ ਦੀ ਗੱਡੀ ਦੀ ਸੇਵਾ ਕੀਤੀ ਹੈ, ਇਸ ਨਾਲ ਪ੍ਰਭ ਆਸਰਾ ਫੇਰੂਰਾਈਂ ਤੇ ਆਸ-ਪਾਸ ਦੇ ਪਿੰਡਾਂ ਦੇ ਲੋੜਵੰਦ ਸੱਜਣਾਂ ਨੂੰ ਇਸ ਐਂਬੂਲੈਂਸ ਦੀ ਫਰੀ ਸਹੂਲਤ ਮਿਲੇਗੀ। ਪ੍ਰਭ ਆਸਰਾ ਫੇਰੂਰਾਈਂ ਵੱਲੋਂ ਲੋੜਵੰਦਾਂ ਦੀ ਸਹੂਲਤ ਲਈ ਅਨੇਕਾਂ ਹੀ ਸਮਾਜ ਭਲਾਈ ਦੇ ਕਾਰਜ ਕੀਤੇ ਜਾ ਰਹੇ ਹਨ। ਇਸ ਮੌਕੇ ਹਰਜੀਤ ਸਿੰਘ ਰਾਏ ਕੈਨੇਡਾ ਵੱਲੋਂ ਮਮਤਾ ਫਾਉਂਡੇਸ਼ਨ ਦੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ।

## ਬੁੱਧ ਵਿਹਾਰ ਵਿਖੇ ਸਾਂਝੀ ਲੋਹੜੀ ਸਮਾਗਮ 13 ਨੂੰ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਥਾਨਕ ਡੀ.ਸੀ. ਆਫਿਸ ਰੋਡ ਸਥਿਤ ਬੁੱਧ ਵਿਹਾਰ ਵਿਖੇ ਮੁਹੱਲਾ ਨਿਵਾਸੀਆਂ ਵੱਲੋਂ ਮਿਲਵਰਤਣ ਅਤੇ ਸਦਭਾਵਨਾ ਦੀ ਵਿਲੱਖਣ ਮਿਸਾਲ ਪੇਸ਼ ਕਰਦੇ ਹੋਏ ਇਸ ਵਾਰ ਵੀ ਸਾਂਝੀ ਲੋਹੜੀ ਸਮਾਗਮ ਕੀਤਾ ਜਾਵੇਗਾ।ਇਹ ਲੋਹੜੀ ਸਮਾਗਮ 13 ਜਨਵਰੀ ਨੂੰ ਸ਼ਾਮ ਦੇ 6:00 ਵਜੇ ਹੋਵੇਗਾ।ਲੋਹੜੀ ਸਮਾਗਮ ਦੌਰਾਨ ਬੱਚਿਆਂ ਵੱਲੋਂ ਡਾਂਸ ਤੇ ਮਾਡਲਿੰਗ ਆਦਿ ਆਈਟਮਾਂ ਪੇਸ਼ ਕੀਤੀਆਂ ਜਾਣਗੀਆਂ।ਕਲਚਰਲ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਢੋਸੀਵਾਲ ਪਰਵਾਰ ਵੱਲੋਂ ਗਿਫ਼ਟ ਪੈਕ ਦਿੱਤੇ ਜਾਣਗੇ।ਬੁੱਧ ਵਿਹਾਰ ਵਿਕਾਸ ਕਮੇਟੀ ਦੇ ਪ੍ਰਧਾਨ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਸਾਂਝੀ ਲੋਹੜੀ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਮੁਹੱਲੇ ਦੀਆਂ ਸਾਰੀਆਂ ਬੀਬੀਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਸਮਾਗਮ ਦੀ ਸ਼ੁਰੂਆਤ ਮੈਡਮ ਸਲੋਨੀ ਸ਼ਰਮਾ ਤੇ ਹੋਰਨਾਂ ਵੱਲੋਂ ਪੂਰਨ ਮਰਿਆਦਾ ਤੇ ਰੀਤੀ ਰਿਵਾਜਾਂ ਅਨੁਸਾਰ ਲੋਹੜੀ ਬਾਲ ਕੇ ਕੀਤੀ ਜਾਵੇਗੀ।ਮੈਡਮ ਨੀਰੂ ਸਭਨਾਂ ਨੂੰ ਜੀਅ ਆਇਆ ਕਹਿਣਗੇ ਅਤੇ ਡਾ. ਮੀਨਾਕਸ਼ੀ ਭਾਰਤੀ ਸਮਾਰੋਹ ਦੇ ਅੰਤ ਵਿੱਚ ਸਾਰਿਆਂ ਦਾ ਧੰਨਵਾਦ ਕਰਨਗੇ।ਸਮਾਰੋਹ ਦੌਰਾਨ ਤੰਬੋਲਾ ਤੇ ਹੋਰ ਛੋਟੀਆਂ ਗੇਮਾਂ ਖਿਡਾਈਆਂ ਜਾਣਗੀਆਂ।ਢੋਸੀਵਾਲ ਨੇ ਦੱਸਿਆ ਕਿ ਸਾਂਝੀ ਲੋਹੜੀ ਸਮਾਗਮ ਵਿਚ ਪਹਿਲੀ ਵਾਰ ਭਾਗ ਲੈਣ ਵਾਲੇ ਪਰਵਾਰਾਂ ਨੂੰ ਬੁੱਧ ਵਿਹਾਰ ਵਿਕਾਸ ਕਮੇਟੀ ਵੱਲੋਂ ਸਨਮਾਨ ਚਿੰਨ੍ਹ ਭੇਟ ਕੀਤੇ ਜਾਣਗੇ। ਸਮਾਰੋਹ ਦੌਰਾਨ ਚਾਹ, ਸਨੈਕਸ ਅਤੇ ਪ੍ਰੀਤੀ ਭੋਜਨ ਦਾ ਆਯੋਜਨ ਕੀਤਾ ਜਾਵੇਗਾ।

# ਸ਼ਹੀਦ ਕਿਸਾਨ ਔਰਤਾਂ ਨੂੰ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸ਼ਰਧਾਂਜਲੀ



**ਜਲੰਧਰ** : ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਕਮੇਟੀ ਦੇ ਮੀਤ ਪ੍ਰਧਾਨ ਕੁਲਵੰਤ ਸਿੰਘ ਸੰਧੂ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ ਅਤੇ ਵਿੱਤ ਸਕੱਤਰ ਸੀਤਲ ਸਿੰਘ ਸੰਘਾ ਨੇ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਵਿਸ਼ੇਸ਼ ਮਤਾ ਜਾਰੀ ਕਰਦਿਆਂ ਕਿਹਾ ਕਿ ਲੋਕਾਂ ਦੇ ਘਰਾਂ 'ਚ ਸੱਥਰ ਵਿਛਾਉਣ ਦੀ ਮੁਜਰਮ ਮੋਦੀ ਹਕੂਮਤ ਖ਼ਿਲਾਫ਼ ਰੋਹਲੀ ਆਵਾਜ਼ ਬੁਲੰਦ ਕਰੋ, ਜਿਸ ਦੀ ਕਿਸਾਨਾਂ ਨੂੰ ਖੱਜਲ-ਖੁਆਰ ਕਰਨ ਅਤੇ ਜਾਨ ਹੂਲਵੇਂ ਘੋਲਾਂ ਸਦਕਾ ਰੱਦ ਕਰਵਾਏ ਖੇਤੀ ਸੰਬੰਧੀ ਤਿੰਨ ਕਾਲ਼ੇ ਕਾਨੂੰਨਾਂ ਨੂੰ ਮੁੜ ਤਾਜ਼ਾ ਚਾਸ਼ਣੀ ਵਿੱਚੋਂ ਕੱਢ ਕੇ ਲਾਗੂ ਕਰਨ ਖ਼ਿਲਾਫ਼ ਟੋਹਾਣਾ ਮਹਾਂ ਕਿਸਾਨ ਰੈਲੀ ਵਿੱਚ ਸ਼ਾਮਲ ਹੋਣ ਲਈ ਜਾ ਰਹੀਆਂ ਔਰਤਾਂ ਅਤੇ ਮਰਦ ਸੜਕ ਹਾਦਸੇ 'ਚ ਸ਼ਹੀਦੀ ਦਾ ਜਾਮ ਪੀ ਗਏ।ਦੇਸ਼ ਭਗਤ ਯਾਦਗਾਰ ਕਮੇਟੀ ਨੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀਆਂ ਇੱਕੋ ਪਿੰਡ ਕੋਠਾ ਗੁਰੂ (ਬਠਿੰਡਾ) ਦੀਆਂ ਸ਼ਹੀਦ ਤਿੰਨੇ ਔਰਤਾਂ ਨੂੰ ਸੂਹੀ ਸਲਾਮ ਭੇਟ ਕੀਤੀ। ਜ਼ਿਕਰਯੋਗ ਹੈ ਕਿ ਗੰਭੀਰ ਫੱਟੜ ਏਮਜ਼ ਹਸਪਤਾਲ ਬਠਿੰਡਾ ਵਿਖੇ ਜ਼ਿੰਦਗੀ-ਮੌਤ ਦੀ ਲੜਾਈ ਲੜ ਰਹੇ ਹਨ। ਇਹਨਾਂ ਦਰਜਨਾਂ ਗੰਭੀਰ ਫੱਟੜਾਂ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦਾ ਸੂਬਾਈ ਆਗੂ ਬਸੰਤ ਸਿੰਘ ਕੋਠੇ ਗੁਰੂ ਵੀ ਸ਼ਾਮਲ ਹੈ, ਜਿਸ ਦੀ ਰੀੜ੍ਹ ਦੀ ਹੱਡੀ 'ਤੇ ਗੰਭੀਰ ਸੱਟਾਂ ਲੱਗਣ ਕਾਰਨ ਉਸ ਦਾ ਸਾਰਾ ਸਰੀਰ ਬੇਹਰਕਤ ਹੋ ਗਿਆ ਹੈ।ਇੱਕ ਸੰਘਰਸ਼ਸ਼ੀਲ ਕਿਸਾਨ ਨੌਜਵਾਨ ਦੀ ਬਾਂਹ ਕੱਟਣੀ ਪਵੇਗੀ।ਅਨੇਕਾਂ ਦੇ ਚੂਲੇ ਟੁੱਟਣ ਅਤੇ ਉਂਗਲਾਂ ਕੱਟੀਆਂ ਗਈਆਂ ਹਨ। ਪਿੰਡ ਕੋਠਾ ਗੁਰੂ ਜ਼ਿਲ੍ਹਾ ਬਠਿੰਡਾ ਤੋਂ ਟੋਹਾਣਾ (ਹਰਿਆਣਾ) ਵਿਖੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਰੱਖੀ ਮਹਾਂ ਕਿਸਾਨ ਰੈਲੀ ਵਿੱਚ ਸ਼ਾਮਲ ਹੋਣ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਬੱਸ ਬਰਨਾਲਾ ਨੇੜੇ ਹਾਦਸੇ ਦਾ ਸ਼ਿਕਾਰ ਹੋ ਗਈ ਸੀ। ਇਸ ਬੱਸ ਵਿਚ ਇੱਕੋ ਪਿੰਡ ਦੇ 54 ਮਰਦ-ਔਰਤਾਂ ਰੈਲੀ ਵਿੱਚ ਸ਼ਾਮਲ ਹੋਣ ਲਈ ਜਾ ਰਹੇ ਸਨ।ਕਿਸਾਨ ਕਾਰਕੁਨਾਂ ਜਸਵੀਰ ਕੌਰ ਪਤਨੀ ਜੀਤ ਸਿੰਘ, ਸਰਬਜੀਤ ਕੌਰ ਪਤਨੀ ਸੁੱਖਾ ਨੰਬਰਦਾਰ, ਬਲਵੀਰ ਕੌਰ ਪਤਨੀ ਬੰਤ ਸਿੰਘ ਦੀ ਮੌਤ ਹੋ ਗਈ ਹੈ।

ਭਾਕਿਯੂ ਏਕਤਾ ਸਿੱਧੂਪੁਰ ਦੀ ਡੱਲੇਵਾਲ ਤੋਂ ਖਨੌਰੀ ਜਾ ਰਹੀ ਬੱਸ ਵੀ ਬਰਨਾਲਾ ਜੇਲ੍ਹ ਨੇੜੇ ਹਾਦਸੇ ਦਾ ਸ਼ਿਕਾਰ ਹੋ ਗਈ ਸੀ।30 ਤੋਂ ਵੱਧ ਫੱਟੜਾਂ ਦਾ ਸਿਵਲ ਹਸਪਤਾਲ ਬਰਨਾਲਾ ਅਤੇ ਏਮਜ਼ ਹਸਪਤਾਲ ਬਠਿੰਡਾ ਵਿਖੇ ਇਲਾਜ ਚੱਲ ਰਿਹਾ ਹੈ।ਤਿੰਨੇ ਮ੍ਰਿਤਕ ਦੇਹਾਂ ਬਰਨਾਲਾ ਵਿਖੇ ਮ੍ਰਿਤਕ ਦੇਹ ਸੰਭਾਲ ਕੇਂਦਰ ਵਿਚ ਰੱਖੀਆਂ ਗਈਆਂ ਹਨ। ਦੇਸ਼ ਭਗਤ ਯਾਦਗਾਰ ਕਮੇਟੀ ਨੇ ਜ਼ੋਰਦਾਰ ਮੰਗ ਕੀਤੀ ਹੈ ਕਿ ਸਰਕਾਰ ਅਤੇ ਪ੍ਰਸ਼ਾਸਨ ਤੁਰੰਤ ਸਰਗਰਮ ਦਖ਼ਲ ਦੇ ਕੇ ਕਿਸਾਨ ਯੂਨੀਅਨ ਵੱਲੋਂ ਰੱਖੀਆਂ ਮੁਆਵਜ਼ਾ, ਨੌਕਰੀ ਅਤੇ ਇਲਾਜ ਦੀਆਂ ਮੰਗਾਂ ਪ੍ਰਵਾਨ ਕਰੇ।ਦੇਸ਼ ਭਗਤ ਯਾਦਗਾਰ ਕਮੇਟੀ ਨੇ ਇਹ ਮੰਗ ਵੀ ਕੀਤੀ ਹੈ ਕਿ ਕਿਸਾਨਾਂ ਨਾਲ਼ ਵਾਅਦਾਖਿਲਾਫੀ ਕਰਨ ਦੀ ਬਜਾਏ ਮੋਦੀ ਹਕੂਮਤ ਤੁਰੰਤ ਲਟਕਦੀਆਂ ਮੰਗਾਂ ਪ੍ਰਵਾਨ ਕਰੇ।ਦੇਸ਼ ਭਗਤ ਯਾਦਗਾਰ ਕਮੇਟੀ ਨੇ ਮ੍ਰਿਤਕਾਂ ਅਤੇ ਫੱਟੜਾਂ ਦੇ ਪਰਵਾਰ, ਸਾਕ-ਸੰਬੰਧੀਆਂ ਅਤੇ ਸੰਗੀ-ਸਾਥੀਆਂ ਨਾਲ਼ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

## ਸੰਯੁਕਤ ਕਿਸਾਨ ਮੋਰਚਾ ਵੱਲੋਂ ਸਮਰਥਨ ਲਈ ਲੋਕਾਂ ਦਾ ਧੰਨਵਾਦ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਰਕਾਰ ਵੱਲੋਂ ਸਰਹਿੰਦ ਨਹਿਰ ਪੱਕੀ ਕਰਨ ਦੇ ਮੱਦੇਨਜ਼ਰ ਸੰਯੁਕਤ ਕਿਸਾਨ ਮੋਰਚੇ ਵੱਲੋਂ ਪਹਿਲੇ ਦਿਨ ਹੀ ਚੱਕਾ ਜਾਮ ਕਰਨ ਉਪਰੰਤ ਮਿਲੀ ਸਫ਼ਲਤਾ 'ਤੇ ਲੋਕਾਂ ਦਾ ਧੰਨਵਾਦ ਕੀਤਾ ਗਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀਨੀਅਰ ਕਿਸਾਨ ਆਗੂ ਸੁਖਵਿੰਦਰ ਸਿੰਘ ਭੱਟੀਆਂ ਨੇ ਦੱਸਿਆ ਕਿ ਪ੍ਰਸ਼ਾਸਨਕ ਅਧਿਕਾਰੀ, ਜਿਸ ਵਿਚ ਕਾਰਜਕਾਰੀ ਇੰਜਨੀਅਰ ਰੋਪੜ ਕਨਾਲ, ਨਿਗਰਾਨ ਇੰਜਨੀਅਰ ਲੁਧਿਆਣਾ ਕਨਾਲ ਤੇ ਮੁੱਖ ਇੰਜਨੀਅਰ ਮਾਈਨਿੰਗ ਤੇ ਜਲ ਨਿਕਾਸ ਵਿਭਾਗ ਨੇ ਲਿਖਤੀ ਰੂਪ ਵਿੱਚ ਭਰੋਸਾ ਦਿੱਤਾ ਹੈ ਕਿ ਸਰਹਿੰਦ ਨਹਿਰ ਦੇ ਬੈੱਡ ਨੂੰ ਪੱਕਾ ਨਹੀਂ ਕੀਤਾ ਜਾਵੇਗਾ। ਇਸ ਤੋਂ ਇਲਾਵਾ ਨਹਿਰ ਨੂੰ ਚੌੜਾ ਕਰਨ ਲਈ ਜੋ ਮਿੱਟੀ ਕੱਢੀ ਜਾਵੇਗੀ, ਉਸ ਨੂੰ ਕਿਨਾਰਿਆਂ 'ਤੇ ਹੀ ਪਾਇਆ ਜਾਵੇਗਾ, ਨਹਿਰ ਤੋਂ ਪਾਣੀ ਰਿਚਾਰਜ ਲਈ ਸਾਈਡਲਾਈਨ ਪੋਰਸ਼ਨ ਦੇ ਨਾਲ ਨਾਲ ਪਾਲਿਸੀ ਅਨੁਸਾਰ ਰਿਚਾਰਜ ਬੈਲ ਵੀ ਲਗਾਏ ਜਾਣਗੇ, ਵਾਤਾਵਰਣ ਦੀ ਸੰਭਾਲ ਲਈ ਨਹਿਰ ਕਿਨਾਰੇ ਬੂਟੇ ਲਗਾਏ ਜਾਣਗੇ ਤੇ ਪੁਰਾਣੇ ਦਰੱਖਤਾਂ ਨੂੰ ਬਚਾਉਣ ਦੇ ਯਤਨ ਵੀ ਕੀਤੇ ਜਾਣਗੇ। ਪ੍ਰਸ਼ਾਸਨਕ ਅਧਿਕਾਰੀਆਂ ਨੇ ਦੱਸਿਆ ਕਿ ਸਰਹਿੰਦ ਨਹਿਰ ਦੇ ਢੰਡੇ ਸੈਫ਼ਨ ਦੇ ਉੱਪਰ ਤੇ ਥੱਲੇ ਕਰੀਬ 60 ਫੁੱਟ ਖੇਤਰ ਵਿੱਚ ਸੁਰੱਖਿਆ ਕੰਮ ਕੀਤਾ ਜਾਵੇਗਾ ਤੇ ਇਸ ਤੋਂ ਇਲਾਵਾ ਪੁਲਾਂ ਹੇਠਾਂ ਸੁਰੱਖਿਆ ਕੰਮ ਹੋਵੇਗਾ। ਅਧਿਕਾਰੀਆਂ ਨੇ ਵਿਸ਼ਵਾਸ ਦਿਵਾਇਆ ਕਿ ਬਾਕੀ ਨਹਿਰ ਨੂੰ ਪੱਕਾ ਨਹੀਂ ਕੀਤਾ ਜਾਵੇਗਾ। ਇਸ ਮੌਕੇ ਹਰਪ੍ਰੀਤ ਸਿੰਘ ਊਰਨਾ, ਮਨਜੀਤ ਸਿੰਘ ਢੀਂਡਸਾ, ਗੁਰਦੀਪ ਸਿੰਘ ਊਰਨਾ, ਕੁਲਵਿੰਦਰ ਸਿੰਘ ਪੂਰਬਾ, ਜਗਦੇਵ ਸਿੰਘ, ਅਮਰਜੀਤ ਬਾਲਿਓਂ, ਮਨਿੰਦਰ ਸਿੰਘ ਬਾਲਿਓਂ, ਕੁਲਦੀਪ ਸਿੰਘ ਗੜ੍ਹੀ, ਗੁਰਪ੍ਰੀਤ ਸਿੰਘ ਟੱਪਰੀਆਂ, ਮਨਪ੍ਰੀਤ ਸਿੰਘ ਗੜ੍ਹੀ, ਦਲਜੀਤ ਸਿੰਘ ਕੁਲਾਰ, ਮਨਜੀਤ ਸਿੰਘ ਪਵਾਤ, ਲਛਮਣ ਸਿੰਘ ਕੂੰਮਕਲਾਂ, ਸਵਰਨਜੀਤ ਸਿੰਘ ਘੁਲਾਲ, ਮੁਖਤਿਆਰ ਸਿੰਘ ਸਰਵਰਪੁਰ, ਅਵਤਾਰ ਸਿੰਘ ਸ਼ੇਰੀਆਂ, ਜੋਗਿੰਦਰ ਸਿੰਘ ਸੇਹ, ਗੁਰਵੀਰ ਸਿੰਘ ਗੜ੍ਹੀ, ਮਨਰਾਜ ਸਿੰਘ, ਹਰਪ੍ਰੀਤ ਸਿੰਘ ਗੜ੍ਹੀ, ਹਰਦੀਪ ਸਿੰਘ ਗਿਆਸਪੁਰਾ, ਕੈਪਟਨ ਹਰਜਿੰਦਰ ਸਿੰਘ, ਬਾਬਾ ਤੇਜਾ ਸਿੰਘ ਮੌਜੂਦ ਸਨ।

## ਪ੍ਰਾਇਮਰੀ ਤੋਂ ਮਾਸਟਰ ਕੇਡਰ ਦੀਆਂ ਰਹਿੰਦੀਆਂ ਤਰੱਕੀਆਂ ਤੁਰੰਤ ਕੀਤੀਆਂ ਜਾਣ : ਰਾਜਵਿੰਦਰ ਖੱਤਰੀਵਾਲਾ

**ਮਿਡ ਡੇ ਮੀਲ ਦੇ ਮੀਨੂ ਅਨੁਸਾਰ ਸਕੂਲਾਂ ਨੂੰ ਢੁੱਕਵੀਂ ਰਾਸ਼ੀ ਮੁਹੱਈਆ ਕਰਵਾਉਣ ਦੀ ਮੰਗ**

**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**

ਦਿਨ ਪ੍ਰਤੀ ਦਿਨ ਜਾਰੀ ਹੁੰਦੇ ਨਵੇਂ ਫਰਮਾਨਾਂ ਤੋਂ ਅਧਿਆਪਕਾਂ ਵਿੱਚ ਰੋਸ ਤੇ ਬੇਚੈਨੀ ਦੀ ਲਹਿਰ ਪਾਈ ਜਾ ਰਹੀ ਹੈ।ਕਦੇ ਛੋਲੇ, ਕਦੇ ਪੂਰੀਆਂ, ਕਦੇ ਕੇਲੇ, ਕਦੇ ਕਿਨੂੰ ਅਤੇ ਕਦੇ ਮੌਸਮੀ ਫਲ ਪਰੋਸਣ ਤੋਂ ਅਧਿਆਪਕ ਤੰਗ ਆ ਚੁੱਕੇ ਹਨ।ਅਧਿਆਪਕ ਆਗੂਆਂ ਦਾ ਕਹਿਣਾ ਹੈ ਕਿ ਪਹਿਲਾਂ ਦੇ ਮੀਨੂ ਅਨੁਸਾਰ ਬਹੁਤ ਵਧੀਆ ਖਾਣਾ ਬਣਦਾ ਸੀ, ਪ੍ਰੰਤੂ ਮਹਿੰਗਾਈ ਦੀ ਮਾਰ ਕਾਰਨ ਪੈਸੇ ਦੀ ਸਮੱਸਿਆ ਹਮੇਸ਼ਾ ਹੀ ਬਣੀ ਰਹਿੰਦੀ ਸੀ। ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਸੂਬਾ ਸਰਪ੍ਰਸਤ ਰਾਜਵਿੰਦਰ ਸਿੰਘ ਖੱਤਰੀਵਾਲਾ ਨੇ ਕਿਹਾ ਕਿ ਸਿੱਖਿਆ ਵਿਭਾਗ ਨੂੰ ਚਾਹੀਦਾ ਹੈ ਕਿ ਦਿਨ ਪ੍ਰਤੀ ਦਿਨ ਨਵੇਂ ਫੁਰਮਾਨ ਜਾਰੀ ਕਰਨ ਦੀ ਬਜਾਏ ਬੱਚਿਆਂ ਦੀ ਖਾਣਾ ਰਾਸ਼ੀ ਵਿੱਚ ਵਾਧਾ ਕੀਤਾ ਜਾਵੇ ਤਾਂ ਜੋ ਗਰੀਬ ਬੱਚਿਆਂ ਨੂੰ ਪੌਸ਼ਟਿਕ ਭੋਜਨ ਮੁਹੱਈਆ ਕਰਵਾਇਆ ਜਾ ਸਕੇ।ਖਾਣੇ ਦੇ ਮੀਨੂ ਅਨੁਸਾਰ ਤਰਕ ਸੰਗਤ ਰਾਸ਼ੀ ਵੀ ਮੁਹੱਈਆ ਕਰਵਾਈ ਜਾਣੀ ਚਾਹੀਦੀ ਹੈ।ਖੱਤਰੀਵਾਲਾ ਨੇ ਕਿਹਾ ਕਿ ਅਧਿਆਪਕ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਤਰੱਕੀਆਂ ਨੂੰ ਉਡੀਕਦੇ ਸੇਵਾ ਮੁਕਤ ਹੋ ਰਹੇ ਹਨ।ਉਨ੍ਹਾਂ ਸਿੱਖਿਆ ਵਿਭਾਗ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਈ ਪੰਜਾਬ ਪੋਰਟਲ 'ਤੇ ਡੀ ਪੀ ਸੀ ਪ੍ਰੋਗਰਾਮਿੰਗ/ਲਿੰਕ ਆਟੋਮੈਟਿਕ ਅੱਪਡੇਟ ਸੈੱਟ ਕੀਤਾ ਜਾਵੇ ਤਾਂ ਕਿ ਜਦੋਂ ਵੀ ਕੋਈ ਅਧਿਆਪਕ ਸੇਵਾ ਮੁਕਤ ਹੋਵੇ ਅਤੇ ਅਸਾਮੀ ਖਾਲੀ ਹੋ ਜਾਵੇ ਤਾਂ ਤੁਰੰਤ ਆਟੋਮੈਟਿਕ ਸੀਨੀਅਰ ਅਧਿਆਪਕ ਦੀ ਤਰੱਕੀ ਦੇ ਆਰਡਰ ਕੀ ਪੰਜਾਬ 'ਤੇ ਹੀ ਅਪਲੋਡ ਹੋਣ ਹੋ ਜਾਣ। ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਜਸ਼ਨਦੀਪ ਕੋਲਾਨਾ ਨੇ ਮੰਗ ਕੀਤੀ ਕਿ ਪੰਜਾਬ ਭਰ ਵਿੱਚ ਖਾਲੀ ਪਈਆਂ ਬਲਾਕ ਸਿੱਖਿਆ ਅਫਸਰਾਂ ਦੀਆਂ ਅਸਾਮੀਆਂ ਵੀ ਤੁਰੰਤ ਭਰੀਆਂ ਜਾਣ ਤਾਂ ਕਿ ਅਧਿਆਪਕਾਂ ਦੇ ਸਥਾਨਕ ਪੱਧਰ ਦੇ ਕੰਮ ਪ੍ਰਭਾਵਿਤ ਨਾ ਹੋ ਸਕਣ।ਜਥੇਬੰਦੀ ਪੰਜਾਬ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ, ਸੂਬਾ ਆਗੂ ਗੁਰਜੰਟ ਸਿੰਘ ਬੱਛੁਆਣਾ ਨੇ ਕਿਹਾ ਕਿ ਤਰੱਕੀ ਹਰੇਕ ਅਧਿਆਪਕ ਦਾ ਹੱਕ ਹੈ ਤੇ ਉਸ ਨੂੰ ਸਮੇਂ ਅਨੁਸਾਰ ਤਰੱਕੀ ਮਿਲਣੀ ਲਾਜ਼ਮੀ ਹੈ। ਉਨ੍ਹਾਂ ਮੰਗ ਕੀਤੀ ਕਿ ਨਿੱਤ ਵੱਡੀਆਂ ਵੱਡੀਆਂ ਫਾਈਲਾਂ ਤੋਂ ਅਧਿਆਪਕਾਂ ਦਾ ਛੁਟਕਾਰਾ ਕੀਤਾ ਜਾਵੇ ਅਤੇ ਸਾਰਾ ਕੁਝ ਹੀ ਪੋਰਟਲ ਤੇ ਆਪਣੇ ਆਪ ਅਪਲੋਡ ਹੋਣਾ ਚਾਹੀਦਾ ਹੈ।

## ਨਗਰ ਕੀਰਤਨ ਮੌਕੇ ਲਾਇਨਜ਼ ਕਲੱਬ ਨੇ ਲੱਡੂ ਵੰਡੇ



**ਜਗਰਾਉਂ (ਅਮਿਤ ਖੰਨਾ)**-ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਆਗਮਨ ਪੁਰਬ ਦੀ ਖ਼ੁਸ਼ੀ ਵਿੱਚ ਜੁਗੋ ਜੁੱਗ ਅਟੱਲ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਗੁਰਦੁਆਰਾ ਗੁਰੂ ਨਾਨਕਪੁਰਾ ਮੋਰੀ ਗੇਟ ਜਗਰਾਉਂ ਤੋਂ ਸਜਾਏ ਮਹਾਨ ਨਗਰ ਕੀਰਤਨ ਦਾ ਲਾਇਨਜ਼ ਕਲੱਬ ਮਿੱਡ ਟਾਊਨ ਨੇ ਬੜੀ ਸ਼ਰਧਾ ਭਾਵਨਾ ਨਾਲ ਸਵਾਗਤ ਕਰਦਿਆਂ ਲੱਡੂ ਵੰਡੇ।ਇਸ ਮੌਕੇ ਕਲੱਬ ਦੇ ਪ੍ਰਧਾਨ ਸਤੀਸ਼ ਗਰਗ ਨੇ ਦੱਸਿਆ ਕਿ ਸਾਰਾ ਸਾਲ ਸੁਸਾਇਟੀ ਵੱਲੋਂ ਸਮਾਜ ਸੇਵਾ ਦੇ ਕੰਮ ਕੀਤੇ ਜਾਣਗੇ।ਇਸ ਮੌਕੇ ਕਲੱਬ ਦੇ ਸਾਰੇ ਮੈਂਬਰ ਹਾਜ਼ਰ ਸਨ।

## 9 ਨੂੰ ਮੋਗਾ ਮਹਾਂ-ਪੰਚਾਇਤ 'ਚ ਕਿਸਾਨਾਂ ਦਾ ਹੋਵੇਗਾ ਰਿਕਾਰਡ ਤੋੜ ਇਕੱਠ : ਲੱਖੋਵਾਲ

**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ 9 ਜਨਵਰੀ ਨੂੰ ਮੋਗਾ ਵਿਖੇ ਮਹਾ-ਪੰਚਾਇਤਾਂ ਕੀਤੀ ਜਾ ਰਹੀ ਹੈ। ਇਸ ਦੀਆਂ ਤਿਆਰੀਆਂ ਨੂੰ ਤੇਜ਼ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਇੱਕ ਮੀਟਿੰਗ ਕਰਕੇ 5 ਮੈਂਬਰੀ ਪ੍ਰਬੰਧਕੀ ਟੀਮ, 7 ਮੈਂਬਰੀ ਸੰਚਾਲਨ ਕਮੇਟੀ ਦੇ ਨਾਲ ਨਾਲ ਤਿੰਨ ਮੈਂਬਰੀ ਪ੍ਰੈੱਸ ਕਮੇਟੀ ਦਾ ਗਠਨ ਕੀਤਾ ਗਿਆ ਜੋ ਕਿ 6 ਜਨਵਰੀ ਨੂੰ ਮੋਗੇ ਵਿਖੇ ਤਿਆਰੀਆਂ ਦਾ ਜਾਇਜ਼ਾ ਲਵੇਗੀ। ਮੀਟਿੰਗ ਵਿੱਚ ਲਾਮਬੰਦੀ ਸਬੰਧੀ ਵੱਖ ਵੱਖ ਕਿਸਾਨ ਜਥੇਬੰਦੀਆਂ ਵੱਲੋਂ ਚੱਲ ਰਹੀਆਂ ਤਿਆਰੀਆਂ ਦੀ ਰਿਪੋਰਟ ਲਈ ਗਈ। ਮੀਟਿੰਗ ਨੇ ਮੋਗਾ ਮਹਾਂਪੰਚਾਇਤ ਵਿੱਚ ਇਸ ਖਰੜੇ ਵਿਰੁੱਧ ਵਿਆਪਕ ਲਾਮਬੰਦੀ ਦੀ ਮੁਹਿੰਮ ਸ਼ੁਰੂ ਕਰਨ ਦੇ ਨਾਲ ਨਾਲ ਐੱਮ ਐੱਸ ਪੀ ਦੀ ਕਾਨੂੰਨੀ ਗਾਰੰਟੀ, ਕਰਜ਼ਾ ਮੁਕਤੀ, ਹਰ ਖੇਤ ਤੱਕ ਨਹਿਰੀ ਪਾਣੀ ਤੇ ਹਰ ਘਰ ਨੂੰ ਪੀਣ ਵਾਲਾ ਸਾਫ ਪਾਣੀ ਮੁਹੱਈਆ ਕਰਵਾਉਣ ਆਦਿ ਮੰਗਾਂ ਨੂੰ ਵੀ ਚੁੱਕਿਆ ਜਾਵੇਗਾ।ਕਿਸਾਨਾਂ ਦੀ ਲਾਮਬੰਦੀ ਦੇ ਲਿਹਾਜ਼ ਤੋਂ ਮੋਗਾ ਮਹਾਂਪੰਚਾਇਤ ਵਿੱਚ ਰਿਕਾਰਡ ਤੋੜ ਇਕੱਠ ਹੋਣ ਦੀ ਸੰਭਾਵਨਾ ਪ੍ਰਗਟ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਅੱਜ ਤੋਂ ਹੀ ਮਹਾਂਪੰਚਇਤ ਦੀਆਂ ਤਿਆਰੀਆਂ ਅਰੰਭ ਕਰ ਦਿੱਤੀਆਂ ਗਈਆਂ ਹਨ।

ਲੱਖੋਵਾਲ ਨੇ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਨੂੰ ਲੈ ਕੇ ਦੇਸ਼ ਦੀ ਸਰਵ ਉੱਚ ਅਦਾਲਤ ਵੱਲੋਂ ਕੇਂਦਰ ਸਰਕਾਰ ਦੇ ਵਕੀਲ ਵਜੋਂ ਨਿਭਾਈ ਜਾ ਰਹੀ ਭੂਮਿਕਾ ਦਾ ਗੰਭੀਰ ਨੋਟਿਸ ਲੈਂਦਿਆਂ ਸੁਪਰੀਮ ਕੋਰਟ ਨੂੰ ਅਪੀਲ ਕੀਤੀ ਗਈ ਕਿ ਉਹ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਬਚਾਉਣ ਲਈ ਕੇਂਦਰ ਸਰਕਾਰ ਨੂੰ ਕਿਸਾਨ ਜਥੇਬੰਦੀਆਂ ਨਾਲ ਗੱਲਬਾਤ ਕਰਨ ਲਈ ਸਪੱਸ਼ਟ ਹਦਾਇਤਾਂ ਜਾਰੀ ਕਰੇ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਸਰਵ-ਉੱਚ ਅਦਾਲਤ ਪੱਖਪਾਤੀ ਰਵੱਈਏ ਸਬੰਧੀ ਸਵਾਲਾਂ ਦੇ ਘੇਰੇ ਵਿੱਚ ਹੋਵੇਗੀ ਤੇ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਖੇਤੀ ਮੰਡੀਕਰਨ ਦੇ ਕੌਮੀ ਖਰੜੇ ਨੂੰ ਰੱਦ ਕਰਨ ਸਬੰਧੀ ਆਏ ਬਿਆਨ ਦਾ ਸਵਾਗਤ ਕਰਦਿਆਂ ਮੀਟਿੰਗ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਵਿਧਾਨ ਸਭਾ ਦਾ ਅਜਲਾਸ ਬੁਲਾ ਕੇ ਇਸ ਨੂੰ ਰੱਦ ਕਰਨ ਸਬੰਧੀ ਮਤਾ ਪਾਸ ਕੀਤਾ ਜਾਵੇ।ਕਿਸਾਨ ਜਥੇਬੰਦੀਆਂ ਨੇ ਦੇਸ਼ ਦੀਆਂ ਸਿਆਸੀ ਪਾਰਟੀਆਂ ਨੂੰ ਵੀ ਇਸ ਕਾਰਪੋਰੇਟ ਪੱਖੀ ਖਰੜੇ ਸਬੰਧੀ ਆਪਣੀ ਨੀਤੀ ਸਪੱਸ਼ਟ ਕਰਨ ਦੀ ਅਪੀਲ ਕੀਤੀ ਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਡੈਮ ਸੇਫਟੀ ਐਕਟ ਵਿਰੁੱਧ ਵੀ ਵਿਧਾਨ ਸਭਾ ਦੇ ਅਜਲਾਸ ਵਿੱਚ ਮਤਾ ਪਾਸ ਕਰਨ ਸਬੰਧੀ ਮੰਨੀ ਹੋਈ ਮੰਗ ਨੂੰ ਪੂਰਾ ਕਰੇ ਤੇ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਨਹਿਰਾਂ ਖਾਸ ਕਰਕੇ ਸਰਹਿੰਦ ਤੇ ਇੰਦਰਾ ਨਹਿਰ ਪੱਕੀਆਂ ਕਰਨ ਦੀ ਨੀਤੀ ਨੂੰ ਰੱਦ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਨਹਿਰਾਂ ਪੱਕੀਆਂ ਕਰਨ ਨਾਲ ਪਾਣੀ ਸਿੰਮਣ ਦਰ ਜ਼ੀਰੋ ਹੋ ਜਾਣ 'ਤੇ ਜ਼ਮੀਨ ਹੇਠਲੇ ਪਾਣੀ ਦੇ ਡੂੰਘਾ ਹੋ ਜਾਣ ਦਾ ਸੰਕਟ ਹੋਰ ਗੰਭੀਰ ਹੋ ਜਾਵੇਗਾ।

## ਜੈ ਸ੍ਰੀ ਰਾਮ ਸੇਵਾ ਸਮਿਤੀ ਵੱਲੋਂ ਖ਼ੂਨਦਾਨ ਕੈਂਪ



**ਨਾਭਾ (ਵਰਿੰਦਰ ਵਰਮਾ)**-ਜੈ ਸ੍ਰੀ ਰਾਮ ਸੇਵਾ ਸਮਿਤੀ ਨਾਭਾ ਵੱਲੋਂ ਪ੍ਰਧਾਨ ਮੋਹਿਤ ਅਰੋੜਾ ਦੀ ਅਗਵਾਈ ਹੇਠ ਥੈਲੇਸੀਮੀਆ ਤੋਂ ਪੀੜਤ ਬੱਚਿਆਂ ਲਈ ਖ਼ੂਨਦਾਨ ਕੈਂਪ ਲਗਾਇਆ ਗਿਆ।ਇਹ ਖ਼ੂਨਦਾਨ ਕੈਂਪ ਸ਼ਿਵ ਮੰਦਿਰ, ਹੀਰਾ ਮਹਿਲ, ਨਾਭਾ ਵਿਖੇ ਸਵੇਰੇ 9.00 ਤੋਂ 2.00 ਵਜੇ ਤੱਕ ਲਗਾਇਆ ਗਿਆ।ਇਸ ਖ਼ੂਨਦਾਨ ਕੈਂਪ ਵਿੱਚ ਬਲੱਡ ਬੈਂਕ ਟੀਮ ਰਾਜਿੰਦਰਾ ਹਸਪਤਾਲ ਪਟਿਆਲਾ ਦੀ ਟੀਮ ਵੱਲੋਂ 85 ਦੇ ਕਰੀਬ ਖ਼ੂਨਦਾਨੀਆਂ ਤੋਂ ਖ਼ੂਨ ਇਕੱਤਰ ਕੀਤਾ ਗਿਆ।ਇਸ ਕੈਂਪ ਵਿੱਚ ਮੁੱਖ ਮਹਿਮਾਨ ਸ਼ਿਵ ਮੰਦਿਰ ਹੀਰਾ ਮਹਿਲ ਪ੍ਰਧਾਨ ਤੇ ਸਾਬਕਾ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਨਾਭਾ ਸੁਰਿੰਦਰ ਗੁਪਤਾ (ਅਗੋਲ ਵਾਲੇ) ਤੇ ਭਾਜਪਾ ਮੰਡਲ ਪ੍ਰਧਾਨ ਪਰਮਿੰਦਰ ਗੁਪਤਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸੰਸਥਾ ਦੇ ਪ੍ਰਧਾਨ ਮੋਹਿਤ ਅਰੋੜਾ, ਜਨਰਲ ਸਕੱਤਰ ਜਤਿੰਦਰ ਗੁਪਤਾ ਜਤਿਨ, ਕੈਸ਼ੀਅਰ ਸੰਜੀਵ ਜਿੰਦਲ, ਵਿਕਾਸ ਮਿੱਤਲ ਤੇ ਸਮੂਹ ਮੈਂਬਰਾਂ ਵੱਲੋਂ ਖ਼ੂਨਦਾਨੀਆਂ ਅਤੇ ਆਈਆਂ ਹੋਈਆਂ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਅੰਸ਼ ਅਰੋੜਾ, ਦਿਵੇਸ਼ ਜਿੰਦਲ, ਸ਼ਿਵ ਕੁਮਾਰ ਕੌਸ਼ਲ, ਅਜੇ ਗਰਗ, ਸੰਜੀਵ ਜਿੰਦਲ ਸ਼ਾਲੂ, ਅਜੇ ਸੰਮੀ, ਨਿਤਿਨ ਵਰਮਾ, ਦਿਵਿਜ ਜਿੰਦਲ, ਕੇਸਵ ਗਰਗ, ਕਮਲ ਚੋਪੜਾ, ਨਿਤਿਨ ਕਿੰਗਰ, ਅਮਨ ਮਸੌਣ, ਮਹਿੰਦਰ ਪਾਲ ਗਰਗ, ਰਾਜੇਸ਼ ਗੁਪਤਾ, ਅਮਨਦੀਪ ਗਰਗ, ਲਵ ਜਿੰਦਲ, ਕੁਸ਼ ਜਿੰਦਲ, ਕੁਸ਼ਲ ਸਿੰਗਲਾ, ਜੋਗਿੰਦਰ ਕੁਮਾਰ, ਅਜੇ ਸਿੰਗਲਾ, ਆਸ਼ੂ ਗੋਇਲ, ਮਯੂਰ ਕੁਮਾਰ, ਰਾਹੁਲ ਰਾਵਲ, ਤਰੁਣ ਗੁਪਤਾ ਆਦਿ ਤੋਂ ਇਲਾਵਾ ਯਾਦਵਿੰਦਰ ਸਿੰਘ ਯਾਦੂ, ਰਾਮ ਕ੍ਰਿਸ਼ਨ ਭੱਲਾ, ਭੁਵੇਸ਼ ਬਾਂਸਲ ਆਦਿ ਹਾਜ਼ਰ ਸਨ।

## ਪੁਲਸੀਆ ਧੱਕੇਸ਼ਾਹੀ ਖਿਲਾਫ਼ ਪੱਤਰਕਾਰ ਭਾਈਚਾਰਾ 15 ਤੋਂ ਉੱਤਰੇਗਾ ਸੜਕਾਂ 'ਤੇ

**ਪੁਲਸ ਨਹੀਂ ਹੋਈ ਟੱਸ ਤੋਂ ਮੱਸ, ਸਮੱਸਿਆਵਾਂ ਜਿਉਂ ਦੀਆਂ ਤਿਉਂ**

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਦੇ ਪੱਤਰਕਾਰ ਭਾਈਚਾਰੇ ਨੂੰ ਫੀਲਡ ਵਿੱਚ ਦਰਪੇਸ਼ ਸਮੱਸਿਆਵਾਂ ਤੇ ਪੁਲਸ ਪ੍ਰਸ਼ਾਸਨ ਵੱਲੋਂ ਪੱਤਰਕਾਰਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਕੀਤੀ ਜਾ ਰਹੀ ਬੇਲੋੜੀ ਦੇਰੀ ਤੋਂ ਅੱਕੇ ਜ਼ਿਲ੍ਹੇ ਭਰ ਦੇ ਪੱਤਰਕਾਰਾਂ ਦੀ ਇੱਕ ਹੰਗਾਮੀ ਮੀਟਿੰਗ ਸਤਲੁਜ ਪ੍ਰੈੱਸ ਕਲੱਬ ਫਿਰੋਜ਼ਪੁਰ ਵਿਖੇ ਕਲੱਬ ਪ੍ਰਧਾਨ ਗੁਰਨਾਮ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਵੱਖ ਵੱਖ ਅਦਾਰਿਆਂ ਦੇ ਨੁਮਾਇੰਦਿਆਂ ਨੇ ਭਰਵੀਂ ਸ਼ਮੂਲੀਅਤ ਕੀਤੀ।ਮੀਟਿੰਗ ਵਿੱਚ ਪੁਲਸ ਪ੍ਰਸ਼ਾਸਨ ਵੱਲੋਂ ਫਿਰੋਜ਼ਪੁਰ ਵਿੱਚ ਵਧੀਆਂ ਲੁੱਟਾਂ-ਖੋਹਾਂ, ਨਸ਼ਿਆਂ ਵਿਰੁੱਧ ਕਾਰਵਾਈ ਕਰਨ ਦੀ ਬਜਾਏ ਇਨਸਾਫ਼ ਲੈਣ ਲਈ ਪੁਲਸ ਦਰਬਾਰ ਪਹੁੰਚੇ ਪੀੜਤਾਂ ਨੂੰ ਇਨਸਾਫ਼ ਦੇਣ ਤੋਂ ਟਾਲਾ ਵੱਟਣ ਵਾਲੇ ਅਧਿਕਾਰੀਆਂ, ਕਰਮਚਾਰੀਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਪੱਤਰਕਾਰ ਭਾਈਚਾਰੇ ਨੂੰ ਨਿਸ਼ਾਨਾ ਬਣਾਏ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਪੁਲਸ ਪ੍ਰਸ਼ਾਸਨ ਆਪਣੀ ਕਾਰਜ ਸ਼ੈਲੀ ਵਿੱਚ ਸੁਧਾਰ ਲਿਆਉਣ, ਸਮਾਜ ਵਿਰੋਧੀ ਅਨਸਰਾਂ, ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਬਜਾਏ ਪੁਲਸ ਦੀ ਢਿੱਲੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਣ ਵਾਲੇ ਪੱਤਰਕਾਰਾਂ ਨੂੰ ਹੀ ਨਿਸ਼ਾਨਾ ਬਣਾ ਰਹੀ। ਮੀਟਿੰਗ ਵਿੱਚ ਸਮੂਹ ਪੈਂਡਿੰਗ ਪਈਆਂ ਮੰਗਾਂ ਦੇ ਹੱਲ ਲਈ ਪੁਲਸ 8-9 ਮਹੀਨਿਆਂ ਤੋਂ ਲਾਰੇ ਲਾਉਂਦੀ ਆ ਰਹੀ ਹੈ।ਪੁਲਸੀਆ ਕਾਰਗੁਜ਼ਾਰੀ ਤੋਂ ਪ੍ਰੇਸ਼ਾਨ ਹੋਏ ਪੱਤਰਕਾਰ ਸੜਕਾਂ 'ਤੇ ਉਤਰਨ ਨੂੰ ਮਜਬੂਰ ਹਨ।ਚੇਅਰਮੈਨ ਵਿਜੇ ਸ਼ਰਮਾ ਨੇ ਕਿਹਾ ਕਿ ਆਉਂਦੀ 15 ਜਨਵਰੀ ਤੋਂ ਵੱਡੇ ਪੱਧਰ ਦਾ ਸੰਘਰਸ਼ ਛੇੜਿਆ ਜਾ ਰਿਹਾ ਹੈ, ਜਿਸ ਵਿੱਚ ਜ਼ਿਲ੍ਹੇ ਦੇ ਪੱਤਰਕਾਰਾਂ ਤੋਂ ਇਲਾਵਾ ਕਈ ਹੋਰ ਜਥੇਬੰਦੀਆਂ ਵੀ ਵੱਧ ਚੜ੍ਹ ਕੇ ਹਿੱਸਾ ਲੈਣਗੀਆਂ।

ਪ੍ਰਧਾਨ ਗੁਰਨਾਮ ਸਿੱਧੂ ਨੇ ਕਿਹਾ ਕਿ ਇਸ ਵਾਰ ਫ਼ਿਰੋਜ਼ਪੁਰ ਛਾਉਣੀ ਦੇ ਬਾਜ਼ਾਰਾਂ ਵਿੱਚ ਜਲੂਸ ਕੱਢ ਕੇ ਪੁਲਸ ਦੀਆਂ ਪੋਲਾਂ ਖੋਲ੍ਹੀਆਂ ਜਾਣਗੀਆਂ।ਐੱਸ ਐੱਸ ਪੀ ਦਫਤਰ ਦਾ ਘੇਰਾਓ ਕਰਨ ਦੇ ਨਾਲ ਨਾਲ ਸੜਕੀ ਆਵਾਜਾਈ ਠੱਪ ਕੀਤੀ ਜਾਵੇਗੀ, ਜਿਸ ਦੀ ਨਿਰੋਲ ਜ਼ਿੰਮੇਵਾਰੀ ਪੁਲਸ ਪ੍ਰਸ਼ਾਸਨ ਦੀ ਹੋਵੇਗੀ।

## ਨਵੇਂ ਚੁਣੇ ਕੌਂਸਲਰ ਬਦਲਣਗੇ ਪਟਿਆਲਾ ਦੀ ਨੁਹਾਰ : ਬਰਸਟ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਨਵੇਂ ਚੁਣੇ ਗਏ ਕੌਂਸਲਰਾਂ ਵੱਲੋਂ ਪਟਿਆਲਾ ਦੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਕਰਦੇ ਹੋਏ ਸ਼ਹਿਰ ਦੀ ਨੁਹਾਰ ਬਦਲੀ ਜਾਵੇਗੀ।ਪਟਿਆਲਾ ਦੀ ਤਰੱਕੀ ਤੇ ਖੁਸ਼ਹਾਲੀ ਵਾਸਤੇ ਰੁਕੇ ਹੋਏ ਸਾਰੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।ਉਨ੍ਹਾ ਕਿਹਾ ਕਿ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਅਪਣੀ ਸਰਕਾਰ ਹੈ, ਜਿਸ ਦਾ ਮੁੱਖ ਮਕਸਦ ਪੰਜਾਬ ਦਾ ਚਹੁੰਪੱਖੀ ਵਿਕਾਸ ਕਰਨਾ ਹੈ, ਜਿਸ ਦੇ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ।ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਪੰਜਾਬ ਸਰਕਾਰ ਵੱਲੋਂ ਮਿਸਾਲੀ ਕੰਮ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਪਟਿਆਲਾ ਵਾਸੀਆਂ ਨੇ ਨਗਰ ਨਿਗਮ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਮਤਦਾਨ ਕਰਕੇ ਇਹ ਸਿੱਧ ਕਰ ਦਿੱਤਾ ਹੈ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਲਈ ਲਏ ਜਾ ਰਹੇ ਫੈਸਲੇ ਤੇ ਨੀਤੀਆਂ ਤੋਂ ਲੋਕ ਬਹੁਤ ਖੁਸ਼ ਹਨ।ਪਟਿਆਲਾ ਸ਼ਹਿਰ ਦੇ ਵਿਕਾਸ ਲਈ ਸਾਰੇ ਕੌਂਸਲਰਾਂ ਵੱਲੋਂ ਆਪਣੇ ਵਾਰਡਾਂ ਦੇ ਕਾਰਜਾਂ ਨੂੰ ਜਲਦ ਤੋਂ ਜਲਦ ਪੂਰਾ ਕਰਾਇਆ ਜਾਵੇਗਾ।ਸੂਬਾ ਜਨਰਲ ਸਕੱਤਰ ਨੇ ਕਿਹਾ ਕਿ ਪਟਿਆਲਾ ਦੇ ਵਿਕਾਸ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਸੂਬਾ ਸਰਕਾਰ ਵੱਲੋਂ ਗ੍ਰਾਂਟਾਂ ਜਾਰੀ ਕਰਨ ਵਿੱਚ ਵੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗਾ ਅਤੇ ਬਿਨਾਂ ਕਿਸੇ ਪੱਖਪਾਤ ਤੋਂ ਹਰੇਕ ਵਾਰਡ ਦਾ ਵਿਕਾਸ ਕੀਤਾ ਜਾਵੇਗਾ।

## ਵਰਕਰ ਵੱਧ ਤੋਂ ਵੱਧ ਲੋਕਾਂ ਨੂੰ ਭਾਜਪਾ ਨਾਲ ਜੋੜ ਕੇ ਇਤਿਹਾਸ ਰਚਣ : ਅਨਿਲ ਸਰੀਨ

**ਭਾਜਪਾ ਦੀ ਮਜ਼ਬੂਤੀ ਲਈ ਆਗੂ ਤੇ ਵਰਕਰ ਕੋਈ ਕਸਰ ਬਾਕੀ ਨਹੀਂ ਛੱਡਣਗੇ : ਡਾ. ਸੀਮਾਂਤ ਗਰਗ**



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਵਿੱਚ ਭਾਜਪਾ ਦੀ ਮਜ਼ਬੂਤੀ ਲਈ, ਜੋ ਮੈਂਬਰਸ਼ਿਪ ਮੁਹਿੰਮ ਸ਼ੁਰੂ ਕੀਤੀ ਗਈ ਹੈ, ਉਸ ਵਿਚ ਹੋਰ ਤੇਜ਼ੀ ਲਿਆਂਦੀ ਜਾਵੇ ਅਤੇ ਵੱਧ ਤੋਂ ਵੱਧ ਲੋਕ ਭਾਜਪਾ ਨਾਲ ਜੁੜ ਕੇ ਇਸ ਸੰਗਠਨ ਦੇ ਮਹਾਨ ਸਮਾਗਮ ਵਿੱਚ ਆਪਣਾ ਯੋਗਦਾਨ ਪਾਉਣ, ਤਾਂ ਜੋ ਆਉਣ ਵਾਲੇ ਸਮੇਂ ਵਿਚ ਬੀ.ਜੇ.ਪੀ. ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੀ ਸਭ ਤੋਂ ਵੱਡੀ ਸਿਆਸੀ ਪਾਰਟੀ ਬਣੇਗੀ।ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ ਨੇ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਡਾ: ਸੀਮੰਤ ਗਰਗ ਦੀ ਅਗਵਾਈ ਹੇਠ ਸ਼ਹੀਦੀ ਪਾਰਕ ਵਿਖੇ ਕਰਵਾਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਜਨਰਲ ਸਕੱਤਰ ਤੇ ਸਾਬਕਾ ਐੱਸ.ਪੀ. ਮੁਖਤਿਆਰ ਸਿੰਘ, ਜਨਰਲ ਸਕੱਤਰ ਵਿੱਕੀ ਸੀਤਾਰਾ, ਸਾਬਕਾ ਜ਼ਿਲ੍ਹਾ ਪ੍ਰਧਾਨ ਤ੍ਰਿਲੋਚਨ ਸਿੰਘ ਗਿੱਲ, ਸਾਬਕਾ ਜ਼ਿਲ੍ਹਾ ਪ੍ਰਧਾਨ ਵਿਨੈ ਸ਼ਰਮਾ, ਸੀਨੀਅਰ ਆਗੂ ਭਜਨ ਲਾਲ ਸਿਤਾਰਾ, ਸੀਨੀਅਰ ਮਹਿਲਾ ਮੋਰਚਾ ਆਗੂ ਮਨਕੇਂਦਰ ਕੌਰ, ਸੁਮਨ ਮਲਹੋਤਰਾ, ਧਰਮਕੋਟ ਤੋਂ ਰਾਵਰਿੰਦਰ ਪੱਬੀ, ਸ਼ਮਸ਼ੇਰ ਸਿੰਘ ਕੈਲਾ, ਐੱਸ.ਸੀ. ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਸੂਰਜ ਭਾਨ, ਗੀਤਾ ਨੰਦ ਆਰੀਆ ਮਹਿਲਾ ਮੋਰਚਾ, ਕਸ਼ਿਸ਼ ਧਮੀਜਾ ਯੂਥ ਆਗੂ, ਅਮਿਤ ਗੁਪਤਾ ਮੰਡਲ ਪ੍ਰਧਾਨ, ਭੁਪਿੰਦਰ ਹੈਪੀ ਮੰਡਲ ਪ੍ਰਧਾਨ, ਕੁਲਵੰਤ ਬਿੱਟੂ, ਬਲਦੇਵ ਸਿੰਘ ਗਿੱਲ, ਕੁਲਵੰਤ ਸਿੰਘ, ਖੇਮਰਾਜ ਅਗਰਵਾਲ ਕੈਸ਼ੀਅਰ, ਅਮਰਜੀਤ ਸਿੰਘ, ਰਾਜਿੰਦਰ ਗਾਬਾ, ਆਈ.ਟੀ. ਸੈੱਲ ਇੰਚਾਰਜ ਮੁਕੇਸ਼ ਸ਼ਰਮਾ, ਤਰਸੇਮ ਜੰਡ, ਚਮਨ ਲਾਲ ਸਮਾਲਸਰ, ਦੀਪਕ ਤਲਵਾੜ ਬਾਘਾਪੁਰਾਣਾ, ਹੇਮੰਤ ਸੂਦ, ਜਤਿੰਦਰ ਚੱਢਾ, ਸੁਖਜਿੰਦਰ ਸਿੰਘ, ਸੰਕਸ਼ਦਪ੍ਰੀਤ ਸਿੰਘ, ਰਵਿੰਦਰ ਗਰੋਵਰ ਕੋਟਈਸੇ ਖਾਂ ਆਦਿ ਹਾਜ਼ਰ ਸਨ।ਸੂਬਾ ਜਨਰਲ ਸਕੱਤਰ ਅਨਿਲ ਸਰੀਨ ਨੇ ਦੱਸਿਆ ਕਿ ਭਾਜਪਾ ਦਾ ਮੈਂਬਰ ਸੰਗਠਨ ਪਰਵ 2024 ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ।ਭਾਜਪਾ ਦੇ ਹਰ ਅਧਿਕਾਰੀ ਤੇ ਵਰਕਰ ਨੂੰ ਇਸ ਮੈਂਬਰਸ਼ਿਪ ਸੰਗਠਨ ਉਤਸਵ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਮੈਂਬਰਾਂ ਨੂੰ ਭਾਜਪਾ ਨਾਲ ਜੋੜ ਕੇ ਮੋਗਾ ਜ਼ਿਲ੍ਹੇ ਵਿੱਚ ਭਾਜਪਾ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਭਾਜਪਾ ਵਿੱਚ ਕਿਸੇ ਵੀ ਅਧਿਕਾਰੀ ਨੂੰ ਅਹੁਦਾ ਦੇਣ ਸਮੇਂ ਉਸ ਵੱਲੋਂ ਮੈਂਬਰਸ਼ਿਪ ਮੁਹਿੰਮ ਵਿੱਚ ਪਾਏ ਯੋਗਦਾਨ ਨੂੰ ਵੀ ਧਿਆਨ ਵਿੱਚ ਰੱਖਿਆ ਜਾਵੇਗਾ।ਇਸ ਲਈ ਹਰ ਅਧਿਕਾਰੀ ਨੂੰ ਵੱਧ ਤੋਂ ਵੱਧ ਮੈਂਬਰਸ਼ਿਪ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਮੈਂਬਰਸ਼ਿਪ ਮੁਹਿੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਸ ਸਮੇਂ ਮੈਂਬਰਸ਼ਿਪ ਮੁਹਿੰਮ, ਜੋ ਪਿਛਲੀਆਂ ਨਗਰ ਨਿਗਮ ਚੋਣਾਂ ਕਾਰਨ ਮੱਠੀ ਪੈ ਗਈ ਸੀ, ਨੂੰ ਹੋਰ ਤੇਜ਼ ਕੀਤਾ ਜਾਵੇ।ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ: ਸੀਮਾਂਤ ਗਰਗ ਨੇ ਕਿਹਾ ਕਿ ਮੋਗਾ ਜ਼ਿਲ੍ਹੇ 'ਚ ਭਾਜਪਾ ਦੇ ਅਹੁਦੇਦਾਰ ਤੇ ਵਰਕਰ ਭਾਜਪਾ ਨੂੰ ਮਜ਼ਬੂਤ ਕਰਨ ਲਈ ਸਖ਼ਤ ਮਿਹਨਤ ਕਰ ਰਹੇ ਹਨ ਅਤੇ ਆਉਣ ਵਾਲੇ ਦਿਨਾਂ 'ਚ ਰਿਕਾਰਡ ਮੈਂਬਰਸ਼ਿਪ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ ਨੂੰ ਭਰੋਸਾ ਦਿਵਾਇਆ ਕਿ ਮੋਗਾ ਜ਼ਿਲ੍ਹੇ ਵਿੱਚ ਭਾਜਪਾ ਦੀ ਸਥਿਤੀ ਦਿਨੋਂ-ਦਿਨ ਮਜ਼ਬੂਤ ਹੋ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਇਸ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ।ਉਨ੍ਹਾਂ ਕਿਹਾ ਕਿ ਭਾਜਪਾ ਦੇ ਸਮੂਹ ਮੰਡਲਾਂ ਦੇ ਪ੍ਰਧਾਨ ਆਪੋ-ਆਪਣੇ ਖੇਤਰਾਂ ਵਿੱਚ ਮੈਂਬਰਸ਼ਿਪ ਮੁਹਿੰਮ ਨੂੰ ਤੇਜ਼ ਕਰਨ ਤੇ ਵੱਧ ਤੋਂ ਵੱਧ ਲੋਕਾਂ ਨੂੰ ਭਾਜਪਾ ਨਾਲ ਜੋੜਨ ਤਾਂ ਜੋ ਮੋਗਾ ਜ਼ਿਲ੍ਹੇ ਨੂੰ ਪੰਜਾਬ ਵਿੱਚ ਪਹਿਲੇ ਨੰਬਰ 'ਤੇ ਲਿਆਂਦਾ ਜਾ ਸਕੇ।

## ...ਸ.ਫ਼ਾ 1 ਦੇ ਬਾਕੀ

### ਭਾਰਤ ਵਿਸ਼ਵ ਟੈਸਟ...

ਨੁਕਸਾਨ ਨਾਲ ਪੂਰਾ ਕਰ ਲਿਆ। ਆਸਟਰੇਲੀਆ ਲਈ ਉਸਮਾਨ ਖਵਾਜਾ ਨੇ 41, ਟਰੈਵਿਸ ਹੈੱਡ ਨੇ ਨਾਬਾਦ 34 ਤੇ ਬੀਓ ਵੈਬਸਟਰ ਨੇ ਨਾਬਾਦ 39 ਦੌੜਾਂ ਦੀ ਪਾਰੀ ਖੇਡੀ। ਪ੍ਰਸਿੱਧ ਕ੍ਰਿਸ਼ਨਾ ਨੇ 3 ਤੇ ਮੁਹੰਮਦ ਸਿਰਾਜ ਨੇ ਖਿਡਾਰੀ ਆਊਟ ਕੀਤੇ। ਇਸ ਤੋਂ ਪਹਿਲਾਂ ਭਾਰਤ ਨੇ 141/6 ਦੇ ਸਕੋਰ ਤੋਂ ਤੀਜੇ ਦਿਨ ਦੀ ਸ਼ੁਰੂਆਤ ਕੀਤੀ, ਪਰ 16 ਦੌੜਾਂ ਜੋੜ ਕੇ ਦੂਜੀ ਪਾਰੀ 'ਚ 157 ਦੌੜਾਂ 'ਤੇ ਸਿਮਟ ਗਿਆ। ਰਿਸ਼ਭ ਪੰਤ 61 ਦੌੜਾਂ ਨਾਲ ਟੌਪ ਸਕੋਰਰ ਰਿਹਾ। ਆਸਟਰੇਲੀਆ ਦੇ ਸਕੌਟ ਬੋਲੈਂਡ ਨੇ 45 ਦੌੜਾਂ ਬਦਲੇ 6 ਵਿਕਟਾਂ ਲਈਆਂ। ਬੀਓ ਵੈਬਸਟਰ ਨੇ ਇੱਕ ਤੇ ਕਪਤਾਨ ਪੈਟ ਕਮਿੰਸ ਨੇ ਤਿੰਨ ਵਿਕਟਾਂ ਲਈਆਂ।

### ਦਲਿਤ ਕਾਨਫਰੰਸ...

ਕੌਂਸਲ ਦੇ ਮੈਂਬਰ ਪ੍ਰੀਤਮ ਸਿੰਘ ਨਿਆਮਤਪੁਰ, ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ, ਮੀਤ ਪ੍ਰਧਾਨ ਨਾਨਕ ਚੰਦ ਲੰਬੀ, ਨਿਰੰਜਣ ਦਾਸ ਮੇਹਲੀ ਆਦਿ ਸ਼ਾਮਲ ਹਨ। ਇਹ ਕਾਨਫਰੰਸ 5 ਜਨਵਰੀ ਤੋਂ 7 ਜਨਵਰੀ ਤੱਕ ਚੱਲੇਗੀ। ਪਹਿਲੇ ਦਿਨ ਪੰਜ ਜਨਵਰੀ ਨੂੰ ਵੱਡੀ ਰੈਲੀ ਹੋਈ। 6 ਅਤੇ 7 ਜਨਵਰੀ ਨੂੰ ਡੈਲੀਗੇਟ ਅਜਲਾਸ ਹੋਵੇਗਾ। ਐਤਵਾਰ ਨੂੰ ਹੋ ਰਹੀ ਰੈਲੀ ਨੂੰ ਸੰਬੋਧਨ ਕਰਨ ਲਈ ਭਾਰਤੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਡੀ. ਰਾਜਾ, ਐਨੀ ਰਾਜਾ ਤੇ ਅਜ਼ੀਜ਼ ਪਾਸ਼ਾ (ਦੋਵੇਂ ਸੀ ਪੀ ਆਈ ਦੇ ਸਕੱਤਰੇਤ ਮੈਂਬਰ) ਹੈਦਰਾਬਾਦ ਪਹੁੰਚ ਗਏ ਸਨ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮੀਟਿੰਗ



**ਬਰੇਟਾ (ਰੀਤਵਾਲ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਬਰੇਟਾ ਦੀ ਮੀਟਿੰਗ ਪ੍ਰਧਾਨ ਪ੍ਰੇਮ ਸਿੰਘ ਕਿਸ਼ਨਗੜ੍ਹ ਦੀ ਅਗਵਾਈ ਵਿੱਚ ਹੋਈ।ਇਸ ਮੌਕੇ ਸੰਬੋਧਨ ਕਰਦਿਆਂ ਆਗੂ ਨੇ ਕਿਹਾ ਕਿ ਸਰਕਾਰ ਵੱਲੋਂ ਪ੍ਰੈਕਟੀਸ਼ਨਰਾਂ ਲਈ ਕੋਰਸ ਸ਼ੁਰੂ ਕੀਤੇ ਜਾਣ ਦੀ ਮੰਗ ਮਨਜ਼ੂਰ ਕੀਤੀ ਗਈ ਹੈ, ਜਿਸ ਨੂੰ ਜਲਦ ਲਾਗੂ ਕਰਨਾ ਚਾਹੀਦਾ ਹੈ ਤਾਂ ਜੋ ਪ੍ਰੈਕਟੀਸ਼ਨਰ ਬਿਨਾਂ ਕਿਸੇ ਝਿਜਕ ਤੇ ਡਰ ਤੋਂ ਆਪਣਾ ਕੰਮ ਕਰ ਸਕਣ।ਉਨ੍ਹਾ ਕਿਹਾ ਕਿ ਪ੍ਰੈਕਟੀਸ਼ਨਰਾਂ ਦੀਆਂ ਲਟਕਦੀਆਂ ਹੋਰਨਾਂ ਮੰਗਾਂ ਵੱਲੋਂ ਵੀ ਸਰਕਾਰ ਨੂੰ ਜਲਦ ਧਿਆਨ ਦੇਣਾ ਚਾਹੀਦਾ ਹੈ, ਕਿਉਂਕਿ ਪ੍ਰੈਕਟੀਸ਼ਨਰਾਂ ਵੱਲੋਂ ਪਿੰਡਾਂ ਅੰਦਰ ਲੋਕਾਂ ਨੂੰ ਸਾਫ ਸੁਥਰੀਆਂ ਤੇ ਸਸਤੀਆਂ ਸਿਹਤ ਸੇਵਾਵਾਂ ਪ੍ਰੈਕਟੀਸ਼ਨਰਾਂ ਵੱਲੋਂ ਹੀ ਦਿੱਤੀਆਂ ਜਾ ਰਹੀਆਂ ਹਨ।ਸੂਬਾਈ ਆਗੂ ਤਾਰਾ ਚੰਦ ਭਾਵਾ ਨੇ ਕਿਹਾ ਕਿ ਸੂਬਾ ਕਮੇਟੀ ਵੱਲੋਂ ਪ੍ਰੈਕਟੀਸ਼ਨਰਾਂ ਦੀਆਂ ਮੰਗਾਂ ਸਰਕਾਰ ਕੋਲ ਸਮੇਂ ਸਮੇਂ 'ਤੇ ਰੱਖੀਆਂ ਜਾ ਰਹੀਆਂ ਹਨ।ਉਨ੍ਹਾ ਪ੍ਰੈਕਟੀਸ਼ਨਰਾਂ ਨੂੰ ਕਿਹਾ ਕਿ ਉਹ ਆਪਣੀ ਪ੍ਰੈਕਟਿਸ ਸਾਫ ਸੁਥਰੇ ਤਰੀਕੇ ਤੇ ਸੇਵਾ ਭਾਵਨਾ ਨਾਲ ਕਰਨ।ਇਸ ਮੌਕੇ ਆਗੂ ਸਤੀਸ਼ ਕੁਮਾਰ ਬਰੇਟਾ, ਗੁਰਪ੍ਰੀਤ ਸਿੰਘ ਕਿਸ਼ਨਗੜ੍ਹ, ਰਾਮ ਲਾਲ ਖੁਡਾਲ, ਬਿੱਟੂ ਸ਼ਰਮਾ, ਨਿਰਮਲ ਸਿੰਘ ਬਹਾਦਰਪੁਰ, ਬਿੰਦਰ ਕੁਮਾਰ ਕੁੱਲਰੀਆਂ, ਗਿਆਨ ਚੰਦ ਰੰਘੜਿਆਲ, ਹਰਬੰਸ ਸਿੰਘ ਦਿਆਲਪੁਰਾ, ਗੁਲਾਬ ਸਿੰਘ ਕਾਹਨਗੜ੍ਹ, ਅਜੈਬ ਸਿੰਘ ਕਿਸ਼ਨਗੜ੍ਹ, ਇੰਦਰਜੀਤ ਸਿੰਘ ਜੁਗਲਾਨ, ਵਾਸਦੇਵ ਭਾਵਾ, ਜੋਰਾ ਸਿੰਘ ਕੁੱਲਰੀਆਂ ਆਦਿ ਮੌਜੂਦ ਸਨ।


## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਅਰਵਿੰਦ ਪ੍ਰਕਾਸ਼ ਵਰਮਾ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ, ਦਰਜਾ ਅੱਵਲ (ਐੱਨ.ਆਰ.ਆਈਜ਼. ਫਾਸਟ ਟਰੈਕ ਕੋਰਟ) ਹੁਸ਼ਿਆਰਪੁਰ।

ਸੁੱਖਰਾਜ ਸਿੰਘ ਪੁੱਤਰ ਦਰਸ਼ਨ ਸਿੰਘ ਆਦਿ ਬਨਾਮ ਤਜਿੰਦਰ ਸਿੰਘ ਪੁੱਤਰ ਬਲਦੇਵ ਸਿੰਘ ਆਦਿ।

ਉਪਰੋਕਤ ਤਕਸੀਮ ਕੇਸ ਜਿਸ ਦੀਆਂ ਖੇਵਟ ਨੰਬਰ 238/212, 370/331, 381/342, 382/342, 383/343, 385/344, 386/344, 387/345, 389/347, 392/347, 393/347, 394/348, 395/348, 396/349, 398/351, 399/352, 403/356, 406/358, 407/359, 417/365, 430/376, 431/377, 432/378, 434/379, 435/380, 436/381, 437/382, 438/383, 478/422, 553/494,

ਜਿਸ ਦੀ ਜਮ੍ਹਾਂਬੰਦੀ ਸਾਲ 2018-19 ਵਾਕਿਆ ਰਕਬਾ ਪਿੰਡ ਰੜਾ/522, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਇਸ ਅਦਾਲਤ ਵਿੱਚ ਚੱਲ ਰਿਹਾ ਹੈ। ਇਸ ਕੇਸ ਵਿੱਚ ਹੇਠ ਲਿਖੇ ਉੱਤਰਵਾਦੀਆ ਦੀ ਇਤਲਾਹ ਸਾਧਾਰਣ ਤਰੀਕੇ ਨਾਲ ਨਹੀ ਹੋ ਸਕੀ। ਇਸ ਲਈ ਹੇਠ ਲਿਖੇ ਉੱਤਰਵਾਦੀਆਂ ਦੀ ਪੰਜਾਬੀ ਤੇ ਅੰਗਰੇਜ਼ੀ ਅਖ਼ਬਾਰ ਇਸ਼ਤਿਹਾਰ ਰਾਹੀਂ ਕਰਵਾਈ ਜਾਂਦੀ ਹੈ ਕਿ ਉਹ ਅਸਾਲਤਨ/ਵਕਾਲਤਨ ਮਿਤੀ 31.01.2025 ਨੂੰ ਦੁਪਹਿਰ ਤੋਂ ਬਾਅਦ 02-00 ਵਜੇ ਇਸ ਅਦਾਲਤ ਵਿੱਚ ਹਾਜ਼ਰ ਆ ਕੇ ਆਪਣੇ ਕੇਸ ਦੀ ਪੈਰਵੀ ਕਰਨ। ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਕੇਸ 'ਤੇ ਹਦਾਇਤਾਂ ਅਨੁਸਾਰ ਅਗਲੇਰੀ ਕਾਰਵਾਈ ਕਰ ਦਿੱਤੀ ਜਾਵੇਗੀ।

ਨਾਂਅ ਫਰੀਕ ਵੇਰਵੇ ਸਹਿਤ ਉੱਤਰਵਾਦੀ:-

1. ਤਜਿੰਦਰ ਸਿੰਘ ਪੁੱਤਰ ਬਲਦੇਵ ਸਿੰਘ ਪੁੱਤਰ ਭਗਤ ਸਿੰਘ, 2. ਦਲਬਾਗ ਸਿੰਘ ਪੁੱਤਰ ਗੰਗਾ ਸਿੰਘ ਪੁੱਤਰ ਝੰਡਾ ਸਿੰਘ, 3. ਗੁਰਦੀਪ ਸਿੰਘ ਪੁੱਤਰ ਗੰਗਾ ਸਿੰਘ ਪੁੱਤਰ ਝੰਡਾ ਸਿੰਘ, 4. ਜੁਗਿੰਦਰ ਸਿੰਘ ਪੁੱਤਰ ਗੰਗਾ ਸਿੰਘ ਪੁੱਤਰ ਝੰਡਾ ਸਿੰਘ, 5. ਸਵਿੰਦਰ ਕੌਰ ਪੁੱਤਰੀ ਗੰਗਾ ਸਿੰਘ ਪੁੱਤਰ ਝੰਡਾ ਸਿੰਘ, 6. ਕਵਲਜੀਤ ਕੌਰ ਪੁੱਤਰੀ ਗੰਗਾ ਸਿੰਘ ਪੁੱਤਰ ਝੰਡਾ ਸਿੰਘ, 7. ਤਵਿੰਦਰ ਕੌਰ ਪੁੱਤਰੀ ਗੰਗਾ ਸਿੰਘ ਪੁੱਤਰ ਝੰਡਾ ਸਿੰਘ, 8. ਮਨਪ੍ਰੀਤ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਗੰਗਾ ਸਿੰਘ, 9. ਹਰਬਲਾਸ ਕੌਰ ਵਿਧਵਾ ਗੰਗਾ ਸਿੰਘ ਪੁੱਤਰ ਝੰਡਾ ਸਿੰਘ, 10. ਮਨਜੀਤ ਕੌਰ ਵਿਧਵਾ ਦਰਸ਼ਨ ਸਿੰਘ ਪੁੱਤਰ ਗੰਗਾ ਸਿੰਘ, 11. ਦਰਸ਼ਨ ਕੌਰ ਪੁੱਤਰੀ ਦਸੋਂਧਾ ਸਿੰਘ ਪੁੱਤਰ ਵਿਕਰਮ ਸਿੰਘ, 12. ਜਸਵਿੰਦਰ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਵਿਕਰਮ ਸਿੰਘ, 13. ਸੀਤਲ ਕੌਰ ਪੁੱਤਰੀ ਸਾਧੂ ਸਿੰਘ ਪੁੱਤਰ ਵਿਕਰਮ ਸਿੰਘ, 14. ਬਲਵੀਰ ਸਿੰਘ ਪੁੱਤਰ ਸੁਚਾ ਸਿੰਘ ਪੁੱਤਰ ਵਿਕਰਮ ਸਿੰਘ, 15. ਗੁਰਦੇਵ ਸਿੰਘ ਪੁੱਤਰ ਸੁਚਾ ਸਿੰਘ ਪੁੱਤਰ ਵਿਕਰਮ ਸਿੰਘ, 16. ਲਖਵਿੰਦਰ ਸਿੰਘ ਪੁੱਤਰ ਸੁਚਾ ਸਿੰਘ ਪੁੱਤਰ ਵਿਕਰਮ ਸਿੰਘ, 17. ਹਰਜੀਤ ਸਿੰਘ ਪੁੱਤਰ ਸੁਚਾ ਸਿੰਘ ਪੁੱਤਰ ਵਿਕਰਮ ਸਿੰਘ, 18. ਭੁਪਿੰਦਰ ਸਿੰਘ ਪੁੱਤਰ ਸੁਚਾ ਸਿੰਘ ਪੁੱਤਰ ਵਿਕਰਮ ਸਿੰਘ, 19. ਅਮਰ ਕੌਰ ਪੁੱਤਰੀ ਗੁਰਬਚਨ ਕੌਰ ਵਿਧਵਾ ਲਛਮਣ ਸਿੰਘ, 20. ਸਿਮਰਨ ਸੰਧੂ ਪੁੱਤਰੀ ਅਮਰਜੀਤ ਸਿੰਘ ਪੁੱਤਰ ਹਰਭਜਨ ਸਿੰਘ, 21. ਮਨਵੀਨ ਸੰਧੂ ਪੁੱਤਰੀ ਅਮਰਜੀਤ ਸਿੰਘ ਪੁੱਤਰ ਹਰਭਜਨ ਸਿੰਘ, 22. ਜਸਇੰਦਰ ਅਮਰਜੀਤ ਸਿੰਘ 23. ਇੰਦਰਜੀਤ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਹਰਭਜਨ ਸਿੰਘ, 24. ਤਜਿੰਦਰ ਕੌਰ ਪੁੱਤਰੀ ਹਰਨਾਮ ਸਿੰਘ ਪੁੱਤਰ ਹਰਭਜਨ ਸਿੰਘ, 25. ਪਵਿੱਤਰ ਕੌਰ ਵਿਧਵਾ ਹਰਨਾਮ ਸਿੰਘ ਪੁੱਤਰ ਹਰਭਜਨ ਸਿੰਘ, 26. ਸੁਰਿੰਦਰ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਹਰਭਜਨ ਸਿੰਘ, 27. ਸਮਸ਼ੇਰ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਹਰਭਜਨ ਸਿੰਘ, 28. ਰਜਿੰਦਰ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਹਰਭਜਨ ਸਿੰਘ, 29. ਵਿਕਰਮ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਹਰਭਜਨ ਸਿੰਘ, 30. ਜਸਵੰਤ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਹਰਭਜਨ ਸਿੰਘ, 31. ਨਰਿੰਦਰਾ ਪ੍ਰਤਾਪ ਸਿੰਘ ਪੁੱਤਰ ਹਰਭਜਨ ਸਿੰਘ, 32. ਸ਼ੰਗਾਰਾ ਸਿੰਘ ਪੁੱਤਰ ਪੂਰਨ ਸਿੰਘ ਪੁੱਤਰ ਗੁਰਮੁਖ ਸਿੰਘ, 33. ਸੁਰਿੰਦਰ ਸਿੰਘ ਪੁੱਤਰ ਪੂਰਨ ਸਿੰਘ ਪੁੱਤਰ ਗੁਰਮੁਖ ਸਿੰਘ, 34. ਜੁਗਿੰਦਰ ਸਿੰਘ ਪੁੱਤਰ ਪੂਰਨ ਸਿੰਘ ਪੁੱਤਰ ਗੁਰਮੁਖ ਸਿੰਘ, 35. ਸੀਤਲ ਸਿੰਘ ਪੁੱਤਰ ਪੂਰਨ ਸਿੰਘ ਪੁੱਤਰ ਗੁਰਮੁਖ ਸਿੰਘ, 36. ਆਸ਼ਾ ਸਿੰਘ ਪੁੱਤਰ ਦਿਵਾਨ ਸਿੰਘ ਪੁੱਤਰ ਨਿਹਾਲ ਸਿੰਘ, 37. ਕਰਮ ਸਿੰਘ ਪੁੱਤਰ ਰਾਜਾ ਸਿੰਘ, 38. ਹਰਜੀਤ ਸਿੰਘ ਪੁੱਤਰ ਰਾਜਾ ਸਿੰਘ, 39. ਸਤਵੰਤ ਸਿੰਘ ਪੁੱਤਰ ਰਾਜਾ ਸਿੰਘ, 40. ਭੁਪਿੰਦਰ ਸਿੰਘ ਪੁੱਤਰ ਰਾਜਾ ਸਿੰਘ, 41. ਸਤਨਾਮ ਸਿੰਘ ਪੁੱਤਰ ਨੰਦ ਸਿੰਘ ਪੁੱਤਰ ਨੱਥਾ ਸਿੰਘ, 42. ਗਿਆਨ ਕੌਰ ਵਿਧਵਾ ਉਜਾਗਰ ਸਿੰਘ ਪੁੱਤਰ ਨਰੈਣ ਸਿੰਘ, 43. ਗੁਰਚਰਨ ਸਿੰਘ ਪੁੱਤਰ ਮੱਖਣ ਸਿੰਘ ਪੁੱਤਰ ਨਰੈਣ ਸਿੰਘ, 44. ਸੁਰਜੀਤ ਸਿੰਘ ਪੁੱਤਰ ਮੱਖਣ ਸਿੰਘ ਪੁੱਤਰ ਨਰੈਣ ਸਿੰਘ, 45. ਕਮਲਜੀਤ ਕੌਰ ਪਤਨੀ ਨਰੈਣ ਸਿੰਘ ਪੁੱਤਰ ਹਾਕਮ ਸਿੰਘ, 46. ਬਲਵੀਰ ਕੌਰ ਪਤਨੀ ਬਲਦੇਵ ਸਿੰਘ ਪੁੱਤਰ ਭਗਤ ਸਿੰਘ, 47. ਸੁਰਿੰਦਰ ਸਿੰਘ ਪੁੱਤਰ ਚੰਨਣ ਸਿੰਘ ਪੁੱਤਰ ਖੁਸ਼ਹਾਲ ਸਿੰਘ, 48. ਕੁਲਵੰਤ ਸਿੰਘ ਪੁੱਤਰ ਚੰਨਣ ਸਿੰਘ ਪੁੱਤਰ ਖੁਸ਼ਹਾਲ ਸਿੰਘ, 49. ਦਰਸ਼ਨ ਕੌਰ ਪੁੱਤਰੀ ਚੰਨਣ ਸਿੰਘ ਪੁੱਤਰ ਖੁਸ਼ਹਾਲ ਸਿੰਘ, 50. ਰਵਿੰਦਰ ਕੌਰ ਪੁੱਤਰੀ ਚੰਨਣ ਸਿੰਘ ਪੁੱਤਰ ਖੁਸ਼ਹਾਲ ਸਿੰਘ, 51. ਰਵਿੰਦਰਪਾਲ ਕੌਰ ਵਿਧਵਾ ਜਗਜੀਤ ਸਿੰਘ ਪੁੱਤਰ ਖੁਸ਼ਹਾਲ ਸਿੰਘ, 52. ਗਨਜੀਤ ਸਿੰਘ ਪੁੱਤਰ ਜਗਜੀਤ ਸਿੰਘ ਪੁੱਤਰ ਖੁਸ਼ਹਾਲ ਸਿੰਘ, 53. ਸਮੀਤਾ ਪੁੱਤਰੀ ਜਗਜੀਤ ਸਿੰਘ ਪੁੱਤਰ ਖੁਸ਼ਹਾਲ ਸਿੰਘ, 54. ਰਮੀਤ ਪੁੱਤਰੀ ਜਗਜੀਤ ਸਿੰਘ ਪੁੱਤਰ ਖੁਸ਼ਹਾਲ ਸਿੰਘ, 55. ਮਨਜੀਤ ਸਿੰਘ ਪੁੱਤਰੀ ਚੰਨਣ ਸਿੰਘ ਪੁੱਤਰ ਖੁਸ਼ਹਾਲ ਸਿੰਘ, 56. ਅਵਰ ਸਿੰਘ ਪੁੱਤਰ ਲਛਮਣ ਸਿੰਘ ਪੁੱਤਰ ਚੰਦਰ ਸਿੰਘ, 57. ਪ੍ਰੀਤਮ ਸਿੰਘ ਪੁੱਤਰ ਗੁਰਮੁਖ ਸਿੰਘ ਪੁੱਤਰ ਚੰਦਰ ਸਿੰਘ, 58. ਗੁਰਬਚਨ ਸਿੰਘ ਪੁੱਤਰ ਚੰਨਣ ਸਿੰਘ ਪੁੱਤਰ ਪਾਲਾ ਸਿੰਘ, 59. ਪ੍ਰਕਾਸ਼ ਕੌਰ ਪੁੱਤਰੀ ਚੰਨਣ ਸਿੰਘ ਪੁੱਤਰ ਪਾਲਾ ਸਿੰਘ, 60. ਜਰਨੈਲ ਸਿੰਘ ਪੁੱਤਰ ਬਸੰਤ ਸਿੰਘ ਪੁੱਤਰ ਪਾਲਾ ਸਿੰਘ, 61. ਰਣਜੀਤ ਸਿੰਘ ਪੁੱਤਰ ਗੰਗਾ ਸਿੰਘ, 62. ਰਜਿੰਦਰ ਸਿੰਘ ਪੁੱਤਰ ਗੰਗਾ ਸਿੰਘ, 63. ਗੁਰਮੀਤ ਕੌਰ ਵਿਧਵਾ ਧਰਮ ਸਿੰਘ ਪੁੱਤਰ ਨਰੈਣ ਸਿੰਘ, 64. ਕੁਲਦੀਪ ਸਿੰਘ ਪੁੱਤਰ ਧਰਮ ਸਿੰਘ ਪੁੱਤਰ ਨਰੈਣ ਸਿੰਘ, 65. ਹਰਦੀਪ ਸਿੰਘ ਪੁੱਤਰ ਧਰਮ ਸਿੰਘ ਪੁੱਤਰ ਨਰੈਣ ਸਿੰਘ, 66. ਬਲਵਿੰਦਰ ਸਿੰਘ ਪੁੱਤਰ ਧਰਮ ਸਿੰਘ ਪੁੱਤਰ ਨਰੈਣ ਸਿੰਘ, 67. ਸੁਖਦੇਵ ਕੌਰ ਵਿਧਵਾ ਮਲਕੀਤ ਸਿੰਘ ਪੁੱਤਰ ਨਰੈਣ ਸਿੰਘ, 68. ਜਸਵੰਤ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਨਰੈਣ ਸਿੰਘ, 69. ਧੰਨਵੰਤ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਨਰੈਣ ਸਿੰਘ, 70. ਜਸਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਪੁੱਤਰ ਚੰਨਣ ਸਿੰਘ, 71. ਹਰਜਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਚੰਨਣ ਸਿੰਘ, 72. ਬਲਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਚੰਨਣ ਸਿੰਘ, 73. ਮਨਜੀਤ ਕੌਰ ਵਿਧਵਾ ਦਰਸ਼ਨ ਸਿੰਘ ਪੁੱਤਰ ਚੰਨਣ ਸਿੰਘ, 74. ਮਨਪ੍ਰੀਤ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਚੰਨਣ ਸਿੰਘ, 75. ਰਸ਼ਪਾਲ ਸਿੰਘ ਪੁੱਤਰ ਅਵਤਾਰ ਸਿੰਘ ਪੁੱਤਰ ਪੂਰਨ ਸਿੰਘ, 76. ਸਤਪਾਲ ਸਿੰਘ ਪੁੱਤਰ ਅਵਤਾਰ ਸਿੰਘ ਪੁੱਤਰ ਪੂਰਨ ਸਿੰਘ, 77. ਸੁਰਜੀਤ ਕੌਰ ਵਿਧਵਾ ਕਰਮ ਸਿੰਘ ਪੁੱਤਰ ਪੂਰਨ ਸਿੰਘ, 78. ਰਘਵੀਰ ਸਿੰਘ ਪੁੱਤਰ ਕਰਮ ਸਿੰਘ ਪੁੱਤਰ ਪੂਰਨ ਸਿੰਘ, 79. ਸੁਖਵਿੰਦਰ ਸਿੰਘ ਪੁੱਤਰ ਕਰਮ ਸਿੰਘ ਪੁੱਤਰ ਪੂਰਨ ਸਿੰਘ, 80. ਗਿਆਨ ਕੌਰ ਮਾਤਾ ਲਖਵਿੰਦਰ ਸਿੰਘ ਪੁੱਤਰ ਉਜਾਗਰ ਸਿੰਘ, 81. ਅਮਨਦੀਪ ਕੌਰ ਵਿਧਵਾ ਲਖਵਿੰਦਰ ਸਿੰਘ ਪੁੱਤਰ ਉਜਾਗਰ ਸਿੰਘ, 82, ਲਵਨੂਰ ਸਿੰਘ ਪੁੱਤਰ ਲਖਵਿੰਦਰ ਸਿੰਘ ਪੁੱਤਰ ਉਜਾਗਰ ਸਿੰਘ, 83. ਕੁਦਰਤ ਕੌਰ ਸਿੰਘ ਪੁੱਤਰੀ ਲਖਵਿੰਦਰ ਸਿੰਘ ਪੁੱਤਰ ਉਜਾਗਰ ਸਿੰਘ, 84. ਸੰਤ ਗਿਆਨ ਸਿੰਘ ਚੇਲਾ ਲਾਲ ਸਿੰਘ ਮਾਫੀ ਦਾਰ, 85. ਜਗਿੰਦਰ ਕੌਰ ਪੁੱਤਰੀ ਗੰਗਾ ਸਿੰਘ ਪੁੱਤਰ ਝੰਡਾ ਸਿੰਘ, 86. ਸੁੱਖਾ ਸਿੰਘ ਪੁੱਤਰ ਪੂਰਨ ਸਿੰਘ, 87. ਕਰਮ ਸਿੰਘ ਪੁੱਤਰ ਠਾਕੁਰ ਸਿੰਘ, 88. ਸੋਹਣ ਸਿੰਘ ਪੁੱਤਰ ਧਰਮ ਸਿੰਘ, 89. ਮਨਪ੍ਰੀਤ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਗੰਗਾ ਸਿੰਘ, 90. ਲਖਵੀਰ ਸਿੰਘ ਪੁੱਤਰ ਕਰਮ ਸਿੰਘ, 91. ਗੁਰਤੇਜ ਸਿੰਘ ਪੁੱਤਰ ਵਡਾਵਾ ਸਿੰਘ, 92. ਹੀਰਾ ਸਿੰਘ ਪੁੱਤਰ ਗੁਰਮੇਜ ਸਿੰਘ ਪੁੱਤਰ ਵਡਾਵਾ ਸਿੰਘ, 93. ਨਸੀਬ ਕੌਰ ਪਤਨੀ ਲੱਖਾ ਸਿੰਘ ਪੁੱਤਰ ਗਸੀਟਾ ਸਿੰਘ, 94. ਅਮਰਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਦਾਲ ਸਿੰਘ, 95. ਜਸਵੀਰ ਸਿੰਘ ਪੁੱਤਰ ਬੁੱਧ ਸਿੰਘ ਪੁੱਤਰ ਦੀਦਾਰ ਸਿੰਘ, 96. ਬੁੱਧ ਸਿੰਘ ਪੁੱਤਰ ਦੀਦਾਰ ਸਿੰਘ ਪੁੱਤਰ ਉਜਾਗਰ ਸਿੰਘ, 97. ਨਵਤੇਜ ਸਿੰਘ ਪੁੱਤਰ ਬਲਵਿੰਦਰ ਸਿੰਘ ਪੁੱਤਰ ਮੋਹਣ ਸਿੰਘ, 98. ਮਨਜੀਤ ਕੌਰ ਵਿਧਵਾ ਦਰਸ਼ਨ ਸਿੰਘ ਪੁੱਤਰ ਗੰਗਾ ਸਿੰਘ, 99. ਸ਼ਕਤਰ ਸਿੰਘ ਪੁੱਤਰ ਕੁਲਵੰਤ ਸਿੰਘ ਪੁੱਤਰ ਦਲਵੀਰ ਸਿੰਘ, 100 ਜਗੀਰ ਕੌਰ ਵਿਧਵਾ ਗੁਰਦੇਵ ਸਿੰਘ ਪੁੱਤਰ ਦੀਦਾਰ ਸਿੰਘ, 101. ਗੁਰਚਰਨਜੀਤ ਸਿੰਘ ਪੁੱਤਰ ਗੁਰਦੇਵ ਸਿੰਘ ਪੁੱਤਰ ਦੀਦਾਰ ਸਿੰਘ, 102. ਰੁਪਿੰਦਰ ਕੌਰ ਪੁੱਤਰੀ ਗੁਰਦੇਵ ਸਿੰਘ ਪੁੱਤਰ ਦੀਦਾਰ ਸਿੰਘ, 103. ਮੇਜਰ ਅਮਰਿੰਦਰ ਸਿੰਘ ਪੁੱਤਰ ਅਮਰਜੀਤ ਸਿੰਘ ਪੁੱਤਰ ਮਹਿੰਦਰ ਸਿੰਘ, 104. ਹਰਜੀਤ ਸਿੰਘ ਪੁੱਤਰ ਬੁੱਧ ਸਿੰਘ ਪੁੱਤਰ ਦੀਦਾਰ ਸਿੰਘ, 105. ਕੁਲਵੰਤ ਸਿੰਘ ਪੁੱਤਰ ਦਲਵੀਰ ਸਿੰਘ, 106. ਹਰਦੀਪ ਕੌਰ ਵਿਧਵਾ ਬੁੱਧ ਸਿੰਘ ਪੁੱਤਰ ਦੀਦਾਰ ਸਿੰਘ, 107. ਲਖਵੀਰ ਸਿੰਘ ਪੁੱਤਰ ਬੁੱਧ ਸਿੰਘ ਪੁੱਤਰ ਦੀਦਾਰ ਸਿੰਘ, 108. ਮਨਦੀਪ ਕੌਰ ਵਿਧਵਾ ਗੁਰਮੀਤ ਸਿੰਘ ਪੁੱਤਰ ਬੁੱਧ ਸਿੰਘ, 109. ਮਹਿਕਪ੍ਰੀਤ ਕੌਰ ਪੁੱਤਰੀ ਗੁਰਮੀਤ ਸਿੰਘ ਪੁੱਤਰ ਬੁੱਧ ਸਿੰਘ, 110. ਨਵਤੇਜ ਸਿੰਘ ਪੁੱਤਰ ਬਲਵਿੰਦਰ ਸਿੰਘ ਪੁੱਤਰ ਮੋਹਣ ਸਿੰਘ, 111. ਜਰਨੈਲ ਸਿੰਘ ਪੁੱਤਰ ਸੰਗਾਰਾ ਸਿੰਘ, 112. ਬਿਸ਼ਨ ਸਿੰਘ ਪੁੱਤਰ ਸੰਗਾਰਾ ਸਿੰਘ, 113. ਬਿਰੋ ਪਤਨੀ ਜਸਵੰਤ ਸਿੰਘ, 114. ਸੁਰਜੀਤ ਸਿੰਘ ਸਾਰੇ ਵਾਸੀਆਨ ਪਿੰਡ ਰੜਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, 115. ਮੈਨੇਜਰ ਸਟੇਟ ਬੈਂਕ ਆਫ ਇੰਡੀਆ, ਬਰਾਂਚ ਟਾਂਡਾ ਉੜਮੁੜ, ਹੁਸ਼ਿਆਰਪੁਰ, 116. ਮੈਨੇਜਰ ਪੰਜਾਬ ਨੈਸ਼ਨਲ ਬੈਂਕ, ਬਰਾਂਚ ਮਿਆਣੀ, ਹੁਸ਼ਿਆਰਪੁਰ 117. ਮੈਨੇਜਰ ਦੀ ਹੁਸ਼ਿਆਰਪੁਰ ਸੈਂਟਰਲ ਕੋਆਪ੍ਰੇਟਿਵ ਬੈਂਕ, ਬਰਾਂਚ ਜਲਾਲਪੁਰ, ਹੁਸ਼ਿਆਰਪੁਰ, 118. ਮੈਨੇਜਰ ਪੰਜਾਬ ਗ੍ਰਾਮੀਣ ਬੈਂਕ, ਬਰਾਂਚ ਪੁਲ-ਪੁਖਤਾ, ਹੁਸ਼ਿਆਰਪੁਰ, 119. ਮੈਨੇਜਰ ਪੰਜਾਬ ਗ੍ਰਾਮੀਣ ਬੈਂਕ, ਬਰਾਂਚ ਬਹੁਸ਼ਨ, ਹੁਸ਼ਿਆਰਪੁਰ, 120. ਮੈਨੇਜਰ IDFC ਬੈਂਕ, ਬਰਾਂਚ ਸ੍ਰੀ ਹਰਗੋਬਿੰਦਪੁਰ, 121. ਮੈਨੇਜਰ ICICI ਬੈਂਕ, ਬਰਾਂਚ ਟਾਂਡਾ, ਹੁਸ਼ਿਆਰਪੁਰ।

ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ, ਦਰਜਾ ਅੱਵਲ, ਹੁਸ਼ਿਆਰਪੁਰ
ਕਮਰਾ ਨੰ: 205, ਫਲੋਰ ਨੰ: 2, ਮਿਨੀ ਸੈਕਟ੍ਰੀਏਟ, ਹੁਸ਼ਿਆਰਪੁਰ।


ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

CMYK

# ਵਿਧਾਇਕ ਰੰਧਾਵਾ ਨੇ ਜਿੱਤ ਲਈ ਵਾਹਿਗੁਰੂ ਦਾ ਕੀਤਾ ਸ਼ੁਕਰਾਨਾ

**ਗੁਰਦਾਸਪੁਰ, (ਜਨਕ ਮਹਾਜਨ)**

ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਗੁਰਦੁਆਰਾ ਬਾਬਾ ਸ੍ਰੀ ਚੰਦ ਟਾਹਲੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਕਰਵਾ ਕੇ ਵਾਹਿਗੁਰੂ ਅੱਗੇ ਆਪਣੀ ਜਿੱਤ ਦਾ ਸ਼ੁਕਰਾਨਾ ਕੀਤਾ ਗਿਆ। ਇਸ ਮੌਕੇ ਭਾਈ ਮਨਜਿੰਦਰ ਸਿੰਘ, ਹਜ਼ੂਰੀ ਰਾਗੀ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ ਦੇ ਕੀਰਤਨੀ ਜਥੇ ਵੱਲੋਂ ਇਲਾਹੀ ਬਾਣੀ ਰਸਭਿੰਨਾ ਕੀਰਤਨ ਕਰਕੇ ਅਕਾਲ ਪੁਰਖ ਦੀ ਉਸਤਤ ਦਾ ਗਾਇਨ ਕੀਤਾ ਗਿਆ। ਡੇਰਾ ਬਾਬਾ ਨਾਨਕ ਦੀ ਚੋਣ ਵਿੱਚ ਵਿੱਚ ਹੋਈ ਜਿੱਤ ਲਈ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਉਹ ਗੁਰੂ ਸਾਹਿਬ ਦੇ ਕੋਟਿਨ-ਕੋਟ ਸ਼ੁਕਰਗੁਜ਼ਾਰ ਹਨ ਜਿਨ੍ਹਾਂ ਨੇ ਆਪਣੀ ਮਿਹਰ ਕਰਕੇ ਦਾਸ ਨੂੰ ਡੇਰਾ ਬਾਬਾ ਨਾਨਕ ਦੀ ਪਾਵਨ ਧਰਤੀ ਦੀ ਸੇਵਾ ਕਰਨ ਦਾ ਮੌਕਾ ਬਖ਼ਸ਼ਿਆ ਹੈ। ਉਨ੍ਹਾਂ ਕਿਹਾ ਕਿ ਉਹ ਗੁਰੂ ਸਾਹਿਬ ਅਤੇ ਹਲਕੇ ਦੀ ਸਮੁੱਚੀ ਸੰਗਤ ਦੇ ਹਮੇਸ਼ਾ ਰਿਣੀ ਤੇ ਧੰਨਵਾਦੀ ਰਹਿਣਗੇ। ਵਿਧਾਇਕ ਰੰਧਾਵਾ ਨੇ ਕਿਹਾ ਕਿ ਡੇਰਾ ਬਾਬਾ ਨਾਨਕ ਦੀ ਪਾਵਨ ਧਰਤੀ ਜਗਤ ਗੁਰੂ ਸ੍ਰੀ ਗੁਰੂ ਨਾਨਕ ਸਾਹਿਬ ਦੀ ਪਾਵਨ ਚਰਨਛੋਹ ਪ੍ਰਾਪਤ ਧਰਤੀ ਹੈ ਅਤੇ ਡੇਰਾ ਬਾਬਾ ਨਾਨਕ ਹਲਕੇ ਵਿੱਚ ਹਰ ਧਰਮ, ਵਰਗ ਦੇ ਲੋਕ ਆਪਸ ਵਿੱਚ ਮਿਲ-ਜੁਲ ਕੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਵਿਕਾਸ ਪੱਖੋਂ ਇਹ ਸਰਹੱਦੀ ਹਲਕਾ ਬਹੁਤ ਪਿੱਛੇ ਰਹਿ ਗਿਆ ਸੀ ਅਤੇ ਹੁਣ ਗੁਰੂ ਸਾਹਿਬ ਦੇ ਅਸ਼ੀਰਵਾਦ ਸਦਕਾ ਉਹ ਪੰਜਾਬ ਵਿਧਾਨ ਸਭਾ ਵਿੱਚ ਆਪਣੇ ਹਲਕੇ ਦੇ ਮੁੱਦੇ ਪੂਰੇ ਜੋਸ਼ ਅਤੇ ਤੱਥਾਂ ਨਾਲ ਉਠਾ ਕੇ ਹਲਕੇ ਦੇ ਵਿਕਾਸ ਨੂੰ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਡੇਰਾ ਬਾਬਾ ਨਾਨਕ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦੇਣਗੇ। ਇਸ ਮੌਕੇ ਵਿਧਾਇਕ ਰੰਧਾਵਾ ਨੇ ਹਲਕਾ ਡੇਰਾ ਬਾਬਾ ਨਾਨਕ ਦੇ ਸਮੂਹ ਵਾਸੀਆਂ ਨੂੰ ਨਵੇਂ ਸਾਲ ਦੀ ਮੁਬਾਰਕਬਾਦ ਦਿੱਤੀ ਅਤੇ ਅਰਦਾਸ ਕੀਤੀ ਕਿ ਨਵਾਂ ਵਰ੍ਹਾ ਸਾਰਿਆਂ ਲਈ ਖ਼ੁਸ਼ੀਆਂ, ਖੇੜੇ, ਤਰੱਕੀ ਤੇ ਖ਼ੁਸ਼ਹਾਲੀ ਲੈ ਕੇ ਆਵੇ। ਇਸ ਮੌਕੇ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ, ਪਨਸਪ ਦੇ ਚੇਅਰਮੈਨ ਬਲਬੀਰ ਸਿੰਘ ਪੰਨੂ, ਹਰਪ੍ਰੀਤ ਸਿੰਘ ਵਿਰਕ ਦਿੱਲੀ, ਬਾਬਾ ਬੁੱਧ ਸਿੰਘ ਨਿੱਕੇ ਘੁੰਮਣ, ਜਥੇਦਾਰ ਅਮਰੀਕ ਸਿੰਘ ਸ਼ਾਹਪੁਰ, ਜੱਗਾ ਮਜੀਠੀਆ, ਭਾਈ ਸੁਖਵਿੰਦਰ ਸਿੰਘ ਅਗਵਾਨ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਪਰਵਿੰਦਰ ਸਿੰਘ ਘਣੀਆ, ਸਾਬਕਾ ਸਰਪੰਚ ਜਸਬੀਰ ਸਿੰਘ ਕਾਹਲੋਂ ਵਡਾਲਾ ਬਾਂਗਰ, ਪਰਮਿੰਦਰ ਸਿੰਘ ਰੰਧਾਵਾ, ਮਨਜੋਤ ਸਿੰਘ ਰੰਧਾਵਾ, ਮਨਰੂਪ ਸਿੰਘ ਰੰਧਾਵਾ, ਹੈਪੀ ਭੁੱਲਰ, ਮਿੰਟਾ ਰੰਧਾਵਾ ਫ਼ਤਿਹਗੜ੍ਹ ਚੂੜੀਆਂ, ਬਲਬੀਰ ਸਿੰਘ ਟਿੰਕੂ ਖਡੂਰ ਸਾਹਿਬ, ਰਘਬੀਰ ਸਿੰਘ ਖੈਹਿਰਾ ਖਡੂਰ ਸਾਹਿਬ, ਕਸ਼ਮੀਰ ਸਿੰਘ ਵਾਹਲਾ ਸਾਬਕਾ ਜ਼ਿਲ੍ਹਾ ਪ੍ਰਧਾਨ, ਜੇ.ਈ. ਜਸਬੀਰ ਸਿੰਘ ਵਡਾਲਾ ਬਾਂਗਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਡੇਰਾ ਬਾਬਾ ਨਾਨਕ ਹਲਕੇ ਦੀ ਸੰਗਤ ਅਤੇ ਆਮ ਆਦਮੀ ਪਾਰਟੀ ਦੇ ਆਗੂ ਤੇ ਵਲੰਟੀਅਰ ਹਾਜ਼ਰ ਸਨ।

# ਕ੍ਰਿਸ਼ਚੀਅਨ ਨੈਸ਼ਨਲ ਫਰੰਟ ਵੱਲੋਂ ਪਿੰਡ ਖੁੰਡਾ 'ਚ 11 ਮੈਂਬਰੀ ਇਕਾਈ ਦਾ ਗਠਨ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਪਿੰਡ ਖੁੰਡਾ ਵਿੱਚ ਕ੍ਰਿਸ਼ਚੀਅਨ ਨੈਸ਼ਨਲ ਫਰੰਟ (ਸੀ.ਐਨ.ਐਫ.) ਦੀ ਵਿਸ਼ੇਸ਼ ਮੀਟਿੰਗ ਚਰਚ ਵਿੱਚ ਪਾਸਟਰ ਸਲਾਮਤ ਮਸੀਹ ਦੇ ਸਹਿਯੋਗ ਨਾਲ ਪੰਜਾਬ ਯੂਥ ਪ੍ਰਧਾਨ ਬੱਬਾ ਗਿੱਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਕ੍ਰਿਸ਼ਚੀਅਨ ਨੈਸ਼ਨਲ ਫਰੰਟ (ਸੀ.ਐਨ.ਐਫ.) ਦੇ ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਦੀ ਸ਼ੁਰੂਆਤ ਪ੍ਰਾਰਥਨਾ ਕਰਕੇ ਕੀਤੀ ਗਈ। ਇਸ ਮੌਕੇ ਸੀ. ਐਨ. ਐਫ. ਦੀ ਪਿੰਡ ਖੁੰਡਾ ਇਕਾਈ ਦੀ 11 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਸਰਬਸੰਮਤੀ ਨਾਲ ਇਕਾਈ ਦਾ ਚੇਅਰਮੈਨ ਪ੍ਰੇਮ ਮਸੀਹ, ਪ੍ਰਧਾਨ ਜਗੀਰਾ ਮਸੀਹ, ਮੀਤ ਪ੍ਰਧਾਨ ਗੁਰਮੇਲ ਮਸੀਹ, ਜਨਰਲ ਸਕੱਤਰ ਨਿਰਮਲ, ਸਕੱਤਰ ਸੈਮੂਅਲ ਮਸੀਹ, ਮੁੱਖ ਸਲਾਹਕਾਰ ਰਾਜ ਕੁਮਾਰ, ਉੱਪ ਸਲਾਹਕਾਰ ਜਤਿੰਦਰ ਕੁਮਾਰ, ਖਜਾਨਚੀ ਪ੍ਰੇਮ ਮਸੀਹ, ਉਪ ਖਜਾਨਚੀ ਛਿੰਦਾ ਮਸੀਹ ਅਤੇ ਕਸ਼ਮੀਰਾ ਤੇ ਸੰਨੀ ਮਸੀਹ ਮੈਂਬਰ ਚੁਣੇ ਗਏ। ਫਰੰਟ ਦੇ ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਨੇ ਚੁਣੀ ਕਮੇਟੀ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਨੇ ਕਿਹਾ ਕਿ ਭਾਰਤ ਰਤਨ ਬਾਬਾ ਸਾਹਿਬ ਡਾ. ਅੰਬੇਡਕਰ ਨੇ ਕਿਹਾ ਸੀ ਕਿ ਗੁਲਾਮ ਨੂੰ ਗੁਲਾਮੀ ਦਾ ਅਹਿਸਾਸ ਕਰਵਾ ਦਿਓ ਆਜ਼ਾਦ ਆਪ ਹੀ ਹੋ ਜਾਏਗਾ। ਅਨਪੜ੍ਹਤਾ, ਨਸ਼ੇ, ਆਵਾਰਾਗਰਦੀ, ਲਾਲਚ ਆਦਿ ਬੁਰਾਈਆਂ ਵਿੱਚ ਫਸੇ ਲੋਕ ਗੁਲਾਮ ਹੁੰਦੇ ਹਨ। ਜਿਵੇਂ ਅੰਨ੍ਹਾ ਅੰਨ੍ਹੇ ਨੂੰ ਰਾਹ ਨਹੀਂ ਦਿਖਾ ਸਕਦਾ ਉਸੇ ਤਰ੍ਹਾਂ ਗੁਲਾਮ ਵੀ ਗੁਲਾਮ ਨੂੰ ਆਜ਼ਾਦ ਨਹੀਂ ਕਰਾ ਸਕਦਾ। ਇਸ ਲਈ ਪੜ੍ਹੇ ਲਿਖੇ ਅਤੇ ਆਜ਼ਾਦ ਮਾਨਸਿਕਤਾ ਦਾ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਜਿਸ ਮਸੀਹਾ ਨੇ ਭਾਰਤ ਅਤੇ ਪੰਜਾਬ ਨੂੰ ਵਿੱਦਿਅਕ ਸੰਸਥਾਵਾਂ ਬਣਾ ਕੇ ਵਿੱਦਿਆ ਪ੍ਰਦਾਨ ਕੀਤੀ, ਉਹ ਸਮਾਜ ਅਨਪੜ੍ਹਤਾ ਅਤੇ ਮਾਨਸਿਕ ਗੁਲਾਮੀ ਦਾ ਬੁਰੀ ਤਰ੍ਹਾਂ ਸ਼ਿਕਾਰ ਹੈ। ਵਿੱਦਿਆ, ਇਨਸਾਫ, ਵਿਕਾਸ ਅਤੇ ਏਕਤਾ ਸੀਐੱਨਐੱਫ ਦਾ ਮੁੱਖ ਉਦੇਸ਼ ਹੈ। ਇਸੇ ਲਈ ਪਿੰਡ ਪਿੰਡ ਇਕਾਈਆਂ ਬਣਾ ਕੇ ਲੋਕਾਂ ਨੂੰ ਆਪਣੇ ਬੱਚਿਆਂ ਨੂੰ ਪੜ੍ਹਾਉਣ ਲਈ ਪ੍ਰੇਰਨਾ ਦਿੱਤੀ ਜਾ ਰਹੀ ਹੈ। ਬਾਬਾ ਸਾਹਿਬ ਨੇ ਕਿਹਾ ਸੀ ਕਿ ਪੜ੍ਹਾਈ ਸ਼ੇਰਨੀ ਦਾ ਦੁੱਧ ਹੈ ਜਿਹੜਾ ਪੀਏਗਾ ਉਹ ਦਹਾੜੇਗਾ। ਚੌਧਰੀ ਨੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵਲੋਂ ਰਾਜ ਸਭਾ ਵਿੱਚ ਅੰਬੇਡਕਰ ਦੇ ਕੀਤੇ ਅਪਮਾਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ 10 ਜਨਵਰੀ ਨੂੰ ਇਸ ਰੋਸ ਵਜੋਂ ਕੀਤੇ ਜਾ ਰਹੇ ਅੰਮ੍ਰਿਤਸਰ ਬੰਦ ਦਾ ਸੀਐੱਨਐੱਫ ਸਮਰਥਨ ਕਰਦਾ ਹੈ। ਇਸ ਸੰਬੰਧੀ ਜਲਦ ਐੱਸਸੀ/ਐੱਸ ਟੀ/ਘੱਟ ਗਿਣਤੀ ਅਤੇ ਓਬੀਸੀ ਆਦਿ ਜਥੇਬੰਦੀਆਂ ਨਾਲ ਮੀਟਿੰਗ ਕੀਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਸਲਾਮਤ ਮਸੀਹ, ਰਿੰਕੂ ਮਸੀਹ ਪ੍ਰਧਾਨ ਹਲਕਾ ਫਤਿਹਗੜ੍ਹ ਚੂੜੀਆਂ, ਹੀਰਾ ਲਾਹੌਰੀਆ, ਰੋਬਿਨਸਨ ਭੱਟੀ, ਗਗਨ ਸੁਜਾਨਪੁਰ, ਗੌਤਮ ਮਸੀਹ ਕਾਦੀਆਂ ਰਾਜਪੂਤ, ਵਾਰਿਸ ਮਸੀਹ, ਸਰਬਜੀਤ ਲੱਖੋਰਾਹ, ਰਾਜੂ ਕਲਿਆਣਪੁਰ, ਪ੍ਰੇਮ ਜੋਗੀ, ਸਾਬਾ ਉਪਲ ਆਦਿ ਸ਼ਾਮਲ ਹੋਏ।



# ਸਵਾਮੀ ਸ਼ਾਂਤਾਨੰਦ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦਾਂ ਨੂੰ ਕੰਬਲ ਤਕਸੀਮ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**

ਸੁਆਮੀ ਸ਼ਾਂਤਾਨੰਦ ਚੈਰੀਟੇਬਲ ਟਰੱਸਟ ਦੇਹਰਾਦੂਨ ਵੱਲੋਂ ਹੱਡ ਚੀਰਵੀਂ ਠੰਡ ਨੂੰ ਵੇਖਦਿਆਂ ਹੋਇਆਂ ਆਪਣੇ ਟਰੱਸਟੀ ਦਲਬੀਰ ਸਿੰਘ ਰਿਟਾਇਰ ਇੰਸਪੈਕਟਰ ਡੇਹਰੀਵਾਲ ਦੀ ਅਗਵਾਈ ਵਿੱਚ ਲੋੜਵੰਦਾਂ ਨੂੰ ਕੰਬਲ ਵੰਡੇ ਗਏ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਪਿੰਡ ਡੇਹਰੀਵਾਲ ਦੇ ਸਰਪੰਚ ਪਰਮਿੰਦਰ ਸਿੰਘ ਔਜਲਾ ਨੇ ਟਰੱਸਟ ਵੱਲੋਂ ਕੀਤੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਨੁੱਖਤਾ ਦੀ ਭਲਾਈ ਲਈ ਹਰੇਕ ਵਿਅਕਤੀ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਅਜਿਹੀ ਸੰਸਥਾ ਜੋ ਗਰੀਬ ਲੋਕਾਂ ਦੀ ਭਲਾਈ ਲਈ ਕੰਮ ਕਰਦੀ ਹੈ, ਦੀ ਹਰ ਪਾਸੇ ਤੋਂ ਮਦਦ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਿੰਡ ਦੀ ਪੰਚਾਇਤ ਅਤੇ ਉਹ ਆਪਣੇ ਵੱਲੋਂ ਟਰੱਸਟ ਨੂੰ ਹਰ ਪੱਖ ਤੋਂ ਸਹਿਯੋਗ ਦੇਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੇਵਾ ਸਿੰਘ, ਜਥੇਦਾਰ ਜੋਗਿੰਦਰ ਸਿੰਘ, ਅਮਰੀਕ ਸਿੰਘ, ਹਰਭਜਨ ਸਿੰਘ ਮੁੱਖ ਸੇਵਾਦਾਰ ਬਾਬਾ ਸੁਧਾਣਾ, ਸੁਖਵਿੰਦਰ ਸਿੰਘ ਥਾਣੇਦਾਰ, ਹਜ਼ੂਰ ਸਿੰਘ, ਜਰਨੈਲ ਸਿੰਘ, ਪ੍ਰਗਟ ਸਿੰਘ ਆਦਿ ਆਗੂ ਵੀ ਹਾਜ਼ਰ ਸਨ।




ੴ ਤਹੀ ਪ੍ਰਕਾਸ ਹਮਾਰਾ ਭਯੋ॥ ਪਟਨਾ ਸਹਰ ਬਿਖੈ ਭਵ ਲਯੋ॥ ੴ

## ਸਾਹਿਬ-ਏ-ਕਮਾਲ, ਸਰਬੰਸਦਾਨੀ

## ਦਸਮ ਪਾਤਸ਼ਾਹ

## ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ

# ਪ੍ਰਕਾਸ਼ ਗੁਰਪੁਰਬ

## ਦੀਆਂ

## ਦੇਸ਼ ਵਿਦੇਸ਼ ਦੀ ਸੰਗਤ ਨੂੰ

# ਹਾਰਦਿਕ ਵਧਾਈਆਂ

ਆਓ! ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਹੋ ਕੇ ਉਨ੍ਹਾਂ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਪ੍ਰਣ ਕਰੀਏ।

-ਗੁਰੂ ਪੰਥ ਦਾ ਦਾਸ-

**ਐਡਵੋਕੇਟ ਹਰਜਿੰਦਰ ਸਿੰਘ ਧਾਮੀ**

ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਵੱਲੋਂ: ਮੁੱਖ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।


# ਪੁਲਸ ਥਾਣਾ ਸਾਂਝ ਕੇਂਦਰ ਡੇਰਾ ਬਾਬਾ ਨਾਨਕ ਵੱਲੋਂ ਪੁਲਸ-ਪਬਲਿਕ ਮੀਟਿੰਗ ਆਯੋਜਿਤ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਪੁਲਸ ਜ਼ਿਲ੍ਹਾ ਬਟਾਲਾ ਦੇ ਸੀਨੀਅਰ ਪੁਲਸ ਕਪਤਾਨ ਸੁਹੇਲ ਕਾਸਮ ਮੀਰ ਦੇ ਆਦੇਸ਼ਾਂ ਹੇਠ ਪੁਲਸ ਜ਼ਿਲ੍ਹਾ ਬਟਾਲਾ ਅਧੀਨ ਚੱਲ ਰਹੇ ਸਮੂਹ ਪੁਲਸ ਸਾਂਝ ਕੇਂਦਰਾਂ ਅਤੇ ਪੰਜਾਬ ਪੁਲਸ ਵੱਲੋਂ ਪੁਲਸ ਪਬਲਿਕ ਮੀਟਿੰਗਾਂ ਕਰਕੇ ਵੱਖ-ਵੱਖ ਪਿੰਡਾਂ ਦੇ ਲੋਕਾਂ ਨੂੰ ਨਸ਼ਿਆਂ ਅਤੇ ਚਾਈਨਾ ਡੋਰ ਖਿਲਾਫ ਜਾਗਰੂਕ ਕਰਨ ਅਤੇ ਲੋੜ ਪੈਣ 'ਤੇ ਪੁਲਸ ਦੇ ਹੈਲਪਲਾਈਨ ਨੰਬਰਾਂ ਬਾਰੇ ਜਾਗਰੂਕਤਾ ਸੈਮੀਨਾਰ ਲਗਾਏ ਜਾ ਰਹੇ ਹਨ ।ਇਸ ਤਹਿਤ ਪੁਲਸ ਥਾਣਾ ਸਾਂਝ ਕੇਂਦਰ ਡੇਰਾ ਬਾਬਾ ਨਾਨਕ ਵੱਲੋਂ ਡੇਰਾ ਬਾਬਾ ਨਾਨਕ ਦੇ ਸਬ ਡਵੀਜ਼ਨ ਇੰਚਾਰਜ ਐੱਸ. ਆਈ. ਗੁਰਮੇਜ ਸਿੰਘ, ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਇੰਚਾਰਜ ਇੰਸਪੈਕਟਰ ਸਤਪਾਲ ਸਿੰਘ ਅਤੇ ਐਡੀਸ਼ਨਲ ਇੰਚਾਰਜ ਐੱਸ. ਆਈ. ਕੈਲਾਸ਼ ਚੰਦਰ ਦੀ ਅਗਵਾਈ ਹੇਠ ਡੇਰਾ ਬਾਬਾ ਨਾਨਕ ਦੇ ਗਿੱਲ ਪੈਲੇਸ ਵਿਖੇ ਪੁਲਸ-ਪਬਲਿਕ ਮੀਟਿੰਗ ਕਰਕੇ ਨਸ਼ਿਆਂ ਅਤੇ ਚਾਈਨਾ ਡੋਰ ਖਿਲਾਫ਼ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ ।ਇਸ ਮੌਕੇ ਇੰਸਪੈਕਟਰ ਸਤਪਾਲ ਸਿੰਘ ਅਤੇ ਐੱਸ. ਆਈ. ਗੁਰਮੇਜ ਸਿੰਘ ਵੱਲੋਂ ਵੱਖ-ਵੱਖ ਪਿੰਡਾਂ ਦੇ ਸਰਪੰਚਾਂ, ਮੋਹਤਬਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਨਸ਼ਿਆਂ ਅਤੇ ਚਾਈਨਾ ਡੋਰ ਖਿਲਾਫ ਜਾਗਰੂਕ ਕੀਤਾ ਗਿਆ ਅਤੇ ਸਾਂਝ ਕੇਂਦਰਾਂ ਰਾਹੀਂ ਪੁਲਸ ਵਿਭਾਗ ਵੱਲੋਂ ਪਬਲਿਕ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ, ਔਰਤਾਂ ਅਤੇ ਬੱਚਿਆਂ ਦੀ ਸੁਰੱਖਿਆ ਅਤੇ ਸਵੈ-ਰੱਖਿਆ, ਸਾਇਬਰ ਕ੍ਰਾਈਮ, ਪੁਲਸ ਦੇ ਹੈਲਪਲਾਈਨ ਨੰਬਰ 112, 181 ਬਾਰੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਅਤੇ ਚੈਟ ਬੋਟ ਦੀ ਜਾਣਕਾਰੀ ਦੇਣ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ ਗਿਆ ।ਇਸ ਮੌਕੇ ਪੁਲਸ ਵੱਲੋਂ ਮੀਟਿੰਗ ਵਿੱਚ ਹਾਜ਼ਰ ਮੋਹਤਬਰ ਲੋਕਾਂ ਦੇ ਸੁਝਾਅ ਲਏ ਗਏ ਤੇ ਪੁਲਸ ਵੱਲੋਂ ਲੋਕਾਂ ਦੇ ਮਸਲਿਆਂ ਨੂੰ ਮੈਰਿਟ ਦੇ ਆਧਾਰ 'ਤੇ ਹੱਲ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਏਐੱਸਆਈ ਕਾਬਲ ਸਿੰਘ, ਏਐੱਸਆਈ ਬਲਵਿੰਦਰ ਸਿੰਘ, ਸਾਬਕਾ ਸਰਪੰਚ ਮਹਿੰਦਰ ਸਿੰਘ ਨਿੱਕੋਸਰਾ, ਸਲਵਿੰਦਰ ਸਿੰਘ ਮਾਨ, ਕਾਂਗਰਸੀ ਆਗੂ ਰੂਪ ਤੇਜਿੰਦਰ ਸਿੰਘ, ਬੀਬੀ ਅਨੀਤਾ ਕੁਮਾਰੀ, ਪਰਵੇਜ਼ ਮਸੀਹ ਬਿੱਟਾ, ਸਾਬਕਾ ਸਰਪੰਚ ਸਰਬਜੀਤ ਸਿੰਘ ਬਿੱਲਾ, ਸਾਬਕਾ ਸਰਪੰਚ ਹਰਦੀਪ ਸਿੰਘ, ਹਰਭਜਨ ਲਾਲ ਡਿਗਰਾ, ਜਗਦੀਪ ਸਿੰਘ ਭੋਲੂ, ਹਰਮੀਤ ਸਿੰਘ, ਵਿਕਟਰ ਮਸੀਹ, ਰਿੰਕਾ ਤਲਵੰਡੀ ਰਾਮਾ, ਤਰਸੇਮ ਮਸੀਹ, ਸਾਬੀ ਮਸੀਹ, ਬਗੀਚਾ ਮਸੀਹ, ਰੋਸ਼ਨ ਮਸੀਹ, ਰਾਹੁਲ ਰੰਧਾਵਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਹਾਜ਼ਰ ਸਨ।



# ਭਾਜਪਾ ਵਰਕਰਾਂ ਦੀ ਅਹਿਮ ਮੀਟਿੰਗ 'ਚ ਡੱਲੇਵਾਲ ਦੀ ਸਿਹਤਯਾਬੀ ਲਈ ਕੀਤੀ ਅਰਦਾਸ

**ਬਟਾਲਾ (ਤਰਲੋਕ ਬੱਗਾ)**

ਭਾਜਪਾ ਬਟਾਲਾ ਦੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਦੀ ਅਗਵਾਈ ਹੇਠ ਭਾਜਪਾ ਵਰਕਰਾਂ ਦੀ ਇੱਕ ਅਹਿਮ ਮੀਟਿੰਗ 'ਚ ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਰਾਜ ਸਭਾ ਮੈਂਬਰ ਸ਼ਵੇਤ ਮਲਿਕ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਜ਼ਿਲ੍ਹਾ ਪ੍ਰਧਾਨ ਹੀਰਾ ਵਾਲੀਆ ਵੱਲੋਂ ਸ਼ਵੇਤ ਮਲਿਕ ਨੂੰ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੇ ਨਾਲ ਭਾਜਪਾ ਆਗੂ ਰਵੀਕਰਨ ਸਿੰਘ ਕਾਹਲੋਂ, ਅਸ਼ਵਨੀ ਸੇਖੜੀ ਤੇ ਹੋਰ ਆਗੂ ਹਾਜ਼ਰ ਸਨ।ਸ਼ਵੇਤ ਮਲਿਕ ਨੇ ਭਾਜਪਾ ਵਰਕਰਾਂ ਨਾਲ ਕੇਂਦਰ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਸਾਂਝਾ ਕੀਤਾ ਅਤੇ ਪੰਜਾਬ ਅੰਦਰ ਸਰਕਾਰ ਬਣਾਉਣ ਲਈ ਹੁਣ ਤੋਂ ਹੀ ਕਮਰ ਕੱਸੇ ਕਰਨ ਲਈ ਪ੍ਰੇਰਿਤ ਕੀਤਾ।ਮੀਟਿੰਗ ਤੋਂ ਪਹਿਲਾਂ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਵੱਲੋਂ ਪੁੱਛੇ ਗਏ ਸਵਾਲ ਦੇ ਜਵਾਬ 'ਚ ਭਾਜਪਾ ਦੇ ਸੀਨੀਅਰ ਆਗੂ ਸ਼ਵੇਤ ਮਲਿਕ ਨੇ ਕਿਹਾ ਕਿ ਕਿਸਾਨੀ ਮੰਗਾਂ ਨੂੰ ਲੈ ਕੇ ਮਰਨ ਵਰਤ 'ਤੇ ਬੈਠੇ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਦੀ ਉਨ੍ਹਾਂ ਨੂੰ ਫਿਕਰ ਹੈ।ਉਨ੍ਹਾਂ ਕਿਹਾ ਕਿ ਉਹ ਡੱਲੇਵਾਲ ਦੀ ਸਿਹਤਯਾਬੀ ਲਈ ਕਾਮਨਾ ਕਰਦੇ ਹਨ।ਸ਼ਵੇਤ ਮਲਿਕ ਨੇ ਕਿਹਾ ਕਿ ਭਾਜਪਾ ਕਿਸਾਨ ਪੱਖੀ ਹੈ ਅਤੇ ਕਿਸਾਨਾਂ ਦੀਆਂ ਸਭ ਮੰਗਾਂ ਨੂੰ ਗੰਭੀਰਤਾ ਨਾਲ ਲੈ ਰਹੀ ਹੈ।ਉਨ੍ਹਾਂ ਪੱਤਰਕਾਰਾਂ ਨੂੰ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਵੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਆਉਣ ਵਾਲੇ ਸਮੇਂ 'ਚ ਪੰਜਾਬ 'ਚ ਭਾਜਪਾ ਦੀ ਸਰਕਾਰ ਹੋਵੇਗੀ।ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਉਤੇ ਵਾਰ ਕਰਦਿਆਂ ਕਿਹਾ ਕਿ 15 ਦਿਨ ਤੋਂ ਵੱਧ ਸਮਾਂ ਹੋ ਗਿਆ ਹੈ ਨਗਰ ਨਿਗਮ ਦੀਆਂ ਚੋਣਾਂ ਨੂੰ ਹੋਇਆਂ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਚਲਾਉਣ 'ਚ ਅਸਫਲ ਹੋ ਰਹੇ ਹਨ।ਇਸ ਮੌਕੇ ਜ਼ਿਲ੍ਹਾ ਜਨਰਲ ਸੈਕਟਰੀ ਰੋਸ਼ਨ ਲਾਲ, ਜਨਰਲ ਸੈਕਟਰੀ ਲਾਜਵੰਤ ਸਿੰਘ ਲਾਟੀ, ਜ਼ਿਲ੍ਹਾ ਵਾਈਸ ਪ੍ਰਧਾਨ ਸ਼ਕਤੀ ਸ਼ਰਮਾ, ਵਾਈਸ ਪ੍ਰਧਾਨ ਕੁਸਮ ਸ਼ਰਮਾ, ਭਾਜਪਾ ਸੀਨੀਅਰ ਲੀਡਰ ਭੂਸ਼ਨ ਬਜਾਜ, ਸਿਟੀ ਮੰਡਲ ਪ੍ਰਧਾਨ ਪੰਕਜ ਸ਼ਰਮਾ, ਮੰਡਲ ਪ੍ਰਧਾਨ ਪਲਵਿੰਦਰ ਸਿੰਘ, ਸਿਵਲ ਲਾਈਨ ਮੰਡਲ ਪ੍ਰਧਾਨ ਅਮਨਦੀਪ ਸਿੰਘ, ਮੰਡਲ ਪ੍ਰਧਾਨ ਸੁਰਿੰਦਰ ਸਿੰਘ ਮਿੱਠਾਪੁਰ, ਮੰਡਲ ਪ੍ਰਧਾਨ ਸੁਰਿੰਦਰ ਸਿੰਘ , ਐਸੀ ਮੋਰਚਾ ਪ੍ਰਧਾਨ ਬਲਜਿੰਦਰ ਸਿੰਘ ਦਕੋਹਾ, ਮਹਿਲਾ ਮੋਰਚਾ ਰਾਧਾ ਰਾਣੀ , ਸੋਨੀਆ ਸ਼ਰਮਾ, ਰੇਖਾ ਡਡਵਾਲ, ਹਰਵਿੰਦਰ ਸਿੰਘ ਹੈਰੀ, ਮਾਈਨਾਰਟੀ ਮੋਰਚਾ ਵਿਜੇ ਮੱਟੂ ,ਓਬੀਸੀ ਮੋਰਚਾ ਪ੍ਰਧਾਨ ਸੂਰਜ ਸੂਰੀ ਅਤੇ ਭਾਜਪਾ ਸਾਬਕਾ ਐੱਮਸੀ ਪਿਆਰਾ ਲਾਲ, ਸਾਬਕਾ ਐੱਮਸੀ ਸੁਰਿੰਦਰ ਕੁਮਾਰ, ਵਿਜੇ ਸ਼ਰਮਾ ਸਿਟੀ ਜਨਰਲ ਸੈਕਟਰੀ, ਕਾਂਤ ਸ਼ਰਮਾ ਸਿਟੀ ਜਨਰਲ ਸੈਕਟਰੀ, ਅਨਿਲ ਭੱਟੀ, ਅੰਮ੍ਰਿਤ ਪਾਲ ਸਿੰਘ ਮਠਾਰੂ, ਜਸਪਾਲ ਸਿੰਘ, ਵਰੁਣ ਐਡਵਾਲ, ਰਮਨ ਨੰਦਾ, ਅਮਿਤਪਾਲ ਸਿੰਘ ਆਦਿ ਹਾਜ਼ਰ ਸਨ।



# ਮਨੂੰਵਾਦੀ ਤਾਕਤਾਂ ਨੂੰ ਹਰਾਉਣ ਲਈ ਆਪੋ-ਆਪਣੀਆਂ ਜਥੇਬੰਦੀਆਂ ਮਜ਼ਬੂਤ ਕਰੋ : ਕਰਮਪੁਰਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਬੀ. ਜੇ. ਪੀ. ਦੀ ਸਰਕਾਰ ਦੇ ਰਾਜ ਪ੍ਰਬੰਧ ਅੰਦਰ ਲਗਾਤਾਰ ਮਹਿੰਗਾਈ, ਬੇਕਾਰੀ, ਭ੍ਰਿਸ਼ਟਾਚਾਰ, ਬੈਂਕ ਡਕੈਤੀਆਂ, ਕਤਲੋ ਗਾਰਤ, ਬਲਾਤਕਾਰ, ਦੰਗੇ-ਫਸਾਦ, ਮੰਦਰ ਮਸਜਿਦਾਂ ਦੇ ਝਗੜੇ ਲਗਾਤਾਰ ਵੱਧਦੇ ਜਾ ਰਹੇ ਹਨ ਅਤੇ ਮੋਦੀ ਸਰਕਾਰ ਲੋਕਾਂ ਨੂੰ ਗੁੰਮਰਾਹ ਕਰਨ ਅਤੇ ਉਪਰੋਕਤ ਮੁੱਦਿਆਂ ਤੋਂ ਧਿਆਨ ਹਟਾਉਣ ਵਾਸਤੇ ਕੋਈ ਨਾ ਕੋਈ ਨਵਾਂ ਪਰਚੰਡ ਰਚਦੀ ਹੈ ਅਤੇ ਹੁਣ ਮੋਦੀ ਸਰਕਾਰ ਦੇ ਸਰਗਣੇ ਅਮਿਤ ਸ਼ਾਹ ਨੇ ਇਕ ਬਹੁਤ ਹੀ ਵਿਦਵਾਨ, ਦੇਸ਼ ਦਾ ਸੰਵਿਧਾਨ ਲਿਖਣ ਵਾਲੇ ਤੇ ਗਰੀਬਾਂ/ਦਲਿਤਾਂ ਤੇ ਮਿਹਨਤਕਸ਼ਾਂ ਲਈ ਮਸੀਹਾ ਬਣੇ ਡਾ. ਭੀਮ ਰਾਓ ਅੰਬੇਡਕਰ ਖਿਲਾਫ ਮੰਦੀ ਭਾਸ਼ਾ ਦੀ ਵਰਤੋਂ ਕੀਤੀ ਹੈ। ਡਾ. ਅੰਬੇਡਕਰ ਨੇ ਲੋਕਾਂ ਨੂੰ ਪੜ੍ਹੋ, ਜਥੇਬੰਦ ਹੋਵੋ ਤੇ ਸੰਘਰਸ਼ ਕਰੋ ਦਾ ਨਾਅਰਾ ਦਿੱਤਾ ਸੀ ਤਾਂ ਕਿ ਦੇਸ਼ ਵਿਚੋਂ ਜਾਤ-ਪਾਤ ਅਤੇ ਅਮੀਰੀ-ਗਰੀਬੀ ਦੇ ਪਾੜੇ ਤੇ ਅਨਪੜ੍ਹਤਾ ਨੂੰ ਖਤਮ ਕੀਤਾ ਜਾ ਸਕੇ। ਉਨ੍ਹਾਂ ਦੀ ਮਨਸ਼ਾ ਸੀ ਕਿ ਦੇਸ਼ ਵਿਚ ਕੋਈ ਅਗਾਂਹਵਧੂ ਸਰਕਾਰ ਆਵੇ ਅਤੇ ਦੇਸ਼ ਦੇ ਲੋਕ ਖੁਸ਼ਹਾਲ ਜੀਵਨ ਜੀਅ ਸਕਣ ਅਤੇ ਲੋਕਾਂ ਨੂੰ ਪਾਉਣ ਨੂੰ ਚੰਗਾ ਕੱਪੜਾ, ਪੀਣ ਲਈ ਸਾਫ ਪਾਣੀ ਮਿਲੇ ਤੇ ਲੋਕ ਬੀਮਾਰੀਆਂ ਤੋਂ ਮੁਕਤ ਹੋ ਸਕਣ। ਅਫਸੋਸ ਅੱਜ ਮੋਦੀ ਦੀ ਅਗਵਾਈ ਵਾਲੀ ਕੇਂਦਰ ਦੀ ਸਰਕਾਰ ਦੇਸ਼ ਦੇ ਸੰਵਿਧਾਨ ਨੂੰ ਤੋੜਨਾ ਚਾਹੁੰਦੀ ਹੈ ਅਤੇ ਸੰਵਿਧਾਨ ਨੂੰ ਬਦਲ ਕੇ ਦੇਸ਼ ਵਿਚ ਮਨੂੰਵਾਦ ਲਿਆਉਣਾ ਚਾਹੁੰਦੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਜ਼ਿਲ੍ਹਾ ਆਗੂ ਕਾਮਰੇਡ ਜਗਤਾਰ ਸਿੰਘ ਕਰਮਪੁਰਾ ਤੇ ਰਿਟਾਇਰ ਐਕਸੀਅਨ ਕਾਮਰੇਡ ਬਲਕਾਰ ਸਿੰਘ ਚੰਦੀ ਨੇ ਪਿੰਡ ਗੁਮਟਾਲਾ ਵਿਖੇ ਬੀਬੀ ਸੁਵਿੰਦਰ ਕੌਰ ਗੁਮਟਾਲਾ ਅਤੇ ਬਲਵਿੰਦਰ ਸਿੰਘ ਬੱਬੀ ਦੀ ਪ੍ਰਧਾਨਗੀ ਹੇਠ ਕੀਤੀ ਗਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਉਕਤ ਆਗੂਆਂ ਨੇ ਅਮਿਤ ਸ਼ਾਹ ਦੀ ਇਸ ਗੱਲ ਤੇ ਤਿੱਖੀ ਅਲੋਚਨਾ ਕੀਤੀ ਕਿ ਅਮਿਤ ਸ਼ਾਹ ਨੇ ਦੇਸ਼ ਦਾ ਸੰਵਿਧਾਨ ਲਿਖਣ ਵਾਲੇ ਡਾ. ਅੰਬੇਡਕਰ ਲਈ ਮਾੜੀ ਸ਼ਬਦਾਵਲੀ ਵਰਤੀ। ਸਾਰੇ ਦੇਸ਼ ਵਿਚ ਮੋਦੀ ਸਰਕਾਰ ਤੇ ਅਮਿਤਸ਼ਾਹ ਵਿਰੁੱਧ ਡਾਢਾ ਗੁੱਸਾ ਪਾਇਆ ਜਾ ਰਿਹਾ।ਉਕਤ ਆਗੂਆਂ ਨੇ ਮੀਟਿੰਗ ਵਿਚ ਜੁੜੇ ਔਰਤਾਂ, ਮਰਦਾਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਦੇਸ਼ ਦੇ ਸੰਵਿਧਾਨ ਨੂੰ ਬਚਾਉਣ ਵਾਸਤੇ ਅਤੇ ਮੰਨੂਵਾਦੀ ਤਾਕਤਾਂ ਨੂੰ ਹਰਾਉਣ ਵਾਸਤੇ ਆਪਣੀਆਂ-ਆਪਣੀਆਂ ਜਥੇਬੰਦੀਆਂ ਮਜ਼ਬੂਤ ਕਰੋ।ਅੰਤ ਵਿਚ ਅਮਿਤ ਸ਼ਾਹ ਦਾ ਪੁੱਤਲਾ ਸਾੜਿਆ ਗਿਆ ਅਤੇ ਫਿਰ ਕਾ.ਸੁਖਦੇਵ ਰਾਜ ਕਾਲੀਆਂ ਵਲੋਂ ਮੀਟਿੰਗ ਵਿਚ ਆਏ ਲੋਕਾ ਦਾ ਧੰਨਵਾਦ ਕੀਤਾ।




ਨਵਾਂ ਜ਼ਮਾਨਾ
ਸੋਮਵਾਰ, 6 ਜਨਵਰੀ 2025

# ਨਿਆਂਪਾਲਿਕਾ ਦਾ ਨਿਘਾਰ

ਸੁਪਰੀਮ ਕੋਰਟ ਦੇ ਉੱਘੇ ਵਕੀਲ ਕੌਲਿਨ ਗੌਨਸਾਲਵੇਜ਼ ਨੇ ਬੀਤੇ ਦਿਨ 'ਫਾਸ਼ੀਵਾਦ ਦਾ ਉਭਾਰ ਅਤੇ ਕਾਨੂੰਨ ਤੇ ਨਿਆਂਪਾਲਿਕਾ ਦਾ ਸਵਾਲ' ਵਿਸ਼ੇ 'ਤੇ ਲੰਮਾ ਲੈਕਚਰ ਦਿੰਦਿਆਂ ਅੱਖਾਂ ਖੋਲ੍ਹਣ ਵਾਲੀਆਂ ਗੱਲਾਂ ਕਹੀਆਂ। ਉਨ੍ਹਾ ਮੁਤਾਬਕ ਐਮਰਜੈਂਸੀ ਦੌਰਾਨ ਕੁਝ ਕੁ ਨੂੰ ਛੱਡ ਕੇ ਬਾਕੀ ਜੱਜਾਂ ਨੇ ਸੱਤਾ ਅੱਗੇ ਸਮਰਪਣ ਕਰ ਦਿੱਤਾ ਸੀ, ਪਰ ਪਿਛਲੇ 10 ਸਾਲਾਂ ਵਿੱਚ ਜੋ ਹੋਇਆ, ਉਸ ਤਰ੍ਹਾਂ ਪਹਿਲਾਂ ਕਦੇ ਨਹੀਂ ਹੋਇਆ। ਮੋਦੀ ਸਰਕਾਰ ਨੇ ਤਾਂ ਨਿਆਂਪਾਲਿਕਾ ਨੂੰ ਇਕ ਤਰ੍ਹਾਂ ਨਾਲ ਖਤਮ ਹੀ ਕਰ ਦਿੱਤਾ ਹੈ। ਜਸਟਿਸ ਹੋਸਬੇਟ ਸੁਰੇਸ਼, ਜਸਟਿਸ ਦਾਊਦ ਤੇ ਜਸਟਿਸ ਮੁਰਲੀਧਰ ਨੇ ਸਟੈਂਡ ਲਿਆ ਤਾਂ ਉਨ੍ਹਾਂ ਨੂੰ ਤੁਰੰਤ 'ਸਜ਼ਾ' ਮਿਲੀ। ਨਿਆਂਪਾਲਿਕਾ 'ਚ ਸੰਘੀ ਘੁਸਪੈਠ ਦੀ ਚਰਚਾ ਕਰਦਿਆਂ ਕੌਲਿਨ ਨੇ ਹਾਲ ਹੀ 'ਚ ਗੁਜਰਾਤ ਹਾਈ ਕੋਰਟ ਦੇ ਇਕ ਜੱਜ ਵੱਲੋਂ ਇਕ ਪ੍ਰੋਗਰਾਮ ਵਿੱਚ ਕੀਤੇ ਗਏ ਭਾਸ਼ਣ ਦਾ ਜ਼ਿਕਰ ਕੀਤਾ, ਜਿਸ 'ਚ ਜੱਜ ਨੇ ਕਿਹਾ ਕਿ ਸਾਨੂੰ ਸਮਾਜ ਵਿਚ ਨੈਤਿਕਤਾ ਤੇ ਵਿਵਸਥਾ ਬਣਾਏ ਰੱਖਣ ਲਈ 'ਸਿਵਲੀਅਨ ਪੁਸ਼ਾਕ ਵਿੱਚ ਰਹਿਣ ਵਾਲੇ ਮਿਲਟਰੀ ਤੱਤਾਂ' ਦੀ ਲੋੜ ਹੈ। ਉਸ ਦਾ ਸਿੱਧਾ ਇਸ਼ਾਰਾ ਰਾਸ਼ਟਰੀ ਸਵੈਮਸੇਵਕ ਸੰਘ (ਆਰ ਐੱਸ ਐੱਸ) ਕੇਡਰ ਵੱਲ ਸੀ। ਅਲਾਹਾਬਾਦ ਹਾਈ ਕੋਰਟ ਦੇ ਜੱਜ ਸ਼ੇਖਰ ਯਾਦਵ ਨੇ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਪ੍ਰੋਗਰਾਮ 'ਚ ਘੋਰ ਫਿਰਕੂ ਬਿਆਨ ਦਿੱਤਾ। ਸੁਪਰੀਮ ਕੋਰਟ ਦੇ ਕਾਲੇਜਿਅਮ ਨੇ ਉਸ ਨੂੰ ਦਿੱਲੀ ਸੱਦ ਕੇ ਗੱਲਬਾਤ ਕੀਤੀ, ਪਰ ਕੋਈ ਕਾਰਵਾਈ ਨਹੀਂ ਕੀਤੀ, ਜਦਕਿ ਨਫਰਤੀ ਤਕਰੀਰ ਲਈ ਉਸ ਖਿਲਾਫ ਤੁਰੰਤ ਐੱਫ ਆਈ ਆਰ ਦਰਜ ਹੋਣੀ ਚਾਹੀਦੀ ਸੀ। ਘੋਰ ਫਿਰਕੂ ਗੱਲਾਂ ਕਰਨ ਵਾਲੀ ਇਕ ਮਹਿਲਾ ਨੂੰ ਮਦਰਾਸ ਹਾਈ ਕੋਰਟ ਦੀ ਜੱਜ ਲਾਉਣ ਦੀ ਸਿਫਾਰਸ਼ ਵੇਲੇ ਦੇ ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਪ੍ਰਧਾਨਗੀ ਵਾਲੇ ਕਾਲੇਜਿਅਮ ਨੇ ਕੀਤੀ। ਪੂੰਜੀਵਾਦੀ ਵਿਵਸਥਾ ਵਿੱਚ ਨਿਆਂਪਾਲਿਕਾ ਲੋਕਾਂ ਲਈ ਆਖਰੀ ਰੱਖਿਆ ਪੰਕਤੀ ਬਰਾਬਰ ਮੰਨੀ ਜਾਂਦੀ ਸੀ, ਪਰ ਪਿਛਲੇ 10 ਸਾਲਾਂ ਦੌਰਾਨ ਨਿਆਂਪਾਲਿਕਾ ਦੀ ਨਿਸ਼ਠਾ ਤੇ ਅਖੰਡਤਾ ਪੂਰੀ ਤਰ੍ਹਾਂ ਢਹਿ-ਢੇਰੀ ਹੋ ਗਈ ਹੈ। ਸਾਈਬਾਬਾ ਤੇ ਫਾਦਰ ਸਟੈਨ ਸਵਾਮੀ ਦੇ ਮਾਮਲੇ 'ਚ ਨਿਆਂਪਾਲਿਕਾ ਦਾ ਕਰੂਰ ਚਿਹਰਾ ਸਾਹਮਣੇ ਆਇਆ। ਅਲਜ਼ਾਈਮਰ ਨਾਲ ਪੀੜਤ 85 ਸਾਲ ਦੇ ਸਟੈਨ ਸਵਾਮੀ ਨੂੰ ਜਿਸ ਤਰ੍ਹਾਂ ਬਿਮਾਰੀ ਵਿੱਚ ਬੇਹੱਦ ਬੁਨਿਆਦੀ ਸਹੂਲਤਾਂ ਤੱਕ ਤੋਂ ਵਿਰਵੇ ਰੱਖਿਆ ਗਿਆ, ਉਹ ਕਲਪਨਾ ਤੋਂ ਪਰ੍ਹੇ ਹੈ। ਸਾਈਬਾਬਾ ਨੂੰ ਬੰਬੇ ਹਾਈ ਕੋਰਟ ਦੇ ਦੋ ਦਲੇਰ ਜੱਜਾਂ ਵੱਲੋਂ ਸਾਰੇ ਦੋਸ਼ਾਂ ਤੋਂ ਬਰੀ ਕਰਨ ਦੇ ਬਾਅਦ ਜਸਟਿਸ ਐੱਮ ਆਰ ਸ਼ਾਹ ਨੇ ਰਾਤੋ ਰਾਤ ਸੁਣਵਾਈ ਕਰਕੇ ਵਾਪਸ ਜੇਲ੍ਹ ਭਿਜਵਾ ਦਿੱਤਾ, ਜਿਵੇ ਉਸ ਨੇ ਬਾਹਰ ਆ ਕੇ ਕੋਈ ਵੱਡਾ ਅਪਰਾਧ ਕਰ ਦੇਣਾ ਸੀ। ਜਸਟਿਸ ਸ਼ਾਹ ਨੇ ਜ਼ਮੀਨ ਐਕੁਆਇਰ ਕਰਨ ਦੇ ਮਾਮਲੇ 'ਚ ਚੰਗਾ ਫੈਸਲਾ ਦਿੱਤਾ ਸੀ, ਪਰ ਪਿਛਲੇ ਕੁਝ ਸਾਲਾਂ ਵਿੱਚ ਉਨ੍ਹਾ 'ਚ ਅਜਿਹਾ ਬਦਲਾਅ ਆਇਆ ਕਿ ਉਨ੍ਹਾ ਮੋਦੀ ਨੂੰ ਆਪਣਾ ਰੱਬ ਹੀ ਐਲਾਨ ਦਿੱਤਾ। ਕੌਲਿਨ ਮੁਤਾਬਕ ਸਾਫ ਹੈ ਕਿ ਮੋਦੀ ਸਰਕਾਰ ਹੀ ਨਿਆਂਪਾਲਿਕਾ ਨੂੰ ਸੰਚਾਲਤ ਕਰ ਰਹੀ ਹੈ ਅਤੇ ਨਿਆਂਪਾਲਿਕਾ ਦੀ ਆਜ਼ਾਦੀ ਤੇ ਲੋਕਤੰਤਰ ਦੇ ਤੀਜੇ ਖੰਭੇ ਵਰਗੀਆਂ ਗੱਲਾਂ ਫਜ਼ੂਲ ਹੋ ਚੁੱਕੀਆਂ ਹਨ। ਕਿੰਨੇ ਹੀ ਬਿਹਤਰੀਨ ਨੌਜਵਾਨ ਸਿਰਫ ਇੱਕ ਭਾਸ਼ਣ ਦੇਣ ਕਰਕੇ ਵਰ੍ਹਿਆਂ ਤੋਂ ਜੇਲ੍ਹਾਂ ਵਿੱਚ ਹਨ ਤੇ ਉਨ੍ਹਾਂ ਨੂੰ ਜ਼ਮਾਨਤ ਦੇਣ ਤੋਂ ਵਾਰ-ਵਾਰ ਨਾਂਹ ਕੀਤੀ ਜਾ ਰਹੀ ਹੈ, ਜਦਕਿ 'ਗੋਲੀ ਮਾਰੋ ਸਾਲੋਂ ਕੋ' ਵਰਗਾ ਭਿਆਨਕ ਨਾਅਰਾ ਦੇਣ ਵਾਲੇ ਮੋਦੀ ਦੇ ਮੰਤਰੀ ਰਹੇ ਆਗੂ ਖਿਲਾਫ ਕੋਈ ਕਾਰਵਾਈ ਨਹੀਂ ਹੁੰਦੀ ਅਤੇ ਕਈ ਸਾਲਾਂ ਤੋਂ ਪਟੀਸ਼ਨ ਸੁਪਰੀਮ ਕੋਰਟ ਤੇ ਹਾਈ ਕੋਰਟ ਵਿਚਾਲੇ ਗੇਂਦ ਵਾਂਗ ਉਛਲਦੀ ਆ ਰਹੀ ਹੈ। ਜੱਜਾਂ ਵਿੱਚ ਏਨਾ ਡਰ ਹੈ ਕਿ ਕੋਈ ਜੱਜ ਮਾਮਲੇ ਨੂੰ ਹੱਥ ਪਾਉਣ ਲਈ ਤਿਆਰ ਨਹੀਂ। ਜਸਟਿਸ ਮੁਰਲੀਧਰ ਨੇ ਦਿੱਲੀ ਹਾਈ ਕੋਰਟ ਦਾ ਜੱਜ ਹੁੰਦਿਆਂ ਸਟੈਂਡ ਲੈ ਕੇ ਕਿਹਾ ਕਿ ਸਰਕਾਰ ਅਗਲੀ ਸਵੇਰ ਤੱਕ ਜਵਾਬ ਦੇਵੇ, ਪਰ ਉਨ੍ਹਾ ਦਾ ਰਾਤੋ ਰਾਤ ਤਬਾਦਲਾ ਕਰ ਦਿੱਤਾ ਗਿਆ।

ਤਾਂ ਵੀ, ਕੌਲਿਨ ਨਿਰਾਸ਼ਾਵਾਦੀ ਨਹੀਂ ਹਨ। ਉਨ੍ਹਾ ਮੁਤਾਬਕ ਬਹੁਤ ਸਾਰੇ ਨੌਜਵਾਨ ਸਿਰਫ ਸਤਹੀ ਨਹੀਂ, ਸਗੋਂ ਬੁਨਿਆਦੀ ਤਬਦੀਲੀ ਲਈ ਲੜ ਰਹੇ ਹਨ। ਸਿਰਫ ਫਾਸ਼ੀਵਾਦ ਹੀ ਨਹੀਂ, ਸਗੋਂ ਉਸ ਨੂੰ ਜਨਮ ਦੇਣ ਵਾਲੀ ਪੂੰਜੀਵਾਦੀ ਵਿਵਸਥਾ ਨੂੰ ਖਤਮ ਕਰਨ ਲਈ ਜੂਝ ਰਹੇ ਹਨ। ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਉਨ੍ਹਾਂ ਦੀ ਪੀੜ੍ਹੀ ਤਾਂ ਨਹੀਂ, ਪਰ ਵਰਤਮਾਨ ਨੌਜਵਾਨਾਂ ਦੀ ਪੀੜ੍ਹੀ ਜ਼ਰੂਰ ਫਾਸ਼ੀਵਾਦ ਤੇ ਪੂੰਜੀਵਾਦ ਨੂੰ ਖਤਮ ਹੁੰਦਾ ਦੇਖੇਗੀ।

## ਪਾਠਕ-ਸੱਥ

### ਸੋਸ਼ਲ ਮੀਡੀਏ 'ਤੇ ਨਕੇਲ ਦੀ ਤਿਆਰੀ

ਨੌਜਵਾਨ ਖ਼ਾਸ ਕਰਕੇ ਬੱਚਿਆਂ ਵਿੱਚ ਸੋਸ਼ਲ ਮੀਡੀਏ ਦੇ ਵਧ ਰਹੇ ਪ੍ਰਭਾਵ ਨੂੰ ਘੱਟ ਕਰਨ ਲਈ ਆਸਟ੍ਰੇਲੀਆ ਤੋਂ ਬਾਅਦ ਭਾਰਤ ਨੇ ਵੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ ।ਇਸ ਵਿੱਚ ਜੇਕਰ ਬੱਚਾ ਸੋਸ਼ਲ ਮੀਡੀਆ ਸਾਈਟਸ 'ਤੇ ਕੋਈ ਅਕਾਊਂਟ ਬਣਾਉਂਦਾ ਹੈ ਤਾਂ ਉਸ ਨੂੰ ਆਪਣੇ ਮਾਪਿਆਂ ਤੋਂ ਇਜਾਜ਼ਤ ਲੈਣੀ ਹੋਵੇਗੀ ।ਇਹ ਨੀਤੀ ਸਹੀ ਅਤੇ ਕਾਰਗਰ ਸਾਬਿਤ ਹੋ ਸਕਦੀ ਹੈ, ਪਰੰਤੂ ਅਜੋਕੇ ਸਮੇਂ ਵਿੱਚ ਜਦੋਂ ਏ ਆਈ ਤਕਨੀਕ ਦੀ ਮਦਦ ਨਾਲ ਜਾਅਲੀ ਅਕਾਊਂਟ ਬਣਾਉਣੇ ਅਤੇ ਮਾਤਾ-ਪਿਤਾ ਤੋਂ ਇਜਾਜ਼ਤ ਲੈਣੀ ਕੋਈ ਵੱਡੀ ਗੱਲ ਨਹੀਂ।ਉਸ ਸਮੇਂ ਕਿਵੇਂ ਬੱਚਿਆਂ ਨੂੰ ਸੋਸ਼ਲ ਮੀਡੀਏ ਦੇ ਪ੍ਰਭਾਵ ਤੋਂ ਦੂਰ ਰੱਖਿਆ ਜਾ ਸਕਦਾ ਹੈ, ਇਹ ਦੇਖਣਾ ਹੋਵੇਗਾ।ਬੀਤੇ ਸਾਲ ਅਸਟ੍ਰੇਲੀਆ ਨੇ ਵੀ ਆਪਣੇ ਦੇਸ਼ ਦੇ ਬੱਚਿਆਂ 'ਤੇ ਸੋਸ਼ਲ ਮੀਡੀਏ ਦੇ ਪ੍ਰਭਾਵ ਨੂੰ ਘਟਾਉਣ ਲਈ ਪਾਬੰਦੀ ਲਗਾਈ ਹੈ। ਇਹ ਕਿੰਨਾ ਕਾਰਗਰ ਸਾਬਿਤ ਹੋਇਆ ਇਸ ਬਾਰੇ ਵੀ ਕੋਈ ਰਿਪੋਰਟ ਅਜੇ ਤੱਕ ਜਨਤਕ ਨਹੀਂ ਕੀਤੀ ਗਈ। ਸੋਸ਼ਲ ਮੀਡੀਆ ਦਿਨੋਂ-ਦਿਨ ਬੱਚਿਆਂ ਦੀ ਜ਼ਿੰਦਗੀ ਵਿੱਚ ਦਖਲਅੰਦਾਜ਼ੀ ਕਰਦਾ ਹੋਇਆ ਜਿਥੇ ਉਹਨਾਂ ਦਾ ਕੀਮਤੀ ਬਚਪਨ ਖੋਹ ਰਿਹਾ ਹੈ, ਉਥੇ ਉਹਨਾਂ ਨੂੰ ਖੇਡਾਂ ਅਤੇ ਪੜ੍ਹਾਈ ਤੋਂ ਦੂਰ ਕਰਕੇ ਕੁਰਾਹੇ ਪਾ ਕੇ ਉਹਨਾਂ ਦੇ ਸੁਨਹਿਰੀ ਭਵਿੱਖ ਨੂੰ ਬਰਬਾਦ ਕਰ ਰਿਹਾ ਹੈ। ਸੋਸ਼ਲ ਮੀਡੀਏ ਦੇ ਪ੍ਰਭਾਵ ਨੂੰ ਘਟਾਉਣ ਲਈ ਕੇਵਲ ਕਾਨੂੰਨ ਦਾ ਸਹਾਰਾ ਨਹੀਂ ਲਿਆ ਜਾ ਸਕਦਾ, ਇਸ ਵਿੱਚ ਮਾਤਾ-ਪਿਤਾ ਅਤੇ ਅਧਿਆਪਕਾਂ ਨੂੰ ਵੀ ਆਪਣੀ ਜ਼ਿੰਮੇਵਾਰੀ ਨਿਭਾਉਣੀ ਹੋਵੇਗੀ। ਬੱਚਿਆਂ ਨੂੰ ਸੋਸ਼ਲ ਮੀਡੀਏ ਦੀ ਸੁਚੱਜੀ ਅਤੇ ਘੱਟ ਤੋਂ ਘੱਟ ਵਰਤੋਂ ਸੰਬੰਧੀ ਪ੍ਰੇਰਿਤ ਕਰਨਾ ਹੋਵੇਗਾ, ਇਸ ਵਿੱਚ ਸਮਾਜਿਕ ਕਾਰਕੁਨਾਂ ਅਤੇ ਸੰਚਾਰ ਦੇ ਸਾਧਨਾਂ ਦਾ ਵੀ ਸਹਾਰਾ ਲਿਆ ਜਾ ਸਕਦਾ ਹੈ।

**-ਰਜਵਿੰਦਰ ਪਾਲ ਸ਼ਰਮਾ**, 70873-67969

### ਪਾਣੀ ਪਲੀਤ ਨਾ ਕਰੋ

ਆਮ ਹੀ ਵੇਖਣ ਵਿੱਚ ਆ ਰਿਹਾ ਹੈ ਕਿ ਬਹੁਤੇ ਥਾਂਈਂ ਲੋਕ ਆਪਣੇ ਘਰਾਂ ਦਾ ਗੰਦਮੰਦ, ਕੂੜਾ ਆਦਿ ਵਗਦੇ ਪਾਣੀ ਵਿੱਚ ਸੁੱਟਦੇ ਰਹਿੰਦੇ ਹਨ । ਜਿਸ ਕਰਕੇ ਪੀਣਯੋਗ ਪਾਣੀ ਪਲੀਤ ਹੋਣ ਤੋਂ ਇਲਾਵਾ ਮਨੁੱਖੀ ਜ਼ਿੰਦਗੀਆਂ ਲਈ ਵੀ ਮਾਰੂ ਬਣ ਜਾਂਦਾ ਹੈ । ਇਸ ਤੋਂ ਇਲਾਵਾ ਵਹਿਮਾਂ-ਭਰਮਾਂ ਵਿੱਚ ਜ਼ਿਆਦਾ ਹੀ ਗਲਤਾਨ ਲੋਕ ਤਾਂ ਪਾਣੀ ਵਿੱਚ ਬਹੁਤ ਹੀ ਜ਼ਿਆਦਾ ਢਾਲੇ ਆਦਿ ਸੁੱਟਦੇ ਰਹਿੰਦੇ ਹਨ। ਬਹੁਤੇ ਥਾਂਈਂ ਕਾਰਖਾਨਿਆਂ ਵਾਲੇ ਵੀ ਜ਼ਹਿਰੀਲਾ ਪਾਣੀ ਵਗਦੇ ਪਾਣੀ ਵਿੱਚ ਸੁੱਟਦੇ ਰਹਿੰਦੇ ਹਨ, ਜੋ ਸਾਰੇ ਪਾਣੀ ਨੂੰ ਹੀ ਜ਼ਹਿਰੀਲਾ ਕਰ ਦਿੰਦੇ ਹਨ । ਫਿਰ ਇਹੋ ਜ਼ਹਿਰੀਲਾ ਪਾਣੀ ਅੱਗੇ ਜਾ ਕੇ ਇਸ ਪਾਣੀ ਨੂੰ ਪੀਣ ਵਾਲੇ ਲੋਕਾਂ ਨੂੰ ਗੰਭੀਰ ਬਿਮਾਰੀਆਂ ਦੀ ਲਪੇਟ ਵਿੱਚ ਜਕੜ ਲੈਂਦਾ ਹੈ । ਹਰ ਮਨੁੱਖ ਨੂੰ ਸਭ ਤੋਂ ਪਹਿਲਾਂ ਇਹ ਜ਼ਰੂਰ ਸੋਚਣਾ ਚਾਹੀਦਾ ਹੈ ਕਿ ਜੇਕਰ ਉਹ ਗੰਦਾ ਤੇ ਜ਼ਹਿਰੀਲਾ ਪਾਣੀ ਖੁਦ ਨਹੀਂ ਪੀ ਸਕਦਾ ਤਾਂ ਉਸ ਨੂੰ ਦੂਜਿਆਂ ਵਾਸਤੇ ਪਲੀਤ ਕਰਨ ਦਾ ਵੀ ਹੱਕ ਨਹੀਂ ਹੈ। ਸਾਨੂੰ ਸਭ ਨੂੰ ਰਲ-ਮਿਲ ਕੇ ਪਾਣੀ ਨੂੰ ਗੰਦਾ/ਪਲੀਤ ਹੋਣ ਤੋਂ ਬਚਾਉਣ ਲਈ ਖੁਦ ਤੋਂ ਬਿਨਾਂ ਕਿਸੇ ਹੋਰ ਦੇਰੀ ਕੀਤੇ ਪਹਿਲ ਕਰਨੀ ਚਾਹੀਦੀ ਹੈ । ਕਿਉਂਕਿ ਇਸੇ ਵਿੱਚ ਹੀ ਸਾਡੀ ਸਭ ਦੀ ਭਲਾਈ ਹੈ । ਕਿਉਂਕਿ ਇਸੇ ਕਰਕੇ ਹੀ ਤਾਂ ਕਿਹਾ ਜਾਂਦਾ ਹੈ ਕਿ ਜਲ ਹੈ ਤਾਂ ਕੱਲ੍ਹ ਹੈ, ਕਿਉਂਕਿ ਪਾਣੀ ਤੋਂ ਬਿਨਾਂ ਜੀਵਤ ਰਹਿਣਾ ਸੰਭਵ ਹੀ ਨਹੀਂ ਹੈ। ਗੁਰਬਾਣੀ ਵਿੱਚ ਤਾਂ ਪਾਣੀ ਨੂੰ ਪਿਤਾ ਦਾ ਦਰਜਾ ਦਿੱਤਾ ਗਿਆ ਹੈ । ਸਭ ਨੂੰ ਪਾਣੀ ਦੀ ਮਹੱਤਤਾ ਨੂੰ ਗੰਭੀਰਤਾ ਨਾਲ ਸਮਝਣਾ ਚਾਹੀਦਾ ਹੈ।

**-ਅੰਗਰੇਜ਼ ਸਿੰਘ ਵਿੱਕੀ**, 98888-70822

**ਪ੍ਰਕਾਸ਼ ਪੁਰਬ 'ਤੇ ਵਿਸ਼ੇਸ਼**

# ਬਾਦਸ਼ਾਹ ਦਰਵੇਸ਼ ਗੁਰੂ ਗੋਬਿੰਦ ਸਿੰਘ ਜੀ

**ਪਿਰਥੀਪਾਲ ਸਿੰਘ ਮਾੜੀਮੇਘਾ**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਇਸ ਵਾਰ 359ਵਾਂ ਪ੍ਰਕਾਸ਼ ਪੁਰਬ ਜੋ 6 ਜਨਵਰੀ ਨੂੰ ਹੈ। ਉਨ੍ਹਾਂ ਦੇ ਪਿਤਾ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਅਤੇ ਮਾਤਾ ਗੁਜਰੀ ਜੀ ਸਨ । ਉਨ੍ਹਾ ਦੇ ਦਾਦਾ ਜੀ ਸ੍ਰੀ ਗੁਰੂ ਹਰਿਗੋਬਿੰਦ ਸਨ। ਗੁਰੂ ਤੇਗ਼ ਬਹਾਦੁਰ ਜੀ ਔਰੰਗਜ਼ੇਬ ਵੱਲੋਂ ਭੇਜੇ ਜਾਂ ਆਪਣੀ ਮਰਜ਼ੀ ਨਾਲ ਜੋਧਪੁਰ ਦੇ ਰਾਜੇ ਨਾਲ ਬੰਗਾਲ ਵੱਲ ਨੂੰ ਜਾਣ ਲੱਗੇ ਆਪਣੀ ਗਰਭਵਤੀ ਪਤਨੀ ਗੁਜਰੀ ਨੂੰ ਕਿਰਪਾਲ ਚੰਦ ਦੀ ਸਪੁਰਦਾਰੀ ਥੱਲੇ ਪਟਨੇ ਛੱਡ ਗਏ । ਤੇਗ ਬਹਾਦਰ ਜੀ ਕਹਿ ਗਏ ਕਿ ਜੇ ਲੜਕਾ ਪੈਦਾ ਹੋਇਆ ਤਾਂ ਨਾਂਅ ਗੋਬਿੰਦ ਰੱਖਿਓ। ਤੇਗ ਬਹਾਦਰ ਜੀ ਬੰਗਾਲ ਤੋਂ ਅੱਗੇ ਆਸਾਮ ਪਹੁੰਚ ਗਏ । ਪਿੱਛੋਂ ਮਾਤਾ ਗੁਜਰੀ ਦੀ ਕੋਖ 'ਚੋਂ ਬਾਲ ਪੈਦਾ ਹੋਇਆ, ਜਿਸ ਦਾ ਨਾਂਅ ਗੋਬਿੰਦ ਰਾਏ ਰੱਖਿਆ ਗਿਆ।

ਗੋਬਿੰਦ ਰਾਏ ਬਾਲ ਉਮਰ ਵਿੱਚ ਆਪਣੇ ਹਾਣ ਦੇ ਬੱਚਿਆਂ ਨਾਲ ਟੋਲੀਆਂ ਵਿੱਚ ਜੰਗ ਦੀ ਖੇਡ ਹੀ ਖੇਡਦੇ ਸਨ।ਗੋਬਿੰਦ ਜੀ ਤੀਰ ਕਮਾਨ ਤੇ ਗੁਲੇਲ ਦੇ ਵੀ ਸ਼ੌਕੀਨ ਸਨ।ਖੇਡ ਵਿੱਚ ਗੋਬਿੰਦ ਰਾਏ ਦੇ ਹਿੱਸੇ ਆਮ ਹੀ ਸੈਨਾਪਤੀ ਜਾਂ ਬਾਦਸ਼ਾਹ ਦਾ ਰੋਲ ਹੀ ਆਉਂਦਾ ਸੀ। ਗੁਰੂ ਜੀ ਇਸ ਹਾਲਤ ਵਿੱਚ ਕਈ ਵਾਰ ਦੋਹਾਂ ਟੀਮਾਂ ਦਾ ਫੈਸਲਾ ਅਦਾਲਤਾਂ ਦੀ ਨਕਲ ਲਾ ਕੇ ਕਰਿਆ ਕਰਦੇ ਸਨ । ਬਾਲ ਗੋਬਿੰਦ ਰਾਏ ਜਦੋਂ ਔਰਤਾਂ ਦਰਿਆ 'ਚੋਂ ਸਿਰ 'ਤੇ ਘੜੇ ਰੱਖ ਕੇ ਪਾਣੀ ਭਰਨ ਜਾਂਦੀਆਂ ਤਾਂ ਤੀਰ ਕਮਾਨ ਦੇ ਨਿਸ਼ਾਨੇ ਨਾਲ ਤੋੜ ਦਿੰਦੇ । ਔਰਤਾਂ ਗੋਬਿੰਦ ਦੀ ਇਸ ਖੇਡ ਤੋਂ ਤੰਗ ਹੋ ਕੇ ਉਨ੍ਹਾ ਦੀ ਮਾਤਾ ਗੁਜਰੀ ਨੂੰ ਕੋਲ ਸ਼ਿਕਾਇਤ ਕਰਦੀਆਂ ਤੇ ਉਹ ਗੋਬਿੰਦ ਰਾਏ ਨੂੰ ਡਾਂਟਦੀ ।

ਗੋਬਿੰਦ ਰਾਏ ਦੇ ਬਚਪਨ ਦੀ ਇੱਕ ਹੋਰ ਕਹਾਣੀ ਬੜੀ ਮਸ਼ਹੂਰ ਹੈ। ਉਹ ਆਪਣੇ ਨਾਲ ਦੇ ਸਾਥੀਆਂ ਨਾਲ ਖੇਡ ਰਹੇ ਸਨ। ਪਟਨਾ ਦੇ ਰਾਜੇ ਦੀ ਸਵਾਰੀ ਗੁਜ਼ਰਨੀ ਸੀ। ਨਵਾਬ ਦਾ ਚੋਬਦਾਰ ਮੁੰਡਿਆਂ ਨੂੰ ਆਖਦਾ ਕਿ ਰਾਜਾ ਇਸ ਰਾਹ ਥਾਣੀਂ ਗੁਜ਼ਰ ਰਿਹਾ ਹੈ, ਸਾਰਿਆਂ ਨੇ ਉਸ ਨੂੰ ਸਲਾਮ ਕਰਨੀ ਹੈ। ਗੋਬਿੰਦ ਰਾਏ ਨੇ ਮੁੰਡਿਆਂ ਨੂੰ ਕਿਹਾ-ਸਲਾਮ ਨਹੀਂ ਕਰਨੀ, ਸਗੋਂ ਮੂੰਹ ਚੜਾ ਕੇ ਨਿਰਾਦਰ ਕਰਨਾ ਹੈ। ਮੁੰਡਿਆਂ ਨੇ ਉਸੇ ਤਰ੍ਹਾਂ ਕੀਤਾ ਤੇ ਦੌੜ ਗਏ।

ਗੋਬਿੰਦ ਰਾਏ ਦੇ ਪਿਤਾ ਗੁਰੂ ਤੇਗ਼ ਬਹਾਦਰ ਕੋਲ ਕਸ਼ਮੀਰ ਦੇ ਬ੍ਰਾਹਮਣ ਆਪਣੇ ਬਚਾਅ ਲਈ ਫਰਿਆਦ ਲੈ ਕੇ ਆਏ ਕਿ ਔਰੰਗਜ਼ੇਬ ਸਾਨੂੰ ਜ਼ਬਰਦਸਤੀ ਮੁਸਲਮਾਨ ਬਣਾ ਰਿਹਾ ਹੈ । ਗੁਰੂ ਤੇਗ ਬਹਾਦਰ ਜੀ ਸੁਣ ਕੇ ਕੁਝ ਚਿੰਤਾ ਵਿੱਚ ਪੈ ਗਏ। ਬਾਲ ਗੋਬਿੰਦ ਨੇ ਪਿਤਾ ਜੀ ਨੂੰ ਪੁੱਛਿਆ ਕੀ ਗੱਲ ਹੈ। ਸੁਣ ਕੇ ਗੋਬਿੰਦ ਨੇ ਕਿਹਾ-ਤੁਹਾਡੇ ਤੋਂ ਵੱਡਾ ਕੌਣ ਹੈ, ਜੋ ਉਨ੍ਹਾਂ ਦੇ ਬਚਾਅ ਲਈ ਮੁਗਲ ਹਾਕਮ ਔਰੰਗਜ਼ੇਬ ਨਾਲ ਗੱਲ ਕਰ ਸਕਦਾ ਹੋਵੇ।

ਔਰੰਗਜ਼ੇਬ ਨੂੰ ਵੀ ਜਾਣਕਾਰੀ ਮਿਲ ਗਈ ਕਿ ਕਸ਼ਮੀਰ ਦੇ ਹਿੰਦੂ ਗੁਰੂ ਤੇਗ ਬਹਾਦਰ ਕੋਲ ਆਪਣੇ ਬਚਾ ਲਈ ਗਏ ਹਨ। ਸਿੱਖਾਂ ਦੀ ਚੜ੍ਹਦੀ ਕਲਾ ਔਰੰਗਜ਼ੇਬ ਦੀਆਂ ਅੱਖਾਂ ਵਿੱਚ ਨਿੱਤ ਕੰਡੇ ਵਾਂਗ ਪਹਿਲਾਂ ਹੀ ਰੜਕਦੀ ਸੀ ਤੇ ਕਸ਼ਮੀਰੀ ਬ੍ਰਾਹਮਣਾਂ ਨੂੰ ਦਿੱਤੀ ਸਹਾਇਤਾ ਨੇ ਤਾਂ ਉਸ ਜ਼ਾਲਮ ਨੂੰ ਅੱਗ ਹੀ ਲਾ ਦਿੱਤੀ । ਔਰੰਗਜ਼ੇਬ ਨੇ ਗੁਰੂ ਤੇਗ ਬਹਾਦਰ ਨੂੰ ਦਿੱਲੀ ਤਲਬ ਕਰ ਲਿਆ । ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਆਪਣੇ ਪੁੱਤਰ ਗੋਬਿੰਦ ਰਾਏ ਨੂੰ ਕਿਹਾ-ਅਕਾਲ ਪੁਰਖ ਦੀ ਆਗਿਆ ਨਾਲ ਉਹ ਦਿੱਲੀ ਆਪਣਾ ਸੀਸ ਭੇਟ ਕਰਨ ਜਾ ਰਹੇ ਹਨ। ਸਾਡੀ ਦੇਹ ਨੂੰ ਰੁਲਣ ਤੋਂ ਬਚਾਉਣਾ ਤੇ ਇਸ ਦਾ ਮ੍ਰਿਤਕ ਸਸਕਾਰ ਕਰਨਾ ।

ਗੁਰੂ ਤੇਗ ਬਹਾਦਰ ਜੀ 9 ਸਾਲ ਦੇ ਗੋਬਿੰਦ ਰਾਏ ਨੂੰ ਗੁਰਗੱਦੀ 'ਤੇ ਬਿਠਾ ਕੇ ਆਖਦੇ ਕਿ ਅੱਜ ਤੋਂ ਪੀੜਤ ਹਿੰਦੂਆਂ ਦੀ ਰੱਖਿਆ ਹੁਣ ਤੁਹਾਡੇ ਜ਼ਿੰਮੇ ਹੈ ਤੇ ਆਪਣੇ ਪ੍ਰਾਣਾਂ ਦੀ ਆਹੂਤੀ ਦੇ ਕੇ ਇਸ ਨੂੰ ਨਿਭਾਉਣਾ ਹੈ। ਜੋ ਗੁਰੂ ਤੇਗ ਬਹਾਦਰ ਜੀ ਨੇ ਗੋਬਿੰਦ ਰਾਏ ਨੂੰ ਕਿਹਾ ਸੀ, ਉਹ ਹੀ ਜ਼ਾਲਮ ਔਰੰਗਜ਼ੇਬ ਨੇ ਕੀਤਾ ਤੇ ਦਿੱਲੀ ਦੇ ਚਾਂਦਨੀ ਚੌਂਕ ਵਿੱਚ ਸ਼ਹੀਦ ਕਰ ਦਿੱਤਾ । ਗੁਰੂ ਜੀ ਦਾ ਇੱਕ ਪ੍ਰਸੰਸਕ ਸੀਸ ਆਨੰਦਪੁਰ ਲੈ ਆਇਆ ਤੇ ਗੋਬਿੰਦ ਰਾਏ ਨੇ ਆਪਣੇ ਹੱਥੀਂ ਸੀਸ ਦਾ ਸਸਕਾਰ ਕੀਤਾ । ਧੜ ਦਾ ਦਿੱਲੀ ਵਿਖੇ ਸਸਕਾਰ ਕੀਤਾ ਗਿਆ।

ਗੁਰੂ ਗੋਬਿੰਦ ਰਾਏ ਦੇ ਦੋ ਵਿਆਹ ਛੋਟੀ ਉਮਰ ਵਿੱਚ ਹੀ ਹੋ ਗਏ ਸਨ। ਪਹਿਲਾ 23 ਹਾੜ 1734 ਸੰਮਤ ਨੂੰ ਲਾਹੌਰ ਦੇ ਸ੍ਰੀ ਹਰਜਸ ਖੱਤਰੀ ਦੀ ਧੀ ਜੀਤੋ ਨਾਲ ਹੋਇਆ, ਜਿਸ ਨੇ ਸਾਹਿਬਜ਼ਾਦੇ ਜੁਝਾਰ ਸਿੰਘ, ਜ਼ੋਰਾਵਰ ਸਿੰਘ ਤੇ ਫਤਿਹ ਸਿੰਘ ਨੂੰ ਜਨਮ ਦਿੱਤਾ। ਦੂਜਾ ਵਿਆਹ 7 ਵਿਸਾਖ 1741 ਸੰਮਤ ਨੂੰ ਲਾਹੌਰ ਦੇ ਹੀ ਸ੍ਰੀ ਰਾਮਸਰਨ ਦਾਸ ਦੀ ਧੀ ਸੁੰਦਰੀ ਨਾਲ ਹੋਇਆ, ਜਿਸ ਨੇ ਵੱਡੇ ਸਾਹਿਬਜ਼ਾਦੇ ਅਜੀਤ ਸਿੰਘ ਨੂੰ ਜਨਮ ਦਿੱਤਾ । ਤੀਜਾ ਵਿਆਹ ਜੀਤੋ ਦੀ ਮੌਤ ਤੋਂ ਬਾਅਦ ਸਾਹਿਬ ਦੇਵਾਂ ਨਾਲ ਹੋਇਆ ।

ਗੋਬਿੰਦ ਰਾਏ ਅੱਗੇ ਸਿੱਖ ਧਰਮ ਨੂੰ ਵਧਾਉਣ ਤੇ ਮਜ਼ਲੂਮਾਂ ਦੀ ਰਾਖੀ ਕਰਨ ਲਈ ਬੜੀ ਕਠਿਨਾਈ ਸੀ। ਇਸਲਾਮ ਦੀ ਬੜੀ ਵੱਡੀ ਮਜ਼ਬੂਤ ਹਕੂਮਤ ਸੀ।ਇੱਕ ਪਾਸੇ ਸਮੁੰਦਰ ਦੀਆਂ ਲਹਿਰਾਂ ਨੂੰ ਛੂੰਹਦੀ ਤੇ ਦੂਜੇ ਪਾਸੇ ਹਿਮਾਲੀਆ ਦੀਆਂ ਚੋਟੀਆਂ ਤੇ ਬਰਮਾ ਦੀ ਹੱਦ ਤੱਕ ਸੀ।ਏਡੀ ਵੱਡੀ ਸਲਤਨਤ ਨਾਲ ਮੁਕਾਬਲਾ ਕਰਨ ਲਈ ਗੁਰੂ ਗੋਬਿੰਦ ਰਾਏ ਕੋਲ ਨਾ ਕੋਈ ਜਗੀਰ-ਜਾਇਦਾਦ ਤੇ ਨਾ ਫੌਜ ਸੀ।

ਇਸ ਹਾਲਤ ਵਿੱਚ ਗੁਰੂ ਗੋਬਿੰਦ ਰਾਏ ਨੇ ਉੱਤਰ- ਪੱਛਮੀ ਪੰਜਾਬ ਦੇ ਇਲਾਕੇ ਵਿੱਚ ਉੱਤਰ-ਪੂਰਬ ਹਿਮਾਲਾ ਦੀਆਂ ਪਹਾੜੀਆਂ ਵਿੱਚ ਡੇਰਾ ਲਾ ਕੇ ਆਪਣਾ ਕੰਮ ਆਰੰਭ ਦਿੱਤਾ । ਇਸ ਸਾਰੇ ਇਲਾਕੇ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਚਾਰ ਦਾ ਵਾਹਵਾ ਅਸਰ ਸੀ।ਸਿੱਖ ਕਈ ਕੁਰਬਾਨੀਆਂ ਤੇ ਸ਼ਹਾਦਤਾਂ ਦੇ ਜਾਮ ਪੀ ਚੁੱਕੇ ਸਨ। ਗੋਬਿੰਦ ਰਾਏ ਨੇ 23 ਸਾਲ ਦੀ ਉਮਰ ਤੱਕ ਇਥੇ ਟਿਕ ਕੇ ਇਤਿਹਾਸ ਨੂੰ ਘੋਖਣ ਤੇ ਸੁਣਨ, ਆਪਣੇ ਸਿੱਖਾਂ ਨੂੰ ਵਿਦਿਆ ਦਿਵਾਉਣ, ਸ਼ਿਕਾਰ ਖੇਡਣ, ਸ਼ਸਤਰ ਚਲਾਉਣ ਤੇ ਨਿਸ਼ਾਨੇਬਾਜ਼ੀ ਦਾ ਹੁਨਰ ਆਪ ਵੀ ਸਿਖਿਆ ਤੇ ਸਿੱਖਾਂ ਨੂੰ ਵੀ ਸਿਖਾਇਆ। ਬੀਰ ਰਸ ਕਵਿਤਾ ਇਕੱਠੀ ਕਰਕੇ ਲੋਕ ਬੋਲੀ ਵਿੱਚ ਉਸ ਦਾ ਉਲੱਥਾ ਕਰਕੇ ਆਪਣੇ ਸਿੱਖਾਂ ਵਿੱਚ ਵੰਡੀ। ਹੌਲੀ-ਹੌਲੀ ਜੁਆਨੀ ਦੇ ਜੋਸ਼ ਵਿੱਚ ਉਬਾਲ ਆਇਆ। ਜੁਆਨੀ ਨੇ ਆਰਾਮ ਤਿਆਗ ਦਿੱਤਾ ਤੇ ਗੁਰੂ ਜੀ ਨਾਲ ਨਿਸ਼ਾਨਾ ਸਿੱਖਣ ਲਈ ਸ਼ਿਕਾਰ 'ਤੇ ਜਾਣ ਲੱਗ ਪਏ।

ਗੋਬਿੰਦ ਰਾਏ ਆਪਣੇ ਨਾਲ ਦਿਆਂ ਵਿੱਚ ਜਾਤਾਂ, ਬਰਾਦਰੀਆਂ ਦਾ ਖਾਤਮਾ ਕਰਕੇ ਖਾਲਸਾ (ਆਜ਼ਾਦ, ਪਵਿੱਤਰ) ਜਾਤ ਦੀ ਨੀਂਹ ਰੱਖ ਦਿੱਤੀ। ਹਿੰਦੂ ਧਰਮ ਦੀ ਵਰਣ ਵੰਡ ਖ਼ਤਮ ਕਰਕੇ 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ' ਦਾ ਉਦੇਸ਼ ਦਿੱਤਾ । ਦੂਜਾ ਉਦੇਸ਼ ਉਨ੍ਹਾ ਇਹ ਦਿੱਤਾ ਕਿ ਕੌਮੀ ਏਕਤਾ ਨੂੰ ਕਾਇਮ ਕਰਨ ਅਤੇ ਜ਼ਿੰਦਾ ਰੱਖਣ ਲਈ ਕੁਰਬਾਨੀਆਂ ਦੀ ਲੋੜ ਹੈ । ਗੁਰੂ ਜੀ ਨੇ ਇਸ ਮੌਕੇ ਸ਼ੂਦਰ ਤੇ ਨੀਚ ਜਾਤੀ ਦੇ ਲੋਕ, ਜੋ ਗੁਲਾਮਾਂ ਨਾਲੋਂ ਘੱਟ ਨਹੀਂ ਸਨ, ਉਨ੍ਹਾਂ ਨੂੰ ਆਜ਼ਾਦ ਕਰਾਉਣ ਤੇ ਨਾਲ ਜੋੜਣ ਦਾ ਕੰਮ ਕੀਤਾ।

ਗੁਰੂ ਗੋਬਿੰਦ ਰਾਏ ਨੇ 'ਨਾਹਨ' ਦੇ ਇਲਾਕੇ ਵਿੱਚ ਕੱਤਕ ਦੇ ਮਹੀਨੇ 1741 ਸੰਮਤ ਨੂੰ ਇੱਕ ਨਗਰ ਵਸਾ ਕੇ ਉਥੇ ਕਿਲ੍ਹਾ ਬਣਾਇਆ, ਜਿਸ ਦਾ ਨਾਂਅ 'ਪਾਉਂਟਾ' ਰੱਖਿਆ। ਔਰੰਗਜ਼ੇਬ ਨਾਲ ਨਾਰਾਜ਼ ਹੋਏ ਅਫਗਾਨ ਕਾਲੇ ਖਾਂ, ਨਿਜਾਬਤ ਖਾਂ, ਹਯਾਤ ਖਾਂ ਤੇ ਭੀਖਨ ਖ਼ਾਂ ਨੂੰ ਗੁਰੂ ਜੀ ਨੇ ਪਨਾਹ ਦਿੱਤੀ । ਪਹਾੜੀ ਰਾਜਿਆਂ ਨੇ ਵਿਸਾਖ ਸੰਮਤ 1742 ਨੂੰ ਗੁਰੂ ਜੀ 'ਤੇ ਹਮਲਾ ਕਰ ਦਿੱਤਾ । ਤਿੰਨ ਦਿਨ ਜੰਗ ਹੋਈ ਤੇ ਗੁਰੂ ਜੀ ਜਿੱਤ ਗਏ । ਇਸ ਜਿੱਤ ਤੋਂ ਬਾਅਦ ਗੁਰੂ ਜੀ ਦੀ ਫੌਜ ਵਿੱਚ ਹਿੰਦੂ ਰਲਦੇ ਗਏ । ਗੁਰੂ ਗੋਬਿੰਦ ਰਾਏ ਨੇ ਵਾਪਸ ਆਨੰਦਪੁਰ ਆ ਕੇ ਆਨੰਦਗੜ੍ਹ, ਹੋਲਗੜ੍ਹ, ਕੇਸਗੜ੍ਹ ਤੇ ਫਤਿਹਗੜ੍ਹ ਨਾਂਅ ਦੇ ਚਾਰ ਕਿਲ੍ਹੇ ਬਣਵਾਏ।

ਗੁਰੂ ਗੋਬਿੰਦ ਰਾਏ ਜੀ ਨੇ 1756 ਸੰਮਤ ਵਿੱਚ ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਖਾਲਸਾ ਪੰਥ ਦੀ ਨੀਂਹ ਰੱਖਣ ਵਾਸਤੇ ਦੇਸ਼ ਭਰ 'ਚੋਂ ਆਪਣੇ ਹਮਦਰਦਾਂ ਨੂੰ ਇਕੱਠਾ ਕੀਤਾ। ਜਦੋਂ ਸਾਰਾ ਪੰਡਾਲ ਭਰ ਗਿਆ ਤਾਂ ਗੁਰੂ ਗੋਬਿੰਦ ਰਾਏ ਜੀ ਨੰਗੀ ਕਿਰਪਾਨ ਲੈ ਕੇ ਆਖਦੇ ਕਿ ਬਲੀ ਲਈ ਇੱਕ ਸਿਰ ਚਾਹੀਦਾ । ਸੰਗਤ 'ਚੋਂ ਲਾਹੌਰ ਦਾ ਰਹਿਣ ਵਾਲਾ ਖੱਤਰੀ ਦਇਆ ਰਾਮ ਗੁਰੂ ਜੀ ਪਾਸ ਸਿਰ ਭੇਟ ਕਰਨ ਲਈ ਆਇਆ। ਗੁਰੂ ਜੀ ਅੰਦਰ ਤੰਬੂ ਵਿੱਚ ਲੈ ਗਏ। ਗੁਰੂ ਜੀ ਨੇ ਅੰਦਰ 5 ਬੱਕਰੇ ਬੰਨ੍ਹੇ ਹੋਏ ਸਨ । ਉਨ੍ਹਾਂ ਵਿਚੋਂ ਗੁਰੂ ਜੀ ਨੇ ਇੱਕ ਬੱਕਰਾ ਝਟਕਾ ਦਿੱਤਾ ਤੇ ਲਹੂ ਨਾਲ ਲਿਬੜੀ ਕਿਰਪਾਨ ਲੈ ਕੇ ਫਿਰ ਬਾਹਰ ਆ ਕੇ ਸੀਸ ਮੰਗਿਆ ।ਇਸ ਤਰ੍ਹਾਂ ਵਾਰੀ-ਵਾਰੀ ਹਸਤਨਾਪੁਰ ਦਾ ਰਹਿਣ ਵਾਲਾ ਧਰਮ ਰਾਏ ਜੱਟ, ਜਗਨਨਾਥ ਪੁਰੀ ਦਾ ਹਿੰਮਤ ਰਾਇ ਕੁਹਾਰ, ਦੁਆਰਕੇ ਦਾ ਮੋਹਕਮ ਚੰਦ ਛੀਂਬਾ ਤੇ ਬਿਦਰ ਦਾ ਨਾਈ ਸਾਹਿਬ ਚੰਦ ਅੱਗੇ ਵਧੇ ਤੇ ਆਪਣੇ ਸੀਸ ਪੇਸ਼ ਕੀਤੇ । ਗੁਰੂ ਜੀ ਨੇ ਤੰਬੂ ਵਿੱਚ ਲਿਜਾ ਕੇ ਪਹਿਲਾਂ ਦੀ ਤਰ੍ਹਾਂ ਹੀ ਕੀਤਾ ।

ਗੁਰੂ ਜੀ ਪੰਜਾਂ ਨੂੰ ਇੱਕ ਵੱਖਰੀ, ਨਿਰਾਲੀ ਵਰਦੀ ਵਿੱਚ ਸਜਾ ਕੇ ਤੇ ਆਪ ਵੀ ਵਰਦੀ ਪਾ ਕੇ ਬਾਹਰ ਆਏ । ਗੁਰੂ ਜੀ ਨੇ ਦਰਿਆ 'ਚੋਂ ਪਾਣੀ ਮੰਗਵਾਇਆ ਤੇ ਇੱਕ ਬਾਟੇ ਵਿੱਚ ਪਾ ਕੇ ਪਤਾਸੇ ਘੋਲੇ ਤੇ ਪੰਜ ਬਾਣੀਆਂ ਦਾ ਪਾਠ ਕਰਕੇ ਅੰਮ੍ਰਿਤ ਤਿਆਰ ਕੀਤਾ ।ਬਾਟੇ 'ਚੋਂ ਉਨ੍ਹਾਂ ਪੰਜਾਂ ਨੂੰ ਪੰਜ ਪੰਜ ਚੂਲੇ ਪਿਆਏ ਤੇ ਅੰਮ੍ਰਿਤ ਛਕਾ ਕੇ ਸਿੰਘ ਬਣਾ ਦਿੱਤਾ। ਆਪ ਫਿਰ ਉਨ੍ਹਾਂ ਕੋਲੋਂ ਅੰਮ੍ਰਿਤ ਛਕਿਆ ਤੇ ਗੋਬਿੰਦ ਰਾਏ ਤੋਂ ਗੋਬਿੰਦ ਸਿੰਘ ਬਣੇ । ਫਿਰ ਸਾਰਿਆਂ ਨੇ



'ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ' ਦਾ ਜੈਕਾਰਾ ਗਜਾਇਆ । ਇਸ ਤਰ੍ਹਾਂ ਗੁਰੂ ਗੋਬਿੰਦ ਸਿੰਘ ਜੀ ਨੇ ਪਹਿਲੀ ਜਾਤ-ਪਾਤ ਤੇ ਵਰਣ ਖ਼ਤਮ ਕਰਕੇ ਸਿੱਖਾਂ ਦੀ ਇੱਕ ਜਾਤ ਬਣਾ ਦਿੱਤੀ। ਜੱਟ ਨੂੰ ਉੱਚੀ ਜਾਤ ਵਾਲੇ ਸ਼ੂਦਰ ਸਮਝਦੇ ਸਨ ।ਉਹ ਤਾਂ ਗੁਰੂ ਜੀ ਵੱਲ ਪਾਣੀ ਦੇ ਵਹਾਅ ਦੀ ਤਰ੍ਹਾਂ ਦੌੜੇ ਆਏ।

ਗੁਰੂ ਜੀ ਦੇ ਦਰਬਾਰ ਵਿੱਚ ਬੀਰ ਰਸ ਕਵਿਤਾ ਪਾਠ ਅਤੇ ਗਿਆਨ ਚਰਚਾ ਹੁੰਦੀ ਰਹਿੰਦੀ ਸੀ, ਪਰ ਕਈ ਵਾਰ ਭੰਡ ਵੀ ਆਉਂਦੇ ਸਨ। ਭੰਡਾਂ ਦੀਆਂ ਨਕਲਾਂ ਤੇ ਚੁਹਲਬਾਜ਼ੀਆਂ ਤੋਂ ਜਿਥੇ ਸਿੱਖਾਂ ਦਾ ਮਨੋਰੰਜਨ ਹੁੰਦਾ ਸੀ, ਉਥੇ ਸਮਾਜ ਦਾ ਅਸਲੀ ਚਿੱਤਰ ਵੀ ਸਾਹਮਣੇ ਆਉਂਦਾ ਸੀ। ਇੱਕ ਦਿਨ ਗੁਰੂ ਜੀ ਨੇ ਭੰਡਾਂ ਤੋਂ ਮਸੰਦਾਂ ਦੀ ਆਮ ਲੁਕਾਈ ਨਾਲ ਠੱਗੀ ਕਰਨ ਦੀਆਂ ਨਕਲਾਂ ਕਰਾਈਆਂ ਤੇ ਦਰਸ਼ਕਾਂ ਦੇ ਹੱਸ-ਹੱਸ ਕੇ ਢਿੱਡੀਂ ਪੀੜਾਂ ਪੈ ਗਈਆਂ।

ਗੁਰੂ ਜੀ ਦੀ ਵਧ ਰਹੀ ਤਾਕਤ ਨੂੰ ਰੋਕਣ ਲਈ ਪਹਾੜੀ ਰਾਜਿਆਂ ਨੇ ਗੁਰੂ ਦੀ ਫੌਜ 'ਤੇ ਹਮਲਾ ਕੀਤਾ ਤੇ ਰਾਜੇ ਗੁਰੂ ਦੀ ਫੌਜ ਤੋਂ ਹਾਰ ਗਏ। ਆਪਣੀ ਹਾਰ ਦਾ ਬਦਲਾ ਲੈਣ ਲਈ ਪਹਾੜੀ ਰਾਜਿਆਂ ਨੇ ਸੂਬਾ ਸਰਹੰਦ ਤੋਂ ਫ਼ੌਜੀ ਮਦਦ ਲੈ ਕੇ ਫਿਰ ਆਨੰਦਪੁਰ ਸਾਹਿਬ 'ਤੇ ਹੱਲਾ ਬੋਲ ਦਿੱਤਾ। ਤੀਹ ਦਿਨ ਘਮਸਾਨ ਹੋਇਆ। ਇਸ ਯੁੱਧ ਵਿੱਚ ਗੁਰੂ ਜੀ ਦੇ ਸਾਹਿਬਜ਼ਾਦੇ ਅਜੀਤ ਸਿੰਘ ਨੇ ਬਹਾਦਰੀ ਦਾ ਸਬੂਤ ਵਿਖਾਇਆ। ਬਚਿੱਤਰ ਸਿੰਘ ਨੇ ਮਸਤ ਹਾਥੀ ਨੂੰ ਜ਼ਖ਼ਮੀ ਕਰਕੇ ਭਜਾਇਆ। ਗੁਰੂ ਜੀ ਦੀਆਂ ਫ਼ੌਜਾਂ ਦੀ ਫਿਰ ਜਿੱਤ ਹੋਈ ।

ਪਹਾੜੀ ਰਾਜਿਆਂ ਤੇ ਸੂਬਾ ਸਰਹੰਦ ਦੀ ਫੌਜ ਨੇ ਕੀਰਤਪੁਰ 'ਤੇ ਹਮਲਾ ਕਰ ਦਿੱਤਾ। ਗੁਰੂ ਜੀ ਦਾ ਇੱਕ ਸ਼ਰਧਾਲੂ ਸਿੱਖ ਗੁਰੂ ਜੀ ਦੇ ਸੱਦੇ 'ਤੇ ਪਿਸ਼ਾਵਰ ਵਿੱਚ ਆਪਣੀ ਸ਼ਾਦੀ ਅਧੂਰੀ ਛੱਡ ਕੇ ਗੁਰੂ ਜੀ ਪਾਸ ਪਹੁੰਚ ਗਿਆ।ਮੁਗਲ ਫੌਜਾਂ ਨੇ ਆਨੰਦਪੁਰ ਨੂੰ ਘੇਰ ਲਿਆ । ਇਸ ਜੰਗ ਵਿੱਚ ਕੁਝ ਸਿੱਖਾਂ ਨੇ ਗੁਰੂ ਜੀ ਦੇ ਹੁਕਮ ਦੀ ਪਾਲਣਾ ਨਾ ਕੀਤੀ ਤੇ ਲਿਖ ਕੇ ਦਿੱਤਾ ਕਿ ਅਸੀਂ ਜੰਗ ਨਹੀਂ ਲੜਨਾ ਚਾਹੁੰਦੇ ਤੇ ਉਹ ਘਰਾਂ ਨੂੰ ਆ ਗਏ। ਗੁਰੂ ਜੀ ਆਨੰਦਪੁਰ ਦੇ ਕਿਲ੍ਹੇ ਵਿੱਚ ਆਪਣੇ ਪ੍ਰਵਾਰ ਤੇ ਕੁਝ ਸਿੱਖਾਂ ਨਾਲ ਘਿਰੇ ਹੋਏ ਸਨ । ਪਹਾੜੀ ਰਾਜਿਆਂ ਨੇ ਗੁਰੂ ਜੀ ਨੂੰ ਸੰਦੇਸ਼ ਭੇਜਿਆ ਕਿ ਉਹ ਉਹ ਕਿਲ੍ਹੇ ਨੂੰ ਖਾਲੀ ਕਰ ਜਾਣ ਉਨ੍ਹਾਂ ਦਾ ਪਿੱਛਾ ਨਹੀਂ ਕੀਤਾ ਜਾਵੇਗਾ । ਇਹ ਗੁਰੂ ਜੀ ਨਾਲ ਧੋਖਾ ਸੀ । ਗੁਰੂ ਜੀ ਕੀਰਤਪੁਰ ਵੱਲ ਹੋ ਤੁਰੇ ਤੇ ਮੁਗਲ ਤੇ ਰਾਜਪੂਤ ਫੌਜਾਂ ਆਨੰਦਪੁਰ ਨੂੰ ਲੁੱਟ ਕੇ ਕਸਮਾਂ ਤੋੜ ਕੇ ਗੁਰੂ ਜੀ ਮਗਰ ਲੱਗ ਤੁਰੀਆਂ । ਗੁਰੂ ਜੀ ਸਰਸਾ ਨਦੀ ਦੇ ਕੰਢੇ ਪਹੁੰਚ ਗਏ । ਸਰਸਾ ਭਰ ਕੇ ਵਗ ਰਹੀ ਸੀ ਤੇ ਪਾਰ ਹੋਣਾ ਮੁਸ਼ਕਲ ਸੀ। ਮਗਰ ਸ਼ਾਹੀ ਫੌਜਾਂ ਆ ਰਹੀਆਂ ਸਨ । ਕੁਝ ਸਿੱਖਾਂ ਦੀ ਹਿੰਮਤ ਨਾਲ ਗੁਰੂ ਜੀ ਦੇ ਪਰਵਾਰ ਨੂੰ ਸਰਸਾ ਨਦੀ ਪਾਰ ਕਰਵਾਈ । ਕੁਝ ਸ਼ਰਧਾਲੂ ਗੁਰੂ ਜੀ ਦੀਆਂ ਦੋਵੇਂ ਪਤਨੀਆਂ ਸੁੰਦਰ ਕੌਰ ਤੇ ਸਾਹਿਬ ਕੌਰ ਨੂੰ ਸੁਰੱਖਿਅਤ ਦਿੱਲੀ ਛੱਡ ਆਏ। ਪਿੱਛੋਂ ਮੁਸਲਮਾਨਾਂ ਨੇ ਹਮਲਾ ਕਰ ਦਿੱਤਾ, ਜਿਹੜੇ ਸਿੰਘ ਗੁਰੂ ਜੀ ਦੇ ਨਾਲ ਸਨ, ਉਨ੍ਹਾਂ ਮੁਕਾਬਲਾ ਕੀਤਾ, ਪਰ ਸਿੰਘ ਘੱਟ ਹੋਣ ਕਰਕੇ ਖਿੱਲਰ-ਪੁਲਰ ਗਏ।

ਗੁਰੂ ਗੋਬਿੰਦ ਸਿੰਘ ਜੀ ਆਪਣੇ ਬਚੇ ਹੋਏ 40 ਸਿੰਘਾਂ ਤੇ ਆਪਣੇ ਵੱਡੇ ਸਾਹਿਬਜ਼ਾਦਿਆਂ ਨਾਲ ਚਮਕੌਰ ਦੀ ਕੱਚੀ ਗੜ੍ਹੀ ਵਿੱਚ ਜਾ ਵੜੇ। ਗੁਰੂ ਜੀ ਦੇ ਮਾਤਾ ਜੀ ਨੇ ਆਪਣੇ ਦੋ ਮਾਸੂਮ ਪੋਤਰਿਆਂ ਨਾਲ ਆਪਣੇ ਪੁਰਾਣੇ ਰਸੋਈਏ ਗੰਗੂ ਬ੍ਰਾਹਮਣ ਦੇ ਘਰ ਪਨਾਹ ਲੈ ਲਈ। ਓਧਰ ਸ਼ਾਹੀ ਫੌਜ ਤੇ ਹਿੰਦੂ ਰਾਜਿਆਂ ਦੀ ਫ਼ੌਜ ਨੇ ਕੱਚੀ ਗੜ੍ਹੀ 'ਤੇ ਹਮਲਾ ਕਰ ਦਿੱਤਾ। ਇੱਕ ਪਾਸੇ 40 ਸਿੰਘ ਤੇ ਦੂਜੇ ਪਾਸੇ ਲੱਖਾਂ ਦੀ ਗਿਣਤੀ।ਗੁਰੂ ਗੋਬਿੰਦ ਸਿੰਘ ਜੀ ਇੱਥੇ ਮੁਕਾਬਲਾ ਕਰਦੇ ਰਹੇ । ਆਪਣੀਆਂ ਅੱਖਾਂ ਸਾਹਮਣੇ ਆਪਣੇ ਦੋਵੇਂ ਵੱਡੇ ਪੁੱਤਰ ਸ਼ਹੀਦ ਹੁੰਦੇ ਵੇਖੇ। ਜੰਗ ਵਿੱਚ 40 'ਚੋਂ 35 ਸਿੰਘ ਸ਼ਹੀਦ ਹੋ ਗਏ। ਪੰਜ ਸਿੰਘਾਂ ਦੇ ਗੁਰਮਤੇ ਅਨੁਸਾਰ ਗੁਰੂ ਜੀ ਰਾਤ ਦੇ ਹਨੇਰੇ ਵਿੱਚ ਸ਼ਹੀਦ ਸਿੰਘਾਂ ਤੇ ਆਪਣੇ ਸਾਹਿਬਜ਼ਾਦਿਆਂ ਦਾ ਮੱਥਾ ਚੁੰਮ ਕੇ ਗੜ੍ਹੀ 'ਚੋਂ ਨਿਕਲੇ।

ਗੁਰੂ ਜੀ ਦੀ ਮਾਤਾ ਤੇ ਛੋਟੇ ਸਾਹਿਬਜ਼ਾਦੇ, ਜਿਸ ਗੰਗੂ ਬ੍ਰਾਹਮਣ ਦੇ ਘਰ ਠਹਿਰੇ ਸਨ, ਉਸ ਦਾ ਮਨ ਸੋਨੇ, ਹੀਰਿਆਂ 'ਤੇ ਬੇਈਮਾਨ ਹੋ ਗਿਆ। ਮਾਤਾ ਜੀ ਕੋਲ ਹੀਰੇ ਜਵਾਹਰਾਤਾਂ ਦਾ ਬਕਸਾ ਸੀ। ਗੰਗੂ ਬ੍ਰਾਹਮਣ ਨੇ ਸੂਬਾ ਸਰਹੰਦ ਨੂੰ ਖ਼ਬਰ ਦੇ ਦਿੱਤੀ। ਸੂਬੇ ਨੇ ਤਿੰਨਾਂ ਨੂੰ ਇੱਕ ਬੁਰਜ ਵਿੱਚ ਕੈਦ ਕਰ ਦਿੱਤਾ।ਬੱਚਿਆਂ ਨੂੰ ਧਰਮ ਬਦਲਣ ਵਾਸਤੇ ਕਿਹਾ ਗਿਆ, ਪਰ ਉਹ ਨਾ ਮੰਨੇ। ਅਖੀਰ ਸੂਬੇ ਨੇ ਦੋਵਾਂ ਮਸੂਮ ਬੱਚਿਆਂ ਨੂੰ ਦੀਵਾਰ ਵਿੱਚ ਚਿਣ ਕੇ ਸ਼ਹੀਦ ਕੀਤਾ। ਜਦੋਂ ਬੱਚਿਆਂ ਦੀ ਦਾਦੀ ਨੂੰ ਸੂਬੇ ਦੀ ਇਸ ਕਰਤੂਤ ਦਾ ਪਤਾ ਲੱਗਾ ਤਾਂ ਉਹ ਸਦਮਾ ਨਾ ਸਹਾਰ ਸਕੀ ਤੇ ਪ੍ਰਾਣ ਤਿਆਗ ਗਈ।

ਸ਼ਾਹੀ ਫੌਜਾਂ ਸਵੇਰੇ ਚਮਕੌਰ ਦੀ ਗੜ੍ਹੀ 'ਚੋਂ ਗੁਰੂ ਦੀ ਲਾਸ਼ ਲੱਭਣ ਲੱਗ ਪਈਆਂ, ਪਰ ਗੁਰੂ ਜੀ ਤਾਂ ਜਾ ਚੁੱਕੇ ਸਨ।ਗੁਰੂ ਜੀ ਮਾਛੀਵਾੜੇ ਦੇ ਜੰਗਲਾਂ ਵਿੱਚ ਆਰਾਮ ਕਰ ਰਹੇ ਸਨ। ਉਥੇ ਆਪਣੇ ਬਾਗ਼ ਵਿੱਚ ਦੋਵੇਂ ਪਠਾਨ ਭਰਾ ਨਬੀ ਖਾਂ ਤੇ ਗਨੀ ਖਾਂ ਸੈਰ ਕਰਦੇ ਆ ਗਏ ਤੇ ਉਨ੍ਹਾਂ ਗੁਰੂ ਜੀ ਨੂੰ ਪਹਿਚਾਣ ਲਿਆ। ਉਹ ਗੁਰੂ ਜੀ ਨੂੰ ਘੋੜੇ ਵੇਚਦੇ ਹੁੰਦੇ ਸਨ।ਉਹ ਗੁਰੂ ਜੀ ਨੂੰ ਹਿਫ਼ਾਜ਼ਤ ਨਾਲ ਬਹਿਲੋਲਪੁਰ ਛੱਡ ਆਏ। ਇਥੋਂ ਗੁਰੂ ਜੀ ਨੂੰ ਉੱਚ ਦਾ ਪੀਰ ਬਣਾ ਕੇ ਮਾਲਵੇ ਤੱਕ ਪਲੰਘ 'ਤੇ ਬਿਠਾ ਕੇ ਖੜਿਆ ।

ਮਾਲਵੇ ਵਿੱਚ ਜਿਉਂ-ਜਿਉਂ ਸਿੰਘਾਂ ਨੂੰ ਪਤਾ ਲਗਦਾ ਗਿਆ ਕਿ ਸਾਡਾ ਗੁਰੂ ਜਿਉਂਦਾ ਹੈ, ਉਹ ਇਕੱਠੇ ਹੁੰਦੇ ਗਏ । ਜਿਨ੍ਹਾਂ ਸਿੰਘਾਂ 'ਬੇਦਾਵਾ' ਦਿੱਤਾ ਸੀ, ਉਨ੍ਹਾਂ ਨੂੰ ਮਾਈ ਭਾਗੋ ਜੋ ਕਸਬਾ ਝਬਾਲ ਜ਼ਿਲ੍ਹਾ ਤਰਨ ਤਾਰਨ ਦੀ ਵਸਨੀਕ ਸੀ, ਨੇ ਫਿਰ ਜੰਗ ਲੜਨ ਲਈ ਤਿਆਰ ਕਰ ਲਿਆ। ਮਾਈ ਭਾਗੋ 40 ਸਿੰਘਾਂ ਨੂੰ ਲੈ ਕੇ ਗੁਰੂ ਦੇ ਪਾਸ ਪਹੁੰਚ ਗਈ। ਏਧਰ ਮੁਗਲ ਫੌਜ ਵੀ ਗੁਰੂ ਸਾਹਿਬ ਦਾ ਪਿੱਛਾ ਕਰ ਰਹੀ ਸੀ। ਅਖੀਰ ਖਿਦਰਾਣੇ ਦੀ ਢਾਬ 'ਤੇ ਜੰਗ ਹੋਈ। ਮੁਗਲਾਂ ਦੀ ਪਿਆਸੀ ਹੋਈ ਫੌਜ ਪਾਣੀ ਪੀਣ ਲਈ ਤਰਾਸ-ਤਰਾਸ ਕਰਦੀ ਹੋਈ ਦੌੜ ਗਈ। ਬੇਦਾਵਾ ਦੇਣ ਵਾਲੇ 40 ਸਿੰਘ ਵੀ ਸ਼ਹੀਦ ਹੋ ਗਏ। ਜਦੋਂ ਗੁਰੂ ਜੀ ਜ਼ਖ਼ਮੀ ਸਿੰਘਾਂ ਨੂੰ ਵੇਖਣ ਨਿਕਲੇ ਤਾਂ ਮਹਾਂ ਸਿੰਘ ਸਹਿਕਦਾ ਸੀ। ਉਸ ਨੇ ਅੱਖਾਂ ਖੋਲ੍ਹੀਆਂ ਤੇ ਗੁਰੂ ਜੀ ਨੂੰ ਕਿਹਾ,-ਸੱਚੇ ਪਾਤਸ਼ਾਹ, ਇਕੋ ਹੀ ਬੇਨਤੀ ਹੈ, ਅਸੀਂ ਜਿਹੜਾ ਬੇਦਾਵਾ ਲਿਖਿਆ ਸੀ, ਉਸ ਨੂੰ ਪਾੜ ਦਿਓ। ਗੁਰੂ ਜੀ ਨੇ ਬੇਦਾਵਾ ਕਮਰਕੱਸੇ 'ਚੋਂ ਕੱਢਿਆ ਤੇ ਪੁਰਜ਼ੇ-ਪੁਰਜ਼ੇ ਕਰਕੇ ਸੁੱਟ ਦਿੱਤਾ । ਮਾਈ ਭਾਗੋ ਜ਼ਖ਼ਮੀ ਸੀ 'ਤੇ ਉਸ ਦਾ ਦਵਾ-ਦਾਰੂ ਕਰਕੇ ਉਸ ਨੂੰ ਬਚਾ ਲਿਆ ।

ਗੁਰੂ ਗੋਬਿੰਦ ਸਿੰਘ ਜੀ ਗੋਦਾਵਰੀ ਨਦੀ ਦੇ ਕੰਢੇ 'ਤੇ ਬੰਦਾ ਬਹਾਦਰ ਨੂੰ ਮਿਲੇ।ਬੰਦਾ ਇਥੇ ਝੁੱਗੀ ਪਾ ਕੇ ਵੈਰਾਗੀ ਦੀ ਸ਼ਕਲ ਵਿੱਚ ਰਹਿੰਦਾ ਸੀ । ਗੁਰੂ ਜੀ ਨੇ ਬੰਦੇ ਨੂੰ ਆਪਣੀ ਸਾਰੀ ਵਾਰਤਾ ਦੱਸੀ ਤੇ ਉਹ ਸੂਬਾ ਸਰਹੰਦ ਤੋਂ ਬਦਲਾ ਲੈਣ ਲਈ ਤਿਆਰ ਹੋ ਗਿਆ। ਗੁਰੂ ਜੀ ਨੇ ਪੰਜਾਬ ਵਿੱਚ ਆਪਣੇ ਸਿੱਖਾਂ ਨੂੰ ਸੰਦੇਸ਼ ਭੇਜਿਆ ਕਿ ਬੰਦਾ ਬਹਾਦਰ ਆ ਰਿਹਾ ਹੈ, ਕੌਮ ਦਾ ਬਦਲਾ ਲੈਣ ਲਈ, ਉਸ ਦਾ ਸਾਥ ਦਿੱਤਾ ਜਾਵੇ। ਬੰਦੇ ਨੇ ਫਿਰ ਸਰਹੰਦ ਦੀ ਇੱਟ ਨਾਲ ਇੱਟ ਖੜਕਾਈ ਤੇ ਗੁਰੂ ਗੋਬਿੰਦ ਸਿੰਘ ਤੇ ਉਨ੍ਹਾ ਦੇ ਪਰਵਾਰ 'ਤੇ ਹੋਏ ਜ਼ੁਲਮਾਂ ਦਾ ਬਦਲਾ ਲਿਆ।

4 ਭਾਦੋਂ 1764 ਬਿਕ੍ਰਮੀ ਦੀ ਸ਼ਾਮ ਨੂੰ ਇੱਕ ਪਾਪੀ ਗੁਰੂ ਜੀ ਪਾਸ ਆਇਆ। ਉਹ ਪਲੰਘ 'ਤੇ ਲੇਟੇ ਹੋਏ ਸਨ। ਉਸ ਦੁਸ਼ਟ ਨੇ ਗੁਰੂ ਜੀ ਦੇ ਪੇਟ ਵਿੱਚ ਛੁਰਾ ਮਾਰਿਆ। ਗੁਰੂ ਜੀ ਉੱਠੇ ਤੇ ਦੂਜਾ ਵਾਰ ਕਰਨ ਤੋਂ ਪਹਿਲਾਂ ਹੀ ਉਸ ਪਾਪੀ ਨੂੰ ਉਥੇ ਹੀ ਢੇਰੀ ਕਰ ਦਿੱਤਾ। ਗੁਰੂ ਜੀ ਦੇ ਜਖਮ ਪੂਰੇ ਠੀਕ ਨਾ ਹੋਏ ਤੇ 15 ਕੱਤਕ 1765 ਬਿਕ੍ਰਮੀ ਨੂੰ ਜੋਤੀ ਜੋਤ ਸਮਾ ਗਏ। (7 ਅਕਤੂਬਰ 1708 ਈਸਵੀ)

**# ਸੰਪਰਕ : 98760-78731**

# ਡੇਰਿਆਂ ਦੀ ਗੁਲਾਮ ਸਿਆਸਤ ਜਾਂ ਸਿਆਸਤ ਦੇ ਗੁਲਾਮ ਡੇਰੇ



**ਹਰਬੰਸ ਸਿੰਘ**

ਅਸੀਂ ਜਦੋਂ ਵੀ ਡੇਰਿਆਂ ਦੀ ਗੱਲ ਕਰਨੀ ਸ਼ੁਰੂ ਕਰਦੇ ਹਾਂ ਤਾਂ ਕਈ ਤਰ੍ਹਾਂ ਦੇ ਸਵਾਲ ਸਾਡੇ ਸਾਹਮਣੇ ਆ ਕੇ ਖੜ੍ਹੇ ਹੋ ਜਾਂਦੇ ਹਨ। ਜਿਵੇਂ ਕਿ ਡੇਰਿਆਂ ਦੀ ਹੋਂਦ ਦਾ ਕਾਰਣ ਕੀ ਹੈ ? ਡੇਰਿਆਂ ਦਾ ਲੋਕਾਂ 'ਤੇ ਪ੍ਰਭਾਵ ਕੀ ਹੈ? ਕੀ ਡੇਰੇ ਲੋਕ-ਪੱਖੀ ਕੰਮ ਕਰਦੇ ਹਨ? ਆਮ ਲੋਕਾਂ ਨੂੰ ਡੇਰੇ ਕਿੰਨਾ ਕੁ ਪ੍ਰਭਾਵਿਤ ਕਰਦੇ ਹਨ? ਧਰਮ ਦਾ ਡੇਰਿਆਂ ਨਾਲ ਕੀ ਸਬੰਧ ਹੈ? ਡੇਰਿਆਂ ਦੇ ਪ੍ਰਫੁੱਲਤ ਹੋਣ ਦੇ ਕਾਰਨ ਕੀ ਹਨ ?

ਅਜਿਹੀਆਂ ਹੋਰ ਵੀ ਬਹੁਤ ਸਾਰੀਆਂ ਗੱਲਾਂ ਹਨ, ਜਿਸ 'ਤੇ ਸਾਨੂੰ ਸਾਰਿਆਂ ਨੂੰ ਡੂੰਘਾਈ ਨਾਲ ਵਿਚਾਰ ਕਰਨਾ ਚਾਹੀਦਾ ਹੈ। ਜੇਕਰ ਅਸੀਂ ਪੰਜਾਬ ਦੀ ਗੱਲ ਕਰੀਏ ਤਾਂ ਪਤਾ ਲਗਦਾ ਹੈ ਕਿ ਇੱਥੇ ਪੰਜ-ਸੱਤ ਪਿੰਡਾਂ ਮਗਰ ਕੋਈ ਨਾ ਕੋਈ ਛੋਟਾ-ਵੱਡਾ ਡੇਰਾ ਲੋਕਾਂ ਦੀ ਸ਼ਰਧਾ ਦਾ ਕੇਂਦਰ ਜ਼ਰੂਰ ਬਣਿਆ ਹੋਇਆ ਹੈ। ਧਾਗੇ-ਤਵੀਤ ਕਰਨ ਵਾਲੇ ਛੋਟੇ-ਛੋਟੇ ਡੇਰਿਆਂ ਤੋਂ ਲੈ ਕੇ ਲੱਖਾਂ ਦੀ ਗਿਣਤੀ 'ਚ ਸ਼ਰਧਾਲੂਆਂ ਦਾ ਵੱਡਾ ਇਕੱਠ ਕਰਨ ਵਾਲੇ ਇਹਨਾਂ ਡੇਰਿਆਂ ਦੀ ਗਿਣਤੀ ਹਜ਼ਾਰਾਂ 'ਚ ਵੀ ਹੋਵੇ ਤਾਂ ਇਹ ਕੋਈ ਅਤਿਕਥਨੀ ਨਹੀਂ ਹੋਵੇਗੀ। ਆਮ ਲੋਕਾਂ ਦਾ ਇਹਨਾਂ ਡੇਰਿਆਂ 'ਤੇ ਜਾਣ ਦਾ ਮੁੱਖ ਕਾਰਨ ਮਾਨਸਿਕ ਤੌਰ 'ਤੇ ਕਮਜ਼ੋਰ ਹੋਣਾ ਹੀ ਮੰਨਿਆ ਜਾ ਸਕਦਾ ਹੈ। ਇਨ੍ਹਾਂ ਡੇਰਿਆਂ ਵਿੱਚ ਅਨਪੜ੍ਹ ਤੋਂ ਲੈ ਕੇ ਉੱਚ ਸਿੱਖਿਅਤ ਲੋਕ ਅਤੇ ਗਰੀਬ ਤੋਂ ਲੈ ਕੇ ਬਹੁਤ ਅਮੀਰ ਤੱਕ ਸਾਰੇ ਤਰ੍ਹਾਂ ਦੇ ਲੋਕ ਹੀ ਜਾਂਦੇ ਹਨ। ਲਗਾਤਾਰ ਜਾਣ ਨਾਲ ਲੋਕਾਂ ਦੀ ਆਸਥਾ ਡੇਰੇ ਦੇ ਮੁਖੀ ਪ੍ਰਤੀ ਰੱਬ ਦੀ ਤਰ੍ਹਾਂ ਪੱਕੀ ਹੋ ਜਾਂਦੀ ਹੈ। ਪਸ਼ੂ ਬਿਮਾਰ ਹੋਵੇ ਜਾਂ ਫਿਰ ਜਵਾਕ ਬਿਮਾਰ ਹੋਵੇ, ਔਰਤਾਂ ਨੂੰ ਇਹਨਾਂ ਡੇਰੇ ਵਾਲਿਆਂ ਬਾਬਿਆਂ 'ਤੇ ਬਹੁਤ ਵਿਸ਼ਵਾਸ ਹੁੰਦਾ ਹੈ ਕਿ ਇਹਨਾਂ ਬਾਬਿਆਂ ਦੇ ਅਸ਼ੀਰਵਾਦ ਨਾਲ ਬਿਮਾਰੀ ਠੀਕ ਹੋ ਜਾਵੇਗੀ। ਇਨ੍ਹਾਂ 'ਚੋਂ ਕਈ ਡੇਰੇ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕਰਦੇ ਹਨ, ਜਿਸ ਦਾ ਆਮ ਲੋਕਾਂ 'ਤੇ ਕਾਫੀ ਪ੍ਰਭਾਵ ਪੈਂਦਾ ਹੈ।

ਇਹਨਾਂ ਡੇਰਿਆਂ 'ਚੋਂ ਕਈਆਂ ਦਾ ਸੰਬੰਧ ਸਿੱਖ ਧਰਮ ਨਾਲ ਹੈ ਤੇ ਕਈਆਂ ਦਾ ਸੰਬੰਧ ਹਿੰਦੂ ਧਰਮ ਨਾਲ ਹੈ। ਕਈ ਡੇਰੇ ਆਪਣੀ ਵੱਖਰੀ ਪਹਿਚਾਣ ਰੱਖਦੇ ਹਨ ਤੇ ਉਹਨਾਂ ਦੇ ਪੈਰੋਕਾਰ ਆਪਣੇ-ਆਪਣੇ ਧਰਮ ਨੂੰ ਮੰਨਦੇ ਹੋਏ ਵੀ ਇਹਨਾਂ ਡੇਰਿਆਂ ਦੇ ਪੱਕੇ ਸ਼ਰਧਾਲੂ ਬਣੇ ਹੋਏ ਹਨ। ਪੰਜਾਬ ਦੇ ਲੋਕਾਂ 'ਤੇ ਵੱਧ ਪ੍ਰਭਾਵ ਰੱਖਣ ਵਾਲੇ ਡੇਰਿਆਂ ਵਿੱਚੋਂ ਅਸੀਂ ਰਾਧਾ ਸੁਆਮੀ ਡੇਰਾ ਬਿਆਸ, ਨਿਰੰਕਾਰੀ ਮਿਸ਼ਨ, ਡੇਰਾ ਸੱਚਾ ਸੌਦਾ ਸਿਰਸਾ ਅਤੇ ਨਾਨਕਸਰ ਠਾਠ ਨਾਲ ਸੰਬੰਧਤ ਕਈ ਸਾਰੇ ਡੇਰੇ, ਡੇਰਾ ਰੂਮੀ ਵਾਲਾ, ਨੂਰਮਹਿਲ ਵਾਲੇ ਆਸ਼ੂਤੋਸ ਦਾ ਡੇਰਾ, ਡੇਰਾ ਸਚਖੰਡ ਬੱਲਾਂ ਵਾਲ਼ਿਆਂ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰ ਸਕਦੇ ਹਾਂ। ਜਦੋਂ ਵੀ ਚੋਣਾਂ ਦਾ ਮੌਸਮ ਆਉਂਦਾ ਹੈ ਤਾਂ ਇਹਨਾਂ ਡੇਰਿਆਂ ਵਿੱਚ ਰਾਜਸੀ ਆਗੂਆਂ ਦੇ ਗੇੜੇ ਵੱਜਣੇ ਸ਼ੁਰੂ ਹੋ ਜਾਂਦੇ ਹਨ। ਪੰਚਾਇਤੀ ਚੋਣਾਂ ਤੋਂ ਲੈ ਕੇ ਵਿਧਾਨ ਸਭਾ ਅਤੇ ਲੋਕ ਸਭਾ ਦੀਆਂ ਚੋਣਾਂ ਤੱਕ ਨੂੰ ਇਹ ਡੇਰੇ ਪ੍ਰਭਾਵਤ ਕਰਦੇ ਹਨ। ਡੇਰਿਆਂ ਵਿੱਚ ਵੱਡੀ ਗਿਣਤੀ 'ਚ ਆਉਣ ਵਾਲੇ ਸ਼ਰਧਾਲੂਆਂ ਦੀਆਂ ਵੋਟਾਂ ਕਿਸੇ ਵੀ ਉਮੀਦਵਾਰ ਦੀ ਜਿੱਤ ਜਾਂ ਹਾਰ ਦਾ ਕਾਰਨ ਬਣ ਸਕਦੀਆਂ ਹਨ।

ਮੁੱਢ ਤੋਂ ਹੀ ਪੰਜਾਬ ਦੀਆਂ ਚੋਣਾਂ ਨੂੰ ਇਹ ਡੇਰੇ ਚੁੱਪ-ਚੁਪੀਤੇ ਪ੍ਰਭਾਵਤ ਕਰਦੇ ਰਹੇ ਹਨ। ਆਮ ਤੌਰ 'ਤੇ ਇਹ ਮੰਨਿਆ ਜਾਂਦਾ ਹੈ ਕਿ ਇਹਨਾਂ ਡੇਰਿਆਂ ਨੂੰ ਕੇਂਦਰ ਵਿੱਚ ਲੰਮਾ ਸਮਾਂ ਰਾਜ ਕਰਨ ਵਾਲੀ ਰਾਜਨੀਤਕ ਪਾਰਟੀ ਕਾਂਗਰਸ ਵੱਲੋਂ ਪੰਜਾਬ ਦੀ ਖ਼ੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਰਾਜਨੀਤਕ ਤੌਰ 'ਤੇ ਕਮਜ਼ੋਰ ਕਰਨ ਲਈ ਅੰਦਰੂਨੀ ਮਦਦ ਮਿਲਦੀ ਰਹੀ ਹੈ। ਸਿੱਖ ਧਰਮ ਨੂੰ ਮੰਨਣ ਵਾਲੇ ਬਹੁ-ਗਿਣਤੀ ਲੋਕ ਸ਼੍ਰੋਮਣੀ ਅਕਾਲੀ ਦਲ ਨੂੰ ਪੰਥਕ ਪਾਰਟੀ ਮੰਨ ਕੇ ਉਸ ਦੀ ਮਦਦ ਕਰਦੇ ਰਹੇ ਹਨ। ਡੇਰਿਆਂ ਵੱਲੋਂ 2007 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਦੇ ਵੀ ਸਾਹਮਣੇ ਆ ਕੇ ਐਲਾਨੀਆਂ ਕਿਸੇ ਵੀ ਰਾਜਸੀ ਧਿਰ ਦੀ ਮਦਦ ਨਹੀਂ ਕੀਤੀ ਗਈ ਸੀ। 2007 ਦੀਆਂ ਵਿਧਾਨ ਸਭਾ ਚੋਣਾਂ ਮੌਕੇ ਡੇਰਾ ਸੱਚਾ ਸੌਦਾ ਸਿਰਸਾ ਵੱਲੋਂ ਖੁੱਲ੍ਹੇਆਮ ਕਾਂਗਰਸ ਪਾਰਟੀ ਦੀ ਮਦਦ ਕੀਤੀ ਗਈ। ਡੇਰਾ ਪ੍ਰੇਮੀਆਂ ਦੀਆਂ ਵੋਟਾਂ ਇੱਕਪਾਸੜ ਜਾਣ ਕਰਕੇ ਅਕਾਲੀਆਂ ਦਾ ਗੜ੍ਹ ਮੰਨੇ ਜਾਂਦੇ ਮਾਲਵਾ ਖੇਤਰ 'ਚੋਂ ਕਾਂਗਰਸ ਨੂੰ ਵੱਡੀ ਜਿੱਤ ਹਾਸਲ ਹੋਈ ਸੀ, ਭਾਵੇਂ ਕਿ ਮਾਝੇ ਤੇ ਦੁਆਬੇ ਦੇ ਲੋਕਾਂ ਨੇ ਅਕਾਲੀ-ਭਾਜਪਾ ਗੱਠਜੋੜ ਦੀ ਸਰਕਾਰ ਬਣਾਉਣ ਦਾ ਫ਼ਤਵਾ ਦਿੱਤਾ ਤੇ ਇਹ ਸਰਕਾਰ ਲਗਾਤਾਰ ਦਸ ਸਾਲ ਚਲਦੀ ਰਹੀ।

ਡੇਰਾ ਸਿਰਸਾ ਵੱਲੋਂ ਕਾਂਗਰਸ ਨੂੰ ਖੁੱਲ੍ਹੀ ਹਮਾਇਤ ਦੇਣ ਦੇ ਫ਼ੈਸਲੇ ਨੇ ਸਾਰੀਆਂ ਰਾਜਸੀ ਧਿਰਾਂ ਨੂੰ ਡੇਰਿਆਂ ਦੇ ਵਧ ਰਹੇ ਰਾਜਸੀ ਦਖਲ ਨੂੰ ਮਹਿਸੂਸ ਕਰਨ ਲਈ ਮਜਬੂਰ ਕਰ ਦਿੱਤਾ। ਸਾਰੀਆਂ ਰਾਜਸੀ ਧਿਰਾਂ ਦੇ ਵੱਡੇ ਆਗੂ ਇਹਨਾਂ ਡੇਰਿਆਂ ਦੇ ਸਮਾਗਮਾਂ 'ਤੇ ਜਾ ਕੇ ਹਾਜ਼ਰੀ ਲਵਾਉਣ ਨੂੰ ਤਰਜੀਹ ਦੇਣ ਲੱਗ ਪਏ।

ਡੇਰਿਆਂ ਦੇ ਸਮਾਗਮਾਂ 'ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਆਮ ਤੌਰ 'ਤੇ ਪਰਮਾਤਮਾ ਨਾਲ ਜੋੜਨ ਦੀ ਸਿੱਖਿਆ ਹੀ ਦਿੱਤੀ ਜਾਂਦੀ ਹੈ। ਨਸ਼ੇ ਤੋਂ ਦੂਰ ਰਹਿਣ ਅਤੇ ਇਮਾਨਦਾਰੀ ਨਾਲ ਕੰਮ ਕਰਕੇ ਆਪਣੇ ਪਰਵਾਰ ਦੀ ਪਾਲਣਾ ਕਰਨ ਨੂੰ ਤਰਜੀਹ ਦੇਣ ਦੀ ਗੱਲ ਕੀਤੀ ਜਾਂਦੀ ਹੈ। ਡੇਰਿਆਂ ਦੇ ਪ੍ਰਬੰਧਕਾਂ ਵੱਲੋਂ ਰਾਜਨੀਤੀ ਨੂੰ ਪ੍ਰਭਾਵਤ ਕਰਨ ਵਾਲੀਆਂ ਗੱਲਾਂ ਦਾ ਆਮ ਤੌਰ 'ਤੇ ਭੋਲੇ-ਭਾਲੇ ਸ਼ਰਧਾਲੂਆਂ ਨੂੰ ਕੋਈ ਪਤਾ ਨਹੀਂ ਹੁੰਦਾ। ਚੋਣਾਂ ਤੋਂ ਬਾਅਦ ਸਰਕਾਰ ਬਣਾਉਣ ਵਾਲੀ ਰਾਜਸੀ ਧਿਰ ਵੱਲੋਂ ਵੋਟਾਂ ਸਮੇਂ ਵਿਰੋਧ ਕਰਨ ਵਾਲੇ ਡੇਰਿਆਂ ਦੇ ਪ੍ਰਬੰਧਕਾਂ ਨੂੰ ਕਈ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ।

ਜਦੋਂ ਵੀ ਚੋਣਾਂ ਆਉਂਦੀਆਂ ਨੇ ਤਾਂ ਇਸ ਮੌਕੇ ਡੇਰਾ ਸਿਰਸਾ ਦੇ ਮੁਖੀ ਨੂੰ ਹਰਿਆਣਾ ਦੀ ਭਾਜਪਾ ਸਰਕਾਰ ਦੀ ਸਿਫਾਰਸ਼ 'ਤੇ ਬਾਰ-ਬਾਰ ਪੈਰੋਲ ਦੇਣ ਦੇ ਮਾਮਲੇ ਨੇ ਡੇਰਿਆਂ ਦੀ ਰਾਜਨੀਤਕ ਅਹਿਮੀਅਤ ਨੂੰ ਹੋਰ ਵੀ ਉਜਾਗਰ ਕਰ ਦਿੱਤਾ ਹੈ। ਰਾਜਨੀਤੀ ਕਰਨ ਵਾਲਿਆਂ ਨੂੰ ਵੋਟਾਂ ਦੀ ਲੋੜ ਹੁੰਦੀ ਹੈ ਤੇ ਡੇਰਿਆਂ ਦੇ ਪ੍ਰਬੰਧਕਾਂ ਨੂੰ ਸਰਕਾਰ ਨਾਲ ਨੇੜਤਾ ਦੀ। ਅੱਜ ਦੀ ਘੜੀ ਦੋਵੇਂ ਹੀ ਇੱਕ-ਦੂਜੇ ਦੇ ਪੂਰਕ ਬਣੇ ਹੋਏ ਹਨ, ਅਰਥਾਤ ਦੋਵੇਂ ਹੀ ਕਿਸੇ ਨਾ ਕਿਸੇ ਰੂਪ ਵਿਚ ਇੱਕ-ਦੂਜੇ ਦੇ ਪੂਰਕ ਅਤੇ ਗੁਲਾਮ ਹਨ।

ਸਾਡੇ ਦੇਸ਼ ਵਿੱਚ ਧਾਰਮਿਕ ਆਸਥਾ ਅਤੇ ਜਾਤ ਦੇ ਅਸਰ ਨੂੰ ਅੱਖੋਂ-ਪਰੋਖੇ ਨਹੀਂ ਕੀਤਾ ਜਾ ਸਕਦਾ। ਮਨੁੱਖ ਦੀ ਫ਼ਿਤਰਤ ਹੈ ਕਿ ਉਹ ਰਾਜਸੱਤਾ ਦੇ ਨਾਲ ਨੇੜਲੇ ਸੰਬੰਧ ਬਣਾ ਕੇ ਸੁਰੱਖਿਅਤ ਮਹਿਸੂਸ ਕਰਦਾ ਹੈ। ਜਿਵੇਂ-ਜਿਵੇਂ ਡੇਰਿਆਂ ਦੀ ਜਾਇਦਾਦ 'ਚ ਵਾਧਾ ਹੋਣ ਲਗਦਾ ਹੈ, ਤਿਵੇਂ-ਤਿਵੇਂ ਡੇਰੇ ਦੇ ਮੁਖੀ ਨੂੰ ਜਾਂ ਫਿਰ ਪ੍ਰਬੰਧਕਾਂ ਨੂੰ ਸਰਕਾਰ ਨਾਲ ਨੇੜਤਾ ਦੀ ਲੋੜ ਹੋਰ ਵੱਧ ਮਹਿਸੂਸ ਹੋਣ ਲੱਗ ਪੈਂਦੀ ਹੈ। ਦੌਲਤ ਅਤੇ ਸ਼ੋਹਰਤ ਦਾ ਨਸ਼ਾ ਸਿਆਣੇ ਤੋਂ ਸਿਆਣੇ ਮਨੁੱਖ ਤੋਂ ਵੀ ਗ਼ਲਤੀਆਂ ਕਰਵਾ ਦਿੰਦਾ ਹੈ। ਗ਼ਲਤੀਆਂ ਹੋ ਜਾਣ ਨਾਲ ਮਨੁੱਖ ਦੇ ਅੰਦਰ ਡਰ ਪੈਦਾ ਹੋ ਜਾਂਦਾ ਹੈ। ਰਾਜਨੀਤਕ ਪਾਰਟੀਆਂ ਇਸ ਤਰ੍ਹਾਂ ਦੇ ਡਰ ਉੱਤੇ ਤਿੱਖੀ ਨਜ਼ਰ ਰਖਦੀਆਂ ਹਨ। ਰਾਜਸੀ ਆਗੂ ਡੇਰੇ ਦੇ ਮੁਖੀ ਜਾਂ ਪ੍ਰਬੰਧਕਾਂ ਨੂੰ ਇਸ ਤਰ੍ਹਾਂ ਦੀਆਂ ਗਲਤੀਆਂ ਕਰਕੇ ਹੀ ਰਾਜਸੱਤਾ ਦੀ ਗੁਲਾਮੀ ਕਰਨ ਲਈ ਮਜਬੂਰ ਕਰਦੇ ਹਨ।

ਡੇਰਿਆਂ ਦੇ ਪ੍ਰਬੰਧਕਾਂ ਦੀ ਗੁੱਟਬੰਦੀ ਵੀ ਰਾਜਸੀ ਲੋਕਾਂ ਨੂੰ ਜ਼ਿਆਦਾ ਦਖਲ ਦੇਣ ਲਈ ਉਤਸ਼ਾਹਿਤ ਕਰਦੀ ਹੈ। ਜਿਹੜੇ ਡੇਰੇ ਦੇ ਮੁਖੀ ਕੋਲ ਵੱਡੇ ਰਾਜਸੀ ਆਗੂ ਅਤੇ ਵੱਡੇ ਪ੍ਰਸ਼ਾਸਨਿਕ ਅਧਿਕਾਰੀ ਵੱਡੀ ਗਿਣਤੀ 'ਚ ਆਉਣ ਲੱਗ ਜਾਂਦੇ ਹਨ, ਉਸ ਡੇਰੇ 'ਤੇ ਆਮ ਲੋਕਾਂ ਦੇ ਆਉਣ ਦੀ ਗਿਣਤੀ ਵੀ ਬਹੁਤ ਤੇਜ਼ੀ ਨਾਲ ਵਧ ਜਾਂਦੀ ਹੈ। ਆਮ ਲੋਕਾਂ ਨੂੰ ਤਾਂ ਇਹੀ ਲਗਦਾ ਹੈ ਕਿ ਸਿਆਸਤ ਕਰਨ ਵਾਲੇ ਵੱਡੇ-ਵੱਡੇ ਆਗੂਆਂ ਨੂੰ ਵੀ ਬਾਬਿਆਂ ਕੋਲ ਆ ਕੇ ਨਤਮਸਤਕ ਹੋਣਾ ਪੈਂਦਾ ਹੈ,ਪਰ ਹਕੀਕਤ ਇਹ ਹੈ ਕਿ ਡੇਰਿਆਂ ਨੂੰ ਸਿਆਸਤ ਦੇ ਗੁਲਾਮ ਹੋ ਕੇ ਹੀ ਚੱਲਣਾ ਪੈਂਦਾ ਹੈ। ਜੇਕਰ ਡੇਰੇ ਸਿਆਸਤ ਦੇ ਅਨੁਸਾਰ ਨਹੀਂ ਚੱਲਦੇ ਤਾਂ ਫਿਰ ਉਹਨਾਂ ਨੂੰ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਵੀ ਕਰਨਾ ਪੈ ਜਾਂਦਾ ਹੈ।

ਜਦੋਂ ਕਿਸੇ ਡੇਰੇ ਦੇ ਗੱਦੀਨਸ਼ੀਨ/ਮੁਖੀ ਦੀ ਮੌਤ ਹੋ ਜਾਂਦੀ ਹੈ ਤਾਂ ਉਸ ਦੇ ਉੱਤਰਾਧਿਕਾਰੀ ਦੀ ਚੋਣ ਕਰਨ ਸਮੇਂ ਵੀ ਰਾਜਸੀ ਆਗੂਆਂ ਦਾ ਦਖ਼ਲ ਆਮ ਹੀ ਦੇਖਣ ਨੂੰ ਮਿਲ ਜਾਂਦਾ ਹੈ। ਮੌਜੂਦਾ ਸਮੇਂ ਪੰਜਾਬ ਦੇ ਇੱਕ ਡੇਰਾ ਮੁਖੀ ਦੀਆਂ ਸਰਗਰਮੀਆਂ ਆਮ ਲੋਕਾਂ ਦੀ ਚਰਚਾ ਦਾ ਵਿਸ਼ਾ ਬਣੀਆਂ ਹੋਈਆਂ ਹਨ। ਇਸ ਡੇਰਾ ਮੁਖੀ ਦੀਆਂ ਸਰਗਰਮੀਆਂ ਅਧਿਆਤਮਿਕ ਦੀ ਥਾਂ ਸਿਆਸਤ ਤੋਂ ਜ਼ਿਆਦਾ ਪ੍ਰਭਾਵਤ ਨਜ਼ਰ ਆ ਰਹੀਆਂ ਹਨ। ਜਦੋਂ ਕੋਈ ਕਿਸੇ ਡੇਰੇ ਦਾ ਅਧਿਆਤਮਕ ਮੁਖੀ ਕਹਾਉਣ ਵਾਲਾ ਆਗੂ ਰਾਜਸੀ ਸਰਗਰਮੀਆਂ ਦੇ ਵੱਧ ਨੇੜੇ ਦਿਸਣ ਲੱਗ ਪਵੇ ਤਾਂ ਲੋਕ ਸਹਿਜੇ ਹੀ ਇਹ ਗੱਲ ਕਹਿਣ ਲਈ ਮਜਬੂਰ ਹੋ ਜਾਂਦੇ ਹਨ ਕਿ ਇਹ ਬਾਬਾ ਤਾਂ ਹੁਣ ਕਿਸੇ ਰਾਜਸੀ ਦਬਾਅ ਹੇਠ ਕੰਮ ਕਰ ਰਿਹਾ ਹੈ। ਇਸ ਲਈ ਅਸੀਂ ਸਹਿਜ ਸੁਭਾਅ ਹੀ ਇਹ ਸੋਚਣ ਲਈ ਮਜਬੂਰ ਹੋ ਜਾਂਦੇ ਹਾਂ ਕਿ ਸਿਆਸਤ ਅਤੇ ਡੇਰਿਆਂ 'ਚੋਂ ਕੌਣ ਕਿਸ ਦਾ ਗੁਲਾਮ ਹੈ।

**# ਸੰਪਰਕ : 94649-22547**

# ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਮੰਗਾਂ ਨੂੰ ਲੈ ਕੇ ਰੋਸ ਮੁਜ਼ਾਹਰਾ



**ਜਗਰਾਉਂ (ਨਛੱਤਰ ਸੰਧੂ)**

ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਅੱਜ ਬੱਸ ਸਟੈਂਡ ਤੋਂ ਜਗਰਾਉਂ ਕਚਿਹਰੀਆਂ ਤੱਕ ਰੋਸ ਮੁਜ਼ਾਹਰਾ ਕਰਨ ਤੋਂ ਬਾਅਦ ਮਜ਼ਦੂਰਾਂ ਦੀਆਂ ਮੰਗਾਂ ਮਸਲਿਆਂ ਸਬੰਧੀ ਮੰਗ ਪੱਤਰ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਪੰਜਾਬ ਸਰਕਾਰ ਨੂੰ ਐਡੀਸ਼ਨਲ ਡਿਪਟੀ ਕਮਿਸ਼ਨਰ ਜਗਰਾਉਂ ਰਾਹੀਂ ਭੇਜਿਆ ਗਿਆ।ਇਸ ਰੋਸ ਮੁਜ਼ਾਹਰੇ ਵਿੱਚ ਵੱਖ ਵੱਖ ਪਿੰਡਾਂ ਤੋਂ ਜੱਥੇਬੰਦੀ ਦੇ ਵਰਕਰਾਂ ਨੇ ਭਰਵੀਂ ਸ਼ਮੂਲੀਅਤ ਕੀਤੀ।ਇਸ ਮੌਕੇ ਜੱਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਰਸੂਲਪੁਰ ਜ਼ਿਲ੍ਹਾ ਸਕੱਤਰ ਸੁਖਦੇਵ ਸਿੰਘ ਮਾਣੂੰਕੇ, ਕੁਲਵੰਤ ਸਿੰਘ ਸੋਨੀ, ਚਰਨ ਸਿੰਘ ਟੂਸੇ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੇਜ਼ਮੀਨੇ ਕਿਰਤੀਆਂ ਦੇ ਬਹੁਤ ਸਾਰੇ ਗੰਭੀਰ ਮਾਮਲੇ ਮਸਲੇ ਹਨ, ਪਰ ਇਨ੍ਹਾਂ ਮਾਮਲੇ ਮਸਲਿਆਂ ਨੂੰ ਹੱਲ ਕਰਨ ਲਈ ਕੇਂਦਰ ਤੇ ਪੰਜਾਬ ਸਰਕਾਰ ਸੁਹਿਰਦ ਨਹੀਂ ਹਨ।ਉਨ੍ਹਾਂ ਕਿਹਾ ਕਿ ਬੇਜ਼ਮੀਨੇ ਮਜ਼ਦੂਰਾਂ ਦੀ ਬਿਹਤਰੀ ਲਈ ਸਰਕਾਰ ਨੂੰ ਰੁਜ਼ਗਾਰ ਦਾ ਬੁਨਿਆਦੀ ਮਸਲਾ ਹੱਲ ਕਰਨ ਦੀ ਲੋੜ ਹੈ, ਰੁਜ਼ਗਾਰ ਲਈ ਸਾਧਨਾਂ ਦੀ ਜ਼ਰੂਰਤ ਹੈ। ਇਸ ਸਬੰਧੀ ਕੇਂਦਰ ਸਰਕਾਰ ਵੱਲੋਂ ਬਣਾ ਕੇ ਪਾਸ ਕੀਤਾ 'ਜ਼ਮੀਨ ਹੱਦਬੰਦੀ ਕਾਨੂੰਨ' ਸਖ਼ਤੀ ਨਾਲ ਲਾਗੂ ਕਰਨ ਦੀ ਅਹਿਮ ਜ਼ਰੂਰਤ ਹੈ, ਕਿਉਂਕਿ ਜ਼ਮੀਨ ਹੱਦਬੰਦੀ ਕਾਨੂੰਨ ਲਾਗੂ ਹੋਣ ਤੋਂ ਬਾਅਦ ਨਿਕਲੀ ਵਾਧੂ ਜ਼ਮੀਨ ਬੇਜ਼ਮੀਨੇ ਕਿਸਾਨਾਂ, ਦਲਿਤਾਂ ਤੇ ਮਜ਼ਦੂਰਾਂ ਵਿੱਚ ਵੰਡ ਕੇ ਉਨ੍ਹਾਂ ਨੂੰ ਪੱਕਾ ਰੁਜ਼ਗਾਰ ਦਿੱਤਾ ਜਾ ਸਕਦਾ ਹੈ, ਪਰ ਸਰਕਾਰਾਂ ਇਸ ਪਾਸੇ ਜਾਣਬੁੱਝ ਕੇ ਧਿਆਨ ਦੇਣ ਪਾਸਾ ਵੱਟ ਰਹੀਆਂ ਹਨ। ਉਨ੍ਹਾਂ ਬੇਜ਼ਮੀਨੇ ਕਿਸਾਨਾਂ, ਦਲਿਤਾਂ ਤੇ ਮਜ਼ਦੂਰਾਂ ਨੂੰ ਆਪਣੇ ਰੁਜ਼ਗਾਰ ਤੇ ਸਨਮਾਨ ਲਈ ਜ਼ਮੀਨ ਹੱਦਬੰਦੀ ਕਾਨੂੰਨ ਲਾਗੂ ਕਰਨ ਲਈ ਅਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਉਨ੍ਹਾਂ ਮੰਗ ਕੀਤੀ ਕਿ ਲੋੜਬੰਦ ਬੇਜ਼ਮੀਨੇ ਮਜ਼ਦੂਰਾਂ ਨੂੰ ਰਿਹਾਇਸ਼ੀ ਪਲਾਟ ਤੇ ਘਰ ਪਾਉਣ ਲਈ ਗ੍ਰਾਂਟਾਂ ਦਿੱਤੀਆਂ ਜਾਣ, ਆਲ ਇੰਡੀਆ ਲੇਬਰ ਕਾਨਫਰੰਸ 1956 ਮੁਤਾਬਿਕ ਮਜ਼ਦੂਰਾਂ ਦੀ ਦਿਹਾੜੀ 1000 ਰੁਪਏ ਤਹਿ ਕੀਤੀ ਜਾਵੇ, ਮਨਰੇਗਾ ਕਾਨੂੰਨ ਸਖ਼ਤੀ ਨਾਲ ਲਾਗੂ ਕਰਕੇ ਸਾਰਾ ਸਾਲ ਕੰਮ ਦਿੱਤਾ, ਮਜ਼ਦੂਰਾਂ ਦੀ ਅਨੁਸੂਚਿਤ ਜਾਤੀਆਂ ਦੇ ਅਧਾਰ 'ਤੇ ਮਿਲਦੀ ਬਿਜਲੀ ਬਿੱਲਾਂ ਦੀ ਮੁਆਫੀ ਕੱਟ ਕੇ ਭੇਜੇ ਨਜਾਇਜ਼ ਬਿਜਲੀ ਬਿੱਲ ਬਕਾਏ ਰੱਦ ਕੀਤੇ ਜਾਣ, ਮਜ਼ਦੂਰਾਂ ਸਿਰ ਚੜ੍ਹੇ ਮਾਈਕ੍ਰੋਫਾਈਨਾਂਸ ਕੰਪਨੀਆਂ, ਸੂਦਖੋਰਾਂ ਤੇ ਬੈਂਕਾਂ ਆਦਿ ਦੇ ਕਰਜ਼ਿਆਂ 'ਤੇ ਲੀਕ ਮਾਰੀ ਜਾਵੇ।ਮਜ਼ਦੂਰਾਂ ਸਹਿਕਾਰੀ ਸਭਾਵਾਂ ਦੇ ਮੈਂਬਰ ਬਣਾ ਕੇ ਸਹਿਕਾਰੀ ਤੇ ਸਰਕਾਰੀ ਬੈਂਕਾਂ ਰਾਹੀਂ ਘੱਟ ਵਿਆਜ ਦਰਾਂ 'ਤੇ ਕਰਜ਼ੇ ਦੇਣ ਦਾ ਪ੍ਰਬੰਧ ਕੀਤਾ ਜਾਵੇ ਅਤੇ ਮਜ਼ਦੂਰ, ਵਰਕਰਾਂ ਤੇ ਆਗੂਆਂ ਉੱਪਰ ਸੰਘਰਸ਼ਾਂ ਦੌਰਾਨ ਦਰਜ ਕੇਸਾਂ ਨੂੰ ਰੱਦ ਕੀਤਾ ਜਾਵੇ।ਇਸ ਮੌਕੇ ਮਜ਼ਦੂਰ ਆਗੂ ਬਖਤੌਰ ਸਿੰਘ, ਬਲਬੀਰ ਸਿੰਘ, ਰਾਮ ਸਿੰਘ ਹਠੂਰ, ਭਾਗ ਸਿੰਘ, ਛਿੰਦਾ ਸਿੰਘ ਆਦਿ ਹਾਜ਼ਰ ਸਨ।

# ਵਿਧਾਇਕ ਮੁੱਖ ਮੰਤਰੀ ਤੋਂ ਸੀਵਰੇਜ ਦਾ ਪੱਕਾ ਹੱਲ ਕਰਾਉਣ 'ਚ ਨਾਕਾਮ : ਚੌਹਾਨ

**12 ਦੇ ਰੋਸ ਪ੍ਰਦਰਸ਼ਨ 'ਚ ਸ਼ਾਮਲ ਹੋਣ ਸ਼ਹਿਰੀ : ਰਤਨ ਭੋਲਾ/ਹਰਪ੍ਰੀਤ ਮਾਨਸਾ**



**ਮਾਨਸਾ (ਆਤਮਾ ਸਿੰਘ ਪਮਾਰ)**

ਮਾਨਸਾ ਸ਼ਹਿਰ ਵਿੱਚ ਪ੍ਰਸ਼ਾਸਨ, ਨਗਰ ਕੌਂਸਲ ਤੇ ਸੀਵਰੇਜ ਬੋਰਡ ਦੇ ਸਾਰੇ ਯਤਨ ਸੀਵਰੇਜ ਸਮੱਸਿਆ ਸੁਲਝਾਉਣ 'ਚ ਨਾਕਾਮ ਸਿੱਧ ਹੋ ਰਹੇ ਹਨ।ਸ਼ਹਿਰ ਨਿਵਾਸੀ ਸੀਵਰੇਜ ਸਮੱਸਿਆ ਕਰਕੇ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਹਨ।ਵਾਰਡ ਨੰਬਰ 17 ਤੇ 18 ਦੇ ਵਸਨੀਕਾਂ ਵੱਲੋਂ ਸਰਵ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਹਰਪ੍ਰੀਤ ਸਿੰਘ ਮਾਨਸਾ ਦੀ ਅਗਵਾਈ ਹੇਠ ਗੁਰਦੁਆਰਾ ਡੁੰਮਵਾਲਾ ਸਾਹਿਬ ਨੇੜੇ ਚੌਕ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਰਥੀ ਫੂਕ ਕੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਤੇ ਰੋਸ ਪ੍ਰਦਰਸ਼ਨ ਵੀ ਕੀਤਾ।

ਇਸ ਮੌਕੇ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਤੇ ਸ਼ਹਿਰੀ ਸਕੱਤਰ ਰਤਨ ਭੋਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੋਕ ਸਭਾ ਚੋਣਾਂ ਦੌਰਾਨ ਮਾਨਸਾ ਸ਼ਹਿਰ ਦੀ ਵੱਡੀ ਸਮੱਸਿਆ ਸੀਵਰੇਜ ਦੇ ਪੱਕੇ ਹੱਲ ਲਈ, ਜੋ ਬਿਆਨ ਬਾਜ਼ੀ ਕਰ ਕੇ ਲੋਕਾਂ ਨੂੰ ਸ਼ਾਂਤ ਕੀਤਾ ਗਿਆ, ਪ੍ਰੰਤੂ ਸਥਾਨਕ ਵਿਧਾਇਕ ਮੁੱਖ ਮੰਤਰੀ ਸਾਹਿਬ ਤੋਂ ਸੀਵਰੇਜ ਸਮੱਸਿਆ ਨੂੰ ਹੱਲ ਕਰਵਾਉਣ 'ਚ ਪੂਰੀ ਤਰ੍ਹਾਂ ਨਾਕਾਮ ਸਿੱਧ ਹੋਏ ਹਨ।ਉਨ੍ਹਾਂ ਕਿਹਾ ਕਿ ਸ਼ਹਿਰ ਦੀ ਵੱਡੀ ਸਮੱਸਿਆ ਨੂੰ ਫੌਰੀ ਤੌਰ 'ਤੇ ਹੱਲ ਕਰਵਾ ਕੇ ਮੁੱਖ ਮੰਤਰੀ ਦੇ ਵਾਅਦੇ ਨੂੰ ਪੂਰਾ ਕਰਨ।

ਉਨ੍ਹਾਂ ਸ਼ਹਿਰੀਆਂ ਨੂੰ ਅਪੀਲ ਕੀਤੀ ਕਿ ਪਿਛਲੇ 79 ਦਿਨਾਂ ਤੋਂ ਚੱਲ ਰਹੇ ਰੋਸ ਪ੍ਰਦਰਸ਼ਨ ਵਿੱਚ ਸਹਿਯੋਗ ਕਰਨ ਤੇ ਜਥੇਬੰਦੀਆਂ ਦੇ ਸੱਦੇ 'ਤੇ 12 ਜਨਵਰੀ ਨੂੰ ਠੀਕਰੀਵਾਲਾ ਚੌਕ ਵਿੱਚ ਇਕੱਠੇ ਹੋਣ ਤਾਂ ਜੋ ਸ਼ਹਿਰ 'ਚ ਰੋਸ ਮਾਰਚ ਕਰਕੇ ਮੁੱਖ ਮੰਤਰੀ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਜਾ ਸਕੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਰਸ਼ਨ ਸਿੰਘ ਮਾਨਸ਼ਾਹੀਆ, ਜੱਗਾ ਸਿੰਘ, ਜੋਤ ਸਿੰਘ, ਬਿੱਟੂ ਸਿੰਘ ਤੇ ਪ੍ਰੀਤਮ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਔਰਤਾਂ ਤੇ ਬੱਚੇ ਵੀ ਸ਼ਾਮਲ ਸਨ।

# ਸਾਬਕਾ ਮੰਤਰੀ ਅਜਾਇਬ ਸਿੰਘ ਮੁਖਮੈਲਪੁਰ ਦਾ ਸਰਕਾਰੀ ਸਨਮਾਨਾਂ ਨਾਲ ਸਸਕਾਰ

**ਵੱਡੀ ਗਿਣਤੀ ਸਿਆਸੀ, ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ ਵੱਲੋਂ ਮਰਹੂਮ ਸਾਬਕਾ ਮੰਤਰੀ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੇ ਸਾਬਕਾ ਮੰਤਰੀ ਅਜਾਇਬ ਸਿੰਘ ਮੁਖਮੈਲਪੁਰ (75 ਸਾਲ), ਜਿਨ੍ਹਾਂ ਦਾ ਬੀਤੇ ਦਿਨ ਕੁਝ ਸਮਾਂ ਬਿਮਾਰ ਰਹਿਣ ਬਾਅਦ ਦਿਹਾਂਤ ਹੋ ਗਿਆ ਸੀ, ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਮੁਖਮੈਲਪੁਰ ਵਿਖੇ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ।ਇਸ ਮੌਕੇ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਵੱਲੋਂ ਡਿਪਟੀ ਕਮਿਸ਼ਨਰ ਪਟਿਆਲਾ ਡਾ. ਪ੍ਰੀਤੀ ਯਾਦਵ ਨੇ ਮ੍ਰਿਤਕ ਦੇਹ 'ਤੇ ਫੁੱਲਾਂ ਦੀ ਰੀਥ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਪਟਿਆਲਾ ਪੁਲਸ ਦੀ ਟੁੱਕੜੀ ਨੇ ਹਥਿਆਰ ਉਲਟੇ ਕਰਕੇ ਤੇ ਫਾਇਰ ਕਰਕੇ ਸਾਬਕਾ ਮੰਤਰੀ ਨੂੰ ਸ਼ੋਕ ਸਲਾਮੀ ਦਿੱਤੀ।

ਇਸ ਦੌਰਾਨ ਅਜਾਇਬ ਸਿੰਘ ਮੁਖਮੈਲਪੁਰ ਦੀ ਮ੍ਰਿਤਕ ਦੇਹ ਨੂੰ ਅਗਨੀ ਉਨ੍ਹਾਂ ਦੇ ਪੁੱਤਰ ਅਜੇਪ੍ਰੀਤ ਸਿੰਘ ਮੁਖਮੈਲਪੁਰ ਨੇ ਦਿਖਾਈ।ਜ਼ਿਕਰਯੋਗ ਹੈ ਕਿ ਅਜਾਇਬ ਸਿੰਘ 1997 ਵਿੱਚ ਹਲਕਾ ਘਨੌਰ ਤੋਂ ਵਿਧਾਇਕ ਚੁਣੇ ਗਏ ਸਨ ਤੇ ਪੰਜਾਬ ਦੇ ਕੈਬਨਿਟ ਮੰਤਰੀ ਬਣੇ।ਉਹ ਅਪਣੀ ਧਰਮ ਪਤਨੀ ਬੀਬੀ ਹਰਪ੍ਰੀਤ ਕੌਰ ਸਾਬਕਾ ਵਿਧਾਇਕ, ਪੁੱਤਰ ਅਜੇਪ੍ਰੀਤ ਸਿੰਘ, ਪੁੱਤਰੀਆਂ ਤੇ ਜਵਾਈਆਂ ਹਰਨੀਤ ਕੌਰ ਤੇ ਹਰਿੰਦਰਪਾਲ ਸਿੰਘ ਟੌਹੜਾ, ਪਰਨੀਤ ਕੌਰ ਤੇ ਸਿਮਰਨਜੋਤ ਸਿੰਘ ਢਿੱਲੋਂ ਸਮੇਤ ਹੋਰ ਪਰਿਵਾਰਕ ਮੈਂਬਰਾਂ ਨੂੰ ਸਦੀਵੀ ਵਿਛੋੜਾ ਦੇ ਗਏ ਹਨ।ਪਰਿਵਾਰ ਦੇ ਮੈਂਬਰਾਂ ਮੁਤਾਬਕ ਉਨ੍ਹਾਂ ਦਾ ਅੰਗੀਠਾ ਸੰਭਾਲਣ ਦੀ ਰਸਮ 6 ਜਨਵਰੀ ਨੂੰ ਸਵੇਰੇ 9 ਵਜੇ ਪਿੰਡ ਮੁਖਮੈਲਪੁਰ ਵਿਖੇ ਹੋਵੇਗੀ।

ਮਰਹੂਮ ਸਾਬਕਾ ਮੰਤਰੀ ਅਜਾਇਬ ਸਿੰਘ ਮੁਖਮੈਲਪੁਰ ਦੇ ਅੰਤਿਮ ਸਸਕਾਰ ਮੌਕੇ ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਵੱਲੋਂ ਉਨ੍ਹਾਂ ਦੇ ਸਪੁੱਤਰ ਹਰਜਸ਼ਨ ਸਿੰਘ ਪਠਾਣਮਾਜਰਾ ਨੇ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਅਜਾਇਬ ਸਿੰਘ ਜ਼ਮੀਨ ਨਾਲ ਜੁੜੇ ਹੋਏ ਆਗੂ ਸਨ, ਜਿਨ੍ਹਾਂ ਨੇ ਆਪਣੀ ਜ਼ਿੰਦਗੀ ਲੋਕਾਂ ਦੀ ਸੇਵਾ ਲਈ ਸਮਰਪਤ ਕੀਤੀ।ਉਨ੍ਹਾਂ ਕਿਹਾ ਕਿ ਮਰਹੂਮ ਆਗੂ ਦੇ ਜਾਣ ਨਾਲ ਮੁਖਮੈਲਪੁਰ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ।ਪਠਾਣਮਾਜਰਾ ਨੇ ਕਿਹਾ ਕਿ ਉਹ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਨ ਕਿ ਉਹ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ ਤੇ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਣ।

ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐੱਸ.ਡੀ.ਐੱਮ. ਦੂਧਨਸਾਧਾਂ ਕਿਰਪਾਲਵੀਰ ਸਿੰਘ ਤੇ ਜ਼ਿਲ੍ਹਾ ਪੁਲਸ ਮੁਖੀ ਡਾ. ਨਾਨਕ ਸਿੰਘ ਦੀ ਤਰਫ਼ੋਂ ਐੱਸ.ਪੀ. ਰਜੇਸ਼ ਛਿੱਬੜ ਨੇ ਰੀਥਾਂ ਰੱਖੀਆਂ।ਅੰਤਿਮ ਸੰਸਕਾਰ ਮੌਕੇ ਅਰਦਾਸ ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਪਰਨਾਮ ਸਿੰਘ ਨੇ ਕੀਤੀ।ਇਸ ਮੌਕੇ ਗੁਰਦੁਆਰਾ ਬਹਾਦਰਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਅਵਤਾਰ ਸਿੰਘ, ਹਿੰਦੂ ਤਖਤ ਦੇ ਮਹੰਤ ਬ੍ਰਹਮਾਨੰਦ ਗਿਰੀ, ਸਾਬਕਾ ਲੋਕ ਸਭਾ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸਾਬਕਾ ਮੰਤਰੀ ਹਰਮੇਲ ਸਿੰਘ ਟੌਹੜਾ, ਆਦੇਸ਼ਪ੍ਰਤਾਪ ਸਿੰਘ ਕੈਰੋਂ ਤੇ ਡਾ. ਦਲਜੀਤ ਸਿੰਘ ਚੀਮਾ, ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੁਲਦੀਪ ਕੌਰ ਟੌਹੜਾ, ਸੁਰਜੀਤ ਸਿੰਘ ਗੜ੍ਹੀ, ਜਰਨੈਲ ਸਿੰਘ ਕਰਤਾਰਪੁਰ ਸਮੇਤ ਵੱਡੀ ਗਿਣਤੀ ਸਿਆਸੀ, ਧਾਰਮਿਕ ਤੇ ਸਮਾਜਿਕ ਆਗੂਆਂ, ਮੌਜੂਦਾ ਤੇ ਸਾਬਕਾ ਪ੍ਰਸ਼ਾਸਨਕ ਅਧਿਕਾਰੀਆਂ ਅਤੇ ਪਰਿਵਾਰਕ ਮੈਂਬਰਾਂ ਸਮੇਤ ਇਲਾਕਾ ਨਿਵਾਸੀਆਂ ਨੇ ਵਿੱਛੜੇ ਆਗੂ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ।

## ਕਾਤਰਾਂ

### 30 ਗ੍ਰਾਮ ਹੈਰੋਇਨ ਸਣੇ ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 30 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਅਮਰੀਕ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਦੇ ਨਾਲ ਗਸ਼ਤ ਦੌਰਾਨ ਥਾਣਾ ਸਿਟੀ ਦੇ ਏਰੀਏ ਪਿੰਡ ਟਿਵਾਣਾ ਕਲਾਂ ਰੋਡ ਕਲੋਨੀ ਕੋਲ ਮੌਜੂਦ ਸੀ ਤਾਂ ਇਕ ਲੜਕਾ ਪੁਲਸ ਪਾਰਟੀ ਨੂੰ ਵੇਖ ਕੇ ਖਿਸਕਣ ਲੱਗਿਆ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕਰ ਉਸ ਕੋਲੋਂ ਕੀਤੀ ਗਈ ਪੁੱਛਗਿੱਛ 'ਤੇ ਉਸ ਨੇ ਆਪਣਾ ਨਾਮ ਹਰਜਿੰਦਰ ਸਿੰਘ ਉਰਫ ਜਿੰਦਾ ਪੁੱਤਰ ਬਲਵੀਰ ਸਿੰਘ ਵਾਸੀ ਟਿਵਾਣਾ ਕਲਾਂ ਦੱਸਿਆ ਤੇ ਪੁਲਸ ਨੇ ਚੈਕਿੰਗ ਕੀਤੀ ਗਈ ਤਾਂ ਉਸ ਕੋਲੋ ਫੜੇ ਲਿਫਾਫੇ ਵਿੱਚੋਂ 30 ਗ੍ਰਾਮ ਹੈਰੋਇਨ ਬਮਾਰਦ ਹੋਈ। ਪੁਲਸ ਪਾਰਟੀ ਨੇ ਹਰਜਿੰਦਰ ਸਿੰਘ ਨੂੰ ਹੈਰੋਇਨ ਸਣੇ ਹਿਰਾਸਤ ਵਿੱਚ ਲੈ ਕੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

### ਡਾਕਟਰ ਹਰਦੇਵ ਸ਼ਰਮਾ ਨਮਿਤ ਅੰਤਿਮ ਅਰਦਾਸ ਭਲਕੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸ਼ਰਮਾ ਪਰਿਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਵਿਕਰਮਜੀਤ ਸਿੰਘ ਤੇ ਸੁਨੰਦਨਜੀਤ ਸ਼ਰਮਾ ਦੇ ਪਿਤਾ ਡਾਕਟਰ ਹਰਦੇਵ ਸ਼ਰਮਾ ਸਟੇਟ ਕਮੇਟੀ ਮੈਂਬਰ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਪਿਛਲੇ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ, ਜਿਨਾਂ ਨੂੰ ਲੈ ਕੇ ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਸੰਸਥਾਵਾਂ, ਸਿਆਸੀ ਪਾਰਟੀਆਂ ਤੇ ਕਿਸਾਨ ਯੂਨੀਅਨਾਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਇਨ੍ਹਾਂ ਤੋਂ ਇਲਾਵਾ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ, ਚੇਅਰਮੈਨ ਐੱਚ ਐੱਸ ਰਾਣੂੰ, ਸੂਬਾ ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਜ਼ਿਲ੍ਹਾ ਪ੍ਰਧਾਨ ਡਾਕਟਰ ਜਗਤਾਰ ਸਿੰਘ ਫੂਲ, ਜ਼ਿਲ੍ਹਾ ਜਨਰਲ ਸਕੱਤਰ ਮਨਪ੍ਰੀਤ ਸਿੰਘ ਡੱਲਾ, ਬਲਾਕ ਰਾਮਪੁਰਾ ਦੇ ਪ੍ਰਧਾਨ ਨਿਰਮਲ ਸਿੰਘ ਚਾਉਕੇ, ਡਾਕਟਰ ਦੇਵ ਰਾਜ, ਡਾਕਟਰ ਕੌਰ ਸਿੰਘ ਫੂਲ, ਡਾਕਟਰ ਗੁਰਸੇਵਕ ਸਿੰਘ ਢੱਡੇ, ਡਾਕਟਰ ਭਰਥਰੀ ਸ਼ਰਮਾ, ਡਾਕਟਰ ਹਰਜਿੰਦਰ ਸਿੰਘ, ਡਾਕਟਰ ਇਕਬਾਲ ਸਿੰਘ, ਡਾਕਟਰ ਦਰਸ਼ਨ ਜਿੰਦਲ, ਡਾਕਟਰ ਹਰਵਿੰਦਰ ਸਿੰਘ ਫੂਲ ਤੋਂ ਇਲਾਵਾ ਜ਼ਿਲ੍ਹੇ ਦੇ 9 ਬਲਾਕਾਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਦੇ ਭੋਗ ਤੇ ਅੰਤਿਮ ਅਰਦਾਸ 7 ਜਨਵਰੀ 2025 ਨੂੰ ਵੱਡਾ ਗੁਰਦੁਆਰਾ ਸਾਹਿਬ ਪਿੰਡ ਰਾਮਪੁਰਾ (ਜ਼ਿਲ੍ਹਾ ਬਠਿੰਡਾ) ਵਿਖੇ ਦੁਪਹਿਰ ਠੀਕ 12 ਤੋਂ 1 ਵਜੇ ਤੱਕ ਹੋਵੇਗੀ।

### 540 ਰੁਪਏ ਦੜੇ-ਸੱਟੇ ਦੀ ਰਾਸ਼ੀ ਸਣੇ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਨੇ ਗਸ਼ਤ ਦੌਰਾਨ ਬੱਸ ਅੱਡਾ ਧਰਮੂਵਾਲਾ ਦੇ ਕੋਲ 540 ਰੁਪਏ ਦੜੇ ਸੱਟੇ ਦੀ ਰਾਸ਼ੀ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਨ ਸਬੰਧੀ ਥਾਣਾ ਸਦਰ ਦੇ ਇਲਾਕੇ ਵਿੱਚ ਮੌਜੂਦ ਸੀ ਤਾਂ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਗੁਰਮੀਤ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਪਿੰਡ ਫੱਤੂਵਾਲਾ ਬੱਸ ਅੱਡਾ ਧਰਮੂਵਾਲਾ ਦੇ ਕੋਲ ਦੜਾ ਸੱਟਾ ਲਿਖ ਰਿਹਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ 540 ਰੁਪਏ ਦੜਾ ਸੱਟੇ ਦੀ ਰਾਸ਼ੀ ਸਮੇਤ ਗੁਰਮੀਤ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ।

# ਮਾਨਵ ਸੇਵਾ ਬਲੱਡ ਡੋਨਰਜ਼ ਸੁਸਾਇਟੀ ਵੱਲੋਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਖ਼ੂਨਦਾਨ ਕੈਂਪ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਨਵ ਸੇਵਾ ਬਲੱਡ ਡੋਨਰਜ਼ ਸੁਸਾਇਟੀ ਫੂਲ ਟਾਊਨ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ 12ਵਾਂ ਵਿਸ਼ਾਲ ਖ਼ੂਨਦਾਨ ਕੈਂਪ ਐਚ ਡੀ ਐੱਫ ਸੀ ਬੈਂਕ ਤੇ ਪ੍ਰੈੱਸ ਕਲੱਬ ਰਾਮਪੁਰਾ ਫੂਲ ਦੇ ਸਹਿਯੋਗ ਨਾਲ ਗੁਰਦੁਆਰਾ ਅਕਾਲਗੜ੍ਹ ਸਾਹਿਬ ਦੇ ਲੰਗਰ ਹਾਲ ਵਿੱਚ ਲਗਾਇਆ ਗਿਆ।ਜਾਣਕਾਰੀ ਦਿੰਦਿਆਂ ਕਲੱਬ ਪ੍ਰਧਾਨ ਮੱਖਣ ਸਿੰਘ ਬੁੱਟਰ ਨੇ ਦੱਸਿਆ ਕਿ ਅੱਜ ਦਾ ਇਹ ਖ਼ੂਨਦਾਨ ਕੈਂਪ ਕਿਸਾਨੀ ਮੰਗਾਂ ਲਈ ਮਰਨ ਵਰਤ 'ਤੇ ਬੈਠੇ ਜਗਜੀਤ ਸਿੰਘ ਡੱਲੇਵਾਲ ਨੂੰ ਵੀ ਸਮਰਪਤ ਕੀਤਾ ਗਿਆ।ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਡਾਕਟਰ ਗਗਨਦੀਪ ਸਿੰਘ ਰਾਜਪੂਤ (ਵੈਟਰਨਰੀ ਅਫਸਰ) ਤੇ ਸੁਖਦਰਸ਼ਨ ਸਿੰਘ (ਭਾਈ ਰਵੀ ਸਿੰਘ ਖਾਲਸਾ ਕੈਨੇਡਾ ਵਾਲਿਆਂ ਦੇ ਪਿਤਾ) ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ।ਖ਼ੂਨਦਾਨੀਆਂ ਨੂੰ ਇਨਾਮ ਵੰਡਣ ਦੀ ਰਸਮ ਚੰਦ ਸਿੰਘ ਬੁੱਟਰ (ਸਾਬਕਾ ਪ੍ਰਧਾਨ ਪੰਪ ਆਪ੍ਰੇਟਰ ਯੂਨੀਅਨ ਰਾਮਪੁਰਾ ਫੂਲ) ਤੇ ਸੁਖਮੰਦਰ ਸਿੰਘ (ਰਿਟਾਇਰਡ ਜੇਈ ਵਾਟਰ ਸਪਲਾਈ) ਵੱਲੋਂ ਕੀਤੀ ਗਈ।ਉਨ੍ਹਾਂ ਦੱਸਿਆ ਕਿ ਕੈਂਪ ਵਿੱਚ 122 ਯੂਨਿਟ ਖ਼ੂਨ ਦਾਨ ਕੀਤਾ ਗਿਆ, ਜਿਸ ਨੂੰ ਆਦੇਸ਼ ਹਸਪਤਾਲ ਬਲੱਡ ਬੈਂਕ ਭੁੱਚੋ ਤੇ ਗੋਇਲ ਬਲੱਡ ਬੈਂਕ ਬਠਿੰਡਾ ਦੀਆਂ ਟੀਮਾਂ ਵੱਲੋਂ ਬਲੱਡ ਇਕੱਤਰ ਕੀਤਾ ਗਿਆ।ਕੈਂਪ ਦੌਰਾਨ ਸੁਸਾਇਟੀ ਵੱਲੋਂ ਮੁੱਖ ਮਹਿਮਾਨਾਂ ਤੇ ਖ਼ੂਨਦਾਨੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਸਟੇਜ ਸਕੱਤਰ ਦੀ ਭੂਮਿਕਾ ਕਲੱਬ ਮੈਂਬਰ ਗਗਨਦੀਪ ਸਿੰਘ ਨੇ ਸੁਚੱਜੇ ਢੰਗ ਨਾਲ ਨਿਭਾਈ।ਕੈਂਪ ਦੌਰਾਨ ਕੁਲਵਿੰਦਰ ਸਿੰਘ ਮਾਨ (ਮਾਨ ਲੈਬੋਰਟਰੀ) ਵੱਲੋਂ ਬਲੱਡ ਗਰੁੱਪ ਮੁਫਤ ਚੈੱਕ ਕੀਤਾ ਗਿਆ।ਇਸ ਮੌਕੇ ਜਥੇਦਾਰ ਭਰਪੂਰ ਸਿੰਘ ਢਿੱਲੋਂ, ਸੁਖਮੰਦਰ ਸਿੰਘ ਮਾਨ, ਕਰਨੈਲ ਸਿੰਘ ਮਾਨ ਕੌਂਸਲਰ, ਪਿੰਦਰ ਸਿੰਘ ਢਿੱਲੋਂ ਤੋਂ ਇਲਾਵਾ ਪ੍ਰੈੱਸ ਕਲੱਬ ਤੋਂ ਮਨਪ੍ਰੀਤ ਸਿੰਘ ਗਿੱਲ, ਕੁਲਜੀਤ ਸਿੰਘ ਢੀਂਗਰਾ, ਹਰਪ੍ਰੀਤ ਹੈਪੀ, ਇੰਦਰਪਾਲ ਬਾਂਸਲ ਤੋਂ ਇਲਾਵਾ ਐੱਨ ਆਰ ਆਈ ਗੋਪੀ ਮਾਨ, ਮੰਨੂੰ ਬਰਾੜ ਤੇ ਚੌਗਿਰਦਾ ਸੁੰਦਰੀਕਰਨ ਸੁਸਾਇਟੀ ਦੇ ਸਤਨਾਮ ਸਿੰਘ ਮੱਲ੍ਹੀ, ਡਾਕਟਰ ਗੁਰਚਰਨ ਸਿੰਘ, ਮਨਮੀਤ ਸਿੰਘ ਸਪਰਾ, ਸਤਨਾਮ ਸਿੰਘ ਸਪਰਾ, ਰਾਮ ਲਾਲ ਸਿੰਘ ਫੌਜੀ ਤੇ ਸਮੂਹ ਖ਼ੂਨਦਾਨੀਆਂ ਦਾ ਕੈਂਪ ਨੂੰ ਸਫਲ ਬਣਾਉਣ ਲਈ ਵਿਸ਼ੇਸ਼ ਸਹਿਯੋਗ ਰਿਹਾ।

# ਫਲੀਆਂਵਾਲਾ ਦੀ ਗ੍ਰਾਮ ਪੰਚਾਇਤ ਵੱਲੋਂ ਵਿਕਾਸ ਕਾਰਜ ਸ਼ੁਰੂ



**ਜਲਾਲਾਬਾਦ (ਜੰਗੀਰ ਕੌਰ)**-ਲਾਗਲੇ ਪੈਂਦੇ ਚੱਕ ਅਰਾਈਆਂਵਾਲਾ ਉਰਫ ਫਲੀਆਂਵਾਲਾ ਦੀ ਨਵੀਂ ਚੁਣੀ ਗਈ ਗ੍ਰਾਮ ਪੰਚਾਇਤ ਦੀ ਸਰਪੰਚ ਰਣਜੀਤ ਕੌਰ ਵੱਲੋਂ ਸਮੂਹ ਪੰਚਾਇਤ ਮੈਂਬਰਾਂ ਦੇ ਸਹਿਯੋਗ ਨਾਲ ਪਿੰਡ ਦੇ ਵਿਕਾਸ ਕੰਮ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਜਾਣਕਾਰੀ ਅਨੁਸਾਰ ਗ੍ਰਾਮ ਪੰਚਾਇਤ ਵੱਲੋਂ ਪਿੰਡ ਦੇ ਗੰਦੀ ਪਾਣੀ ਦੀ ਨਿਕਾਲੀ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੇ ਉਦੇਸ਼ ਨਾਲ ਸਭ ਤੋਂ ਪਹਿਲਾਂ ਪਿੰਡ ਦੇ ਛੱਪੜ ਦੀ ਸਫਾਈ ਕਰਵਾਈ ਗਈ ਤੇ ਇਸ ਛੱਪੜ ਤੋਂ ਪਾਏ ਸੀਵਰੇਜ ਦੀਆਂ ਹੋਦੀਆ ਨੂੰ ਵੀ ਸਾਫ ਕਰਵਾਇਆ ਗਿਆ। ਇਸ ਦੇ ਨਾਲ ਹੀ ਪਿੰਡ ਦੇ ਪੰਚਾਇਤ ਘਰ ਦੀ ਰਿਪੇਅਰ ਕਰਵਾਉਣ ਦੇ ਨਾਲ ਨਾਲ ਸਰਕਾਰੀ ਪ੍ਰਾਇਮਰੀ ਸਕੂਲ 'ਚ ਹੋਣ ਵਾਲੇ ਕੰਮਾਂ ਦੀ ਵੀ ਸ਼ੁਰੂਆਤ ਕੀਤੀ ਗਈ ਹੈ। ਸਰਪੰਚ ਰਣਜੀਤ ਕੌਰ ਦਾ ਕਹਿਣਾ ਹੈ ਕਿ ਸਾਰੇ ਪਿੰਡ ਦੇ ਵਿਕਾਸ ਕੰਮ ਸਮੂਹ ਪੰਚਾਇਤ ਮੈਂਬਰਾਂ ਦੇ ਸਹਿਯੋਗ ਨਾਲ ਕੀਤੇ ਜਾਣਗੇ ਤੇ ਪਿੰਡ ਦੇ ਹਰੇਕ ਨਾਗਰਿਕ ਨੂੰ ਇਨਸਾਫ ਦਿਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਬੀਤੇ ਦਿਨ ਮਨਰੇਗਾ ਅਧੀਨ ਮਜ਼ਦੂਰਾਂ ਨੂੰ ਕੰਮ 'ਤੇ ਲਗਾਉਣ ਲਈ ਡਿਮਾਂਡ, ਜੋਕਿ ਸਾਂਝੀ ਜਗ੍ਹਾ ਪੰਚਾਇਤ ਘਰ ਵਿੱਚ ਬੈਠ ਕੇ ਭਰੀ ਗਈ ਹੈ, ਜਲਦੀ ਹੀ ਨਰੇਗਾ ਮਜ਼ਦੂਰਾਂ ਨੂੰ ਕੰਮ 'ਤੇ ਲਗਾਇਆ ਜਾਵੇਗਾ। ਇਸ ਮੌਕੇ ਮੱਖਣ ਸਿੰਘ ਸਰਪੰਚ, ਪੰਚਾਇਤ ਮੈਂਬਰ ਗੁਰਚਰਨ ਸਿੰਘ, ਗੁਰਦੀਪ ਸਿੰਘ, ਮਾਇਆ ਬਾਈ, ਜਿੰਦਰ ਕੌਰ, ਸੋਨਾ ਰਾਣੀ, ਕੁਲਵਿੰਦਰ ਕੌਰ, ਜਸਵੀਰ ਕੌਰ, ਕੈਲਾਸ਼ ਰਾਣੀ, ਬਲਵੀਰ ਸਿੰਘ, ਰਿੰਕੂ, ਹੁਸ਼ਿਆਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਮੋਹਤਬਾਰ ਵਿਅਕਤੀ ਹਾਜ਼ਰ ਸਨ।

# ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਸੰਬੰਧੀ ਦੀਵਾਨ ਸਜਾਏ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਦੀ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਦਸਮਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ।ਇਸ ਦੇ ਸਬੰਧ 'ਚ ਰੱਖੇ ਗਏ ਸ੍ਰੀ ਆਖੰਡ ਪਾਠ ਸਹਿਬ ਜੀ ਦੇ ਭੋਗਾਂ ਤੋਂ ਉਪਰੰਤ ਦਿਵਾਨ ਸਜਾਏ ਗਏ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਵੱਲੋਂ ਗੁਰੂ ਗ੍ਰੰਥ ਸਹਿਬ ਜੀ ਨੂੰ ਨਤਮਸਤਕ ਹੋ ਕੇ ਰਾਗੀ ਜਥਿਆਂ, ਪ੍ਰਚਾਰਕਾਂ ਤੇ ਕਵੀਸ਼ਰਾਂ ਵੱਲੋਂ ਗੁਰਬਾਣੀ ਦਾ ਕੀਰਤਨ ਸਰਵਣ ਕੀਤਾ ਗਿਆ।ਜਾਣਕਾਰੀ ਦਿੰਦਿਆਂ ਮੈਨੇਜਰ ਕਲਵੀਰ ਸਿੰਘ ਨੇ ਦੱਸਿਆ ਕਿ ਪ੍ਰਧਾਨ ਕਰਮਜੀਤ ਸਿੰਘ ਕਾਲੇਕਾ ਦੀ ਅਗਵਾਈ 'ਚ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰਾ ਵੱਲੋਂ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿੱਚ ਸਜੇ ਦੀਵਾਨਾਂ 'ਚ ਬਾਬਾ ਗੁਰਦੇਵ ਸਿੰਘ ਜੀ ਮੁੱਖ ਗ੍ਰੰਥੀ, ਰਾਗੀ ਭਾਈ ਦੀਦਾਰ ਸਿੰਘ, ਗੁਰਸ਼ਰਨ ਸਿੰਘ, ਰਾਮਫਲ ਸਿੰਘ, ਭਾਈ ਕੁਲਦੀਪ ਸਿੰਘ ਜਿਉਪੁਰਾ ਵਾਲੇ, ਭਾਈ ਰਾਮਫਲ ਸਿੰਘ, ਭਾਈ ਬਲਵਿੰਦਰ ਸਿੰਘ, ਭਾਈ ਸੁਖਵਿੰਦਰ ਸਿੰਘ ਚੀਮਿਆਂ ਵਾਲਿਆਂ ਵੱਲੋਂ ਗੁਰਬਾਣੀ ਦੇ ਕੀਰਤਨ ਤੇ ਗੁਰੂ ਗੋਬਿੰਦ ਸਿੰਘ ਜੀ ਦੀ ਉਸਤਤ ਦਾ ਗਾਇਨ ਕੀਤਾ ਗਿਆ।ਪਾਤੜਾਂ ਇਲਾਕੇ ਦੇ ਪ੍ਰਸਿੱਧ ਪ੍ਰਚਾਰਕ ਭਾਈ ਹਰਦੀਪ ਸਿੰਘ ਤੇਈਪੁਰ ਤੇ ਭਾਈ ਅਜਮੇਰ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਦਾ ਵਿਸਥਾਰ 'ਚ ਵਰਨਣ ਕੀਤਾ।ਪ੍ਰਧਾਨ ਕਰਮਜੀਤ ਸਿੰਘ ਕਾਲੇਕਾ ਨੇ ਦੱਸਿਆ ਕਿ 6 ਜਨਵਰੀ ਨੂੰ ਦਮਦਮਾ ਸਾਹਿਬ ਤੋਂ ਆਏ ਪੰਜ ਪਿਆਰੇ ਸਾਹਿਬਾਨ ਵੱਲੋਂ ਅੰਮ੍ਰਿਤ ਬਾਟਾ ਤਿਆਰ ਕੀਤਾ ਜਾਵੇਗਾ।ਇਨ੍ਹਾਂ ਸਮਾਗਮਾਂ 'ਚ ਸੇਵਾ ਕਰਨ ਵਾਲਿਆਂ ਨੂੰ ਸਿਰਪਾਉ ਦੇ ਕੇ ਸਨਮਾਨਤ ਕੀਤਾ ਗਿਆ।ਇਸ ਅੰਮ੍ਰਿਤ ਸੰਚਾਰ ਵਿੱਚ ਅੰਮ੍ਰਿਤ ਪਾਨ ਕਰਨਾ ਚਾਹੀਦਾ ਹੈ।ਇਸ ਮੌਕੇ ਗੁਰਪਿੰਦਰ ਸਿੰਘ ਕਾਲੇਕਾ, ਸੁਖਦੇਵ ਸਿੰਘ ਫੌਜੀ, ਬਲਵਿੰਦਰ ਸਿੰਘ ਭੁੱਲਰ, ਅਮਰਜੀਤ ਸਿੰਘ ਕਾਲੇਕਾ, ਜੋਗਿੰਦਰ ਸਿੰਘ ਭੁੱਲਰ, ਬੰਟੀ ਗਿੱਲ, ਤਕਦੀਰ ਸਿੰਘ, ਲਾਭ ਸਿੰਘ, ਸਰਪੰਚ ਮਹਿੰਦਰ ਸਿੰਘ, ਈਸ਼ਰ ਸਿੰਘ ਪਨੇਸਰ ਤੇ ਹੋਰ ਆਗੂ ਮੌਜੂਦ ਹਨ।

# ਡਾਕਟਰ ਦੀ ਕੁੱਟਮਾਰ ਤੇ ਲੁੱਟ ਮਾਮਲੇ 'ਚ ਆਈ ਐੱਮ ਏ ਵੱਲੋਂ 10 ਨੂੰ ਹੜਤਾਲ

**ਜੇਕਰ ਲੁਟੇਰੇ ਜਲਦੀ ਨਾ ਫੜੇ ਤਾਂ ਸੰਘਰਸ਼ ਹੋਰ ਪ੍ਰਚੰਡ ਕਰਾਂਗੇ : ਡਾ. ਜਿੰਦਲ**



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪਿਛਲੀ ਰਾਤ ਸ਼ਹਿਰ ਦੇ ਸ਼ਰਮਾ ਨਰਸਿੰਗ ਹੋਮ ਵਿੱਚ ਲੁਟੇਰਿਆਂ ਵੱਲੋਂ ਵਾਰਦਾਤ ਨੂੰ ਦਿੱਤੇ ਗਏ ਅੰਜਾਮ ਪ੍ਰਤੀ ਰੋਸ ਜ਼ਾਹਰ ਕਰਦਿਆਂ ਇੰਡੀਅਨ ਮੈਡੀਕਲ ਐਸੋਸੀਏਸ਼ਨ ਯੂਨਿਟ ਧੂਰੀ ਵੱਲੋਂ ਡਾ. ਜਗਦੀਸ਼ ਰਾਜ ਜਿੰਦਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ 10 ਜਨਵਰੀ ਨੂੰ ਜ਼ਿਲ੍ਹੇ ਦੇ ਵੱਖ ਵੱਖ ਯੂਨਿਟਾਂ ਦੇ ਸਹਿਯੋਗ ਨਾਲ ਇੱਕ ਰੋਜ਼ਾ ਹੜਤਾਲ ਕਰਨ ਦਾ ਫ਼ੈਸਲਾ ਕੀਤਾ ਗਿਆ।ਮੀਟਿੰਗ ਉਪਰੰਤ ਜਥੇਬੰਦੀ ਦੇ ਆਗੂ ਡਾ. ਸੁਭਾਸ਼ ਜਿੰਦਲ ਤੇ ਡਾ. ਰਾਜੀਵ ਰਿਸ਼ੀ ਨੇ ਵਾਰਦਾਤ ਪ੍ਰਤੀ ਰੋਸ ਪ੍ਰਗਟ ਕਰਦਿਆਂ ਪੁਲਸ ਤੋਂ ਮੰਗ ਕੀਤੀ ਕਿ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਅਣਪਛਾਤੇ ਲੁਟੇਰਿਆਂ ਨੂੰ ਜਲਦੀ ਗ੍ਰਿਫ਼ਤਾਰ ਕੀਤਾ ਜਾਵੇ ਤੇ ਰਾਤ ਵੇਲੇ ਐਮਰਜੈਂਸੀ ਸਿਹਤ ਸਹੂਲਤਾਂ ਦੇਣ ਵਾਲੇ ਡਾਕਟਰਾਂ ਦੀ ਹਿਫ਼ਾਜ਼ਤ ਲਈ ਲੋੜੀਂਦੇ ਕਦਮ ਚੁੱਕੇ ਜਾਣ।ਉਨ੍ਹਾ ਕਿਹਾ ਕਿ ਜੇਕਰ ਪੁਲਸ ਨੇ ਆਮ ਲੋਕਾਂ ਦੀ ਜਾਨ-ਮਾਲ ਦੀ ਹਿਫ਼ਾਜ਼ਤ ਪ੍ਰਤੀ ਗੰਭੀਰਤਾ ਨਾ ਦਿਖਾਈ ਤਾਂ ਜਥੇਬੰਦੀ ਵੱਲੋਂ ਸੰਘਰਸ਼ ਨੂੰ ਪ੍ਰਚੰਡ ਕੀਤਾ ਜਾਵੇਗਾ।ਇਸ ਮੌਕੇ ਡਾ. ਬਲਜੀਤ ਸਿੰਘ ਨੱਤ, ਡਾ. ਐੱਨ. ਐੱਸ. ਬਾਲੀਆ, ਡਾ. ਵਿਜੈ ਜਿੰਦਲ, ਡਾ. ਪ੍ਰਸ਼ੋਤਮ ਦਾਸ, ਡਾ. ਵਿਜੈ ਗੁਪਤਾ, ਡਾ. ਸ਼ਾਮ ਲਾਲ ਗੋਇਲ, ਡਾ. ਟੀ. ਪੀ. ਵਰਮਾ, ਡਾ. ਗੌਰਵ ਮਲਿਕ, ਡਾ. ਬੱਦਰੀ ਦਾਸ, ਡਾ. ਕੇ. ਐੱਨ. ਸ਼ਰਮਾ, ਡਾ. ਰਮੇਸ਼ ਸ਼ਰਮਾ ਆਦਿ ਹਾਜ਼ਰ ਸਨ।

# ਪ੍ਰਦੀਪ ਬੁਟੀਕ ਹਾਊਸ ਦੀ ਦੁਕਾਨ ਨੂੰ ਲੱਗੀ ਅੱਗ, ਸਾਮਾਨ ਸੜ ਕੇ ਸੁਆਹ

- ਦੁਕਾਨ ਦੀ ਉਪਰਲੀ ਮੰਜ਼ਲ 'ਤੇ ਰਹਿੰਦੇ ਪਰਵਾਰ ਨੇ 30 ਫੁੱਟ ਹੇਠਾਂ ਛਾਲਾਂ ਮਾਰ ਬਚਾਈ ਜਾਨ
- ਕੋਲ ਵਸਦੇ ਝੁੱਗੀ-ਝੌਂਪੜੀ ਵਾਲਿਆਂ ਨੇ ਅੱਗ 'ਚ ਫਸੇ ਪਰਵਾਰ ਦੀ ਕੀਤੀ ਮਦਦ



**ਬਠਿੰਡਾ (ਰਾਜੀਵ ਗੋਇਲ)**

ਐਤਵਾਰ ਸਵੇਰੇ ਤੜਕਸਾਰ ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਸ਼ਹਿਰ ਵਿੱਚ ਉਸ ਸਮੇਂ ਹਫੜਾ ਦਫੜੀ ਮੱਚ ਗਈ, ਜਦੋਂ ਸ਼ਹਿਰ ਵਾਸੀਆਂ ਦੇ ਮੋਬਾਇਲ ਫੋਨ ਦੇ ਵੱਟਸਐਪ ਗਰੁੱਪਾਂ ਵਿੱਚ ਸਥਾਨਕ ਪ੍ਰੰਨੂ ਮਾਰਕੀਟ ਦੇ ਨਾਲ ਲੱਗਦੀ ਇੱਕ ਰਿਟਾਇਰ ਫੌਜੀ ਦੇ ਬੁਟੀਕ ਹਾਊਸ ਨੂੰ ਅੱਗ ਲੱਗਣ ਕਾਰਨ ਉਸ ਨੂੰ ਬੁਝਾਉਣ ਦੀ ਮੱਦਦ ਲਈ ਮੈਸੇਜ ਆਉਣੇ ਸ਼ੁਰੂ ਹੋ ਗਏ।

ਜਾਣਕਾਰੀ ਅਨੁਸਾਰ ਜੈਤੋ ਤਹਿਸੀਲ ਦੇ ਪਿੰਡ ਡੋਡ ਦਾ ਰਹਿਣ ਵਾਲਾ ਕੁਲਦੀਪ ਸਿੰਘ, ਜੋ ਕਿ ਫੌਜ ਵਿੱਚੋਂ ਰਿਟਾਇਰਡ ਹੈ, ਦਾ ਪ੍ਰੰਨੂ ਮਾਰਕੀਟ ਦੇ ਬਾਹਰਲੇ ਪਾਸੇ ਡਰੇਨ ਦੀ ਪਟੜੀ ਨਜ਼ਦੀਕ ਪ੍ਰਦੀਪ ਬੁਟੀਕ ਹਾਊਸ ਦੇ ਨਾਮ 'ਤੇ ਕਰੀਬ ਦੋ-ਤਿੰਨ ਮੰਜ਼ਲਾਂ ਦੁਕਾਨ ਬਣਾਈ ਹੋਈ ਸੀ।ਦੁਕਾਨ ਦੇ ਹੇਠਲੇ ਪਾਸੇ ਬੇਸਮੈਂਟ ਵੀ ਬਣਾਈ ਹੋਈ ਹੈ।ਅਚਾਨਕ ਐਤਵਾਰ ਸਵੇਰ ਤੜਕਸਾਰ ਕਰੀਬ 5-6 ਵਜੇ ਦੁਕਾਨ ਦੀ ਬੇਸਮੈਂਟ 'ਚ ਪਏ ਕੁਲਦੀਪ ਸਿੰਘ ਨੂੰ ਦੁਕਾਨ ਦੇ ਗਰਾਉਂਡ ਫਲੋਰ 'ਤੇ ਟੁੱਟ ਭੱਜ ਦੀ ਅਵਾਜ਼ ਸੁਣਾਈ ਦਿੱਤੀ ਅਤੇ ਜਦੋਂ ਉਸ ਨੇ ਉੱਪਰਲੇ ਪਾਸੇ ਆ ਕੇ ਦੇਖਿਆ ਤਾਂ ਪੂਰੀ ਦੁਕਾਨ ਅੱਗ ਦੀਆਂ ਲਪਟਾਂ ਵਿੱਚ ਤਬਦੀਲ ਸੀ ਅਤੇ ਜਦੋਂ ਪੀੜਤ ਨੇ ਜੱਦੋ-ਜਹਿਦ ਕਰਕੇ ਦੁਕਾਨ ਦਾ ਸ਼ਟਰ ਖੋਲ੍ਹਿਆ ਤਾਂ ਦੁਕਾਨ ਦੇ ਬਾਹਰਲੇ ਪਾਸੇ ਸ਼ਟਰ ਨਜ਼ਦੀਕ ਖੜੀ ਪੀੜਤ ਦੀ ਸਵਿਫਟ ਕਾਰ ਵੀ ਉਸੇ ਅੱਗ ਦੀ ਲਪੇਟ ਵਿੱਚ ਆ ਗਈ।ਉਪਰਲੀ ਮੰਜ਼ਲ ਕਰੀਬ 30 ਫੁੱਟ 'ਤੇ ਸੁੱਤੇ ਪਏ ਪਰਵਾਰ ਨੇ ਵੀ ਹੇਠਾਂ ਛਾਲਾਂ ਮਾਰ ਕੇ ਆਪਣੀਆਂ ਜਾਨਾਂ ਨੂੰ ਬਚਾਇਆ, ਜਿਸ ਵਿੱਚ ਪੀੜਤ ਦੀ ਪਤਨੀ ਤੇ ਤਿੰਨ ਧੀਆਂ ਸ਼ਾਮਲ ਸਨ।

ਪੀੜਤ ਦੇ ਦੱਸਣ ਮੁਤਾਬਿਕ ਕਰੀਬ ਪੰਜ ਲੱਖ ਰੁਪਏ ਦੀ ਨਗਦੀ ਉਸ ਨੇ ਐਤਵਾਰ ਹੋਣ ਕਰਕੇ ਮਾਲ ਲੈ ਕੇ ਆਉਣ ਲਈ ਦੁਕਾਨ 'ਚ ਰੱਖੀ ਸੀ, ਜਿਹੜੀ ਕਿ ਸੜ ਕੇ ਸੁਆਹ ਹੋ ਗਈ।ਇਸ ਸਾਰੇ ਮੰਜਰ ਵਿੱਚ ਜਿੱਥੇ ਆਮ ਲੋਕਾਂ ਨੇ ਸਾਥ ਦਿੱਤਾ, ਉੱਥੇ ਹੀ ਡਰੇਨ ਦੀ ਪਟੜੀ 'ਤੇ ਕੋਲ ਵਸਦੇ ਝੁੱਗੀ ਝੌਂਪੜੀ ਵਾਲਿਆਂ ਨੇ ਜ਼ਮੀਨ 'ਤੇ ਤਰਪਾਲਾਂ ਵਿਛਾ ਕੇ ਉਪਰਲੀ ਮੰਜ਼ਲ 'ਤੇ ਫਸੇ ਪਰਿਵਾਰਕ ਮੈਂਬਰਾਂ ਦੀ ਜਾਨ ਨੂੰ ਬਚਾਇਆ ਗਿਆ।ਕਰੀਬ ਦੋ ਘੰਟਿਆਂ ਦੀ ਮੁਸ਼ਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ।

ਇਸ ਸਾਰੇ ਹਾਦਸੇ ਵਿੱਚ ਕਰੀਬ 30-40 ਲੱਖ ਰੁਪਏ ਦੇ ਨੁਕਸਾਨ ਦੀ ਆਸ਼ੰਕਾ ਜਤਾਈ ਜਾ ਰਹੀ ਹੈ।ਇਹ ਘਟਨਾ ਕਰੀਬ ਸਵੇਰੇ 5-6 ਵਜੇ ਦੀ ਦੱਸੀ ਜਾ ਰਹੀ ਹੈ।

ਇਸ ਹਾਦਸੇ ਨੂੰ ਲੈ ਕੇ ਭਗਤਾ ਭਾਈ ਕਾ ਦੇ ਦੁਕਾਨਦਾਰਾਂ ਵੱਲੋਂ ਪ੍ਰਸ਼ਾਸਨ ਤੇ ਸਰਕਾਰ ਪਾਸੋਂ ਮੁਆਵਜ਼ੇ ਦੀ ਮੰਗ ਕੀਤੀ ਗਈ ਹੈ।ਅੱਗ ਲੱਗਣ ਦਾ ਕਾਰਨ ਫਿਲਹਾਲ ਕੋਈ ਸ਼ਾਰਟ ਸਰਕਟ ਹੀ ਦੱਸਿਆ ਜਾ ਰਿਹਾ ਹੈ, ਬਾਕੀ ਜਾਂਚ ਤੋਂ ਬਾਅਦ ਪਤਾ ਲੱਗੇਗਾ।

# ਭਾਕਿਯੂ ਏਕਤਾ ਡਕੌਂਦਾ ਦੇ ਹਜ਼ਾਰਾਂ ਕਿਸਾਨ ਮਹਾਂਪੰਚਾਇਤ 'ਚ ਸ਼ਾਮਲ ਹੋਏ : ਮਨਜੀਤ ਧਨੇਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਹਰਿਆਣਾ ਦੇ ਸ਼ਹਿਰ ਟੋਹਾਣਾ ਵਿਖੇ ਕੀਤੀ ਗਈ ਕਿਸਾਨ ਮਹਾਂ ਪੰਚਾਇਤ ਵਿੱਚ ਰਿਕਾਰਡ ਤੋੜ ਇਕੱਠ ਹੋਇਆ, ਜਿਸ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਹਜ਼ਾਰਾਂ ਕਿਸਾਨ ਤੇ ਔਰਤਾਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਹੱਡ ਚੀਰਵੀਂ ਠੰਢ ਤੇ ਸੰਘਣੀ ਧੁੰਦ ਦੇ ਬਾਵਜੂਦ ਸਵੇਰੇ ਹੀ ਰਵਾਨਾ ਹੋਏ।ਇਸ ਮਹਾਂ ਪੰਚਾਇਤ ਵਿੱਚ ਹਰਿਆਣੇ ਤੋਂ ਇਲਾਵਾ ਪੰਜਾਬ ਤੋਂ ਵੀ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ ਪਹੁੰਚੇ।ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ, ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਤੇ ਔਰਤ ਵਿੰਗ ਦੀ ਕਨਵੀਨਰ ਬੀਬੀ ਅੰਮ੍ਰਿਤਪਾਲ ਕੌਰ ਨੇ ਦੱਸਿਆ ਕਿ ਉਨ੍ਹਾਂ ਦੀ ਜਥੇਬੰਦੀ ਦੇ ਕਾਫ਼ਲੇ ਸੰਘਣੀ ਧੁੰਦ ਤੇ ਠੰਢ ਦੇ ਬਾਵਜੂਦ ਪੰਜਾਬ ਦੇ 13 ਜ਼ਿਲ੍ਹਿਆਂ ਫਿਰੋਜ਼ਪੁਰ, ਫਾਜ਼ਿਲਕਾ, ਮੁਕਤਸਰ ਸਾਹਿਬ, ਫਰੀਦਕੋਟ, ਮੋਗਾ, ਕਪੂਰਥਲਾ, ਬਠਿੰਡਾ, ਲੁਧਿਆਣਾ ਬਰਨਾਲਾ, ਮਾਨਸਾ, ਸੰਗਰੂਰ, ਮਲੇਰਕੋਟਲਾ ਤੇ ਮੁਹਾਲੀ ਤੋਂ ਆਪੋ ਆਪਣੀਆਂ ਗੱਡੀਆਂ ਤੇ ਬੱਸਾਂ ਰਾਹੀਂ ਟੋਹਾਣਾ ਪੁੱਜੇ।ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਸੂਬਾ ਕਮੇਟੀ ਨੇ ਬਰਨਾਲਾ ਵਿਖੇ ਬੱਸ ਪਲਟਣ ਕਾਰਨ ਸ਼ਹੀਦ ਹੋਏ ਕਿਸਾਨਾਂ ਦੀ ਮੌਤ 'ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰਾਂ ਦੀਆਂ ਕਿਸਾਨ ਵਿਰੋਧੀ ਨੀਤੀਆਂ, ਆਵਾਜਾਈ ਦੇ ਘਟੀਆ ਪ੍ਰਬੰਧ ਤੇ ਫਲਾਈ ਓਵਰਾਂ ਦੇ ਨੁਕਸਦਾਰ ਡਿਜ਼ਾਈਨਾਂ ਕਾਰਨ ਕਿਸਾਨਾਂ ਨੂੰ ਆਪਣੀ ਜਾਨ ਗਵਾਉਣੀ ਪਈ ਹੈ। ਬੀਕੇਯੂ ਏਕਤਾ ਡਕੌਂਦਾ ਦੇ ਸੂਬਾ ਪ੍ਰੈੱਸ ਸਕੱਤਰ ਅੰਗਰੇਜ਼ ਸਿੰਘ ਨੇ ਦੱਸਿਆ ਕਿ 9 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਮੋਗਾ ਵਿਖੇ ਹੋ ਰਹੀ ਕਿਸਾਨ ਮਹਾਂਪੰਚਾਇਤ ਵਿੱਚ ਵੀ ਜਥੇਬੰਦੀ ਵੱਧ ਚੜ੍ਹ ਕੇ ਸ਼ਾਮਲ ਹੋਵੇਗੀ।

# ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਮਾਡਰਨ ਕੇਂਦਰੀ ਜੇਲ੍ਹ ਦਾ ਦੌਰਾ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤੇ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਭਾਗ ਜਿੱਥੇ ਸੂਬੇ ਦੀਆਂ ਔਰਤਾਂ ਦੀ ਸਿਹਤ ਜਾਂਚ ਸਬੰਧੀ ਤੇ ਉਨ੍ਹਾਂ ਨੂੰ ਰੁਜ਼ਗਾਰ ਦੇਣ ਸਬੰਧੀ ਲਗਾਤਾਰ ਕੈਂਪ ਲਗਾ ਕੇ ਉਨ੍ਹਾਂ ਨੂੰ ਜਾਗਰੂਕ ਕਰ ਰਿਹਾ ਹੈ, ਉੱਥੇ ਹੀ ਇਨ੍ਹਾਂ ਦਾ ਲਾਭ ਹਰ ਔਰਤ ਤੱਕ ਪਹੁੰਚਾਉਣ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ, ਤਾਂ ਜੋ ਸੂਬੇ ਦੀ ਕੋਈ ਵੀ ਔਰਤ ਇਨ੍ਹਾਂ ਦਾ ਲਾਭ ਲੈਣ ਤੋਂ ਵਾਂਝੀ ਨਾ ਰਹਿ ਜਾਵੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਤੇ ਸਥਾਨਕ ਮਾਡਰਨ ਕੇਂਦਰੀ ਜੇਲ ਦੇ ਦੌਰੇ ਦੌਰਾਨ ਜੇਲ੍ਹ ਵਿੱਚ ਬੰਦ ਔਰਤਾਂ ਨੂੰ ਮਿਲਣ ਮੌਕੇ ਕੀਤਾ।ਇਸ ਮੌਕੇ ਉਨ੍ਹਾਂ ਨਾਲ ਸੰਯੁਕਤ ਵਿਕਾਸ ਕਮਿਸ਼ਨਰ-ਕਮ-ਕਮਿਸ਼ਨਰ ਨਰੇਗਾ ਸ੍ਰੀਮਤੀ ਸ਼ੀਨਾ ਅਗਰਵਾਲ ਤੇ ਐੱਸ.ਐੱਸ.ਪੀ. ਡਾ. ਪ੍ਰੱਗਿਆ ਜੈਨ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਇਸ ਮੌਕੇ ਆਪਣੇ ਸੰਬੋਧਨ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਭਾਗ ਵੱਲੋਂ ਲਗਾਤਾਰ ਇਹ ਉਪਰਾਲਾ ਕੀਤਾ ਜਾ ਰਿਹਾ ਹੈ ਕਿ ਸੂਬੇ ਦੀ ਹਰੇਕ ਔਰਤ ਦੀ ਸਿਹਤ ਜਾਂਚ ਕੀਤੀ ਜਾਵੇ ਤੇ ਉਨ੍ਹਾਂ ਦਾ ਮਨੋਬਲ ਉੱਚਾ ਕਰਨ ਲਈ ਉਨ੍ਹਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਜਾਣ, ਜਿਸ ਲਈ ਪਿਛਲੇ ਦਿਨਾਂ ਤੋਂ ਸੂਬੇ ਵਿੱਚ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਕੈਂਪ ਲਗਾ ਕੇ ਹਰੇਕ ਜ਼ਿਲ੍ਹੇ ਦੀਆਂ ਔਰਤਾਂ, ਲੜਕੀਆਂ ਨੂੰ ਇਸ ਦਾ ਲਾਭ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਤਰੱਕੀ ਵੱਲ ਲਿਜਾਣ ਲਈ ਜੇਲ੍ਹ ਵਿੱਚ ਬੰਦ ਔਰਤਾਂ ਨੂੰ ਵੀ ਨਾਲ ਲੈ ਕੇ ਚੱਲਿਆ ਜਾਵੇਗਾ।ਉਨ੍ਹਾਂ ਕਿਹਾ ਕਿ ਜੇਲ੍ਹ ਵਿੱਚ ਬੰਦ ਔਰਤਾਂ ਦੇ ਬੱਚਿਆਂ ਨੂੰ ਆਂਗਨਵਾੜੀ ਸੈਂਟਰਾਂ ਨਾਲ ਇਨਰੋਲ ਕੀਤਾ ਜਾਵੇਗਾ, ਤਾਂ ਕਿ ਜੋ ਸਹੂਲਤਾਂ ਸੂਬੇ ਦੇ ਬਾਕੀ ਬੱਚਿਆਂ ਨੂੰ ਮਿਲ ਰਹੀਆਂ ਹਨ, ਉਹ ਸਹੂਲਤਾਂ ਇਨ੍ਹਾਂ ਬੱਚਿਆਂ ਨੂੰ ਵੀ ਦਿੱਤੀਆਂ ਜਾਣ। ਇਸ ਮੌਕੇ ਔਰਤਾਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਔਰਤਾਂ ਤੇ ਬੱਚਿਆਂ ਨੂੰ ਲੋੜੀਂਦਾ ਸਾਮਾਨ ਦਿੱਤਾ ਅਤੇ ਜ਼ਿਲ੍ਹਾ ਜੇਲ੍ਹ ਵਿੱਚ ਬਣਾਏ ਔਰਤਾਂ ਲਈ ਸਿਲਾਈ ਸੈਂਟਰ ਦਾ ਉਦਘਾਟਨ ਕੀਤਾ।

# ਡੀ ਸੀ ਵੱਲੋਂ 66 ਕੂਕਾ ਸਿੱਖ ਸ਼ਹੀਦਾਂ ਦੀ ਯਾਦ 'ਚ ਸ਼ਰਧਾਂਜਲੀ ਸਮਾਗਮ ਦੇ ਪ੍ਰਬੰਧਾਂ ਸੰਬੰਧੀ ਅਧਿਕਾਰੀਆਂ ਨਾਲ ਮੀਟਿੰਗ

**ਸਮੂਹ ਅਧਿਕਾਰੀ ਸਮਰਪਣ ਭਾਵਨਾ ਨਾਲ ਆਪਣੀ ਡਿਊਟੀ ਨਿਭਾਉਣ**



**ਮਾਲੇਰਕੋਟਲਾ (ਅਸਗਰ ਪਰਿਹਾਰ)**-ਹਰ ਸਾਲ 17 ਜਨਵਰੀ ਨੂੰ ਦੇਸ਼ ਦੀ ਅਜ਼ਾਦੀ ਲਈ ਲੜੇ ਗਏ ਯੁੱਧ ਤੇ ਵਿਸ਼ਵ ਇਤਿਹਾਸ ਵਿੱਚ ਲਾਸਾਨੀ ਕੁਰਬਾਨੀ ਦੀ ਮਿਸਾਲ ਪੈਦਾ ਕਰਨ ਵਾਲੇ 66 ਸਿੱਖ ਕੂਕਾ ਸ਼ਹੀਦਾਂ ਦੀ ਯਾਦ ਵਿੱਚ ਸ਼ਰਧਾਂਜਲੀ ਭੇਟ ਕਰਨ ਲਈ ਸਥਾਨਕ ਨਾਮਧਾਰੀ ਸ਼ਹੀਦੀ ਸਮਾਰਕ ਵਿਖੇ ਸਮਾਗਮ ਕੀਤਾ ਜਾਂਦਾ ਹੈ।ਇਸ ਸਮਾਗਮ ਦੇ ਅਗੇਤੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਸਮਾਗਮ ਦੀ ਮਹੱਤਤਾ ਨੂੰ ਵੇਖਦੇ ਹੋਏ ਡਿਪਟੀ ਕਮਿਸ਼ਨਰ ਡਾ. ਪੱਲਵੀ ਨੇ ਸਮੂਹ ਅਧਿਕਾਰੀਆਂ ਨੂੰ ਆਪਣੀ ਡਿਊਟੀ ਸਮਰਪਣ ਭਾਵਨਾ ਨਾਲ ਨਿਭਾਉਣ ਲਈ ਕਿਹਾ।ਉਨ੍ਹਾਂ ਕਿਹਾ ਕਿ ਸਮਾਗਮ ਦੇ ਪ੍ਰਬੰਧਾਂ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਡਿਪਟੀ ਕਮਿਸ਼ਨਰ ਨੇ ਇਸ ਸ਼ਰਧਾਂਜਲੀ ਸਮਾਗਮ ਮੌਕੇ ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਦੇ ਪਹੁੰਚਣ ਤੇ ਨਤਮਸਤਕ ਹੋਣ ਦੀ ਉਮੀਦ ਜ਼ਾਹਰ ਕਰਦਿਆਂ ਆਉਣ ਵਾਲੀ ਸੰਗਤ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਾਉਣ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਕਿ ਸਮੁੱਚੇ ਕਾਰਜ ਸਮਾਂਬੱਧ ਢੰਗ ਨਾਲ ਨੇਪਰੇ ਚੜ੍ਹਾਉਣ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਨਾ ਆਵੇ।ਉਨ੍ਹਾਂ ਕਾਰਜ ਸਾਧਕ ਅਫ਼ਸਰ ਨੂੰ ਹਦਾਇਤ ਕੀਤੀ ਕਿ ਨਾਮਧਾਰੀ ਸ਼ਹੀਦੀ ਸਮਾਰਕ ਦੇ ਆਲੇ ਦੁਆਲੇ ਦੀ ਸਾਫ ਸਫਾਈ, ਸੜਕ ਦੀ ਰਿਪੇਅਰ, ਸਟਰੀਟ ਲਾਈਟਾਂ ਦੀ ਰਿਪੇਅਰ ਆਦਿ ਨੂੰ ਯਕੀਨੀ ਬਣਾਇਆ ਜਾਵੇ।ਇਸ ਮੌਕੇ ਉਨ੍ਹਾਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਂ ਰਹਿੰਦੇ ਸਮਾਰਕ ਦੀਆਂ ਪਹੁੰਚ ਸੜਕਉਪਰ ਜੋ ਸਮਾਰਕ ਸਬੰਧੀ ਬੋਰਡ ਲੱਗੇ ਹੋਏ ਹਨ, ਉਨ੍ਹਾਂ ਨੂੰ ਰੀਪੇਂਟ ਕਰਵਾਇਆ ਜਾਵੇ ਤੇ ਬੋਰਡਾਂ ਦੇ ਆਲੇ ਦੁਆਲੇ ਦੀ ਸਫਾਈ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਬੋਰਡ ਅਸਾਨੀ ਨਾਲ ਦੂਰੋਂ ਹੀ ਪੜ੍ਹੇ ਜਾ ਸਕਣ।ਪੀ.ਐੱਸ.ਪੀ.ਸੀ.ਐੱਲ. ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਿਰਵਿਘਨ ਬਿਜਲੀ ਦੀ ਸਪਲਾਈ ਨੂੰ ਯਕੀਨੀ ਕੀਤਾ ਜਾਵੇ।ਉਨ੍ਹਾਂ ਸ਼ਰਧਾਲੂਆਂ ਦੀ ਸਹੂਲਤ ਲਈ ਪੀਣ ਯੋਗ ਪਾਣੀ, ਸਾਫ ਸੁਥਰੇ ਆਰਜ਼ੀ ਪਾਖਾਨੇ, ਮੈਡੀਕਲ ਟੀਮਾਂ ਆਦਿ ਦਾ ਪ੍ਰਬੰਧ ਕਰਨ ਦੇ ਆਦੇਸ਼ ਵੀ ਦਿੱਤੇ।ਉਨ੍ਹਾਂ ਪੁਲਿਸ ਪ੍ਰਸ਼ਾਸਨ ਨੂੰ ਪੁਖ਼ਤਾ ਸੁਰੱਖਿਆ ਤੇ ਨਿਰਵਿਘਨ ਟ੍ਰੈਫਿਕ ਦਾ ਪ੍ਰਬੰਧ ਕਰਨ ਲਈ ਵੀ ਆਦੇਸ਼ ਦਿੱਤੇ ਤਾਂ ਜੋ ਕਿਸੇ ਸ਼ਰਧਾਲੂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ, ਐੱਸ.ਡੀ.ਐੱਮ. ਮਾਲੇਰਕੋਟਲਾ ਹਰਬੰਸ ਸਿੰਘ, ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ, ਨਾਮਧਾਰੀ ਸ਼ਹੀਦੀ ਸਮਾਰਕ ਮਾਲੇਰਕੋਟਲਾ ਦੇ ਨੁਮਾਇੰਦੇ ਗੁਰਸੇਵਕ ਸਿੰਘ ਨਾਮਧਾਰੀ, ਸਹਾਇਕ ਸਿਵਲ ਸਰਜਨ ਡਾ. ਸਜੀਲਾ ਖਾਨ, ਕਾਰਜ ਸਾਧਕ ਅਫਸਰ ਅਪਰਅਪਾਰ ਸਿੰਘ, ਡੀ.ਐੱਸ.ਪੀ. (ਐੱਚ) ਮਾਨਵਜੀਤ ਸਿੰਘ ਸਿੱਧੂ, ਬੀ.ਡੀ.ਪੀ.ਓ. ਜਗਰਾਜ ਸਿੰਘ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਜਲ ਸਪਲਾਈ ਮਹਿਕਮੇ ਦੇ ਦਰਜਾ ਚਾਰ ਕਰਮਚਾਰੀਆਂ ਦੀ ਪ੍ਰਮੋਸ਼ਨ ਲਈ ਲਏ ਗਏ ਟੈਸਟ 'ਚ ਬਾਹਰੀ ਸਿਲੇਬਸ ਪਾਉਣ ਦੀ ਨਿੰਦਾ

**ਬਿਨਾਂ ਟੈਸਟ ਦੇ ਸਿੱਧੇ ਪ੍ਰਮੋਸ਼ਨ ਦੇਣ ਦੀ ਮੰਗ ਲਈ 22 ਨੂੰ ਪਟਿਆਲਾ 'ਚ ਧਰਨਾ ਦਿੱਤਾ ਜਾਵੇਗਾ : ਵਹਿਦਪੁਰੀ, ਕਾਠਗੜ੍ਹ**



ਪੀ.ਡਬਲਯੂ.ਡੀ. ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਦੇ ਆਗੂ ਜਾਣਕਾਰੀ ਦਿੰਦੇ ਹੋਏ।

**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਦਰਜਾ ਚਾਰ ਕਰਮਚਾਰੀਆਂ ਦੀ ਪ੍ਰਮੋਸ਼ਨ ਟੈਸਟ ਬੀਤੇ ਦਿਨ ਲਿਆ ਗਿਆ ਸੀ, ਇਸ ਪੇਪਰ ਵਿੱਚ ਸਿਲੇਬਸ ਬਾਹਰੀ ਪਾਇਆ ਗਿਆ ਹੈ, ਜਿਸ ਕਾਰਨ ਦਰਜਾ-4 ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਦੀ ਪੀ.ਡਬਲਯੂ.ਡੀ. ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਮਹਿਕਮਾ ਜਲ ਸਪਲਾਈ ਦੇ ਉੱਚ ਅਧਿਕਾਰੀਆਂ ਖਿਲਾਫ ਰੋਸ ਪ੍ਰਗਟਾਉਂਦੇ ਹੋਏ ਨਿਖੇਧੀ ਕੀਤੀ ਗਈ। ਇਸ ਸਬੰਧੀ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾ ਪ੍ਰਧਾਨ ਮੱਖਣ ਸਿੰਘ ਵਹਿਦਪੁਰੀ ਤੇ ਸੂਬਾ ਜਨਰਲ ਸਕੱਤਰ ਕਾਠਗੜ੍ਹ ਨੇ ਦੱਸਿਆ ਕਿ ਮਹਿਕਮੇ ਦੇ ਉੱਚ ਅਧਿਕਾਰੀਆ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਸੀ ਕਿ ਦਰਜਾ-4 ਦੇ ਕਰਮਚਾਰੀਆਂ ਦੀ ਪ੍ਰਮੋਸ਼ਨ ਲਈ ਜੋ ਟੈਸਟ ਲਿਆ ਜਾਵੇਗਾ, ਉਸ 'ਚ ਸਿਲੇਬਸ ਸੁਖਾਲਾ ਪਾਇਆ ਜਾਵੇਗਾ ਤੇ ਪਾਸ ਨੰਬਰ 40 ਪ੍ਰਤੀਸ਼ਤ ਕੀਤੇ ਜਾਣਗੇ, ਪਰ ਪੇਪਰ ਬਾਹਰੀ ਸਿਲੇਬਸ ਮੁਤਾਬਿਕ ਲਿਆ ਗਿਆ ਹੈ। ਜਥੇਬੰਦੀ ਮੰਗ ਕਰਦੀ ਹੈ ਕਿ ਇਸ ਪ੍ਰੀਖਿਆ ਨੂੰ ਰੱਦ ਕੀਤਾ ਜਾਵੇ ਤੇ ਫੀਲਡ ਵਰਕਰਾਂ ਦੀਆਂ ਪ੍ਰਮੋਸ਼ਨਾਂ ਬਗੈਰ ਟੈਸਟ ਤੋਂ ਕੀਤੀਆ ਜਾਣ, ਜਿਸ ਨੂੰ ਲੈ ਕੇ 8 ਜਨਵਰੀ 2025 ਨੂੰ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਨਾਲ ਹੋਣ ਵਾਲੀ ਮੀਟਿੰਗ 'ਚ ਇਹ ਮੁੱਦਾ ਜ਼ੋਰ ਸ਼ੋਰ ਨਾਲ ਉਠਾਇਆ ਜਾਵੇਗਾ ਅਤੇ ਜੇਕਰ ਫਿਰ ਵੀ ਇਸ ਦਾ ਹੱਲ ਨਾ ਹੋਇਆ ਤਾਂ ਜਲ ਸਪਲਾਈ ਵਿਭਾਗ ਦੇ ਮੁੱਖ ਦਫਤਰ ਪਟਿਆਲਾ ਵਿੱਚ 22 ਜਨਵਰੀ 2025 ਨੂੰ ਲਾ-ਮਿਸਾਲ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਜੱਥੇਬੰਦੀ ਦੇ ਜ਼ਿਲ੍ਹਾ ਫਾਜ਼ਿਲਕਾ ਤੇ ਬ੍ਰਾਂਚ ਜਲਾਲਾਬਾਦ ਦੇ ਅਹੁਦੇਦਾਰ ਤੇ ਵਰਕਰ ਮੌਜੂਦ ਸਨ।

# ਹਰੂਵਾਲ ਤੋਂ ਖਾਲਸਾਈ ਸ਼ਾਨੋ-ਸ਼ੌਕਤ ਨਾਲ ਸਜਿਆ ਵਿਸ਼ਾਲ ਨਗਰ ਕੀਰਤਨ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**- ਦਸਵੇਂ ਪਾਤਿਸ਼ਾਹ ਸਰਬੰਸਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਹਰੂਵਾਲ ਦੀਆਂ ਸੰਗਤਾਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਲਾਕੇ ਦੀ ਸੰਗਤਾਂ ਦੇ ਸਹਿਯੋਗ ਨਾਲ ਮਹਾਨ ਨਗਰ ਕੀਰਤਨ ਸਜਾਇਆ ਗਿਆ।ਨਗਰ ਕੀਰਤਨ ਪਿੰਡ ਹਰੂਵਾਲ ਦੇ ਗੁਰਦੁਆਰਾ ਸਿੰਘ ਸਭਾ ਤੋਂ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਵੀਰ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਖਾਲਸਾਈ ਸ਼ਾਨੋ-ਸ਼ੌਕਤ ਤੇ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਹੋਇਆ।ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਫੁੱਲਾਂ ਨਾਲ ਸਜੀ ਇੱਕ ਸੁੰਦਰ ਪਾਲਕੀ ਵਿੱਚ ਸਜਾਇਆ ਹੋਇਆ ਸੀ।ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛੱਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਆਰੰਭ ਹੋਏ ਇਸ ਮਹਾਨ ਨਗਰ ਕੀਰਤਨ ਮੌਕੇ ਭਾਈ ਮਲੂਕ ਸਿੰਘ, ਭਾਈ ਸੁਵਿੰਦਰ ਸਿੰਘ ਤੇ ਬਾਬਾ ਰਣਧੀਰ ਸਿੰਘ ਦੇ ਕਵੀਸ਼ਰੀ ਜਥੇ ਸਮੇਤ ਵੱਖ-ਵੱਖ ਕੀਰਤਨੀ, ਰਾਗੀ, ਢਾਡੀ ਤੇ ਕਵੀਸ਼ਰੀ ਜਥਿਆਂ ਵੱਲੋਂ ਗੁਰੂ ਮਹਾਰਾਜ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਹ ਮਹਾਨ ਨਗਰ ਕੀਰਤਨ ਗੁਰਦੁਆਰਾ ਸਿੰਘ ਸਭਾ ਪਿੰਡ ਹਰੂਵਾਲ ਤੋਂ ਆਰੰਭ ਹੋ ਕੇ ਪਿੰਡ ਮਾਨ, ਕਾਹਲਾਂਵਾਲੀ ਚੌਕ, ਚੰਦੂ ਨੰਗਲ ਜੌੜੀਆਂ ਹੁੰਦਾ ਹੋਇਆ ਡੇਰਾ ਬਾਬਾ ਨਾਨਕ ਪੁੱਜਾ ਜਿੱਥੇ ਉਹ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਪਿੰਡ ਪੱਖੋਕੇ ਟਾਹਲੀ ਸਾਹਿਬ, ਸਾਧਾਂਵਾਲੀ, ਹੁੰਦਾ ਹੋਇਆ ਫਿਰ ਵਾਪਿਸ ਪਿੰਡ ਹਰੂਵਾਲ ਵਿਖੇ ਪੁੱਜਾ ਜਿੱਥੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਗੋਸਲ ਵੱਲੋਂ ਪੰਜ ਪਿਆਰੇ ਸਾਹਿਬਾਨ ਤੇ ਪ੍ਰਮੁੱਖ ਸ਼ਖਸੀਅਤਾਂ ਤੇ ਸੇਵਾਦਾਰਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਸਾਬਕਾ ਚੇਅਰਮੈਨ ਨਿਰਮਲ ਸਿੰਘ ਹਰਵਾਲ, ਚੰਦਾ ਸਿੰਘ ਹਰੂਵਾਲ, ਬਲਜੀਤ ਸਿੰਘ ਫੌਜੀ, ਸਵਰਨ ਸਿੰਘ, ਬੀਰ ਸਿੰਘ ਫੌਜੀ, ਬਾਬਾ ਦਰਸ਼ਨ ਸਿੰਘ, ਕਰਮ ਸਿੰਘ ਥਾਣੇਦਾਰ ਬਲਜੀਤ ਸਿੰਘ, ਸੁਖਰਾਜ ਸਿੰਘ, ਅਮਰੀਕ ਸਿੰਘ, ਬਾਬਾ ਦਰਸ਼ਨ ਸਿੰਘ, ਜਸਵੰਤ ਸਿੰਘ, ਬਾਬਾ ਜੋਗਿੰਦਰ ਸਿੰਘ, ਜਸਵੰਤ ਸਿੰਘ ਕੋਚ, ਸੁਖਰਾਜ ਸਿੰਘ, ਬਾਬਾ ਰਤਨ ਸਿੰਘ, ਸਾਬਕਾ ਸਰਪੰਚ ਸੁਰਜੀਤ ਸਿੰਘ, ਜਸਵਿੰਦਰ ਸਿੰਘ ਹਰੂਵਾਲ, ਸਰਬਜੀਤ ਸਿੰਘ, ਰਣਧੀਰ ਸਿੰਘ ਜੌਹਲ, ਬਲਵਿੰਦਰ ਸਿੰਘ ਬੱਬੀ, ਨਿਰਮਲ ਸਿੰਘ, ਰੁਪਿੰਦਰ ਸਿੰਘ ਰਿਪੀ, ਪਰਮਜੀਤ ਸਿੰਘ, ਬਲਕਾਰ ਸਿੰਘ ਫੌਜੀ, ਸਾਬਕਾ ਸਰਪੰਚ ਨਿਰਮਲ ਸਿੰਘ, ਇੰਦਰ ਸਿੰਘ, ਪਲਵਿੰਦਰ ਸਿੰਘ ਫੌਜੀ, ਸੂਬੇਦਾਰ ਬਲਜੀਤ ਸਿੰਘ, ਇੰਸਪੈਕਟਰ ਤਰਸੇਮ ਸਿੰਘ, ਸੁਖਦੇਵ ਸਿੰਘ, ਹਰਜੀਤ ਸਿੰਘ, ਮੇਜਰ ਸਿੰਘ, ਬਾਬਾ ਤਰਲੋਕ ਸਿੰਘ, ਜਸਪਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

# ਸੀ ਐੱਚ ਸੀ ਵਿਖੇ ਸਰਬੱਤ ਦੇ ਭਲੇ ਲਈ ਧਾਰਮਿਕ ਸਮਾਗਮ ਕਰਾਇਆ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**- ਨਵੇਂ ਵਰ੍ਹੇ ਦੀ ਆਮਦ 'ਤੇ ਸਰਬੱਤ ਦੇ ਭਲੇ ਲਈ ਕਮਿਊਨਿਟੀ ਹੈਲਥ ਸੈਂਟਰ ਮਹਿਲ ਕਲਾਂ ਵਿਖੇ ਸਮੂਹ ਸਟਾਫ ਦੇ ਸਹਿਯੋਗ ਨਾਲ ਐੱਸ ਐੱਮ ਓ ਡਾ: ਗੁਰਤੇਜਿੰਦਰ ਕੌਰ ਦੀ ਅਗਵਾਈ ਹੇਠ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਉਪਰੰਤ ਬੋਲਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਪ੍ਰਬੰਧਕਾਂ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ। ਉਨ੍ਹਾ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਸਾਨੂੰ ਹਰ ਧਰਮ ਦਾ ਸਤਿਕਾਰ ਕਰਨ ਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦੀ ਹੈ। ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜ ਕੇ ਆਪਣਾ ਜੀਵਨ ਸਫਲ ਕਰਨਾ ਚਾਹੀਦਾ ਹੈ। ਉਨ੍ਹਾ ਸੂਬਾ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦੀ ਚਰਚਾ ਕਰਦਿਆਂ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਵਿਸ਼ਵਾਸ ਦਿਵਾਇਆ। ਐੱਸ ਐੱਮ ਓ ਮਹਿਲ ਕਲਾਂ ਡਾ: ਗੁਰਤੇਜਿੰਦਰ ਕੌਰ ਨੇ ਵਿਧਾਇਕ ਪੰਡੋਰੀ ਸਮੇਤ ਵੱਖ-ਵੱਖ ਆਗੂਆਂ, ਮੁਹਤਬਰਾਂ, ਸਮੂਹ ਸੰਗਤਾਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਸਿਵਲ ਸਰਜਨ ਬਰਨਾਲਾ ਡਾ. ਬਲਦੇਵ ਸਿੰਘ, ਡੀ ਐੱਸ ਪੀ ਸੁਬੇਗ ਸਿੰਘ, ਪ੍ਰਿੰਸੀਪਲ ਰਾਜਿੰਦਰਪਾਲ ਸਿੰਘ, ਪ੍ਰਧਾਨ ਸ਼ੇਰ ਸਿੰਘ ਖਾਲਸਾ, ਸਰਪੰਚ ਸਰਬਜੀਤ ਸਿੰਘ ਸੰਭੂ, ਪੀ ਏ ਡਾ: ਲਖਵੀਰ ਸਿੰਘ, ਕੁਲਜੀਤ ਸਿੰਘ ਵਜੀਦਕੇ, ਰੀਡਰ ਗੁਰਦੀਪ ਸਿੰਘ ਛੀਨੀਵਾਲ, ਗੁਰਪ੍ਰੀਤ ਸਿੰਘ ਅਣਖੀ, ਅਰੁਣ ਕੁਮਾਰ ਬਾਂਸਲ, ਕੁਲਦੀਪ ਸਿੰਘ ਮਾਣਕ, ਬੂਟਾ ਸਿੰਘ ਖਾਲਸਾ, ਮੈਨੇਜਰ ਅਮਰੀਕ ਸਿੰਘ, ਅਮਰਜੀਤ ਸਿੰਘ ਬੱਸੀਆਂ ਆਦਿ ਆਗੂ ਹਾਜ਼ਰ ਸਨ।

# ਸਮਾਜਿਕ ਜਾਗਰੂਕਤਾ ਮੰਚ ਨੇ ਸਵਿਤਰੀ ਬਾਈ ਫੂਲੇ ਦਾ ਜਨਮ ਦਿਨ ਮਨਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** - ਸਮਾਜਿਕ ਜਾਗਰੂਕਤਾ ਮੰਚ ਵੱਲੋਂ ਭਾਰਤ ਦੀ ਪਹਿਲੀ ਮਹਿਲਾ ਅਧਿਆਪਿਕਾ ਮਾਤਾ ਸਵਿਤਰੀ ਬਾਈ ਫੂਲੇ ਦਾ ਜਨਮ ਦਿਨ ਡਾਕਟਰ ਭੀਮ ਰਾਓ ਅੰਬੇਡਕਰ ਭਵਨ ਸੰਤੋਖਪੁਰਾ ਵਿਖੇ ਮਨਾਇਆ ਗਿਆ। ਜਿਸ ਵਿੱਚ ਸਮਾਜਿਕ ਜਾਗਰਤੀ ਮੰਚ ਸੰਚਾਲਕ ਤੇ ਮੁੱਖ ਅਧਿਕਾਰੀ ਸਤਵਿੰਦਰ ਮਦਾਰਾਂ ਨੇ ਦੱਸਿਆ ਕਿ ਸਮਾਜਿਕ ਜਾਗਰੂਕਤਾ ਮੰਚ ਵੱਲੋਂ 20 ਤੋਂ ਵੱਧ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ ਅਤੇ ਭਾਰਤ ਦੀ ਪਹਿਲੀ ਮਹਿਲਾ ਅਧਿਆਪਕ ਸਵਿਤਰੀਬਾਏ ਫੂਲੇ ਜਯੰਤੀ ਮੌਕੇ ਉਹਨਾਂ ਦੇ ਸੰਪੂਰਨ ਜੀਵਨ ਸੰਘਰਸ਼ ਵਿਆਹ ਸਮਾਜਿਕ ਜਾਂਚਨਾਵਾਂ ਦੁੱਖ ਤਕਲੀਫਾਂ ਮਿਹਨਤ ਵਿੱਦਿਆ ਪੜ੍ਹਾਈ ਸਮਾਜਿਕ ਜਾਗਰੂਕਤਾ ਸਮਾਜ ਸੇਵਾ ਗਿਆਨ ਨੂੰ ਵੰਡਣ ਦੇ ਸੰਘਰਸ਼ ਪ੍ਰਣਾਲੀ ਬਾਰੇ ਸਮਾਜ ਦੇ ਵੱਡੇ ਸਾਹਿਤਕਾਰਾਂ ਲੇਖਕਾਂ ਬੁੱਧੀਜੀਆਂ ਕਵੀਆਂ ਮਹਾਨ ਵਿਚਾਰਕਾਂ ਵੱਲੋਂ ਵਿਸ਼ੇਸ਼ ਤੌਰ 'ਤੇ ਚਾਨਣਾ ਪਾਇਆ ਗਿਆ।ਜਿਸ ਵਿੱਚ ਜਲੰਧਰ ਦੇ ਸਮਾਜ ਸੇਵਕ ਪ੍ਰਿੰਸੀਪਲ ਪਰਮਜੀਤ ਜਸਲ ਰੇਸ਼ਮ ਜੱਖੂ ਪਾਲ ਜਲੰਧਰੀ ਐਚ ਵਾਈ ਸੀ ਪ੍ਰਧਾਨ ਰੋਹਿਤ ਭਾਟੀਆ ਰਣਜੀਤ ਕੌਰ ਪੂਨਮ ਭਾਟੀਆ ਕਰਨੈਲ ਸੰਤੋਖਪੁਰੀ ਅਸ਼ਵਨੀ ਬਲਾਚੌਰ ਲਲਿਤ ਅੰਬੇਡਕਰੀ ਅਮਰਜੀਤ ਸਿੱਧੂ ਅਮਰਨਾਥ ਮਹੇ ਅਮਨ ਲਾਲ ਹਰਿਨਾਮ ਦਾਸ ਰਾਜ ਕੁਮਾਰ ਸਰਪੰਚ ਨੂਰਪੁਰ ਬਹਤਾ ਦਰਿਆ ਚਰਚ ਸਿਸਟਰ ਗੰਗਾ ਵੱਲੋਂ ਵਿਦਿਆ ਸਾਗਰ ਮਾਤਾ ਸਵਿੱਤਰੀ ਬਾਈ ਫੂਲੇ ਜੀ ਦੇ ਜੀਵਨ ਸੰਘਰਸ਼ ਬਾਰੇ ਵਿਚਾਰ ਵਿਟਾਂਦਰਾ ਭਾਸ਼ਣ ਤੇ ਕਵਿਤਾਵਾਂ ਰਾਹੀਂ ਸਮਾਗਮ ਵਿੱਚ ਪੇਸ਼ਕਾਰੀ ਕੀਤੀ ਗਈ।

ਇਸ ਮੌਕੇ ਦੁਆਬਾ ਕਾਲਜ ਦੇ ਵਿਦਿਆਰਥਣ ਪ੍ਰੀਆ ਬਲਿਸ ਪਬਲਿਕ ਸਕੂਲ ਵਿਦਿਆਰਥਣ ਅਰਮਾਨ ਅਬੀ ਹਰ ਕਮਲ ਖੁਸ਼ਮੇਤ ਸਰਕਾਰੀ ਹਾਈ ਸਕੂਲ ਵਿਦਿਆਰਥੀ ਨੂਰਪੁਰ ਗੁਰਪ੍ਰੀਤ ਬਸਰਾ ਐਸ ਡੀ ਪਬਲਿਕ ਸਕੂਲ ਤੋਂ ਐਰਿਕ ਬਸਰਾ ਸੈਵਨ ਡੇ ਸਕੂਲ ਰਾਜਦੀਪ ਕੌਰ ਬਸਰਾ ਸੰਸਕ੍ਰਿਤ ਕੇ ਐਮਬੀ ਸਕੂਲ ਤੋਂ ਫਲਕ ਰਾਮਗੜੀਆ ਸਕੂਲ ਲਕਸ਼ ਲਾਇਲਪੁਰ ਖਾਲਸਾ ਕਾਲਜ ਐਨ ਐਸ ਐਸ ਵਿਭਾਗ ਤੋਂ ਕਾਮਨਾ ਇਨੋਸੈਂਟ ਹਾਰਟ ਸਕੂਲ ਤੋਂ ਨਿਤਿਨ ਸੰਤੋਖਪੁਰਾ ਆਸ਼ਾ ਵਰਕਰ ਜੋਤੀ ਜਸਵੀਰ ਕੌਰ ਅਸ਼ੋਕ ਕੁਮਾਰ ਜੋਤੀ ਜਸਵਿੰਦਰ ਕੌਰ ਗੌਰਵ ਪਰਮਜੀਤ ਕੌਰ ਨਿਸ਼ਾ ਪਰਦੀਪ ਕੌਰ ਹਰਦੀਪ ਸਿੰਘ ਤਮੰਨਾ ਬੰਗੜ ਰਵਿੰਦਰ ਕੌਰ ਦੁਰਗਾ ਵੱਲੋਂ ਮਾਤਾ ਸਵਿਤਰੀ ਬਾਈ ਫੂਲੇ ਜੀ ਦੇ ਜੀਵਨ ਸੰਘਰਸ਼ ਬਾਰੇ ਵਿਚਾਰ ਵਟਾਂਦਰਾ ਅਤੇ ਭਾਸ਼ਣ ਦਿੱਤਾ ਗਿਆ। ਸਮਾਗਮ ਦੌਰਾਨ ਕੁਲਦੀਪ ਕੁਮਾਰ ਬੱਗਾ ਵੱਲੋਂ ਸਟੇਜ ਸੈਕਟਰੀ ਦੀ ਮੌਕੇ ਭੂਮਿਕਾ ਨਿਭਾਈ ਗਈ।

# ਸਰਬੱਤ ਦੇ ਭਲੇ ਲਈ ਸੁਖਮਨੀ ਸਾਹਿਬ ਦੇ ਪਾਠ ਕਰਵਾਏ

**ਸੰਗਰੂਰ (ਪ੍ਰਵੀਨ ਸਿੰਘ)**- ਨਗਨ ਬਾਬਾ ਸ੍ਰੀ ਸਾਹਿਬ ਦਾਸ ਜੀ ਤਪ-ਅਸਥਾਨ ਸੰਗਰੂਰ ਵਿਖੇ ਨਵੇਂ ਸਾਲ ਦੀ ਆਮਦ ਦੇ ਮੱਦੇਨਜ਼ਰ ਧਾਰਮਿਕ ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਸਮਾਜ ਸੇਵਾ, ਪੈਨਸ਼ਨਰਾਂ ਅਤੇ ਬਜ਼ੁਰਗਾਂ ਦੇ ਸਨਮਾਨ ਨੂੰ ਸਮਰਪਤ ਸੰਗਰੂਰ ਸੋਸ਼ਲ ਵੈਲਫ਼ੇਅਰ ਐਸੋ: ਵੱਲੋਂ ਸਮੁੱਚੇ ਸਮਾਜ ਦੀ ਭਲਾਈ ਅਤੇ ਭਾਈਚਾਰਕ ਸਾਂਝ ਮਜ਼ਬੂਤ ਕਰਨ ਲਈ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਅਰੋੜਾ, ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਖਾਲਸਾ, ਓ.ਪੀ.ਖਿਪਲ, ਡਾ. ਮਨਮੋਹਨ ਸਿੰਘ, ਕਿਸ਼ੋਰੀ ਲਾਲ, ਕਰਨੈਲ ਸਿੰਘ, ਆਰਗੇਨਾਈਜ਼ਰ ਰਾਜ ਕੁਮਾਰ ਬਾਂਸਲ, ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ, ਜਨਰਲ ਸਕੱਤਰ ਕੰਵਲਜੀਤ ਸਿੰਘ, ਸਕੱਤਰ ਜਨਰਲ ਤਿਲਕ ਰਾਜ, ਮੀਤ ਪ੍ਰਧਾਨ ਜਨਕ ਰਾਜ ਜੋਸ਼ੀ, ਨੈਸ਼ਨਲ ਅਵਾਰਡੀ ਤੇ ਸਮਾਜ ਸੇਵੀ ਮਾਸਟਰ ਸਤਦੇਵ ਸ਼ਰਮਾ, ਬ੍ਰਾਹਮਣ ਸਭਾ ਦੇ ਪ੍ਰਧਾਨ ਜਸਪਾਲ ਸ਼ਰਮਾ ਆਦਿ ਦੀ ਦੇਖ ਰੇਖ ਹੇਠ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਸਮੇਂ ਮੁੱਖ ਗ੍ਰੰਥੀ ਭਾਈ ਨਿਰਮਲ ਸਿੰਘ ਨੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਅਤੇ ਧਾਰਮਿਕ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਨੱਥੂ ਲਾਲ ਢੀਂਗਰਾ, ਮਨੀ ਕਥੂਰੀਆ ਤੇ ਰਿੱਤੂ ਕੰਡਾ ਨੇ ਕਿਹਾ ਕਿ ਸੰਗਰੂਰ ਸੋਸ਼ਲ ਵੈਲਫ਼ੇਅਰ ਐਸੋ: ਵੱਲੋਂ ਲੋਹੜੀ ਦਾ ਤਿਉਹਾਰ ਇਸ ਸਾਲ11 ਜਨਵਰੀ ਨੂੰ ਕੇ. ਆਰ. ਬਲੈਸਿੰਗ ਹੋਟਲ ਸੰਗਰੂਰ ਵਿਖੇ ਬੜੀ ਧੂਮ ਧਾਮ ਨਾਲ ਮਨਾਇਆ ਜਾਵੇਗਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕੈਪਟਨ ਅਨਿਲ ਗੋਇਲ, ਰੀਟਾ ਗੋਇਲ, ਮੈਡਮ ਸੰਤੋਸ਼ ਆਨੰਦ, ਜਸਪਾਲ ਕੌਰ, ਊਸ਼ਾ ਸਚਦੇਵਾ, ਕੁਲਵੰਤ ਬਾਂਸਲ, ਮੰਜੂਲਾ ਵਰਮਾ, ਸੀਤਾ ਦੇਵੀ, ਕਮਲੇਸ਼ ਰਾਣੀ, ਜਨਕ ਰਾਜ, ਜਵਾਹਰ ਲਾਲ, ਮਦਨ ਗੋਪਾਲ, ਦਰਸ਼ਨ ਸਿੰਘ, ਸੁਰਵਿੰਦਰ ਕੌਰ, ਸੁਸ਼ੀਲਾ ਕੁਮਾਰੀ, ਸ਼ੋਭਾ ਜੈਨ, ਰਤਨਾ ਦੇਵੀ ਤੋਂ ਇਲਾਵਾ ਵੱਡੀ ਗਿਣਤੀ ਇਲਾਕਾ ਨਿਵਾਸੀ ਹਾਜ਼ਰ ਸਨ। ਇਸ ਸਮੇਂ ਗੁਰੂ ਕਾ ਲੰਗਰ ਅਤੁੱਟ ਵਰਤਿਆ।

# ਸੰਯੁਕਤ ਵਿਕਾਸ ਕਮਿਸ਼ਨਰ ਨੇ ਨਰੇਗਾ ਕੰਮਾਂ ਦਾ ਲਿਆ ਜਾਇਜ਼ਾ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸੰਯੁਕਤ ਵਿਕਾਸ ਕਮਿਸ਼ਨਰ-ਕਮ-ਕਮਿਸ਼ਨਰ ਨਰੇਗਾ ਸ਼ੀਨਾ ਅਗਰਵਾਲ ਨੇ ਜ਼ਿਲ੍ਹਾ ਫਰੀਦਕੋਟ ਦਾ ਦੌਰਾ ਕਰਕੇ ਗ੍ਰਾਮ ਪੰਚਾਇਤ ਚੰਦਬਾਜਾ ਅਤੇ ਚਹਿਲ ਵਿਖੇ ਸੈਂਟਰ ਸਪੌਂਸਰਡ ਸਕੀਮਾਂ ਜਿਵੇਂ ਮਗਨਰੇਗਾ, ਪੀ.ਐਮ.ਏ.ਵਾਈ ਅਤੇ ਐਨ. ਆਰ. ਐਲ. ਐਮ. ਦੇ ਚੱਲ ਰਹੇ ਕੰਮਾਂ ਦੀ ਚੈਕਿੰਗ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨਰਭਿੰਦਰ ਸਿੰਘ ਗਰੇਵਾਲ ਵੀ ਉਨ੍ਹਾਂ ਦੇ ਨਾਲ ਹਾਜ਼ਰ ਸਨ।ਇਸ ਮੌਕੇ ਸੰਯੁਕਤ ਵਿਕਾਸ ਕਮਿਸ਼ਨਰ-ਕਮ-ਕਮਿਸ਼ਨਰ ਨਰੇਗਾ ਨੇ ਗ੍ਰਾਮ ਪੰਚਾਇਤ ਚੰਦਬਾਜਾ ਵਿਖੇ ਮਗਨਰੇਗਾ ਅਧੀਨ ਬਣ ਰਹੇ ਆਂਗਣਵਾੜੀ ਸੈਂਟਰ, ਪੀ.ਐਮ.ਏ.ਵਾਈ ਦੇ ਘਰ ਦੀ ਚੈਕਿੰਗ ਕੀਤੀ ਅਤੇ ਗ੍ਰਾਮ ਪੰਚਾਇਤ ਚਹਿਲ ਵਿਖੇ ਮਗਨਰੇਗਾ ਅਧੀਨ ਬਣ ਰਹੇ ਆਂਗਣਵਾੜੀ ਸੈਂਟਰ, ਗਲੀ ਦੀ ਇੰਟਰਲਾਕ, ਪੀ.ਐਮ.ਏ.ਵਾਈ ਦੇ ਘਰ ਦੀ ਚੈਕਿੰਗ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਗ੍ਰਾਮ ਪੰਚਾਇਤ ਚਹਿਲ ਵਿਖੇ ਚੱਲ ਰਹੀ ਪੰਜਾਬ ਸਿੰਧ ਬੈਂਕ ਆਰ. ਸੈਟੀ ਦਿਹਾਤੀ ਸਵੈ ਰੋਜ਼ਗਾਰ ਸਿਖਲਾਈ ਸੰਸਥਾ ਦਾ ਦੌਰਾ ਕਰਕੇ ਆਰ. ਸੈਟੀ ਵਿੱਚ ਚੱਲ ਰਹੇ ਵੂਮੈਨ ਟੇਲਰ ਦੇ ਗਰੁੱਪ ਦੀਆਂ ਲੜਕੀਆਂ ਨਾਲ ਗੱਲਬਾਤ ਵੀ ਕੀਤੀ। ਉਨ੍ਹਾਂ ਦੋਨਾ ਪੰਚਾਇਤਾਂ ਵਿੱਚ ਸੈਂਟਰ ਸਕੀਮ ਦੇ ਚੱਲ ਰਹੇ ਕੰਮਾਂ ਅਤੇ ਪੰਜਾਬ ਸਿੰਧ ਬੈਂਕ ਆਰ.ਸੈਟੀ ਦੁਆਰਾ ਕਰਵਾਈ ਜਾ ਰਹੀ ਟ੍ਰੇਨਿੰਗ 'ਤੇ ਤਸੱਲੀ ਪ੍ਰਗਟ ਕੀਤੀ।ਇਸ ਮੌਕੇ ਬਾਲ ਵਿਕਾਸ ਪ੍ਰੋਜੈਕਟ ਅਫਸਰ ਰਨਤਦੀਪ ਸੰਧੂ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਸਰਬਜੀਤ ਸਿੰਘ, ਜ਼ਿਲ੍ਹਾ ਨੋਡਲ ਅਫਸਰ ਲਲਿਤ ਅਰੋੜਾ, ਆਰ. ਸੈਟੀ ਡਾਇਰੈਕਟਰ ਪਰਮਜੀਤ ਸਿੰਘ, ਜ਼ਿਲ੍ਹਾ ਫੰਕਸ਼ਨਲ ਮੈਨੇਜਰ ਬਲਜਿੰਦਰ ਸਿੰਘ ਬਾਜਵਾ, ਜ਼ਿਲ੍ਹਾ ਕੋਆਰਡੀਨੇਟਰ ਪੀ.ਐਮ.ਏ.ਵਾਈ.(ਜੀ) ਜਸਪ੍ਰੀਤ ਕੌਰ ਅਤੇ ਬਲਾਕ ਕੋਆਰਡੀਨੇਟਰ ਪੀ. ਐਮ. ਏ. ਵਾਈ.(ਜੀ) ਰਮਨਦੀਪ ਸਿੰਘ, ਬਲਾਕ ਕੋਆਰਡੀਨੇਟਰ (ਮਗਨਰੇਗਾ) ਇਸ਼ਾਂਕ ਵਰਮਾ ਤੋਂ ਇਲਾਵਾ ਕੰਪਿਊਟਰ ਅਪਰੇਟਰ ਰਾਜਵੀਰ ਸਿੰਘ ਹਾਜ਼ਰ ਸਨ।

# ਗੁ: ਸਿੰਘ ਸ਼ਹੀਦਾਂ ਸੋਹਾਣਾ ਵਿਖੇ ਪ੍ਰਕਾਸ਼ ਪੁਰਬ ਅੱਜ ਮਨਾਇਆ ਜਾਵੇਗਾ

**ਮੋਹਾਲੀ (ਗੁਰਜੀਤ ਬਿੱਲਾ)** : ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ 6 ਜਨਵਰੀ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ ।ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਮਿਤੀ 04 ਜਨਵਰੀ ਨੂੰ ਸਵੇਰੇ 9 ਵਜੇ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਤੇ ਭੋਗ ਪ੍ਰਕਾਸ਼ ਪੁਰਬ ਵਾਲੇ ਦਿਨ 6 ਜਨਵਰੀ ਨੂੰ ਸਵੇਰੇ 10 ਵਜੇ ਪਾਏ ਜਾਣਗੇ। ਇਸ ਉਪਰੰਤ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਜੱਥੇ , ਇੰਟਰਨੈਸ਼ਨਲ ਪੰਥਕ ਢਾਡੀ ਜੱਥੇ ਅਤੇ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ ।ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ 5 ਜਨਵਰੀ ਨੂੰ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸਵੇਰੇ 11 ਵਜੇ ਗੁ. ਸਿੰਘ ਸ਼ਹੀਦਾਂ ਤੋਂ ਅਰੰਭ ਹੋਵੇਗਾ।

# ਯੁਵਕ ਸੇਵਾਵਾਂ ਵਿਭਾਗ ਵੱਲੋਂ ਨਸ਼ਾ ਵਿਰੋਧੀ ਜਾਗਰੂਕਤਾ ਅਭਿਆਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਡਿਪਟੀ ਕਮਿਸ਼ਨਰ ਜਲੰਧਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਵਿੱਚ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਰਵੀ ਦਾਰਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਨਕੋਦਰ ਅਤੇ ਮਲਸੀਆਂ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਅਭਿਆਨ ਕਰਵਾਇਆ ਗਿਆ, ਜਿਸ ਵਿੱਚ ਯੁਵਕ ਸੇਵਾਵਾਂ ਵਿਭਾਗ ਤੋਂ ਮਾਨਤਾ ਪ੍ਰਾਪਤ ਕਲੱਬ ਯੂਥ ਐਂਡ ਸਪੋਰਟਸ ਕਲੱਬ ਸਲੈਚਾਂ ਅਤੇ ਯੁਵਕ ਸੇਵਾਵਾਂ ਕਲੱਬ ਪਿਪਲੀ ਵੱਲੋਂ ਜੋਗਾ ਸਿੰਘ ਉਰਫ ਤਾਈ ਜਗੀਰੋ ਵੱਲੋਂ ਆਪਣੀ ਟੀਮ ਨਾਲ਼ ਨੁੱਕੜ ਨਾਟਕ ਅਤੇ ਨਸ਼ਾ ਵਿਰੋਧੀ ਬੋਲੀਆਂ ਨਾਲ਼ ਖੂਬ ਰੰਗ ਬੰਨ੍ਹਿਆ ਗਿਆ। ਮੇਲਿਆਂ ਦੇ ਬਾਦਸ਼ਾਹ ਦਲਵਿੰਦਰ ਦਿਆਲਪੁਰੀ ਨੇ ਆਪਣੇ ਗੀਤਾਂ ਨਾਲ ਨਸ਼ਿਆਂ ਉੱਪਰ ਕਰਾਰੀ ਸੱਟ ਮਾਰੀ। ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਨੇ ਸਾਈਕਲ ਗੀਤ ਗਾ ਕੇ ਮਿਸ਼ਨ ਤੰਦਰੁਸਤ ਪੰਜਾਬ ਲਈ ਨਾਅਰਾ ਲਾਇਆ। ਇਸ ਮੌਕੇ 'ਤੇ ਪਿੰਡ ਦੇ ਪੰਚ-ਸਰਪੰਚ ਅਤੇ ਹੋਰ ਪਤਵੰਤੇ ਸੱਜਣ ਖਾਸ ਤੌਰ 'ਤੇ ਹਾਜ਼ਰ ਸਨ।

# ਦਿਵਯ ਜਯੋਤੀ ਜਾਗਰਤੀ ਸੰਸਥਾਨ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਪ੍ਰਕਾਸ਼ ਪੁਰਬ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਦੁਆਰਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ।ਸ੍ਰੀ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ ਗੁਰਮੁਖ ਵੀਰ ਰਵਿੰਦਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਇੱਕ ਅਜਿਹੀ ਸ਼ਖ਼ਸੀਅਤ ਦੇ ਮਾਲਕ ਸਨ ਜਿਹੜੀ ਅਧਿਆਤਮਕਤਾ ਅਤੇ ਭੌਤਿਕ ਜਗਤ ਦੀ ਹਰ ਕਲਾ ਨਾਲ ਸਰਾਬੋਰ ਸੀ।ਉਨ੍ਹਾਂ ਦੀ ਅਦੁੱਤੀ ਸ਼ਖ਼ਸੀਅਤ ਬਹੁਤ ਸਾਰੇ ਗੁਣਾਂ ਦਾ ਸੁਮੇਲ ਸੀ।ਉਹ ਅਧਿਆਤਮਕ ਨੇਤਾ, ਮਹਾਨ ਸੈਨਾ ਨਾਇਕ ਅਤੇ ਉੱਚਕੋਟੀ ਦੇ ਵਿਦਵਾਨ ਸਨ।ਉਹ ਵੀਰਰਸ ਅਤੇ ਕਰੁਣਾ ਰਸ ਦੇ ਨਿਰੰਤਰ ਵਹਿਣ ਵਾਲੇ ਚਸ਼ਮੇ, ਤਿਆਗ ਅਤੇ ਕੁਰਬਾਨੀ ਦੇ ਜਜ਼ਬਿਆਂ ਦੇ ਪਿਤਾਮਾ ਸਨ।ਉਨ੍ਹਾਂ ਨੇ ਅੱਤਿਆਚਾਰੀ ਲੋਕਾਂ ਦਾ ਨਾਸ਼ ਕੀਤਾ ਤੇ ਧਰਮ ਦੀ ਸਥਾਪਨਾ ਕੀਤੀ। ਉਨ੍ਹਾਂ ਨੇ ਜਬਰ ਜ਼ੁਲਮ ਦੀਆਂ ਸੱਟਾਂ ਨਾਲ ਸੁੱਤੀ ਹੋਈ ਮਾਨਵਤਾ ਨੂੰ ਜਗਾਇਆ ਅਤੇ ਉਨ੍ਹਾਂ ਨੂੰ ਇੱਜ਼ਤ ਅਤੇ ਸਵੈਮਾਨ ਨਾਲ ਜ਼ਿੰਦਗੀ ਜਿਊਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਸਭ ਤੋਂ ਪਹਿਲਾਂ ਲੋਕਾਂ ਦੀ ਸੋਚ ਵਿੱਚ ਬਦਲਾਵ ਲਿਆਂਦਾ। ਲਿਤਾੜੀ ਜਾ ਚੁੱਕੀ ਮਾਨਵਤਾ ਨੂੰ ਚੜ੍ਹਦੀ ਕਲਾ ਦਾ ਨਾਰਾ ਦਿੱਤਾ।ਨਿਸ਼ਚੇ ਕਰ ਆਪਨੀ ਜੀਤ ਕਰੋ, ਦਾ ਸਬਕ ਕੰਠ ਕਰਵਾਇਆ।ਗੁਰੂ ਸਾਹਿਬ ਨੇ ਅਧਿਆਤਮਕ ਜਾਗਰਤੀ ਦੁਆਰਾ ਇੱਕ ਕ੍ਰਾਂਤੀਕਾਰੀ ਲਹਿਰ ਦਾ ਮੁੱਢ ਬੰਨ੍ਹ ਦਿੱਤਾ ਪਰ ਅਫਸੋਸ ਜਿਨ੍ਹਾਂ ਦੀ ਖਾਤਰ ਗੁਰੂ ਜੀ ਨੇ ਆਪਣਾ ਸਾਰਾ ਪਰਿਵਾਰ ਵਾਰ ਦਿੱਤਾ ਉਹੀ ਅੱਜ ਗੁਰੂ ਜੀ ਦੀ ਪ੍ਰੇਰਨਾ ਨੂੰ ਜੀਵਨ ਵਿੱਚ ਉਤਾਰਨ ਦੀ ਥਾਂ ਇਸ ਦੀ ਤਰਫ ਧਿਆਨ ਵੀ ਨਹੀਂ ਦਿੰਦੇ।ਅੱਜ ਫਿਰ ਤੋਂ ਜ਼ਰੂਰਤ ਹੈ ਜਾਗਣ ਦੀ। ਸਾਨੂੰ ਆਪਣੇ ਜੀਵਨ ਵਿੱਚ ਉਸ ਮਹਾਨ ਚਰਿੱਤਰ ਨੂੰ ਉਤਾਰਨ ਦੀ ਲੋੜ ਹੈ।ਪੂਰਨ ਸੰਤ ਮਹਾਂਪੁਰਸ਼ ਸਮੇਂ ਸਮੇਂ ਤੇ ਆ ਕੇ ਸੱਚ ਦਾ ਮਾਰਗ ਸਭ ਨੂੰ ਪ੍ਰਦਾਨ ਕਰਦੇ ਹਨ।ਸਾਨੂੰ ਅੱਜ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਲੋੜ ਹੈ। ਪ੍ਰੋਗਰਾਮ ਦੌਰਾਨ ਗੁਰਮੁਖ ਵੀਰ ਜਸਪਾਲ ਸਿੰਘ, ਗੁਰਮੁਖ ਵੀਰ ਹਰਦੀਪ ਸਿੰਘ ਨੇ ਪਾਵਨ ਗੁਰਬਾਣੀ ਦਾ ਗਾਇਨ ਕੀਤਾ।


**IDBI BANK**

ਐੱਨ ਪੀ ਏ ਮੈਨੇਜਮੈਂਟ ਗਰੁੱਪ, 7ਵੀਂ ਮੰਜ਼ਲ, ਆਈ ਡੀ ਬੀ ਆਈ ਟਾਵਰਜ਼, ਵਰਲਡ ਟਰੇਡ ਸੈਂਟਰ, ਕੁਫ਼ੇ ਪਰੇਡ, ਕੋਲਾਬਾ, ਮੁੰਬਈ-400005
rohan.chawdipande@idbi.co.in;bhavik.shastri@idbi.co.in; 02266553341; 02266552158

ਆਈ ਡੀ ਬੀ ਆਈ ਬੈਂਕ ਲਿਮਟਿਡ ਦੁਆਰਾ ਘੋਸਿਤ ਕੀਤੇ ਗਏ ਵਿਲਫੁੱਲ ਡਿਫਾਲਟਰ (ਡਿਫਾਲਟਰਾਂ ਬਾਰੇ) ਪਬਲਿਕ ਨੋਟਿਸ

| ਲੜੀ ਨੰ. | ਨਾਂਅ ਅਤੇ ਫੋਟੋ (ਪ੍ਰਮੋਟਰ/ਡਾਇਰੈਕਟਰ) | ਪਤਾ (ਪ੍ਰਮੋਟਰ/ਡਾਇਰੈਕਟਰ) |
|---|---|---|
| 1. | ਫੋਟੋ  ਨਾਂਅ : ਸ੍ਰੀ ਹਰਦਿਆਲ ਸਿੰਘ ਚੀਮਾ ਸਪੁੱਤਰ ਸ੍ਰੀ ਅਮਰਜੀਤ ਸਿੰਘ ਚੀਮਾ, ਪ੍ਰਮੋਟਰ/ਡਾਇਰੈਕਟਰ, ਮੈਸਰਜ਼ ਚੀਮਾ ਸਪਿੰਨਟੈਕਸ ਲਿਮਟਿਡ | ਸ੍ਰੀ ਹਰਦਿਆਲ ਸਿੰਘ ਚੀਮਾ ਸਪੁੱਤਰ ਸ੍ਰੀ ਅਮਰਜੀਤ ਸਿੰਘ ਚੀਮਾ, ਡਾਇਰੈਕਟਰ, ਮੈਸਰਜ਼ ਚੀਮਾ ਸਪਿੰਨਟੈਕਸ ਲਿਮਟਿਡ ਐੱਸ.ਸੀ.ਓ. ਨੰਬਰ 64-65, ਤੀਜੀ ਮੰਜ਼ਿਲ, ਸੈਕਟਰ 17-ਏ, ਚੰਡੀਗੜ੍ਹ-160017 ਸ੍ਰੀ ਹਰਦਿਆਲ ਸਿੰਘ ਚੀਮਾ ਸਪੁੱਤਰ ਸ੍ਰੀ ਅਮਰਜੀਤ ਸਿੰਘ ਚੀਮਾ, ਡਾਇਰੈਕਟਰ, ਮੈਸਰਜ਼ ਚੀਮਾ ਸਪਿੰਨਟੈਕਸ ਲਿਮਟਿਡ। ਪਿੰਡ ਕੌਲੀ ਮਾਜਰਾ, ਤਹਿਸੀਲ ਡੇਰਾਬਸੀ, ਜ਼ਿਲ੍ਹਾ ਐੱਸ.ਏ.ਐੱਸ. ਨਗਰ, ਮੋਹਾਲੀ, ਪੰਜਾਬ-140506 ਸ੍ਰੀ ਹਰਦਿਆਲ ਸਿੰਘ ਚੀਮਾ ਸਪੁੱਤਰ ਸ੍ਰੀ ਅਮਰਜੀਤ ਸਿੰਘ ਚੀਮਾ, ਡਾਇਰੈਕਟਰ, ਮੈਸਰਜ਼ ਚੀਮਾ ਸਪਿੰਨਟੈਕਸ ਲਿਮਟਿਡ ਮਕਾਨ ਨੰ: 176/2, ਸੈਕਟਰ 41-ਏ, ਚੰਡੀਗੜ੍ਹ - 160036. ਸ੍ਰੀ ਹਰਦਿਆਲ ਸਿੰਘ ਚੀਮਾ ਸਪੁੱਤਰ ਸ੍ਰੀ ਅਮਰਜੀਤ ਸਿੰਘ ਚੀਮਾ, ਡਾਇਰੈਕਟਰ, ਮੈਸਰਜ਼ ਚੀਮਾ ਸਪਿੰਨਟੈਕਸ ਲਿਮਟਿਡ ਨੰ: 167, ਸੈਕਟਰ 19-ਏ, ਚੰਡੀਗੜ੍ਹ-160019 ਸ੍ਰੀ ਹਰਦਿਆਲ ਸਿੰਘ ਚੀਮਾ ਸਪੁੱਤਰ ਸ੍ਰੀ ਅਮਰਜੀਤ ਸਿੰਘ ਚੀਮਾ, ਡਾਇਰੈਕਟਰ, ਮੈਸਰਜ਼ ਚੀਮਾ ਸਪਿੰਨਟੈਕਸ ਲਿਮਟਿਡ 260, ਸੈਕਟਰ 9 ਸੀ, ਚੰਡੀਗੜ੍ਹ-160009 |
| 2. | ਫੋਟੋ  ਨਾਂਅ : ਸ੍ਰੀ ਗੁਰਦਿਆਲ ਸਿੰਘ ਚੀਮਾ ਪ੍ਰਮੋਟਰ/ਡਾਇਰੈਕਟਰ ਚੀਮਾ ਸਪਿੰਨਟੈਕਸ ਲਿਮਟਿਡ | ਸ੍ਰੀ ਗੁਰਦਿਆਲ ਸਿੰਘ ਚੀਮਾ ਪੁੱਤਰ ਸ੍ਰੀ ਭਾਗ ਸਿੰਘ ਚੀਮਾ ਡਾਇਰੈਕਟਰ, ਚੀਮਾ ਸਪਿੰਨਟੈਕਸ ਲਿਮਟਿਡ ਬਾਜ਼ਪੁਰ ਰੋਡ, ਚੇਤੀ ਗਾਓਂ, ਚੀਮਾ ਨਿਵਾਸ, ਕਾਸ਼ੀਪੁਰ, ਜ਼ਿਲ੍ਹਾ ਊਧਮ ਸਿੰਘ ਨਗਰ, ਉੱਤਰਾਖੰਡ - 244713 |
| 3. | ਫੋਟੋ ਉਪਲੱਬਧ ਨਹੀਂ ਨਾਂਅ : ਸ੍ਰੀ ਅਮਰਜੀਤ ਸਿੰਘ ਚੀਮਾ ਪ੍ਰਮੋਟਰ/ਡਾਇਰੈਕਟਰ ਚੀਮਾ ਸਪਿੰਨਟੈਕਸ ਲਿਮਟਿਡ | ਸ੍ਰੀ ਅਮਰਜੀਤ ਸਿੰਘ ਚੀਮਾ ਸਪੁੱਤਰ ਸ੍ਰੀ ਭਾਗ ਸਿੰਘ ਚੀਮਾ, ਡਾਇਰੈਕਟਰ, ਮੈਸਰਜ਼ ਚੀਮਾ ਸਪਿੰਨਟੈਕਸ ਲਿਮਟਿਡ ਪਿੰਡ ਕੌਲੀ ਮਾਜਰਾ, ਤਹਿਸੀਲ ਡੇਰਾਬਸੀ, ਜ਼ਿਲ੍ਹਾ ਐੱਸ.ਏ.ਐੱਸ. ਨਗਰ, ਮੋਹਾਲੀ, ਪੰਜਾਬ-140506 ਸ੍ਰੀ ਅਮਰਜੀਤ ਸਿੰਘ ਚੀਮਾ ਸਪੁੱਤਰ ਸ੍ਰੀ ਭਾਗ ਸਿੰਘ ਚੀਮਾ, ਡਾਇਰੈਕਟਰ, ਮੈਸਰਜ਼ ਚੀਮਾ ਸਪਿੰਨਟੈਕਸ ਲਿਮਟਿਡ ਮਕਾਨ ਨੰ: 176/2, ਸੈਕਟਰ 41-ਏ, ਚੰਡੀਗੜ੍ਹ - 160036. ਸ੍ਰੀ ਅਮਰਜੀਤ ਸਿੰਘ ਚੀਮਾ ਸਪੁੱਤਰ ਸ੍ਰੀ ਭਾਗ ਸਿੰਘ ਚੀਮਾ, ਡਾਇਰੈਕਟਰ, ਮੈਸਰਜ਼ ਚੀਮਾ ਸਪਿੰਨਟੈਕਸ ਲਿਮਟਿਡ 260, ਸੈਕਟਰ 9 ਸੀ, ਚੰਡੀਗੜ੍ਹ-160009 ਸ੍ਰੀ ਅਮਰਜੀਤ ਸਿੰਘ ਚੀਮਾ ਸਪੁੱਤਰ ਸ੍ਰੀ ਭਾਗ ਸਿੰਘ ਚੀਮਾ, ਡਾਇਰੈਕਟਰ, ਮੈਸਰਜ਼ ਚੀਮਾ ਸਪਿੰਨਟੈਕਸ ਲਿਮਟਿਡ ਚੀਮਾ ਨਿਵਾਸ, ਕਾਸ਼ੀਪੁਰ, ਜ਼ਿਲ੍ਹਾ ਊਧਮ ਸਿੰਘ ਨਗਰ, ਉੱਤਰਾਖੰਡ-244713 |

ਇਸ ਦੁਆਰਾ ਜਨਤਾ ਨੂੰ ਵੱਡੇ ਪੱਧਰ 'ਤੇ ਅਧਿਸੂਚਿਤ ਕੀਤਾ ਜਾਂਦਾ ਹੈ ਕਿ ਉਪਰ ਵਰਨਣ ਪ੍ਰੋਮੋਟਰ/ਡਾਇਰੈਕਟਰ ਚੀਮਾ ਸਪਿਨਟੈਕਸ ਲਿਮ: (ਕਰਜ਼ਦਾਰ) ਨੂੰ ਦਿੱਤੀ ਗਈ ਵਿੱਤੀ ਸਹਾਇਤਾ ਦੇ ਸੰਬੰਧ ਵਿੱਚ ਆਈ ਡੀ ਬੀ ਆਈ ਬੈਂਕ ਲਿਮਟਿਡ ਨੂੰ ਮੂਲ ਦੀਆਂ ਕਿਸ਼ਤਾਂ, ਵਿਆਜ ਅਤੇ ਹੋਰ ਰਕਮਾਂ ਦੀ ਅਦਾਇਗੀ ਕਰਨ ਵਿੱਚ ਨਾਕਾਮ ਰਹੇ ਹਨ ਅਤੇ ਅਣਦੇਖੀ ਕਰ ਰਹੇ ਹਨ। ਉਨ੍ਹਾਂ ਦੁਆਰਾ ਆਈ ਡੀ ਬੀ ਆਈ ਬੈਂਕ ਲਿਮਟਿਡ ਦੇ ਪੱਖ 'ਚ ਕੀਤੇ ਗਏ ਵੱਖ-ਵੱਖ ਕਰਜ਼ਾ ਦਸਤਾਵੇਜ਼ਾਂ ਸੰਬੰਧੀ ਮਿਤੀ 01 ਨਵੰਬਰ 2024 ਨੂੰ ਬਕਾਇਆ ਨਿਕਲਦੀ ਰਾਸ਼ੀ ਰੁਪਏ 292, 45,08,550/- (ਰੁਪਏ ਦੋ ਸੌ ਬੰਨਵੇਂ ਕਰੋੜ ਪੰਜਤਾਲੀ ਲੱਖ ਅੱਠ ਹਜ਼ਾਰ ਪੰਜ ਸੌ ਪੰਜਾਹ ਕੇਵਲ) ਦੀ ਅਦਾਇਗੀ ਦੀ ਮਿਤੀ ਤੱਕ ਇਸ ਉਪਰ ਬਣਦੇ ਵਿਆਜ ਸਮੇਤ ਭੁਗਤਾਨ ਕਰਨ ਦੀ ਲੋੜ ਹੈ। ਇਸ ਲਈ ਜਨਤਕ ਹਿੱਤ ਵਿੱਚ ਇਹ ਸੂਚਿਤ ਕੀਤਾ ਜਾਂਦਾ ਹੈ ਅਤੇ ਸਾਵਧਾਨ ਕੀਤਾ ਜਾਂਦਾ ਹੈ ਕਿ ਕੋਈ ਵੀ ਵਿਅਕਤੀ ਪ੍ਰੋਮੋਟਰ/ਡਾਇਰੈਕਟਰ ਕੋਲੋਂ ਵਸੂਲੀ ਜਾਣ ਵਾਲੀ ਇੱਕ ਵੱਡੀ ਰਾਸ਼ੀ ਨੂੰ ਦੇਖਦੇ ਹੋਏ ਉਨ੍ਹਾਂ ਦੀਆਂ ਜਾਇਦਾਦਾਂ ਬਾਰੇ ਕੋਈ ਲੈਣ-ਦੇਣ ਨਾ ਕਰਨ।

ਮਿਤੀ : 06.01.2025
ਸਥਾਨ : ਮੁੰਬਈ

ਸਹੀ/- ਅਧਿਕਾਰਤ ਅਫ਼ਸਰ ਹਸਤਾਖਰੀ
ਆਈ ਡੀ ਬੀ ਆਈ ਬੈਂਕ ਲਿਮਟਿਡ (ਐੱਨ ਪੀ ਏ) ਮੈਨੇਜਮੈਂਟ ਗਰੁੱਪ



## PUBLIC NOTICE

That under the Instructions of the Bank of Baroda Ltd. I hereby informed the general public that Smt. Kulwinder Kaur W/O. S. Anokh Singh, R/o VPO Mode, Tehsil Attari & Distt. Amritsar, became owner of the House property, Total Area Measuring 120 Sq. Yards, Forming Part of Khasra No. 79//18/6, Comprised in Khewat/Khatoni No.1441/1970, as Per Jamabandi of the year 2018-19, Bounded as detailed in the Head note, situated at Vakia Rakba Kala Ghanupur Sub Urban, Abadi Khoo bhangali wala, Tehsil & Distt. Amritsar vide sale deed dated: 27/05/2013, duly registered in the office of the Sub Registrar, Amritsar, vide Vasika No. 3802 Bahi no. 1 Jild No. 5585 & Page No. 34, and now same is intended to be purchased by Smt. Tripta Rani W/O. Sh. Rajindra Kumar by taking loan from Bank of Baroda Ltd., Branch Majith Mandi, Amritsar. That I, Smt. Kulwinder Kaur W/o S. Anokh Singh R/O. VPO Mode Lost somewhere the previous sale deed i.e., original sale deed dated: 21/03/1994 executed by S. Karaj Singh S/o. S. Tarlok Singh in favour of S. Captain Shanker Singh S/o. S. Subeg Singh through S. Balkar Singh S/o Gurchit Singh through GPA No. 7857 Bahi No. 4 Jild No. 836 Page no 58 Dated 11/01/1994 duly registered in the office of the Sub Registrar, Amritsar, vide Vasika no. 21961, Bahi No. 1. If anybody have any objection in this regard or found above detailed document(s) may contact to Sh. Vikas Mahajan, Advocate, and office at: Chamber no. 201 - A, District Courts, Near Gate no. 3, Ajnala Road, Amritsar, within 14 days of the said publication. M-98881-55166

## COURT NOTICE

(U/o 5 Rule 20 CPC)
Ian the Court of Sanjeeta
Additional Principal Judge Family Court, Amritsar
CNR No. PBAS01-015731-2024
Next Date :- 12-03-2025

Hardeep Kaur W/o Parvinderjit Singh D/o Jatinder Singh R/o 109, Gali No. 10, New Pawan Nagar, Batala Road, Amritsar
Vs.
Parvinderjit Singh @ Sonu

Publication Issued To :-
Parvinderjit Singh @ Sonu
Father : Surinder Singh
WB-30/1238,Fairland Colony, Fatehgarh Churian Road, Amritsar. Mobile No. 98726-88949

In above titled case, the defendant(s)/ respondent(s) could not be served. It is ordered that defendant(s)/ respondent (s) should appear in person or through counsel on 12.03.2025 at 10:00 A.M.

For details logon to https://highcourtchd.gov.in/?trs=district_notice&district=Amritsar

Additional Principal Judge Family Court, Amritsar
Dated this day of 03-01-2025

## COURT NOTICE

(U/o 5 Rule 20 CPC)
(Succession Case)
(In the Court of
Ms. Roopa Dhaliwal
Additional Civil Judge (Senior Division), Malerkotla
CNR No. PBSGC0-001768-2024
Next Date :- 22-01-2025

Manjit Singh Uppal S/o Labh Singh R/o Village Jhuner, Teh. Ahmedgarh, District malerkotla
Vs.
General Public

Application under Section 372 Indian Succession Act, 1925 (Succ/20/2024)

Notice To :-
General Public

In above titled case, the defendant(s)/ respondent(s) could not be served. It is ordered that defendant(s)/ respondent (s) should appear in person or through counsel on 22.01.2025 at 10:00 A.M.

For details logon to https://highcourtchd.gov.in/?trs=district_notice&district=Sangrur

Additional Civil Judge (Senior Division), Malerkotla
Dated this day of 04-01-2025


# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਨਾਲ ਮਨਾਇਆ



**ਬਟਾਲਾ (ਤਰਲੋਕ ਬੱਗਾ)**— ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਇੰਪਰੂਵਮੈਂਟ ਟਰੱਸਟ ਵਿਭਾਗ ਵੱਲੋਂ ਗੁਰੂ ਗੋਬਿੰਦ ਸਿੰਘ ਜੀ ਦਾ ਜਨਮ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਦੇ ਭੋਗ ਉਪਰੰਤ ਰਾਗੀ ਸਿੰਘਾਂ ਵੱਲੋਂ ਕੀਰਤਨ ਕੀਤਾ ਗਿਆ ।ਸਮੂਹ ਸਾਧ ਸੰਗਤ ਲਈ ਗੁਰੂ ਦਾ ਲੰਗਰ ਵੀ ਲਗਾਇਆ ਗਿਆ। ਸੇਵਾ ਸੋਸਾਇਟੀ ਵੱਲੋਂ ਸਮੂਹ ਸੇਵਾਦਾਰਾਂ ਨੂੰ ਸਿਰੋਪੇ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਨਰੇਸ਼ ਗੋਇਲ, ਈ ਓ ਅਰਵਿੰਦ ਸ਼ਰਮਾਂ, ਐਕਸੀਅਨ ਬਿਕਰਮ ਸਿੰਘ, ਏ ਟੀ ਈ ਮਨਪ੍ਰੀਤ ਸਿੰਘ, ਸੁਪਰੀਡੈਂਟ ਗੁਰਜੀਤ ਸਿੰਘ, ਲੇਖਾਕਾਰ ਹਰਪ੍ਰੀਤ ਕੌਰ, ਰਾਜੇਸ਼ ਕੁਮਾਰ, ਜਨਕ ਰਾਜ, ਜੋਗਿੰਦਰ ਸਿੰਘ ਆਦਿ ਸਮੂਹ ਸਟਾਫ ਹਾਜ਼ਰ ਸੀ।


# ਕਲਾਸੀਫਾਈਡ ਇਸ਼ਤਿਹਾਰ

## Change of Name

I Seema Devi W/o Nitin Chowdhary H.no. 73, Globe Colony, Near Gujja Peer, Industrial Area, Jalandhar - 144004, have changed my name from Seema Devi to Seema Chowdhary. All concerned noted.

I Simranpreet Kaur W/O Ranjit Singh R/O Vill. Bhel, Po. Najka, Jalandhar, Punjab. Inform that my given name is Simranpreet and surname is Kaur please note.

I, Ashwani Kumar S/o Shashpal Rai Sharma R/o 210, Purani Kothi, Opposite, Lucky Cable, Ward No.11, Raja Sansi, PO Raja Sansi District Amritsar have changed my name from Ashwani Kumar to Ashwani Kumar Sharma.

I, Lalit S/O Sh. Buta Ram resident of Mohalla Thathi, VPO Alawalpur, Tehsil Adampur, District Jalandhar have changed my name from Lalit to Lalit Kumar. Kumar as a surname. Please note.

I, Sukhwinder Singh S/o Santokh Singh R/o Village Budho Punder. P.O. Ibban, Tehsil & District Kapurthala, declare that in my Passport No. S8254217 my name is mentioned as Sukhwinder Singh. That now I want to change my name Singh as Surname and Sukhwinder as given name. Please note.

I, Sunita Devi W/o Malik Raj Ward No. 5, V.P.O. Dhanag (879), Teh. Baijnath, Distt. Kangra, H.P. 176125. I have changed my name from Sunita Kumari to Sunita Devi.

I, Anil Kumar S/o Hukam Chand R/o H.No. EC-376, Qazi Mohalla, Jalandhar, Punjab have changed my name from Anil Kumar to Anil Sharma. All concerned please note.

I, Rup Lal S/o Sh. Malooka Ram R/o Moh. Ramdaspur V.P.O. Alawalpur Tehsil & Distt. Jalandhar have Changed my name Rup Lal to Roop Lal for all future purposes.

I, Inderjeet Kaur W/o Singh Parminder R/o Village Alampur, Teh. Dasuya (Hoshiarpur) Punjab have changed my name to Kaur Inderjeet. All concerned please note.

I, Narinder Singh S/o Pritam Singh R/o Village Manowal, PO. Alampur. Teh. Dasuya (Hoshiarpur) Punjab have changed my name to Gurnarinder Singh. All concerned please note.

I, Vishal Khatri S/o Vijay Kumar R/o H.No. 298/A, Near Gate No. 4, PAP Lines, Jalandhar, Punjab have changed my address from H.No. 298/A, Near Gate No. 4, PAP Lines, Jalandhar to H.No. 30, Sunshine Valley, Ladhewali, Jalandhar.

## Change of Name

I, Naranjan Kaur w/o Gurdial Singh r/o VPO. Dhami, Tehsil Garhshankar, Distt. Hoshiarpur have changed my name to Niranjan Kaur. All Please Note.

I, Geeta Rani w/o Ajay Kumar r/o F.M-195, Model House, Jalandhar, Punjab have changed my name from Geeta to Geeta Rani. All Please Note.

I, Vidyanand Mandal s/o Bhola Mandal r/o Vill.Nahal, Distt. Jalandhar declare that Given name as Vidyanand and Surname as Mandal. All Please Note.

I, Rashmi Setia w/o Rohit Setia r/o H.No. 465, Urban Estate, Kapurthala declare that Given name as Rashmi and Surname as Setia. All Please Note.

I, Vijay Kumar S/o Om Parkash R/o H.No. 298/A, Near Gate No. 4, PAP Lines, Jalandhar, Punjab have changed my address from H.No. 298/A, Near Gate No. 4, PAP Lines, Jalandhar to H.No. 30, Sunshine Valley, Ladhewali, Jalandhar.

I, Asha Rani W/o Vijay Kumar R/o H.No. 298/A, Near Gate No. 4, PAP Lines, Jalandhar, Punjab have changed my address from H.No. 298/A, Near Gate No. 4, PAP Lines, Jalandhar to H.No. 30, Sunshine Valley, Ladhewali, Jalandhar.

I, Vijay Kumar S/o Om Parkash R/o H.No. 298/A, Near Gate No. 4, PAP Lines, Jalandhar, Punjab have changed my son Akash Khatri his address from H.No. 298/A, Near Gate No. 4, PAP Lines, Jalandhar to H.No. 30, Sunshine Valley, Ladhewali, Jalandhar.

## ਬੇਦਖਲੀ ਨੋਟਿਸ

ਮੈਂ, ਗੁਰਜੀਤ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਪਿੰਡ ਬੱਲ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਰਮਜੀਤ ਕੌਰ ਅਤੇ ਲੜਕੀ ਗੁਰਸਿਮਰਨ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਹਰਜਿੰਦਰ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਪਿੰਡ ਤਲਵੰਡੀ ਭਰੋ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਉਸਦੀ ਪਤਨੀ ਸਿਮਰਨਜੀਤ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ ਸੁੱਚਾ ਮਸੀਹ ਪੁੱਤਰ ਮੁਨਸ਼ੀ ਮਸੀਹ ਅਤੇ ਪਿਆਰੀ ਪਤਨੀ ਸੁੱਚਾ ਮਸੀਹ ਵਾਸੀਆਨ ਪਿੰਡ ਭੁਸ਼ਾਂ ਡਾਕਖਾਨਾ ਜਾਗੋਵਾਲ ਬੇਟ ਜ਼ਿਲ੍ਹਾ ਗੁਰਦਾਸਪੁਰ ਆਪਣੇ ਲੜਕੇ ਸੰਨੀ ਦਿਓਲ ਅਤੇ ਇਸ ਦੀ ਪਤਨੀ ਮਨਪ੍ਰੀਤ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਹ ਸਾਡੇ ਅਤੇ ਸਾਡੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਮੈ ਗੁਰਬਖਸ਼ ਸਿੰਘ ਪੁੱਤਰ ਲਾਭ ਸਿੰਘ, ਵਾਸੀ ਮਕਾਨ ਨੰਬਰ 850, ਬਸਤੀ ਮਿੱਠੂ ,ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਕੁਲਵੰਤ ਸਿੰਘ ਨੂੰ ਹੁਣ ਆਪਣੇ ਕਹਿਣੇਕਾਰ ਹੋਣ ਕਰਕੇ ਉਸ ਸੰਬੰਧੀ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲੀ ਸੰਬੰਧੀ ਦਿੱਤਾ ਪਬਲਿਕ ਨੋਟਿਸ ਵਾਪਸ ਲੈਂਦਾ ਹਾਂ। ਹੁਣ ਮੇਰਾ ਲੜਕਾ ਮੇਰੀ ਚੱਲ-ਅਚੱਲ ਜਾਇਦਾਦ ਵਿਚ ਪੂਰਾ ਹੱਕਦਾਰ ਹੈ। ਸੰਬੰਧਤ ਨੋਟ ਕਰਨ

ਮੈਂ ਤਰਸੇਮ ਲਾਲ ਪੁੱਤਰ ਕਰਮ ਚੰਦ ਵਾਸੀ ਮਕਾਨ ਨੰਬਰ 124/8, ਸੰਜੇ ਗਾਂਧੀ ਨਗਰ , ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਿੰਸ ਅਤੇ ਉਸਦੀ ਪਤਨੀ ਜੋਤੀ ਮੇਰੇ ਕਹਿਣੇ ਤੋਂ ਬਾਹਰ ਹਨ । ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਇਹਨਾ ਨਾਲ ਕੋਈ ਸਬੰਧ ਨਹੀਂ ਹੈ। ਇਹਨਾ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ ਸੁਦਿਸਟ ਪੰਡਿਤ ਪੁੱਤਰ ਲਕਸ਼ਮਣ ਪੰਡਿਤ ,ਵਾਸੀ ਕਾਂਸ਼ੀ ਨਗਰ , ਕੋਟ ਸਦੀਕ, ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਧੀਰਜ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ । ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਉਸ ਨਾਲ ਕੋਈ ਸਬੰਧ ਨਹੀਂ ਹੈ। ਇਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ ਸੇਵਾ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਪਿੰਡ ਪਧਿਆਣਾ ਜਿਲਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਹਰਵਿੰਦਰ ਸਿੰਘ ਉਰਫ ਹੈਪੀ ਮੇਰੇ ਕਹਿਣੇ ਤੋਂ ਬਾਹਰ ਹੈ ਮੈਂ ਇਹਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਜੋ ਕੋਈ ਇਸ ਨਾਲ ਲੈਣ ਦੇਣ ਕਰੇਗਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਰਾਜੂ ਨਾਹਰ ਪੁੱਤਰ ਵਰਿੰਦਰ ਕੁਮਾਰ ਵਾਸੀ ਪਿੰਡ ਕੋਟ ਸਦੀਕ, ਏ ਬੀ ਧਰਮ ਕੰਡਾ ਵਾਲੀ ਗਲੀ, ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਪੀਯੂਸ਼ ਨਾਹਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ, ਪੰਕਜ ਗੋਇਲ ਪੁੱਤਰ ਚਮਨ ਲਾਲ ਗੋਇਲ ਵਾਸੀ ਪਾਤੜਾਂ ਨੇ ਆਪਣੀ ਬੇਟੀ ਰੂਹਾਨੀ ਗੋਇਲ ਦਾ ਨਾਂਅ ਰਵੀਸ਼ਾ ਗੋਇਲ ਤੋਂ ਬਦਲ ਕੇ ਰੂਹਾਨੀ ਗੋਇਲ ਰੱਖ ਲਿਆ ਹੈ।

## LOST AND FOUND

I Gurjit Kaur W/o Bhupinder Singh S/o Satnam Singh R/o 32, Adarsh Nagar, Jalandhar had lost the original Sale-deeds no. 4518 & 4519 dated 19/08/2015, 12138, 12139, 13140 dated 25/02/2006 & GPA 8151 daeted 11/09/2008 SR-Jalandhar belonging to my residence/property in-lieu-of that I have lodged complaint in Jalandhar Police Station Division No.6 vide DDR No. GD045 dated 05/06/2023. If anyone finds the same then kindly contact & return and contact me @ 9814046959.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


# ਨਗਰ ਕੀਰਤਨ ਦਾ ਸੰਗਤਾਂ ਵੱਲੋਂ ਭਰਵਾਂ ਸੁਆਗਤ



**ਲੁਧਿਆਣਾ :** ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਪੁਰਬ ਦੇ ਸੰਬੰਧ ਵਿੱਚ ਗੁਰਦੁਆਰਾ ਸਿੰਘ ਸਭਾ ਗੋਬਿੰਦ ਕਲੋਨੀ, ਜਮਾਲਪੁਰ, ਲੁਧਿਆਣਾ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ-ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਕੱਢਿਆ ਗਿਆ। ਨਗਰ ਕੀਰਤਨ ਸਵੇਰ 10.30 ਵਜੇ ਆਰੰਭ ਹੋ ਕੇ ਗੋਬਿੰਦ ਕਲੋਨੀ, ਬੈਂਕ ਕਲੋਨੀ, ਜੋਤੀ ਕਲੋਨੀ, ਆਹਲੂਵਾਲੀਆ ਕਲੋਨੀ, ਰਸੀਲਾ ਨਗਰ ਆਦਿ ਤੋਂ ਹੁੰਦਾ ਹੋਇਆ ਨਗਰ ਦੀ ਪਰਿਕਰਮਾ ਤੋਂ ਬਾਅਦ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਇਸ ਵਿੱਚ ਕੀਰਤਨੀ ਜੱਥੇ, ਰਾਗੀ-ਢਾਡੀ ਜੱਥੇ, ਗਤਕਾ ਪਾਰਟੀ ਅਤੇ ਇਸਤਰੀ ਸਤਿਸੰਗ ਸਭਾ ਨੇ ਗੁਰ ਹਰ ਜਸ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਦਾ ਡਰੀਮ ਪਾਰਕ ਦੇ ਕੋਲ ਸਥਾਨਕ ਦੁਕਾਨਦਾਰਾਂ ਵੱਲੋਂ ਭਰਵਾਂ ਸੁਆਗਤ ਕੀਤਾ ਗਿਆ ਅਤੇ ਲੰਗਰ ਵੀ ਵਰਤਾਇਆ ਗਿਆ।

ਇਸ ਮੌਕੇ ਵਾਰਡ ਨੰਬਰ 22 ਦੇ ਕੌਂਸਲਰ ਜਸਪਾਲ ਸਿੰਘ ਗਰੇਵਾਲ, ਮਗਨ, ਹੈਪੀ, ਵਿੱਕੀ, ਅਸ਼ੀਸ਼ ਗੁਪਤਾ, ਹਰਸ਼, ਮਹਿੰਗਾ, ਭੁਪਿੰਦਰ, ਗੈਰੀ, ਭੋਲਾ, ਅਮਨ ਆਦਿ ਸਮੇਤ ਸਮੂਹ ਸੰਗਤ ਹਾਜ਼ਰ ਸੀ।

# ਨਗਰ ਕੀਰਤਨ ਮੌਕੇ ਦੁੱਧ ਦਾ ਲੰਗਰ ਲਗਾਇਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਦਸਵੀ ਪਾਤਿਸ਼ਾਹੀ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੇ ਸਬੰਧ 'ਚ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਨਗਰ ਕੀਰਤਨ ਸਜਾਇਆ ਗਿਆ।ਇਸ ਮੌਕੇ ਸਵਰਗਵਾਸੀ ਪਰਮਜੀਤ ਢਿੱਲੋਂ ਦੇ ਸਪੁੱਤਰ ਰਾਹੁਲ ਢਿੱਲੋਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵੱਲੋਂ ਸੰਗਤਾਂ ਲਈ ਦੁੱਧ ਦਾ ਲੰਗਰ ਲਗਾਇਆ ਗਿਆ ਅਤੇ ਨਗਰ ਕੀਰਤਨ ਦੀ ਅਗਵਾਈ ਕਰ ਰਹੇ ਪੰਜ ਪਿਆਰਿਆਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮੈਨੇਜਰ ਸਤਨਾਮ ਸਿੰਘ ਗੋਸਲ ਵੱਲੋਂ ਰੋਹਿਤ ਢਿੱਲੋਂ ਨੂੰ ਸਿਰੋਪਾ ਸਾਹਿਬ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕੁਲਵਿੰਦਰ ਸਿੰਘ ਬੇਦੀ, ਸਚਿਨ ਢਿੱਲੋਂ, ਰੋਹਿਤ ਢਿੱਲੋਂ ਯੂਕੇ, ਰਜਿੰਦਰ ਸਿੰਘ ਮਿੱਠੂ ਹਲਵਾਈ, ਸਾਹਿਲ, ਕਾਂਤਾ ਰਾਣੀ, ਪ੍ਰੇਮ ਪਾਲ ਢਿੱਲੋਂ, ਗਗਨਦੀਪ ਸਿੰਘ, ਅੰਮਿਤ ਮਹਾਜਨ, ਬੰਟੀ, ਹੈਪੀ, ਰਵੀ ਕੁਮਾਰ ਮਹਿਰਾ, ਟਿੱਕਾ ਬਿਜਲੀ ਵਾਲਾ, ਗੁਰਮੀਤ ਸਿੰਘ ਏਐੱਸਆਈ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਪ੍ਰਭਾਤ ਫੇਰੀਆਂ ਕੱਢੀਆਂ



**ਚੋਹਲਾ ਸਾਹਿਬ (ਰਮਨ ਚੱਢਾ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਚੋਹਲਾ ਸਾਹਿਬ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਚੋਹਲਾ ਸਾਹਿਬ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਪ੍ਰਭਾਤ ਫੇਰੀਆਂ ਕੱਢੀਆਂ ਗਈਆਂ। ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਚੋਹਲਾ ਸਾਹਿਬ ਦੇ ਮੁੱਖ ਸੇਵਾਦਾਰ ਗੁਰਮੁਖ ਸਿੰਘ ਸਾਬਕਾ ਮੈਨੇਜਰ ਨੇ ਦੱਸਿਆ ਕਿ ਇਤਿਹਾਸਕ ਨਗਰ ਚੋਹਲਾ ਸਾਹਿਬ ਵਿਖੇ ਸੰਗਤਾਂ ਦੇ ਸਹਿਯੋਗ ਨਾਲ 10 ਪ੍ਰਭਾਤ ਫੇਰੀਆਂ ਕੱਢੀਆਂ ਗਈਆਂ। ਉਨ੍ਹਾਂ ਦੱਸਿਆ ਕਿ ਪ੍ਰਭਾਤ ਫੇਰੀਆਂ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਪਾਤਿਸ਼ਾਹੀ ਪੰਜਵੀਂ ਚੋਹਲਾ ਸਾਹਿਬ ਤੋਂ ਸ਼ੁਰੂ ਹੋ ਕੇ ਨਗਰ ਚੋਹਲਾ ਸਾਹਿਬ ਦੇ ਵੱਖ-ਵੱਖ ਪੜਾਵਾਂ ਵਿੱਚੋਂ ਲੰਘੀਆਂ ਅਤੇ ਜਿੱਥੇ ਸੰਗਤਾਂ ਵੱਲੋਂ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਅਤੇ ਸੰਗਤਾਂ ਨੂੰ ਗੁਰੂ ਜੱਸ ਸੁਣਾ ਕੇ ਨਿਹਾਲ ਕੀਤਾ ਗਿਆ ਅਤੇ ਗੁਰੂ ਚਰਨਾਂ ਵਿੱਚ ਸਰਬੱਤ ਦੇ ਭਲੇ ਅਤੇ ਅਰਦਾਸ ਕੀਤੀ ਗਈ। ਇਸ ਸਮੇਂ ਮੀਤ ਪ੍ਰਧਾਨ ਗੁਰਪਾਲ ਸਿੰਘ ਭੁੱਲਰ, ਸੂਬੇਦਾਰ ਹਰਬੰਸ ਸਿੰਘ, ਲਖਵਿੰਦਰ ਸਿੰਘ ਨਿਸ਼ਾਨਚੀ, ਸੁਰਜੀਤ ਸਿੰਘ ਨਿਸ਼ਾਨਚੀ, ਸੂਬੇਦਾਰ ਮਹਾਂ ਸਿੰਘ, ਜਤਿੰਦਰ ਸਿੰਘ ਸੋਨੂੰ, ਦਲਜੀਤ ਸਿੰਘ ਫ਼ੌਜੀ, ਦਰਸ਼ਨ ਸਿੰਘ ਟੇਲਰ, ਬਲਵਿੰਦਰ ਸਿੰਘ ਟੇਲਰ, ਸੁਰਿੰਦਰ ਸਿੰਘ ਢੋਲਕੀ ਮਾਸਟਰ, ਕਵਲਜੀਤ ਸਿੰਘ, ਸੁਖਜਿੰਦਰ ਸਿੰਘ, ਧਰਮਿੰਦਰ ਸਿੰਘ, ਜਿੰਦਾ ਫ਼ੌਜੀ, ਸੰਤੋਖ ਸਿੰਘ, ਸਤਨਾਮ ਸਿੰਘ ਸਾਊਂਡ, ਮਨਦੀਪ ਸਿੰਘ, ਮਨੀ, ਗੁਰਭੇਜ ਸਿੰਘ, ਤਰਲੋਕ ਸਿੰਘ, ਗੁਰਜੰਟ ਸਿੰਘ ਲਾਈਟ, ਮੈਡਮ ਬੇਅੰਤ ਕੌਰ, ਪ੍ਰਕਾਸ਼ ਕੌਰ, ਸੁਖਵਿੰਦਰ ਕੌਰ, ਹਰਜਿੰਦਰ ਕੌਰ, ਸਵਰਨਜੀਤ ਕੌਰ, ਨਵਦੀਪ ਕੌਰ, ਸ਼ਰਨਜੀਤ ਕੌਰ, ਰਜਵੰਤ ਕੌਰ ਮੰਨੂ, ਸਰਬਜੀਤ ਕੌਰ, ਰੁਪਿੰਦਰ ਕੌਰ, ਜਸਵਿੰਦਰ ਕੌਰ, ਰਾਜੂ, ਕਮਲਜੀਤ ਕੌਰ, ਭੁਪਿੰਦਰਪਾਲ ਕੌਰ, ਅਮਰਜੀਤ ਕੌਰ, ਅਵਤਾਰ ਸਿੰਘ, ਕੁਲਦੀਪ ਸਿੰਘ ਤਨਵੀਰ ਸਿੰਘ ਆਦਿ ਹਾਜ਼ਰ ਸਨ।

# ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵੱਖ-ਵੱਖ ਥਾਈਂ ਨਗਰ ਕੀਰਤਨ


ਸ੍ਰੀ ਮੁਕਤਸਰ ਸਾਹਿਬ


ਮਹਿਲ ਕਲਾਂ


ਸੰਗਰੂਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ) :** ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਤੇ ਸ੍ਰੀ ਮੁਕਤਸਰ ਸਾਹਿਬ ਵਿਖੇ ਦਰਬਾਰ ਸਾਹਿਬ ਟੁੱਟੀ ਗੰਢੀ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਸਮੇਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਲਵਾਈ ਤੇ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ।ਨਗਰ ਕੀਰਤਨ ਦਰਬਾਰ ਸਾਹਿਬ ਟੁੱਟੀ ਗੰਢੀ ਸਾਹਿਬ ਤੋਂ ਸ਼ੁਰੂ ਹੋ ਕੇ ਦਰਬਾਰ ਸਾਹਿਬ ਦੇ ਸਰੋਵਰ ਦੀ ਪਰਿਕਰਮਾ ਕਰਦਾ ਹੋਇਆ ਦਰਬਾਰ ਸਾਹਿਬ ਟੁੱਟੀ ਗੰਢੀ ਸਾਹਿਬ ਵਿਖੇ ਪਹੁੰਚਿਆ। ਇਸ ਨਗਰ ਕੀਰਤਨ ਸਮੇਂ ਰਾਗੀ ਢਾਡੀ ਸਿੰਘਾਂ ਵੱਲੋਂ ਨਗਰ ਕੀਰਤਨ ਤੇ ਗੁਰੂ ਗ੍ਰੰਥ ਸਾਹਿਬ ਦੀ ਇਲਾਹੀ ਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮੇਂ ਮੈਨੇਜਰ ਦਰਬਾਰ ਸਾਹਿਬ ਬਲਦੇਵ ਸਿੰਘ ਵੱਲੋਂ ਸੰਗਤਾਂ ਨੂੰ ਜੀ ਆਇਆਂ ਆਖਦੇ ਹੋਏ ਪ੍ਰਕਾਸ਼ ਪੁਰਬ 'ਤੇ ਸਮੁੱਚੀ ਕਾਇਨਾਤ ਨੂੰ ਵਧਾਈ ਦਿੰਦੇ ਹੋਏ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਜੀ ਦਾ ਜੀਵਨ ਸਮੁੱਚੀ ਕਾਇਨਾਤ ਲਈ ਪ੍ਰੇਰਨਾ ਸਰੋਤ ਹੈ। ਇਸ ਸਮੇਂ ਦਰਬਾਰ ਸਾਹਿਬ ਟੁੱਟੀ ਗੰਢੀ ਸਾਹਿਬ ਦੇ ਹੈੱਡ ਗ੍ਰੰਥੀ ਜਗਬੀਰ ਸਿੰਘ, ਬਲਦੇਵ ਸਿੰਘ ਮੈਨੇਜਰ ਦਰਬਾਰ ਸਾਹਿਬ, ਜਗਬੀਰ ਸਿੰਘ, ਹੈੱਡ ਗ੍ਰੰਥੀ ਚਾਨਣ ਸਿੰਘ ਮੂਮ ਖੇੜਾ, ਅਕਾਊਂਟਸ ਕਲਰਕ ਦਰਬਾਰ ਸਾਹਿਬ ਕੁਲਵੰਤ ਸਿੰਘ, ਅਕਾਊਂਟੈਂਟ ਮਨਿੰਦਰ ਸਿੰਘ, ਐਡੀਸ਼ਨਲ ਮੈਨੇਜਰ ਸੁਖਦੇਵ ਸਿੰਘ, ਮੀਤ ਮੈਨੇਜਰ ਗੁਰਜੀਤ ਸਿੰਘ, ਮਲਕੀਤ ਸਿੰਘ ਤਰਮਾਲਾ, ਪਰਮਜੀਤ ਸਿੰਘ ਤੇ ਸਾਬਕਾ ਮੈਨੇਜਰ ਦਰਬਾਰ ਸਾਹਿਬ ਕਰਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਇਸ ਵਿਸ਼ਾਲ ਨਗਰ ਕੀਰਤਨ ਵਿੱਚ ਆਪਣੀ ਹਾਜ਼ਰੀ ਭਰੀ।

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ) :** ਦਸਮੇਸ਼ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਵਤਾਰ ਦਿਹਾੜੇ ਨੂੰ ਸਮਰਪਤ ਵੱਡਾ ਗੁਰਦੁਆਰਾ ਪ੍ਰਬੰਧਕ ਕਮੇਟੀ ਮਹਿਲ ਖੁਰਦ ਵੱਲੋਂ ਸਮੂਹ ਨਗਰ ਦੇ ਸਹਿਯੋਗ ਨਾਲ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਇਸ ਮੌਕੇ ਹਰ ਪੜਾਅ ਉਪਰ ਸਰਧਾਲੂ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਪੂਰੀ ਗਰਮਜੋਸ਼ੀ ਨਾਲ ਭਰਵਾਂ ਸੁਆਗਤ ਕਰਦਿਆਂ ਪੰਜ ਪਿਆਰੇ ਸਾਹਿਬਾਨ ਨੂੰ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਉੱਘੇ ਢਾਡੀ ਜੱਥੇ ਭਾਈ ਰਣਜੀਤ ਸਿੰਘ ਰਾਣਾ, ਕਵੀਸ਼ਰ ਅਵਤਾਰ ਸਿੰਘ ਸੇਖੂਪੁਰਾ ਨੇ ਗੁਰਇਤਿਹਾਸ ਸੁਣਾਇਆ।ਇਸ ਮੌਕੇ ਵੱਡਾ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਸਵਿੰਦਰ ਸਿੰਘ, ਖਜ਼ਾਨਚੀ ਭਾਈ ਮਲਕੀਤ ਸਿੰਘ, ਸਰਪੰਚ ਭਾਈ ਹਰਪਾਲ ਸਿੰਘ ਖ਼ਾਲਸਾ, ਜਸਪ੍ਰੀਤ ਸਿੰਘ ਜੱਸਾ ਕੈਨੇਡਾ, ਸਾਬਕਾ ਪ੍ਰਧਾਨ ਜਗਸੀਰ ਸਿੰਘ, ਕੇਵਲ ਸਿੰਘ, ਨਿਸ਼ਾਨ ਸਿੰਘ, ਗੁਰਪ੍ਰੀਤ ਸਿੰਘ ਫੌਜੀ, ਕਰਨੈਲ ਸਿੰਘ ਲਾਲੀ, ਭੁਪਿੰਦਰ ਸਿੰਘ, ਗੋਰਾ ਸਿੰਘ, ਬਿੱਲੂ ਸਿੰਘ, ਤਰਲੋਚਨ ਸਿੰਘ, ਰੂਬਲ ਗਿੱਲ, ਬਿੰਦਰ ਹੈਰੀ ਕੈਨੇਡਾ, ਜਗਮੀਤ ਸਿੰਘ ਜੱਗਾ, ਅਵਤਾਰ ਸਿੰਘ ਹਰੀ, ਵਿਜੈ ਸਿੰਘ, ਭਗਵੰਤ ਸਿੰਘ, ਭਾਈ ਗੁਰਦੇਵ ਸਿੰਘ, ਬਾਬਾ ਰਾਜ ਸਿੰਘ, ਬੇਅੰਤ ਸਿੰਘ ਸੂਮ, ਨੰਬਰਦਾਰ ਬੇਅੰਤ ਸਿੰਘ, ਗੁਲਜ਼ਾਰ ਸਿੰਘ, ਜੱਸਾ ਸਿੰਘ ਮਾਣਕੀ, ਗੋਲਡੀ ਜਗਦੇ, ਮਾ: ਅਮਰਜੀਤ ਸਿੰਘ, ਪ੍ਰਗਟ ਸਿੰਘ ਮਹਿਲ ਖੁਰਦ, ਸੁਖਵੀਰ ਜਗਦੇ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸ਼ਰਧਾਲੂ ਸੰਗਤਾਂ ਹਾਜ਼ਰ ਸਨ।

**ਸੰਗਰੂਰ (ਪ੍ਰਵੀਨ ਸਿੰਘ) :** ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਗੁਰਦੁਆਰਾ ਸਾਹਿਬ ਗੁਰੂ ਨਾਨਕਪੁਰਾ ਸੰਗਰੂਰ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਭਾਈ ਸੁੰਦਰ ਸਿੰਘ ਹੈੱਡ ਗ੍ਰੰਥੀ ਵੱਲੋਂ ਨਗਰ ਕੀਰਤਨ ਅਰੰਭਤਾ ਦੀ ਅਰਦਾਸ ਕੀਤੀ ਗਈ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਸਵਿੰਦਰ ਸਿੰਘ ਪ੍ਰਿੰਸ, ਗੁਰਮੀਤ ਸਿੰਘ ਸਾਹਨੀ ਜਨਰਲ ਸਕੱਤਰ, ਪਰਮਿੰਦਰ ਸਿੰਘ ਸੋਬਤੀ, ਗੁਰਵਿੰਦਰ ਸਿੰਘ ਸਰਨਾ, ਹਰਵਿੰਦਰਪਾਲ ਸਿੰਘ, ਗੁਰਜੰਟ ਸਿੰਘ ਤੇ ਸੁਰਿੰਦਰਪਾਲ ਸਿੰਘ ਸਿਦਕੀ ਦੀ ਦੇਖ-ਰੇਖ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਛਤਰ ਤਾਣ ਕੇ ਸੰਗਤਾਂ ਵੱਲੋਂ ਵਾਹਿਗੁਰੂ ਦਾ ਜਾਪ ਕਰਦਿਆਂ ਫੁੱਲਾਂ ਦੀ ਵਰਖਾ ਨੇ ਗੁਰਦੁਆਰਾ ਸਾਹਿਬ ਤੋਂ ਸ਼ਹਿਰ ਦੇ ਬਜ਼ਾਰਾਂ ਵਿੱਚ ਦੀ ਅਲੌਕਿਕ ਨਜ਼ਾਰਾ ਪੇਸ਼ ਕੀਤਾ। ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਦੇ ਮੈਂਬਰ ਭਾਈ ਮਨਵੀਰ ਸਿੰਘ ਤੋਂ ਬਿਨਾਂ ਇਸਤਰੀ ਸਤਿਸੰਗਤ ਸਭਾਵਾਂ ਦੇ ਸ਼ਬਦੀ ਜਥਿਆਂ ਵੱਲੋਂ ਸਵਰਨ ਕੌਰ, ਮਨਜੀਤ ਕੌਰ, ਗੁਰਬੀਰ ਕੌਰ, ਗੁਰਲੀਨ ਕੌਰ, ਰੇਖਾ ਕਾਲੜਾ, ਕਿਰਨ ਦੂਆ, ਮਹਿਕਪ੍ਰੀਤ ਕੌਰ, ਸੰਤੋਸ਼ ਕੌਰ, ਨਿਸ਼ਾ ਰਾਣੀ ਤੇ ਮੀਨੂ ਆਦਿ ਸਮੇਤ ਸੁਰਿੰਦਰਪਾਲ ਸਿੰਘ, ਹਰਵਿੰਦਰ ਸਿੰਘ, ਚਰਨਜੀਤ ਪਾਲ ਸਿੰਘ ਤੇ ਗੁਰਮੀਤ ਸਿੰਘ ਨੇ ਗੁਰਬਾਣੀ ਦੀ ਮਹਿਕ ਫ਼ੈਲਾਈ ਤੇ ਮਹੌਲ ਵਿੱਚ ਬੀਰ ਰਸੀ ਰਸ ਘੋਲ ਦਿੱਤਾ। ਇਸ ਦੌਰਾਨ ਗਤਕੇ ਦੇ ਜੌਹਰ ਵੀ ਵਿਖਾਏ ਗਏ।

ਇਸ ਮੌਕੇ ਮਿਸਤਰੀ ਕ੍ਰਿਪਾਲ ਸਿੰਘ ਰਾਏਕੋਟ ਵੱਲੋਂ ਤਿਆਰ ਕੀਤੇ ਜਹਾਜ਼ ਰਾਹੀਂ ਕੀਤੀ ਫੁੱਲਾਂ ਦੀ ਵਰਖਾ ਤੇ ਸਿੱਖ ਇਤਿਹਾਸ ਪ੍ਰਦਰਸ਼ਨੀ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ। ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕੀਤੇ ਗਏ ਤੇ ਸੰਗਤਾਂ ਦੀ ਵੱਖ ਵੱਖ ਲੰਗਰਾਂ ਅਤੇ ਸਟਾਲਾਂ ਨਾਲ ਸੇਵਾ ਕੀਤੀ ਗਈ। ਇਸ ਮੌਕੇ ਥਾਣਾ ਸਿਟੀ ਸੰਗਰੂਰ ਦੀ ਪੁਲਸ ਟੁਕੜੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਲਾਮੀ ਦਿੱਤੀ ਗਈ। ਪ੍ਰਬੰਧਕਾਂ ਵੱਲੋਂ ਜਸਵਿੰਦਰ ਸਿੰਘ ਪ੍ਰਿੰਸ, ਗੁਰਵਿੰਦਰ ਸਿੰਘ ਸਰਨਾ, ਗੁਰਮੀਤ ਸਿੰਘ ਸਾਹਨੀ, ਪਰਮਿੰਦਰ ਸਿੰਘ, ਹਰਵਿੰਦਰ ਸਿੰਘ, ਗਗਨਜੀਤ ਸਿੰਘ ਗੱਗੀ, ਗੁਰਜੰਟ ਸਿੰਘ, ਇੰਦਰਪ੍ਰੀਤ ਸਿੰਘ, ਤੇਜਿੰਦਰ ਸਿੰਘ ਤੇ ਹਰਵਿੰਦਰ ਸਿੰਘ ਕੋਹਲੀ ਆਦਿ ਨੇ ਸੰਸਥਾਵਾਂ ਦੇ ਮੁਖੀਆਂ ਤੇ ਸਟਾਲ ਪ੍ਰਬੰਧਕਾਂ ਨੂੰ ਸਨਮਾਨਤ ਕੀਤਾ।

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਨਜ਼ਦੀਕੀ ਪਿੰਡ ਸ਼ਾਹਪੁਰ ਕਲਾਂ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਪਾਤਸ਼ਾਹੀ ਨੌਵੀਂ ਮੰਜੀ ਸਾਹਿਬ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਨੂੰ ਮੁੱਖ ਰੱਖਦੇ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ।ਨਗਰ ਕੀਰਤਨ ਦੀ ਸ਼ੁਰੂਆਤ ਕਰਦਿਆਂ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਬੂਟਾ ਸਿੰਘ ਨੇ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕਰਨ ਦੀ ਸੇਵਾ ਨਿਭਾਈ।ਨਗਰ ਕੀਰਤਨ ਦੌਰਾਨ ਪਿੰਡ 'ਚ ਵੱਖ-ਵੱਖ ਸਥਾਨਾਂ 'ਤੇ ਚਾਹ ਤੇ ਪਕੌੜਿਆਂ ਦਾ ਲੰਗਰ ਅਤੁੱਟ ਵਰਤਿਆ ਅਤੇ ਪਿੰਡ ਦੀਆਂ ਸੰਗਤਾਂ ਨੇ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਕ ਹੁੰਦਿਆਂ ਨਗਰ ਕੀਰਤਨ ਦਾ ਫੁੱਲਾਂ ਦੀ ਵਰਖਾ ਕਰਕੇ ਭਰਵਾਂ ਸਵਾਗਤ ਕੀਤਾ।ਨਗਰ ਕੀਰਤਨ ਦੌਰਾਨ ਢਾਡੀ ਜਥਿਆਂ ਨੇ ਸੰਗਤਾਂ ਨੂੰ ਸਿੱਖ ਧਰਮ ਨਾਲ ਸੰਬੰਧਤ ਵਾਰਾਂ ਸੁਣਾਈਆਂ ਤੇ ਭਾਈ ਗੁਰਸੇਵਕ ਸਿੰਘ ਹਜ਼ੂਰੀ ਰਾਗੀ ਦੇ ਜਥੇ ਨੇ ਰਸਭਿੰਨਾ ਕੀਰਤਨ ਕਰਦਿਆਂ ਸੰਗਤਾਂ ਨੂੰ ਨਿਹਾਲ ਕੀਤਾ ਤੇ ਸਟੇਜ ਸਕੱਤਰ ਦੀ ਸੇਵਾ ਗੁਰਚਰਨ ਸਿੰਘ ਨੇ ਨਿਭਾਈ।


ਬੁਢਲਾਡਾ


ਮਲੋਟ


ਧੂਰੀ


ਨਾਭਾ

**ਬੁਢਲਾਡਾ (ਅਸ਼ੋਕ ਲਾਕੜਾ)**-ਦਸਮੇਸ਼ਪਿਤਾ ਸਰਬੰਸਦਾਨੀ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 359ਵਾਂ ਪ੍ਰਕਾਸ਼ ਦਿਹਾੜਾ ਗੁਰਦੁਆਰਾ ਸਿੰਘ ਸਭਾ ਇਲਾਕਾ ਬਾਰ੍ਹਾ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਇਸ ਤਹਿਤ ਇੱਕ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਤੋਂ ਸਜਾਇਆ ਗਿਆ, ਜੋ ਗਾਂਧੀ ਬਜ਼ਾਰ, ਭੀਖੀ ਰੋਡ, ਫਲਾਈ ਓਵਰ ਪੁਲ, ਬੋਹਾ ਰੋਡ, ਬੱਸ ਸਟੈਂਡ ਰੋਡ, ਬੁਢਲਾਡਾ ਪਿੰਡ ਦੀ ਫਿਰਨੀ, ਫੁਹਾਰਾ ਚੌਕ ਤੇ ਰੇਲਵੇ ਰੋਡ ਤੋਂ ਹੁੰਦਾ ਹੋਇਆ ਦੇਰ ਸ਼ਾਮ ਗੁਰਦੁਆਰਾ ਸਾਹਿਬ ਵਿਖੇ ਪਹੁੰਚਿਆ।ਨਗਰ ਕੀਰਤਨ ਦੌਰਾਨ ਧਾਰਮਿਕ ਸੰਸਥਾਵਾਂ ਤੇ ਸਕੂਲਾਂ ਦੇ ਬੱਚਿਆਂ ਨੇ ਨਗਰ ਕੀਰਤਨ ਦੀ ਸ਼ੋਭਾ ਨੂੰ ਵਧਾਇਆ।ਇਸ ਦੌਰਾਨ ਹਜ਼ੂਰੀ ਰਾਗੀ ਜਥਾ ਹਰਦੇਵ ਸਿੰਘ ਤੇ ਨਿਧਾਨ ਸਿੰਘ ਅਤੇ ਢਾਡੀ ਜਥਿਆਂ ਨੇ ਮਨੋਹਰ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਨਗਰ ਕੀਰਤਨ ਦੌਰਾਨ ਦੁੱਧ, ਬ੍ਰੈੱਡ ਤੇ ਚਾਹ ਦੇ ਲੰਗਰ ਲਗਾਏ ਗਏ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 6 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਸਵੇਰੇ 10 ਵਜੇ ਪਾਏ ਜਾਣਗੇ, ਉਪਰੰਤ ਕੀਰਤਨ ਦੀਵਾਨ ਸਜਾਏ ਜਾਣਗੇ।

**ਮਲੋਟ (ਗੁਰਮੀਤ ਸਿੰਘ ਮੱਕੜ) :** ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਦੁਆਰਾ ਸ੍ਰੀ ਸਿੰਘ ਸਭਾ ਸਾਹਿਬ, ਨੌਜਵਾਨ ਜੋੜਾ ਸੇਵਾ ਸੁਸਾਇਟੀ ਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਗੁਰਦੁਆਰਾ ਰੋਡ, ਮੇਨ ਬਾਜ਼ਾਰ, ਇੰਦਰਾ ਰੋਡ, ਜੀ. ਟੀ. ਰੋਡ ਆਦਿ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਇਸ ਮੌਕੇ ਜੈਤੋਂ ਤੋਂ ਪਹੁੰਚੀ ਬੀਰ ਕਲਗੀਧਰ ਗੱਤਕਾ ਟੀਮ ਵੱਲੋਂ ਆਪਣੀ ਕਲਾ ਦੇ ਜੌਹਰ ਦਿਖਾਏ ਗਏ ਅਤੇ ਫੌਜੀ ਬੈਂਡ ਵੱਲੋਂ ਵੀ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ ਗਿਆ। ਨਗਰ ਕੀਰਤਨ ਦੌਰਾਨ ਕੀਰਤਨੀ ਜੱਥੇ ਵੱਲੋਂ ਵੀ ਸੰਗਤਾਂ ਨੂੰ ਰਸਭਿੰਨਾ ਕੀਰਤਨ ਸੁਣਾ ਕੇ ਨਿਹਾਲ ਕੀਤਾ ਗਿਆ ਅਤੇ ਗੁਰੂ ਸਾਹਿਬਾਨਾਂ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਸੰਗਤਾਂ ਨੂੰ ਪ੍ਰੇਰਿਆ। ਇਸ ਮੌਕੇ ਸ੍ਰੀ ਸਿੰਘ ਸਭਾ ਸਾਹਿਬ ਗੁਰਦੁਆਰਾ ਦੀ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸ਼ਹਿਰ ਵਾਸੀਆਂ ਨੂੰ ਵਧਾਈਆਂ ਦਿੱਤੀਆਂ। ਸੰਗਤਾਂ ਲਈ ਥਾਂ-ਥਾਂ 'ਤੇ ਚਾਹ ਆਦਿ ਦੇ ਸ਼ਹਿਰ ਵਾਸੀਆਂ ਵੱਲੋਂ ਲੰਗਰ ਵੀ ਲਗਾਏ ਗਏ।

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ) :** ਗੁਰਦੁਆਰਾ ਨਾਨਕਪੁਰਾ ਸਾਹਿਬ ਧੂਰੀ ਪਿੰਡ ਵੱਲੋਂ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ਹਿਰ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਜੋ ਗੁਰਦੁਆਰਾ ਸਾਹਿਬ ਤੋਂ ਰਵਾਨਾ ਹੋ ਕੇ ਪਾਠਸ਼ਾਲਾ ਰੋਡ, ਰੇਲਵੇ ਰੋਡ, ਸਦਰ ਬਜ਼ਾਰ, ਲੋਹਾ ਬਜ਼ਾਰ ਸਮੇਤ ਸ਼ਹਿਰ ਦੇ ਵੱਖ ਵੱਖ ਹਿੱਸਿਆਂ 'ਚੋਂ ਗੁਜ਼ਰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਪੁੱਜ ਕੇ ਸਮਾਪਤ ਹੋਇਆ।ਇਸ ਮੌਕੇ ਜਿੱਥੇ ਰਾਗੀ ਜੱਥਿਆਂ ਵੱਲੋਂ ਗੁਰੂ ਜਸ ਗਾਇਨ ਕੀਤਾ ਗਿਆ ਤੇ ਢਾਡੀ ਜੱਥਿਆਂ ਵੱਲੋਂ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ, ਉਥੇ ਗੱਤਕਾ ਪਾਰਟੀ ਵੱਲੋਂ ਗੱਤਕੇ ਦੇ ਜੌਹਰ ਦਿਖਾਏ ਗਏ ਅਤੇ ਰਸਤੇ ਵਿੱਚ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਥਾਂ ਥਾਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਪ੍ਰਬੰਧਕ ਕਮੇਟੀ ਦੇ ਆਗੂਆਂ ਵਿੱਚ ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ, ਜਸਵੰਤ ਸਿੰਘ ਕਾਕਾ, ਸੁਖਪਾਲ ਸਿੰਘ, ਭੁਪਿੰਦਰ ਸਿੰਘ, ਸੰਦੀਪ ਸਿੰਘ, ਕਰਨੈਲ ਸਿੰਘ, ਸੁਖਦੇਵ ਸਿੰਘ, ਐੱਸ.ਜੀ.ਪੀ.ਸੀ. ਮੈਂਬਰ ਭੁਪਿੰਦਰ ਸਿੰਘ ਭਲਵਾਨ, ਪੱਤਰਕਾਰ ਆਗੂ ਹਰਦੀਪ ਸਿੰਘ ਸੋਢੀ ਸਮੇਤ ਵੱਡੀ ਗਿਣਤੀ ਵਿੱਚ ਪਤਵੰਤਿਆਂ ਨੇ ਨਗਰ ਕੀਰਤਨ 'ਚ ਹਾਜ਼ਰੀ ਲੁਆਈ।

**ਨਾਭਾ (ਵਰਿੰਦਰ ਵਰਮਾ) :** ਰਿਆਸਤੀ ਸ਼ਹਿਰ ਨਾਭਾ ਦੇ ਇਤਿਹਾਸਕ ਗੁਰ ਅਸਥਾਨ ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਘੋੜਿਆਂ ਵਾਲਾ ਤੋਂ ਵਿਸ਼ਾਲ ਨਗਰ ਕੀਰਤਨ ਧੰਨ ਧੰਨ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸਜਾਇਆ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਆਪੋ ਆਪਣੇ ਵਾਹਨਾਂ ਰਾਹੀਂ ਨਗਰ ਕੀਰਤਨ ਵਿੱਚ ਸ਼ਮੂਲੀਅਤ ਕੀਤੀ।ਨਗਰ ਕੀਰਤਨ ਮੌਕੇ ਸਕੂਲੀ ਬੈਂਡ ਤੇ ਗਤਕਾ ਪਾਰਟੀਆਂ ਦੇ ਜੌਹਰ ਵਿਸ਼ੇਸ਼ ਤੌਰ 'ਤੇ ਸੰਗਤਾਂ ਦੀ ਖਿੱਚ ਦਾ ਕੇਂਦਰ ਬਣੇ ਰਹੇ। ਇਸ ਮੌਕੇ ਜਥੇਦਾਰ ਬਲਤੇਜ ਸਿੰਘ ਖੋਖ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਤਵਿੰਦਰ ਸਿੰਘ ਟੌਹੜਾ ਤੇ ਮੈਨੇਜਰ ਗੁਰਲਾਲ ਸਿੰਘ ਨਲੀਨੀ ਨੇ ਸੰਗਤਾਂ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਵਿਸ਼ਾਲ ਨਗਰ ਕੀਰਤਨ ਮੌਕੇ ਵਧਾਈਆਂ ਦਿੰਦਿਆਂ ਗੁਰੂ ਗੋਬਿੰਦ ਸਿੰਘ ਜੀ ਦੀ ਜੀਵਨੀ ਬਾਰੇ ਚਾਨਣਾ ਪਾਇਆ।ਇਸ ਮੌਕੇ ਸੰਤ ਬਾਬਾ ਰਣਜੀਤ ਸਿੰਘ ਮੁਹਾਲੀ ਵਾਲੇ, ਮੱਖਣ ਸਿੰਘ ਲਾਲਕਾ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ, ਚਰਨ ਸਿੰਘ ਐੱਮ ਡੀ ਮਲਕੀਤ ਐਗਰੋਟੈਕ ਨਾਭਾ, ਗੁਰਦਿਆਲ ਇੰਦਰ ਸਿੰਘ ਬਿੱਲੂ ਸਾਬਕਾ ਚੇਅਰਮੈਨ, ਆਪ ਪਾਰਟੀ ਦੇ ਸੀਨੀਅਰ ਆਗੂ ਗਿਆਨ ਸਿੰਘ ਮੂੰਗੋ, ਅਕਾਲੀ ਦਲ ਦੇ ਸੀਨੀਅਰ ਆਗੂ ਲਖਬੀਰ ਸਿੰਘ ਲੌਟ, ਬਾਬਾ ਕੁਲਦੀਪ ਸਿੰਘ ਕਾਰ ਸੇਵਾ, ਬਾਬਾ ਮੱਖਣ ਸਿੰਘ ਜੀ ਕਾਰ ਸੇਵਾ ਵਾਲੇ, ਬਲਜੀਤ ਸਿੰਘ ਖਹਿਰਾ ਪ੍ਰਧਾਨ ਅਮਲ ਸੁਸਾਇਟੀ ਨਾਭਾ, ਡਾ. ਪਰਮਜੀਤ ਸਿੰਘ ਸਰੋਆ, ਸਤਿਗੁਰ ਸਿੰਘ ਨਰਮਾਨਾ ਪ੍ਰਧਾਨ ਬਾਬਾ ਅਜਾਪਾਲ ਸਿੰਘ ਸੇਵਾ ਸੋਸਾਇਟੀ, ਬਲਜੀਤ ਸਿੰਘ ਰਣਜੀਤ ਅਖਾੜਾ ਗਤਕਾ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਇੰਸ. ਮਨਜੀਤ ਸਿੰਘ ਡੀ ਜੀ ਪੀ ਕਾਮਨਡੇਸ਼ਨ ਡਿਸਕ ਨਾਲ ਸਨਮਾਨਤ



**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸਿੰਘ ਸੋਢੀ)**-ਇੰਸਪੈਕਟਰ ਮਨਜੀਤ ਸਿੰਘ ਕਚੂਰਾ ਨੂੰ ਪੁਲਸ ਪ੍ਰਸ਼ਾਸਨ ਨੂੰ ਵਧੀਆਂ ਸੇਵਾਵਾਂ ਦੇਣ ਬਦਲੇ ਮਾਨਯੋਗ ਡੀ ਜੀ ਪੀ ਗੌਰਵ ਯਾਦਵ ਵੱਲੋਂ ਡੀ ਜੀ ਪੀ ਡਿਸਕ ਨਾਲ ਸਨਮਾਨਤ ਕੀਤਾ ਗਿਆ।ਜ਼ਿਕਰਯੋਗ ਹੈ ਕਿ ਮਨਜੀਤ ਸਿੰਘ ਕਚੂਰਾ ਇਸ ਸਮੇਂ ਥਾਣਾ ਸਾਈਬਰ ਕ੍ਰਾਇਮ ਫਾਜ਼ਲਿਕਾ ਵਿਖੇ ਬਤੌਰ ਇੰਚਾਰਜ ਵਜੋਂ ਸੇਵਾਵਾਂ ਨਿਭਾਅ ਰਹੇ ਹਨ।ਇਸ ਮੌਕੇ ਐੱਸ ਐੱਸ ਪੀ ਫਾਜ਼ਲਿਕਾ ਵਰਿੰਦਰ ਸਿੰਘ ਬਰਾੜ ਵੱਲੋਂ ਉਨ੍ਹਾਂ ਨੂੰ ਡੀ ਜੀ ਪੀ ਡਿਸਕ ਲਗਾ ਕੇ ਸਨਮਾਨ ਦਿੱਤਾ ਗਿਆ।ਇਸ ਮੌਕੇ ਇੰਸਪੈਕਟਰ ਮਨਜੀਤ ਸਿੰਘ ਕਚੂਰਾ ਨੇ ਮਾਨਯੋਗ ਡੀ ਜੀ ਪੀ ਸਾਹਿਬ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮੈਨੂੰ ਮਾਣ ਮਹਿਸੂਸ ਹੋ ਰਿਹਾ ਹੈ ਕਿ ਮੇਰੀਆਂ ਸੇਵਾਵਾਂ ਨੂੰ ਦੇਖਦੇ ਹੋਏ ਡੀ ਜੀ ਪੀ ਸਾਹਿਬ ਵੱਲੋਂ ਡੀ ਜੀ ਪੀ ਡਿਸਕ ਨਾਲ ਨਿਵਾਜਿਆ ਗਿਆ ਹੈ।ਉਨ੍ਹਾਂ ਕਿਹਾ ਕਿ ਅਪਰਾਧੀਆਂ ਨੂੰ ਨੱਥ ਪਾਉਣ ਲਈ ਪੁਲਸ ਦੇ ਉੱਚ ਅਧਿਕਾਰੀਆਂ ਵੱਲੋਂ ਜੋ ਉਨ੍ਹਾਂ ਦੀ ਡਿਊਟੀ ਥਾਣਾ ਸਾਈਬਰ ਕ੍ਰਾਈਮ ਵਿੱਚ ਲਗਾਈ ਗਈ ਹੈ, ਉਹ ਇਸ ਡਿਊਟੀ ਨੂੰ ਤਨਦੇਹੀ ਨਾਲ ਨਿਭਾਅ ਰਹੇ ਹਨ ਤੇ ਲੋਕਾਂ ਨੂੰ ਵਧੀਆ ਸੇਵਾਵਾਂ ਦੇਣ ਦੀ ਕੋਸ਼ਿਸ਼ ਕਰ ਰਹੇ ਹਨ।ਮਾਨਯੋਗ ਐੱਸ ਐੱਸ ਪੀ ਫਾਜ਼ਲਿਕਾ ਵੱਲੋਂ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਤੇ ਭਵਿੱਖ ਵਿੱਚ ਹੋਰ ਵਧੀਆਂ ਕਾਰਗੁਜ਼ਾਰੀ ਦੀ ਉਮੀਦ ਜਤਾਈ ਗਈ।

ਇਸ ਮੌਕੇ ਪੱਤਰਕਾਰ ਤੇ ਲੇਖਕ ਬਲਜੀਤ ਸਿੰਘ ਕਚੂਰਾ, ਮਾਸਟਰ ਅਮਰਜੀਤ ਸਿੰਘ ਵਾਰਵਲ, ਕਲਰਕ ਜਸਵਿੰਦਰ ਸਿੰਘ ਵਾਰਵਲ, ਸੁਰਿੰਦਰ ਸਿੰਘ ਸਵਨਾ, ਕਾਂਸਟੇਬਲ ਰਵਿੰਦਰ ਸਿੰਘ ਵਾਰਵਲ, ਮਾਸਟਰ ਗੁਰਦੀਪ ਸਿੰਘ ਕਰਨਾਵਲ, ਹਰਪ੍ਰੀਤ ਸਿੰਘ ਕਚੂਰਾ, ਪ੍ਰੇਮਜੀਤ ਸਿੰਘ ਵਾਰਵਲ ਆਦਿ ਵੱਲੋਂ ਉਨ੍ਹਾਂ ਨੂੰ ਵਧਾਈਆਂ ਤੇ ਸ਼ੁਭ-ਕਾਮਨਾਵਾਂ ਦਿੱਤੀਆਂ ਗਈਆਂ।

## ਪ੍ਰਕਾਸ਼ ਪੁਰਬ ਨੂੰ ਸਮਰਪਤ ਪਾਠ ਕਰਵਾਇਆ



**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੇ ਪੁਰਾਣਾ ਸਰਕਾਰੀ ਹਸਪਤਾਲ ਦੇ ਸਮੂਹ ਨਗਰ ਨਿਵਾਸੀਆਂ ਵੱਲੋਂ ਨਵੇਂ ਸਾਲ ਦੀ ਆਮਦ ਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਪ੍ਰਕਾਸ਼ ਕਰਵਾਇਆ ਗਿਆ ਅਤੇ ਬਾਬਾ ਵਿਸ਼ਵਕਰਮਾ ਗੁਰਦੁਆਰਾ ਸਾਹਿਬ ਜੀ ਦੇ ਗ੍ਰੰਥੀ ਸਿੰਘ ਵੱਲੋਂ ਮਹਾਰਾਜ ਜੀ ਦੀ ਹਜ਼ੂਰੀ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਦੇ ਹੋਏ ਸੰਗਤਾਂ ਨੂੰ ਗੁਰੂ ਦੀ ਬਾਣੀ ਨਾਲ ਨਿਹਾਲ ਕੀਤਾ ਗਿਆ।ਇਸ ਮੌਕੇ ਸਮੂਹ ਮੁਹੱਲਾ ਵਾਸੀਆਂ ਵੱਲੋਂ ਵਧ ਚੜ੍ਹ ਕੇ ਸੇਵਾ ਕਰਦੇ ਹੋਏ ਆਈ ਹੋਈ ਸੰਗਤ ਨੂੰ ਚਾਹ ਦਾ ਲੰਗਰ ਛਕਾਇਆ ਗਿਆ ਅਤੇ ਮਹਾਰਾਜ ਜੀ ਦੀ ਹਜ਼ੂਰੀ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਮੁਹੱਲੇ ਦੇ ਨੌਜਵਾਨਾਂ ਤੇ ਬੱਚਿਆਂ ਵੱਲੋਂ ਵੀ ਸੇਵਾ ਵਿੱਚ ਵਧ ਚੜ੍ਹ ਕੇ ਹਿੱਸਾ ਲਿਆ ਗਿਆ।

## ਡੱਲੇਵਾਲ ਦਾ ਮਰਨ ਵਰਤ ਕਿਸਾਨੀ, ਆਰਥਿਕ ਤੇ ਸਮਾਜਿਕ ਢਾਂਚੇ ਦੀ ਰੱਖਿਆ ਲਈ : ਸਰਪੰਚ ਰਾਜਾ ਮੱਲਕੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕੇਂਦਰ ਸਰਕਾਰ ਦਾ ਕਿਸਾਨਾਂ ਪ੍ਰਤੀ ਵਤੀਰੇ ਦੀ ਨਿਖੇਧੀ ਕਰਦਿਆਂ ਸਰਪੰਚ ਹਰਵਿੰਦਰ ਸਿੰਘ ਰਾਜਾ ਮੱਲ ਕੇ ਨੇ ਸੰਯੁਕਤ ਮੋਰਚੇ ਦੇ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਦਾ ਸਮਰਥਨ ਕਰਦਿਆਂ ਕਿਹਾ ਕਿ ਉਹ ਕਿਸਾਨਾਂ ਦੇ ਹੱਕਾਂ ਦੀ ਲੜਾਈ ਵਿਚ ਆਪਣਾ ਅਹਿਮ ਯੋਗਦਾਨ ਪਾ ਰਹੇ ਹਨ।ਉਨ੍ਹਾ ਕਿਹਾ ਕਿ ਡੱਲੇਵਾਲ ਵੱਲੋਂ ਕਿਸਾਨਾਂ ਦੀਆਂ ਮੰਗਾਂ ਨੂੰ ਸਰਕਾਰ ਤੱਕ ਪਹੁੰਚਾਉਣ ਲਈ ਆਪਣੀ ਜ਼ਿੰਦਗੀ ਦੀ ਪ੍ਰਵਾਹ ਨਹੀਂ ਕੀਤੀ ਜਾ ਰਹੀ, ਜੋ ਸਾਰੇ ਦੇਸ਼ ਵਾਸੀਆਂ ਲਈ ਇਕ ਸਬਕ ਹੈ।ਸਰਪੰਚ ਹਰਵਿੰਦਰ ਸਿੰਘ ਰਾਜਾ ਮੱਲ ਕੇ ਨੇ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਨੇ ਪਿਛਲੇ ਕੁਝ ਦਿਨਾਂ ਵਿੱਚ ਸਾਰੇ ਸਮਾਜ ਨੂੰ ਜਾਗਰੂਕ ਕੀਤਾ ਹੈ।ਕਿਸਾਨਾਂ ਦੀਆਂ ਮੁੱਖ ਮੰਗਾਂ ਵਿੱਚ ਮੀਂਹ-ਸੰਬੰਧੀ ਮੁਆਵਜ਼ਾ, ਖੇਤੀ ਵਿੱਚ ਹੋ ਰਹੇ ਘਾਟੇ ਨੂੰ ਰੋਕਣ ਲਈ ਵਿਸ਼ੇਸ਼ ਯੋਜਨਾਵਾਂ ਤੇ ਕਿਸਾਨਾਂ ਦੇ ਕਰਜ਼ਿਆਂ ਨੂੰ ਖਤਮ ਕਰਨ ਲਈ ਨੀਤੀਵਾਨ ਪੱਧਰ 'ਤੇ ਨਿਰਣਿਆਂ ਦੀ ਲੋੜ ਹੈ।ਉਨ੍ਹਾਂ ਦੀਆਂ ਫਸਲਾਂ ਦੇ ਲਾਹੇਵੰਦ ਭਾਅ ਤੇ ਐਮ.ਐਸ.ਪੀ. ਨੂੰ ਯਕੀਨੀ ਬਣਾਉਣ ਦੇ ਆਦਿ ਹਨ। ਉਨ੍ਹਾ ਕਿਹਾ ਕਿ ਇਹ ਸਿਰਫ ਜਗਜੀਤ ਸਿੰਘ ਡੱਲੇਵਾਲ ਦੀ ਨਹੀਂ, ਸਗੋਂ ਪੂਰੇ ਕਿਸਾਨ ਵਰਗ ਦੀ ਲੜਾਈ ਹੈ।ਉਨ੍ਹਾ ਸਰਕਾਰ ਨੂੰ ਅਪੀਲ ਕੀਤੀ ਕਿ ਡੱਲੇਵਾਲ ਦੀਆਂ ਮੰਗਾਂ ਨੂੰ ਮੰਨਿਆ ਜਾਣਾ ਚਾਹੀਦਾ ਹੈ, ਤਾਂਕਿ ਮਰਨ ਵਰਤ ਖਤਮ ਹੋ ਸਕੇ।ਉਨ੍ਹਾ ਕਿਹਾ ਕਿ ਕਿਸਾਨ ਦੇ ਹੱਕਾਂ ਦੀ ਅਣਦੇਖੀ ਦੇਸ਼ ਦੇ ਖੇਤੀ ਸਿਸਟਮ ਨੂੰ ਹਿਲਾ ਸਕਦੀ ਹੈ।ਜਗਜੀਤ ਸਿੰਘ ਡੱਲੇਵਾਲ ਦੀ ਇਹ ਕੁਰਬਾਨੀ ਸਿਰਫ ਖੇਤੀ ਸਬੰਧੀ ਮਸਲਿਆਂ ਲਈ ਨਹੀਂ, ਸਗੋਂ ਪੰਜਾਬ ਦੇ ਆਰਥਿਕ ਤੇ ਸਮਾਜਿਕ ਢਾਂਚੇ ਦੀ ਰੱਖਿਆ ਲਈ ਵੀ ਹੈ।ਉਨ੍ਹਾ ਕਿਹਾ ਕਿ ਜੇ ਸਰਕਾਰ ਇਸ ਗੰਭੀਰ ਮਾਮਲੇ ਨੂੰ ਉਚਿਤ ਤਰੀਕੇ ਨਾਲ ਹੱਲ ਨਹੀਂ ਕਰਦੀ, ਤਾਂ ਇਸ ਦੇ ਨਤੀਜੇ ਬਹੁਤ ਗੰਭੀਰ ਹੋ ਸਕਦੇ ਹਨ।ਲੋਕਾਂ ਦੇ ਸਹਿਯੋਗ ਤੇ ਸਮਰਥਨ ਨਾਲ ਹੀ ਇਸ ਸੰਘਰਸ਼ ਨੂੰ ਫਤਿਹ ਵਿੱਚ ਬਦਲਿਆ ਜਾ ਸਕਦਾ ਹੈ।ਆਖਰ ਵਿੱਚ ਸਰਪੰਚ ਰਾਜਾ ਮੱਲਕੇ ਨੇ ਕਿਹਾ ਕਿ ਸੰਘਰਸ਼ ਦੀ ਇਹ ਲੜਾਈ ਪੰਜਾਬ ਦੇ ਹਰ ਕਿਸਾਨ ਦੇ ਹੱਕ ਲਈ ਇੱਕ ਮਜ਼ਬੂਤ ਸਪੋਰਟ ਦੇ ਰੂਪ ਵਿੱਚ ਸਾਹਮਣੇ ਆਉਣੀ ਚਾਹੀਦੀ ਹੈ।

## ਮੋਗਾ ਮਹਾਂ ਪੰਚਾਇਤ 'ਚ ਕੇ ਕੇ ਯੂ ਦੇ ਮੈਂਬਰ ਵੱਡੀ ਗਿਣਤੀ 'ਚ ਕਰਨਗੇ ਸ਼ਮੂਲੀਅਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਕੇਂਦਰ ਸਰਕਾਰ ਰੱਦ ਕੀਤੇ ਤਿੰਨ ਖੇਤੀ ਕਾਨੂੰਨ ਕੌਮੀ ਖੇਤੀ ਮੰਡੀਕਰਨ ਨੀਤੀ ਦਾ ਖਰੜਾ ਲਿਆ ਕੇ ਦੁਬਾਰਾ ਲਾਗੂ ਕਰਨ ਦੀ ਕੋਸ਼ਿਸ਼ 'ਚ ਹੈ। ਇਸ ਨੀਤੀ ਰਾਹੀਂ ਸਰਕਾਰੀ ਮੰਡੀ ਕਰਨ ਢਾਂਚਾ ਬਰਬਾਦ ਹੋਵੇਗਾ ਤੇ ਅਨਾਜ ਸੈਕਟਰ 'ਤੇ ਪੂਰੀ ਤਰ੍ਹਾਂ ਕਬਜ਼ਾ ਕਾਰਪੋਰੇਟ ਘਰਾਣਿਆਂ ਦਾ ਹੋ ਜਾਵੇਗਾ, ਇਸ ਦੇ ਵਿਰੋਧ ਵਜੋਂ ਤੇ ਖੇਤੀ ਨੀਤੀ ਖਰੜਾ ਰੱਦ ਕਰਾਉਣ ਲਈ ਸੰਯੁਕਤ ਕਿਸਾਨ ਮੋਰਚੇ ਵੱਲੋਂ 9 ਜਨਵਰੀ ਨੂੰ ਮੋਗਾ ਦੀ ਦਾਣਾ ਮੰਡੀ ਵਿੱਚ ਵੱਡਾ ਇਕੱਠ ਕੀਤਾ ਜਾ ਰਿਹਾ ਹੈ, ਜਿਸ ਵਿੱਚ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਤੋਂ ਕਿਰਤੀ ਕਿਸਾਨ ਯੂਨੀਅਨ ਹਜ਼ਾਰਾਂ ਕਿਸਾਨ ਮਜ਼ਦੂਰਾਂ ਨੂੰ ਸ਼ਮੂਲੀਅਤ ਕਰਾਵੇਗੀ।ਪਿੰਡ ਤਖਤ ਮਲਾਣਾ, ਚੱਕ ਬਾਜਾ, ਚੱਕ ਗਾਂਧਾ ਸਿੰਘ ਵਾਲਾ, ਪਿੰਡ ਰਾਮਗੜ੍ਹ ਚੂੰਘਾ ਵਿੱਚ ਤਿਆਰੀ ਮੀਟਿੰਗਾਂ ਦੌਰਾਨ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ, ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ, ਜ਼ਿਲ੍ਹਾ ਖਜ਼ਾਨਚੀ ਸੁਖਪਾਲ ਸਿੰਘ ਰਾਮਗੜ੍ਹ ਚੂੰਘਾ ਨੇ ਕਿਹਾ ਕਿ ਜੇਕਰ ਮੰਡੀਕਰਨ ਸਿਸਟਮ ਖਤਮ ਹੁੰਦਾ ਹੈ ਤਾਂ ਨਾ ਸਿਰਫ ਕਿਸਾਨੀ ਸੰਕਟ 'ਚ ਆਵੇਗੀ, ਸਗੋਂ ਹਰ ਤਬਕੇ ਦੀ ਆਰਥਿਕਤਾ ਬੁਰੀ ਤਰ੍ਹਾਂ ਪ੍ਰਭਾਵਿਤ ਹੋਵੇਗੀ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵਿਸ਼ਵ ਵਪਾਰ ਸੰਸਥਾ ਦੇ ਹੁਕਮਾਂ ਤਹਿਤ ਮੰਡੀਕਰਨ ਨੀਤੀ ਖਰੜਾ ਲੈ ਕੇ ਆਈ ਹੈ ਤਾਂ ਜੋ ਦੇਸ਼ੀ ਵਿਦੇਸ਼ੀ ਕਾਰਪੋਰੇਟ ਵੱਡੀਆਂ ਕੰਪਨੀਆਂ ਅਨਾਜ ਸੈਕਟਰ ਤੇ ਕਬਜ਼ਾ ਕਰ ਸਕਣ। ਆਗੂਆਂ ਨੇ ਕਿਹਾ ਇਤਿਹਾਸਕ ਦਿੱਲੀ ਕਿਸਾਨ ਅੰਦੋਲਨ, ਜਿਨ੍ਹਾਂ ਕਾਲੇ ਕਾਨੂੰਨਾਂ ਨੂੰ ਰੱਦ ਕਰਾਉਣ ਲਈ ਲੜਿਆ ਗਿਆ ਸੀ ਤੇ ਮੋਦੀ ਸਰਕਾਰ ਨੂੰ ਕਾਨੂੰਨ ਰੱਦ ਕਰਨੇ ਪਏ, ਉਹੀ ਕਾਲੇ ਕਾਨੂੰਨ ਫਿਰ ਮੋਦੀ ਹਕੂਮਤ ਚੋਰ ਮੋਰੀ ਰਾਹੀਂ ਲਾਗੂ ਕਰਨ ਜਾ ਰਹੀ ਹੈ। ਇਸ ਮੌਕੇ ਆਗੂਆਂ ਨੇ ਪੰਜਾਬ ਦੇ ਹਰ ਵਰਗ ਦੇ ਲੋਕਾਂ ਨੂੰ 9 ਜਨਵਰੀ ਨੂੰ ਮੋਗਾ ਦੀ ਦਾਣਾ ਮੰਡੀ ਕੀਤੀ ਜਾ ਰਹੀ ਮਹਾਂਪੰਚਾਇਤ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।

## ਸੱਭਿਆਚਾਰ ਮੰਚ ਪੰਜਾਬ ਵੱਲੋਂ ਅਦਾਕਾਰ ਮਲਕੀਤ ਰੌਣੀ ਸਨਮਾਨਤ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬੀ ਫਿਲਮ ਇੰਡਸਟਰੀ ਦੀ ਮਾਣਮੱਤੀ ਸ਼ਖ਼ਸੀਅਤ ਅਦਾਕਾਰ ਮਲਕੀਤ ਰੌਣੀ ਅੱਜ ਪੋਲੀਵੁੱਡ ਪੋਸਟ ਦੇ ਕਰਤਾ ਧਰਤਾ ਤੇ ਸੱਭਿਆਚਾਰ ਮੰਚ ਪੰਜਾਬ ਦੇ ਪ੍ਰਧਾਨ ਹਰਜਿੰਦਰ ਸਿੰਘ ਜਵੰਦਾ ਦੇ ਗ੍ਰਹਿ ਸਮਾਣਾ ਵਿਖੇ ਪੁੱਜੇ, ਜਿੱਥੇ ਪੱਤਰਕਾਰ ਜਵੰਦਾ ਤੇ ਸੱਭਿਆਚਾਰ ਮੰਚ ਪੰਜਾਬ ਦੀ ਸਮੁੱਚੀ ਟੀਮ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਦੇ ਹੋਏ ਸਨਮਾਨਤ ਕੀਤਾ ਗਿਆ।ਇਸ ਮੌਕੇ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਦਾਕਾਰ ਮਲਕੀਤ ਰੌਣੀ ਇਕ ਸੰਪੂਰਨ ਅਦਾਕਾਰ ਦੇ ਨਾਲ-ਨਾਲ ਇਕ ਚੰਗੇ ਸਮਾਜ ਸੇਵੀ, ਮਾਨਵਤਾ ਦੀ ਸੇਵਾ ਵਾਲੇ ਤੇ ਲੋਕਾਂ ਤੇ ਕਿਸਾਨੀ ਨਾਲ ਹਮਦਰਦੀ ਤੇ ਪਿਆਰ ਰੱਖਣ ਵਾਲੇ ਆਦਿ ਮਾਨਵੀ ਗੁਣਾਂ ਦਾ ਮੁਜੱਸਮਾ ਹਨ, ਜੋ ਹਰ ਸਮੇਂ ਪੰਜਾਬ, ਪੰਜਾਬੀਅਤ, ਪੰਜਾਬੀਆਂ,ਪੰਜਾਬੀ ਰੰਗਮੰਚ, ਪੰਜਾਬੀ ਸਿਨੇਮੇ ਤੇ ਪੰਜਾਬ ਦੀ ਕਿਸਾਨੀ ਲਈ ਫਿਕਰਮੰਦ ਰਹਿੰਦਾ ਹੈ ਅਤੇ ਬਿਨਾਂ ਕਿਸੇ ਭੇਦਭਾਵ ਤੋਂ ਹਰ ਇਕ ਦੀ ਸੇਵਾ ਕਰਨਾ ਉਸ ਦੇ ਸੁਭਾਅ ਵਿੱਚ ਰਚਿਆ ਹੋਇਆ ਹੈ।ਪੱਤਰਕਾਰ ਜਵੰਦਾ ਨੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਜਦੋਂ ਅੰਨਦਾਤੇ ਦੀ ਹੋਂਦ ਨੂੰ ਬਚਾਉਣ ਲਈ ਕਾਲੇ ਕਾਨੂੰਨਾਂ ਖਿਲਾਫ਼ ਦਿੱਲੀ ਵਿਚ ਮੋਰਚੇ ਲੱਗੇ ਸਨ, ਉਸ ਸਮੇਂ ਵੀ ਮਲਕੀਤ ਰੌਣੀ ਨੇ ਆਪਣੇ ਸਾਥੀ ਕਲਾਕਾਰਾਂ ਸਮੇਤ ਮੋਹਰੀ ਭੂਮਿਕਾ ਨਿਭਾਈ ਸੀ ਤੇ ਅੱਜ ਵੀ ਉਹ ਖਨੌਰੀ ਬਾਡਰ 'ਤੇ ਕਿਸਾਨੀ ਮੰਗਾਂ ਲਈ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨਾਲ ਮੁਲਾਕਾਤ ਕਰਦਿਆਂ ਤੇ ਉਨ੍ਹਾਂ ਦੀ ਹਮਾਇਤ ਕਰਦਿਆਂ ਇਸ ਸੰਘਰਸ਼ ਤੇ ਘੋਲ ਦਾ ਹਿੱਸਾ ਬਣੇ ਹਨ।

ਇਸ ਮੌਕੇ ਅਦਾਕਾਰ ਮਲਕੀਤ ਰੌਣੀ ਨੇ ਸੱਭਿਆਚਾਰ ਮੰਚ ਪੰਜਾਬ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਕਿਹਾ ਕਿ ਹਰਜਿੰਦਰ ਸਿੰਘ ਜਵੰਦਾ ਨੇ ਆਪਣੀ ਮਿਹਨਤ ਤੇ ਕਲਮ ਦੇ ਬਲਬੂਤੇ ਅੱਜ ਪੱਤਰਕਾਰੀ ਤੇ ਪੰਜਾਬੀ ਫਿਲਮ ਇੰਡਸਟਰੀ ਵਿੱਚ ਆਪਣਾ ਵੱਡਾ ਨਾਮ ਸਥਾਪਤ ਕੀਤਾ ਹੈ ਅਤੇ ਸਾਨੂੰ ਇਨ੍ਹਾਂ 'ਤੇ ਮਾਣ ਹੈ।ਇਸ ਮੌਕੇ ਆਮ ਆਦਮੀ ਪਾਰਟੀ ਦੇ ਐੱਸ ਸੀ ਵਿੰਗ ਦੇ ਹਲਕਾ ਇੰਚਾਰਜ ਡਾ. ਸੁਰਜੀਤ ਸਿੰਘ ਦਈਆ, ਪੱਤਰਕਾਰ ਇਕਬਾਲ ਸਿੰਘ ਬੱਲ, ਫਿਲਮੀ ਪੱਤਰਕਾਰ ਜੌਹਰੀ ਮਿੱਤਲ, ਪੱਤਰਕਾਰ ਦੀਵਾਨ ਥਰੇਜਾ, ਸ਼ਿਵ ਸ਼ੰਕਰ ਯੂਥ ਸੇਵਾ ਦਲ ਦੇ ਪ੍ਰਧਾਨ ਰਮਨ ਮਹਿੰਦਰਾ, ਲਖਵਿੰਦਰ ਸਿੰਘ ਜਵੰਦਾ, ਸ਼ਨੀ ਪੋਪਲੀ, ਯੂਵੀ ਜਵੰਦਾ ਤੇ ਸਾਹਿਲ ਭਟਨਾਗਰ ਆਦਿ ਮੌਜੂਦ ਰਹੇ।

## ਕੈਬਨਿਟ ਮੰਤਰੀ ਸੌਂਦ ਨੇ ਵੱਖ-ਵੱਖ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਤਿੰਨ ਕਰੋੜ ਦੀ ਗ੍ਰਾਂਟ ਦਿੱਤੀ

### ਬੀ.ਡੀ.ਪੀ.ਓ. ਦਫਤਰ ਖੰਨਾ ਦੀ ਨਵੀਂ ਇਮਾਰਤ ਦਾ ਉਦਘਾਟਨ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਖੰਨਾ ਦੀ 20 ਲੱਖ ਰੁਪਏ ਦੀ ਲਾਗਤ ਨਵੀਂ ਬਣੀ ਇਮਾਰਤ ਦਾ ਉਦਘਾਟਨ ਕੀਤਾ ਤੇ ਬਲਾਕ ਖੰਨਾ ਦੇ ਪਿੰਡਾਂ ਦੀਆਂ ਵੱਖ-ਵੱਖ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਤਿੰਨ ਕਰੋੜ ਰੁਪਏ ਗ੍ਰਾਂਟ ਜਾਰੀ ਕੀਤੀ।

ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਦਫਤਰ ਬੀ.ਡੀ.ਪੀ.ਓ. ਖੰਨਾ ਵਿੱਚ ਨਵੀਂ ਬਣੀ ਬਿਲਡਿੰਗ ਆਉਣ ਵਾਲੇ ਸਮੇਂ ਵਿੱਚ ਵਿਭਾਗ ਨਾਲ ਸਬੰਧਤ ਮੀਟਿੰਗਾਂ ਕਰਨ ਲਈ ਵਿਸ਼ੇਸ਼ ਤੌਰ ਤੇ ਕੰਮ ਆਵੇਗੀ।ਪੰਚਾਇਤ ਮੰਤਰੀ ਨੇ ਦੱਸਿਆ ਕਿ ਪੰਜਾਬ ਵਿੱਚ 90 ਪ੍ਰਤੀਸ਼ਤ ਪੰਚਾਇਤਾਂ ਉਹ ਚੁਣੀਆਂ ਗਈਆਂ ਹਨ, ਜੋ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਸੋਚ ਨੂੰ ਪਿਆਰ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਜ਼ਿਆਦਾਤਰ ਚੁਣੇ ਗਏ ਪੰਚ-ਸਰਪੰਚ ਨੌਜਵਾਨ ਵਰਗ ਵਿੱਚੋਂ ਹਨ।ਉਨ੍ਹਾਂ ਕਿਹਾ ਕਿ 70 ਪ੍ਰਤੀਸ਼ਤ ਸਰਪੰਚ ਉਹ ਹਨ, ਜਿਨਾਂ ਦੀ ਉਮਰ 25 ਤੋਂ 40 ਸਾਲ ਦੇ ਵਿੱਚ-ਵਿੱਚ ਹੈ।

ਕੈਬਨਿਟ ਮੰਤਰੀ ਸ੍ਰੀ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਨਵੀਆਂ ਚੁਣੀਆਂ ਪੰਚਾਇਤਾਂ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਲੋਕ ਹਿੱਤ ਵਿੱਚ ਫੈਸਲੇ ਲੈਣ ਨੂੰ ਤਰਜੀਹ ਦੇਣ।

ਪੰਚਾਇਤ ਮੰਤਰੀ ਨੇ ਕਿਹਾ ਕਿ ਪੰਚਾਇਤਾਂ ਦਾ ਪਿੰਡ ਦੀ ਤਰੱਕੀ ਤੇ ਖੁਸ਼ਹਾਲੀ ਵਿੱਚ ਅਹਿਮ ਰੋਲ ਹੁੰਦਾ ਹੈ, ਇਸ ਲਈ ਸਮੁੱਚੀ ਪੰਚਾਇਤ ਦਾ ਫ਼ਰਜ਼ ਬਣਦਾ ਹੈ ਕਿ ਲੋਕਾਂ ਦੀ ਭਲਾਈ ਲਈ ਕੀਤੇ ਜਾਣ ਵਾਲੇ ਹਰੇਕ ਕਾਰਜ ਨੂੰ ਲੋਕਾਂ ਦੀ ਸਲਾਹ ਨਾਲ ਕੀਤਾ ਜਾਵੇ।ਉਨ੍ਹਾ ਸਮੂਹ ਪੰਚਾਇਤਾਂ ਨੂੰ ਭਰੋਸਾ ਦਿੱਤਾ ਕਿ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਫ਼ੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।

## ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਨਿਹਾਲ ਸਿੰਘ ਵਾਲਾ ਦੀ ਮੀਟਿੰਗ

**ਬੱਧਨੀ ਕਲਾਂ (ਲਵਲੀ ਮਾਛੀਕੇ)**

ਕਿਰਤੀ ਕਿਸਾਨ ਯੂਨੀਅਨ ਬਲਾਕ ਨਿਹਾਲ ਸਿੰਘ ਵਾਲਾ ਵੱਲੋਂ 9 ਜਨਵਰੀ ਦੀ ਕਿਸਾਨ ਮਹਾਂ ਪੰਚਾਇਤ ਦੀਆਂ ਤਿਆਰੀਆਂ ਸਬੰਧੀ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ ਦੀ ਅਗਵਾਈ ਹੇਠ ਪਿੰਡ ਲੋਪੋ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਦੌਰਾਨ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਜ਼ਿਲ੍ਹਾ ਮੀਤ ਪ੍ਰਧਾਨ ਨਾਜ਼ਰ ਸਿੰਘ ਖਾਈ ਤੇ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ ਨੇ ਪ੍ਰੈੱਸ ਨੂੰ ਨੋਟ ਜ਼ਰੀਏ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੋ ਸ਼ੰਭੂ-ਖਨੌਰੀ ਬਾਰਡਰ ਉੱਪਰ ਕਿਸਾਨ ਮੰਗਾਂ ਨੂੰ ਲੈ ਕੇ ਮੋਰਚੇ ਚੱਲ ਰਹੇ ਹਨ ਤੇ ਜਗਜੀਤ ਡੱਲੇਵਾਲ ਦੇ ਮਰਨ ਵਰਤ ਰੱਖਣ 'ਤੇ ਉਨ੍ਹਾਂ ਦੀ ਸਿਹਤ ਦੀ ਸਲਾਮਤੀ ਲਈ ਸੰਯੁਕਤ ਮੋਰਚੇ ਵੱਲੋਂ ਫ਼ੈਸਲਾ ਕੀਤਾ ਗਿਆ ਕਿ ਇਨ੍ਹਾਂ ਦੋਨਾਂ ਮੋਰਚਿਆਂ ਦੇ ਸਬੰਧ ਵਿੱਚ ਡੱਲੇਵਾਲ ਦੇ ਮਰਨ ਵਰਤ ਨੂੰ ਲੈ ਕੇ ਕੀਤੇ ਗਏ ਐਲਾਨ ਜੋ 9 ਜਨਵਰੀ ਨੂੰ ਮੋਗੇ ਅਨਾਜ ਮੰਡੀ ਵਿੱਚ ਵੱਡਾ ਇਕੱਠ ਕਰਕੇ ਕਿਸਾਨ ਮਹਾਂ ਪੰਚਾਇਤ ਦੇ ਰੂਪ ਵਿੱਚ ਕਾਨਫਰੰਸ ਕਰਕੇ ਕੇਂਦਰ ਸਰਕਾਰ ਵੱਲੋਂ ਸੂਬਾ ਸਰਕਾਰ ਨੂੰ ਭੇਜੇ ਗਏ ਖੇਤੀ ਨੀਤੀ ਖਰੜੇ ਨੂੰ ਲਾਗੂ ਕਰਵਾਉਣ ਲਈ ਦਿੱਤੇ ਗਏ ਹੁਕਮਾਂ ਕਰਕੇ ਖੇਤੀ ਨੀਤੀ ਖਰੜੇ ਦਾ ਵਿਰੋਧ ਕੀਤਾ ਜਾਵੇਗਾ, ਤਾਂ ਜੋ ਸੂਬਾ ਸਰਕਾਰ ਇਸ ਨੂੰ ਲਾਗੂ ਨਾ ਕਰ ਸਕੇ।ਕਿਸਾਨ ਮਹਾਂ ਪੰਚਾਇਤ (ਕਾਨਫਰੰਸ) ਦੇ ਸਬੰਧ ਵਿੱਚ ਬਲਾਕ ਨਿਹਾਲ ਸਿੰਘ ਵਾਲਾ ਦੇ ਸਾਰੇ ਪਿੰਡਾਂ ਵਿੱਚ ਲਾਮਬੰਦੀ ਕੀਤੀ ਜਾਵੇਗੀ ਤੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਵੱਡੀ ਗਿਣਤੀ ਵਿਚ ਲੋਕਾਂ ਨੂੰ ਸ਼ਮੂਲੀਅਤ ਕਰਵਾਉਣ ਲਈ ਤਿਆਰੀ ਕਰ ਕੇ ਸ਼ਾਮਲ ਹੋਣ ਲਈ ਜ਼ੋਰ ਦਿੱਤਾ ਜਾਵੇਗਾ।ਮੀਟਿੰਗ ਵਿੱਚ ਹਾਜ਼ਰ ਬਲਾਕ ਸਕੱਤਰ ਬਲਦੇਵ ਸਿੰਘ ਲੋਪੋ, ਬਲਾਕ ਖਜ਼ਾਨਚੀ ਬਲਕਰਨ ਸਿੰਘ ਮੱਲੇਆਣਾ, ਬਲਾਕ ਮੀਤ ਪ੍ਰਧਾਨ ਜਗਸੀਰ ਸਿੰਘ ਮਾਛੀਕੇ, ਬਲਾਕ ਪ੍ਰੈੱਸ ਸਕੱਤਰ ਗੋਰਾ ਰਾਊਕੇ ਕਲਾਂ, ਬਲਜਿੰਦਰ ਸਿੰਘ ਮਾਛੀਕੇ, ਛਿੰਦਰ ਸਿੰਘ ਮੱਲੇਆਣਾ, ਜਸਵੀਰ ਮਾਛੀਕੇ, ਨਿਰਮਲ ਮਾਛੀਕੇ, ਹਰਪਾਲ ਮਾਛੀਕੇ, ਜਗਰੂਪ ਰਾਊਕੇ ਕਲਾਂ, ਪੱਪੂ ਫੋਰਮੈਨ ਦੌਧਰ,ਚਮਕੌਰ ਲੋਪੋ, ਜਸਵੀਰ ਮੱਲੇਆਣਾ, ਭੁਪਿੰਦਰ ਲੋਪੋ, ਹਰਬੰਸ ਲੋਪੋ, ਬਖੀਰ ਲੋਪੋ ਆਦਿ ਸ਼ਾਮਲ ਹੋਏ।

## ਆਪਣੇ ਸਿਹਤ ਰਿਕਾਰਡ ਨੂੰ ਡਿਜੀਟਲ ਰੱਖਣ ਲਈ ਬਣਾਓ ਆਭਾ ਅਕਾਊਂਟ : ਡਾ. ਕੱਕੜ

### ਸਿਵਲ ਹਸਪਤਾਲ ਵਿਖੇ ਆਭਾ ਆਈ ਡੀ ਸਬੰਧੀ ਜਾਰੀ ਕੀਤਾ ਕਿਊ ਆਰ ਸਕੈਨਰ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਸਿਹਤ ਵਿਭਾਗ ਫਰੀਦਕੋਟ ਵੱਲੋਂ ਹਸਪਤਾਲ ਵਿਖੇ ਇਲਾਜ ਲਈ ਆਏ ਆਮ ਲੋਕਾਂ ਨੂੰ ਕੋਈ ਦਿੱਕਤ ਨਾ ਆਵੇ ਤੇ ਸਮਾਂ ਘੱਟ ਲੱਗੇ, ਇਸ ਉਦੇਸ਼ ਨਾਲ ਸਿਵਲ ਹਸਪਤਾਲ ਦੀ ਓ.ਪੀ.ਡੀ. ਬਲਾਕ ਵਿੱਚ ਆਭਾ (ਆਯੁਸ਼ਮਾਨ ਭਾਰਤ ਹੈਲਥ ਅਕਾਊਂਟ) ਸਬੰਧੀ ਕਿਊ ਆਰ ਸਕੈਨਰ ਜਾਰੀ ਕੀਤਾ ਗਿਆ।

ਇਸ ਮੌਕੇ ਮੋਨੀਟਰਿੰਗ ਐਂਡ ਇਵੈਲੁਏਸ਼ਨ ਅਫਸਰ ਫਰੀਦਕੋਟ ਮੈਡਮ ਕਿਰਨ ਬਾਲਾ ਨੇ ਆਪਣਾ ਆਭਾ ਅਕਾਊਂਟ ਬਣਾ ਕੇ ਮਰੀਜ਼ਾਂ ਨੂੰ ਇਸ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਡਾ. ਚੰਦਰ ਸ਼ੇਖਰ ਕੱਕੜ ਸਿਵਲ ਸਰਜਨ ਫਰੀਦਕੋਟ ਨੇ ਦੱਸਿਆ ਕਿ ਇਹ ਸਿਹਤ ਵਿਭਾਗ ਦਾ ਇੱਕ ਅਹਿਮ ਪ੍ਰੋਜੈਕਟ ਹੈ, ਜਿਸ ਦੇ ਤਹਿਤ ਕੋਈ ਵੀ ਵਿਅਕਤੀ ਆਪਣੀ ਆਭਾ ਆਈ ਡੀ ਬਣਾ ਕੇ ਆਪਣਾ ਸਿਹਤ ਰਿਕਾਰਡ ਨੂੰ ਡਿਜੀਟਲ ਰੱਖ ਸਕਦਾ ਹੈ।ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੇ ਕਰਮਚਾਰੀ ਘਰ-ਘਰ ਜਾ ਕੇ ਆਭਾ ਅਕਾਊਂਟ ਬਣਾਉਣ ਸਬੰਧੀ ਜਾਣਕਾਰੀ ਦੇ ਰਹੇ ਹਨ ਤੇ ਲੋਕਾਂ ਨੂੰ ਵੱਧ ਤੋਂ ਵੱਧ ਪ੍ਰੇਰਿਤ ਕਰ ਰਹੇ ਹਨ ਤਾਂ ਜੋ ਹਸਪਤਾਲ ਆਉਣ ਵਾਲੇ ਮਰੀਜ਼ ਨੂੰ ਕਿਸੇ ਵੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਡਾ. ਵਿਸ਼ਵਦੀਪ ਗੋਇਲ ਡਿਪਟੀ ਮੈਡੀਕਲ ਕਮਿਸ਼ਨਰ ਫਰੀਦਕੋਟ ਨੇ ਦੱਸਿਆ ਕਿ ਆਪਣੇ ਮੋਬਾਇਲ ਵਿੱਚ ਪਲੇਅ ਸਟੋਰ 'ਤੇ ਜਾ ਕੇ ਆਭਾ ਐਪ ਨੂੰ ਡਾਊਨਲੋਡ ਕਰਕੇ ਆਪਣਾ ਅਕਾਊਂਟ ਬਣਾ ਕੇ ਇਸ ਵਿੱਚ ਆਪਣਾ ਸਾਰਾ ਪੁਰਾਣਾ ਸਿਹਤ ਰਿਕਾਰਡ, ਲੈਬ ਰਿਪੋਰਟਾਂ, ਬੀਮਾ ਰਿਕਾਰਡ ਤੇ ਹੋਰ ਸਿਹਤ ਰਿਕਾਰਡ ਨੂੰ ਇਕੱਤਰ ਕਰਕੇ ਰੱਖਿਆ ਜਾ ਸਕਦਾ ਹੈ ਅਤੇ ਕਿਸੇ ਵੀ ਡਾਕਟਰ ਕੋਲ ਜਾ ਕੇ ਆਪਣਾ ਅਕਾਊਂਟ ਨੰਬਰ ਦੱਸ ਕੇ ਆਪਣਾ ਹੈਲਥ ਦਾ ਚੈੱਕਅੱਪ ਕਰਵਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦਾ ਇਹ ਵਧੀਆ ਉਪਰਾਲਾ ਹੈ, ਜਿਸ ਨਾਲ ਕਿਸੇ ਵੀ ਵਿਅਕਤੀ ਨੂੰ ਆਪਣਾ ਸਿਹਤ ਰਿਕਾਰਡ ਘਰ ਵਿੱਚ ਆਫ ਲਾਈਨ ਰੱਖਣ ਦੀ ਜ਼ਰੂਰਤ ਨਹੀਂ ਹੈ, ਬਲਕਿ ਡਿਜੀਟਲ ਰੱਖਿਆ ਜਾ ਸਕਦਾ ਹੈ।ਇਸ ਮੌਕੇ ਡਾ. ਸਰਵਦੀਪ ਰੋਮਾਣਾ, ਜ਼ਿਲ੍ਹਾ ਮਾਸ ਮੀਡੀਆ ਅਫਸਰ ਕੁਲਵੰਤ ਸਿੰਘ, ਡਿਪਟੀ ਮਾਸ ਮੀਡੀਆ ਅਫਸਰ ਸੁਧੀਰ ਧੀਰ, ਸੰਦੀਪ ਕੁਮਾਰ ਐੱਚ ਐੱਮ ਆਈ ਐੱਸ ਕੋਆਰਡੀਨੇਟਰ, ਗੁਰਚੈਨ ਸਿੰਘ ਆਦਿ ਹਾਜ਼ਰ ਸਨ।

6-Jan-PAGE--8.qxd 1/5/2025 10:53 PM Page 1



# ਛੇ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਨਜਾਇਜ਼ ਖਣਨ ਤੇ ਸਟੋਨ ਕਰੱਸ਼ਰਾਂ ਖ਼ਿਲਾਫ਼ ਰੋਸ ਮੁਜ਼ਾਹਰਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਦੇ ਬੈਨਰ ਹੇਠਾਂ ਕਥਿਤ ਖਣਨ ਅਤੇ ਸਟੋਨ ਕਰੱਸ਼ਰ ਤੋਂ ਪੀੜਤ ਕਰੀਬ ਅੱਧੀ ਦਰਜਨ ਪਿੰਡਾਂ ਦੇ ਵਸਨੀਕਾਂ ਨੇ ਸ਼ਨੀਵਾਰ ਅੱਡਾ ਝੀਰ ਦਾ ਖੂਹ ਵਿਖੇ ਰੋਸ ਮਾਰਚ ਕਰਨ ਉਪਰੰਤ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ। ਇਸ ਤੋਂ ਪਹਿਲਾਂ ਹੰਦਵਾਲ ਮੋੜ 'ਤੇ ਇਕੱਠੇ ਹੋਏ ਲੋਕਾਂ ਨੇ ਮੁਜ਼ਾਹਰਾ ਕੀਤਾ ਅਤੇ ਸਰਕਾਰ ਤੇ ਖਣਨ ਮਾਫੀਆ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਇਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਸਿੰਘ, ਜਮਹੂਰੀ ਕਿਸਾਨ ਸਭਾ, ਤਹਿਸੀਲ ਮੁਕੇਰੀਆਂ ਪ੍ਰਧਾਨ ਤਰਲੋਕ ਸਿੰਘ, ਸਰਪੰਚ ਗੁਰਮੀਤ ਕੌਰ ਪੱਤੀ ਨਵੇਂ ਘਰ, ਸਰਪੰਚ ਜਸਮਾਨ ਸਿੰਘ ਢਾਡੇਕਟਵਾਲ, ਸਰਪੰਚ ਰੋਸ਼ਨ ਲਾਲ ਹੰਦਵਾਲ, ਸਰਪੰਚ ਸੁਖਵਿੰਦਰ ਸਿੰਘ ਕਲੇਰਾਂ, ਸਾਬਕਾ ਡੀਐਸਪੀ ਮੁਲਤਾਨ ਸਿੰਘ, ਭਾਜਪਾ ਤੋਂ ਨੌਜਵਾਨ ਆਗੂ ਅੰਕਿਤ ਰਾਣਾ, ਮਨੋਜ ਕੁਮਾਰ, ਕੈਪਟਨ ਅਸ਼ੋਕ ਕੁਮਾਰ ਬਦਮਾਣੀਆਂ, ਜਥੇਦਾਰ ਕਿਰਪਾਲ ਸਿੰਘ ਗੇਰਾ, ਆਦਿ ਬੁਲਾਰਿਆਂ ਨੇ ਖ਼ੇਤਰ 'ਚ ਕਥਿਤ ਖਣਨ ਅਤੇ ਸਟੋਨ ਕਰੱਸ਼ਰਾਂ ਨੂੰ ਉਪਰੋਥਲੀ ਦਿੱਤੀਆਂ ਜਾ ਰਹੀਆਂ ਪ੍ਰਵਾਨਗੀਆਂ ਲਈ ਸਰਕਾਰ ਅਤੇ ਪ੍ਰਸ਼ਾਸਨ ਨੂੰ ਕਰੜੇ ਹੱਥੀਂ ਲਿਆ। ਆਮ ਆਦਮੀ ਪਾਰਟੀ ਦੇ ਰਾਜ 'ਚ ਖਣਨ ਮਾਫੀਆ ਸਾਰੀਆਂ ਹੱਦਾਂ ਪਾਰ ਕਰ ਗਿਆ ਹੈ। ਪਿਛਲੀਆਂ ਸਰਕਾਰਾਂ ਨੂੰ ਪਿੱਛੇ ਛੱਡਦੇ ਹੋਇਆਂ 'ਆਪ' ਸਰਕਾਰ ਲੋਕਾਂ ਦੇ ਬੂਹਿਆਂ ਮੂਹਰੇ ਕਰੱਸ਼ਰ ਲਗਾਉਣ ਪਹੁੰਚ ਗਈ ਹੈ। ਪੱਤੀ ਨਵੇਂ ਘਰ ਅਤੇ ਨਾਮ ਨਗਰ (ਬੇਲਾ ਸਰਿਆਣਾ) ਵਿਖੇ ਸਰਕਾਰ ਨੇ ਆਬਾਦੀ ਦੇ ਵਿੱਚੋਂ ਵਿੱਚ ਨਵੇਂ ਕਰੱਸ਼ਰ ਲਾਉਣ ਦੀ ਪ੍ਰਵਾਨਗੀ ਦੇ ਦਿੱਤੀ ਹੈ। ਮੌਜੂਦਾ ਸਰਕਾਰ ਦੇ ਰਾਜ 'ਚ ਨਾ ਦਰਿਆ ਸੁਰੱਖਿਅਤ ਹਨ ਨਾ ਹੀ ਪਹਾੜ। ਬਲਾਕ ਤਲਵਾੜਾ 'ਚ ਮਨਾਹੀ ਦੇ ਬਾਵਜੂਦ ਖਣਨ ਮਾਫੀਆ ਪਹਾੜਾਂ ਦੀ ਪੁਟਾਈ ਕਰ ਰਿਹਾ ਹੈ। ਸਵਾਂ ਅਤੇ ਬਿਆਸ ਦਰਿਆ ਕੰਢੇ ਇੱਕ ਦਰਜਨ ਦੇ ਕਰੀਬ ਸਟੋਨ ਕਰੱਸ਼ਰ ਚੱਲ ਰਹੇ ਹਨ। ਇਕੱਠ 'ਚ ਹਾਜ਼ਰ ਲੋਕਾਂ ਨੇ ਇੱਕਮਤ ਹੋ ਕੇ ਖ਼ੇਤਰ 'ਚ ਕਿਸੇ ਵੀ ਨਵੇਂ ਸਟੋਨ ਕਰੱਸ਼ਰ ਨੂੰ ਨਾ ਲੱਗਣ ਦਾ ਅਹਿਦ ਲਿਆ, ਉੱਥੇ ਹੀ ਨਜਾਇਜ਼ ਖਣਨ ਦਾ ਡਟਵਾਂ ਵਿਰੋਧ ਕਰਨ ਦਾ ਫੈਸਲਾ ਕੀਤਾ। ਪਿੰਡ ਚੱਕਮੀਰਪੁਰ ਕੋਠੀ ਤੋਂ ਸਾਬਕਾ ਅਧਿਆਪਕ ਸੁਰਿੰਦਰ ਸਿੰਘ ਵੱਲੋਂ ਪ੍ਰਸ਼ਾਸਨ ਅਤੇ ਖਣਨ ਮਾਫੀਆ ਦੁਆਰਾ ਖਣਨ ਦਾ ਵਿਰੋਧ ਕਰਨ 'ਤੇ ਉਸ ਅਤੇ ਉਸ ਦੇ ਪਰਵਾਰ ਉੱਤੇ ਢਾਹੇ ਜਬਰ ਦੀ ਵਿਥਿਆ ਨੇ ਹਾਜ਼ਰੀਨ ਨੂੰ ਭਾਵੁਕ ਕੀਤਾ। ਉਪਰੰਤ ਪੀੜਤ ਲੋਕਾਂ ਨੇ ਅੱਡਾ ਝੀਰ ਦਾ ਖੂਹ ਦੇ ਬਜ਼ਾਰ 'ਚ ਮੁਜ਼ਾਹਰਾ ਕੀਤਾ ਅਤੇ ਚੌਂਕ 'ਚ ਪੰਜਾਬ ਸਰਕਾਰ ਦਾ ਪੁਤਲਾ ਫੂਕ ਆਪਣਾ ਰੋਸ ਪ੍ਰਗਟਾਇਆ। ਇਸ ਮੌਕੇ ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਨੇ ਪ੍ਰਸ਼ਾਸਨ ਅਤੇ ਸਰਕਾਰ ਨੂੰ 7 ਦਿਨਾਂ ਦਾ ਅਲਟੀਮੇਟਮ ਦਿੰਦੇ ਹੋਇਆਂ ਨਵੇਂ ਲਗਾਏ ਜਾ ਰਹੇ ਸਟੋਨ ਕਰੱਸ਼ਰਾਂ ਦੀਆਂ ਪ੍ਰਵਾਨਗੀਆਂ ਰੱਦ ਕਰਨ ਅਤੇ ਕਥਿਤ ਖਣਨ 'ਚ ਸ਼ਾਮਲ ਲੋਕਾਂ, ਅਧਿਕਾਰੀਆਂ ਖ਼ਿਲਾਫ਼ ਮਾਮਲਾ ਦਰਜ ਕਰਨ ਦੀ ਮੰਗ ਕੀਤੀ। ਸੰਘਰਸ਼ ਕਮੇਟੀ ਨੇ ਪ੍ਰਭਾਵਿਤ ਪਿੰਡਾਂ ਦੀ ਸਾਂਝੀ ਮੀਟਿੰਗ ਬੁਲਾ ਕੇ ਅਗਲੇ ਸੰਘਰਸ਼ ਦੀ ਰੂਪਰੇਖਾ ਉਲੀਕਣ ਦਾ ਐਲਾਨ ਕੀਤਾ।ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਪ੍ਰੀਤਮ ਸਿੰਘ ਬੇਲਾ ਸਰਿਆਣਾ, ਪੁਸ਼ਪਾ ਹੰਦਵਾਲ, ਸ਼ੇਰ ਸਿੰਘ ਉਲਾਹਾ, ਖੜਕ ਸਿੰਘ ਸਿੱਬੋ ਚੱਕ, ਵਿਜੈ ਕੁਮਾਰ ਰਿਆਲ਼ੀ ਆਦਿ ਨੇ ਵੀ ਸੰਬੋਧਨ ਕੀਤਾ।



# ਔਰਤ ਤੋਂ 39 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ



**ਤਲਵੰਡੀ ਚੌਧਰੀਆਂ (ਪਰਸਨ ਲਾਲ ਭੋਲਾ)**

ਜ਼ਿਲ੍ਹਾ ਪੁਲਸ ਵੱਲੋਂ ਮਾੜੇ ਅੰਸਰਾਂ ਛੇੜੀ ਮੁਹਿੰਮ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ ਜਦੋਂ ਗੁਰਮੀਤ ਸਿੰਘ ਡੀਐਸਪੀ ਸੁਲਤਾਨਪੁਰ ਲੋਧੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਰਜਨ ਸਿੰਘ ਐਸ ਐਚ ਓ ਤਲਵੰਡੀ ਚੌਧਰੀਆਂ ਦੀ ਅਗਵਾਈ ਵਿੱਚ ਤਲਵੰਡੀ ਚੌਧਰੀ ਪੁਲਿਸ ਨੇ ਇੱਕ ਔਰਤ ਸਮੇਤ 39 ਬੋਤਲਾਂ ਨਜਾਇਜ਼ ਸ਼ਰਾਬ ਕਾਬੂ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਰਜਨ ਸਿੰਘ ਐਸ ਐਚ ਓ ਤਲਵੰਡੀ ਚੌਧਰੀਆਂ ਨੇ ਦੱਸਿਆ ਕਿ ਏ ਐਸ ਆਈ ਨਵੀਨ ਕੁਮਾਰ ਨੇ ਆਪਣੀ ਪੁਲਸ ਪਾਰਟੀ ਸਮੇਤ ਸਿਆਲਪੁਰ ਜੂਲੋਵਾਲ ਨਾਕਾ ਲਾਇਆ ਹੋਇਆ ਸੀ। ਉਨ੍ਹਾ ਨੂੰ ਇਤਲਾਹ ਮਿਲੀ ਕਿ ਧੁੱਸੀ ਬੰਨ੍ਹ ਉੱਪਰ ਇੱਕ ਮਹਿਲਾ ਪ੍ਰੀਤਮ ਕੌਰ ਨਜਾਇਜ਼ ਸ਼ਰਾਬ ਕੱਢ ਕੇ ਵੇਚਣ ਦਾ ਧੰਦਾ ਕਰਦੀ ਹੈ। ਪੁਲਸ ਪਾਰਟੀ ਨੇ ਤੁਰੰਤ ਰੇਡ ਕੀਤਾ ਤੇ ਪਲਾਸਟਿਕ ਕੈਨੀ ਕਾਬੂ ਕੀਤੀ, ਜਿਸ ਵਿੱਚੋਂ 39 ਬੋਤਲਾਂ ਨਜਾਇਜ਼ ਸ਼ਰਾਬ ਕਾਬੂ ਕੀਤੀ ਗਈ। ਪੁਲਸ ਨੇ ਪ੍ਰੀਤਮ ਕੌਰ ਖਿਲਾਫ ਮੁਕੱਦਮਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ।

# ਗਣਤੰਤਰ ਦਿਵਸ ਸਮਾਰੋਹ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ ਭਲਕੇ

**ਭਲਾਣ (ਹਰਭਜਨ ਢਿੱਲੋਂ)**- ਗਣਤੰਤਰ ਦਿਵਸ ਸਮਾਰੋਹ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ 7 ਜਨਵਰੀ ਨੂੰ ਨਗਰ ਕੌਂਸਲ ਨੰਗਲ ਦੇ ਮੀਟਿੰਗ ਹਾਲ ਵਿਖੇ ਸਵੇਰੇ 11 ਵਜੇ ਹੋਵੇਗੀ, ਜਿਸ ਵਿੱਚ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਸਕੂਲ ਮੁੱਖੀ ਸ਼ਾਮਿਲ ਹੋਣਗੇ।ਇਹ ਜਾਣਕਾਰੀ ਐਸ ਡੀ ਐਮ ਦਫ਼ਤਰ ਦੇ ਇਕ ਬੁਲਾਰੇ ਨੇ ਇੱਥੇ ਦਿੱਤੀ।ਇਸ ਸਮਾਰੋਹ ਵਿੱਚ ਹੋਣ ਵਾਲੇ ਸੱਭਿਆਚਾਰਕ ਅਤੇ ਦੇਸ਼ ਭਗਤੀ ਦੇ ਪ੍ਰੋਗਰਾਮ ਦੀ ਚੋਣ ਕਰਨ ਲਈ ਕਮੇਟੀ ਦਾ ਗਠਨ ਕੀਤਾ ਜਾਵੇਗਾ।ਵੱਖ ਵੱਖ ਸਕੂਲਾਂ ਦੇ ਮੁੱਖੀ ਇਸ ਮੀਟਿੰਗ ਵਿੱਚ ਸ਼ਾਮਲ ਹੋਣਗੇ ਅਤੇ ਸਮਾਰੋਹ ਲਈ ਪੀ ਟੀ ਸ਼ੋਅ ਮਾਰਚ ਪਾਸਟ, ਪ੍ਰੇਡ ਆਦਿ ਲਈ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਦੀ ਚੋਣ ਵੀ ਕੀਤੀ ਜਾਵੇਗੀ।ਇਸ ਸਮਾਰੋਹ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਡਿਊਟੀਆਂ ਵੀ ਇਸ ਮੀਟਿੰਗ ਵਿੱਚ ਲਗਾਈਆ ਜਾਣਗੀਆਂ। ਇਸ ਮੀਟਿੰਗ ਦੀ ਪ੍ਰਧਾਨਗੀ ਉੱਪ ਮੰਡਲ ਮੈਜਿਸਟ੍ਰੇਟ ਅਨਮਜੋਤ ਕੌਰ ਕਰਨਗੇ।

# ਨਗਰ ਕੀਰਤਨ ਸਜਾਇਆ

**ਰਾਹੋਂ (ਕੁਲਵਿੰਦਰ ਸਿੰਘ)**- ਸ੍ਰੀ ਗੁਰੂ ਗੋਬਿੰਦ ਸਿੰਘ ਦੇ 359ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਿੰਘ ਸਭਾ ਘਾਟੀ ਤੇਲੀਆ ਦੀ ਪ੍ਰਬੰਧਕ ਕਮੇਟੀ ਅਤੇ ਸਮੁੱਚੀ ਸੰਗਤ ਵੱਲੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਫੁੱਲਾਂ ਨਾਲ ਸਜੀ ਸੁੰਦਰ ਪਾਲਕੀ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾ ਪਿਆਰਿਆ ਦੀ ਅਗਵਾਈ ਵਿਚ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਸਿੰਘ ਸਭਾ ਘਾਟੀ ਤੇਲੀਆ ਤੋਂ ਆਰੰਭ ਹੋਇਆ।ਇਹ ਨਗਰ ਕੀਰਤਨ ਬੱਸ ਸਟੈਂਡ ਰਾਹੋਂ ਤੋਂ ਫਿਲੌਰ ਰੋਡ ਮਹੱਲਾ ਰੋਤਾਂ, ਮੁਹੱਲਾ ਪਹਾੜ ਸਿੰਘ,ਦਿੱਲੀ ਗੇਟ, ਮੁਹੱਲਾ ਸਰਾਫਾ ਤੋਂ ਹੁੰਦਾ ਹੋਇਆ ਮੁਹੱਲਾ ਮਕਬਰਾ ਤੋਂ ਆਰਨਹਾਲੀ ਉਪਰੰਤ ਖੋਸਲਾ ਮੁਹੱਲਾ ਤੋਂ ਹੋ ਕੇ ਗੁਰਦੁਆਰਾ ਸਾਹਿਬ ਵਿਖੇ ਸੰਪੰਨ ਹੋਇਆ। ਭੋਗ 6 ਜਨਵਰੀ ਨੂੰ ਪਾਏ ਜਾਣਗੇ ਅਤੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਭਾਈ ਰੁੱਲਦਾ ਸਿੰਘ, ਪ੍ਰਧਾਨ ਬਲਵਿੰਦਰ ਸਿੰਘ ਛੀਨਾਂ, ਸੈਕਟਰੀ ਰਣਧੀਰ ਸਿੰਘ ਕਾਹਲੋਂ, ਖਜਾਨਚੀ ਮਨਜੀਤ ਸਿੰਘ ਛੀਨਾਂ, ਛੀਨਾਂ, ਨਿਰਮਾਣ ਸਿੰਘ, ਸੁਖਵਿੰਦਰ ਸਿੰਘ ਛੀਨਾਂ, ਤਰਲੋਚਨ ਸਿੰਘ, ਪ੍ਰਭਜੋਤ ਸਿੰਘ ਅਤੇ ਸਮੂਹ ਸੰਗਤ ਹਾਜ਼ਰ ਸੀ।



# ਸੋਨੇ ਦੀ ਚੈਨ ਵਾਪਸ ਕਰ ਇਮਾਨਦਾਰੀ ਦੀ ਮਿਸਾਲ ਕੀਤੀ ਪੇਸ਼

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਇੱਕ ਤਰਫ ਤਾਂ ਲੋਕ ਚੋਰੀਆਂ ਠੱਗੀਆਂ ਕਰਨ ਲੱਗੇ ਹੋਏ ਹਨ ਪ੍ਰੰਤੂ ਦੂਜੀ ਤਰਫ ਸਮਾਜ ਵਿੱਚ ਇਮਾਨਦਾਰੀ ਅਜੇ ਵੀ ਜ਼ਿੰਦਾ ਹੈ। ਜੀ ਹਾਂ, ਤੁਹਾਨੂੰ ਅਸੀਂ ਹੁਣ ਜ਼ਿਲ੍ਹਾ ਕਪੂਰਥਲਾ ਦੇ ਸੁਲਤਾਨਪੁਰ ਲੋਧੀ ਦੇ ਸਦਰ ਬਾਜ਼ਾਰ ਵਿੱਚ ਸਥਿਤ ਅਜੰਤਾ ਡਾਇਰਜ਼ ਡਰਾਈਕਲੀਨਰਜ਼ ਦੀ ਇੱਕ ਇਮਾਨਦਾਰੀ ਦੀ ਗੱਲ ਦੱਸਦੇ ਹਾਂ। ਅਜੰਤਾ ਡਾਇਰਜ਼ ਡਰਾਈਕਲੀਨਰਜ਼ ਦੇ ਮਾਲਕ ਸ਼ਿਵ ਕੁਮਾਰ ਕਨੌਜੀਆ ਅਤੇ ਪਵਨ ਕਨੌਜੀਆ ਕੋਲੋਂ ਸੁਲਤਾਨਪੁਰ ਲੋਧੀ ਦੇ ਪਿੰਡ ਕਬੀਰਪੁਰ ਤੋਂ ਗਾਹਕ ਸੰਦੀਪ ਕੌਰ ਕੱਪੜੇ ਡਰਾਈਕਲੀਨਰਜ਼ ਕਰਨ ਲੈ ਕੇ ਆਉਂਦੇ ਹਨ ।ਜਦੋਂ ਉਹ ਇਹ ਕੱਪੜਿਆਂ ਨੂੰ ਡਰਾਈਕਲੀਨਰਜ਼ ਕਰਨ ਲੱਗਦੇ ਹਨ ਤਾਂ ਕੱਪੜੇ ਦੀ ਜੇਬ ਵਿੱਚ ਇੱਕ ਚੈਨ ਪਈ ਹੁੰਦੀ ਹੈ ।ਜਿਸ ਤੋਂ ਬਾਅਦ ਉਨ੍ਹਾਂ ਵੱਲੋਂ ਇਹ ਚੈਨ ਸੁਨਿਆਰੇ ਨੂੰ ਦਿਖਾਈ ਜਾਂਦੀ ਹੈ । ਉਹ ਦੱਸਦਾ ਕਿ ਇਹ ਚੈਨ ਸੋਨੇ ਦੀ ਹੈ ।ਜਿਸ ਤੋਂ ਬਾਅਦ ਉਨ੍ਹਾਂ ਵੱਲੋਂ ਇਮਾਨਦਾਰੀ ਦਿਖਾਉਂਦੇ ਹੋਏ ਸੋਨੇ ਦੀ ਚੈਨ ਨੂੰ ਸੰਦੀਪ ਕੌਰ ਦੇ ਹਵਾਲੇ ਕੀਤਾ ਗਿਆ।ਇਸ ਮੌਕੇ ਸੰਦੀਪ ਕੌਰ ਨੇ ਦੁਕਾਨਦਾਰ ਦਾ ਧੰਨਵਾਦ ਕੀਤਾ। ਸ਼ਿਵ ਕੁਮਾਰ ਕਨੌਜੀਆ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਇੱਕ ਵਾਰ ਉਨ੍ਹਾਂ ਕੋਲ ਸੋਨੂੰ ਵਾਸੀ ਤਾਰਪੁਰ ਦਾ ਵੀ ਸੋਨੇ ਦਾ ਕੜਾ ਕੋਟ ਪੈਂਟ ਵਿੱਚ ਰਹਿ ਗਿਆ ਸੀ ।ਜਿਹੜਾ ਵੀ ਉਨ੍ਹਾਂ ਨੇ ਵਾਪਸ ਕੀਤਾ । ਉਨ੍ਹਾਂ ਕਿਹਾ ਕਿ ਸਾਡੇ ਗਾਹਕ ਨੂੰ ਸਾਡੇ 'ਤੇ ਵਿਸ਼ਵਾਸ ਹੈ, ਇਸ ਲਈ ਉਹ ਸਾਡੇ ਕੋਲ ਕਾਫੀ ਲੰਬੇ ਸਮੇਂ ਤੋਂ ਜੁੜੇ ਹੋਏ ਹਨ ।



# ਹਰਿਆਣਾ ਨੂੰ ਸਟਾਰਟਅਪ ਲਈ ਮੋਹਰੀ ਹੱਬ ਵਜੋਂ ਸਥਾਪਤ ਕਰਨਾ ਸੂਬਾ ਸਰਕਾਰ ਦੀ ਪਹਿਲ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਨੂੰ ਸਟਾਰਟਅਪ ਲਈ ਇਕ ਮੋਹਰੀ ਹੱਬ ਵਜੋਂ ਸਥਾਪਿਤ ਕਰਨਾ ਸੂਬਾ ਸਰਕਾਰ ਦੀ ਪਹਿਲ ਹੈ। ਹਰਿਆਣਾ ਸਟਾਟਅਪ ਦਾ ਇਕ ਮੁੱਖ ਕੇਂਦਰ ਬਣੇ, ਇਸ ਲਈ ਸੂਬਾ ਸਰਕਾਰ ਵੱਲੋਂ ਯਤਨ ਕੀਤੇ ਜਾ ਰਹੇ ਹਨ ਅਤੇ ਸਰਕਾਰ ਦਾ ਮੰਤਵ ਹੈ ਕਿ ਮੇਕ ਇੰਨ ਇੰਡਿਆ ਅਤੇ ਸਟਾਰਟਅਪ ਇੰਡੀਆ ਦੇ ਤਹਿਤ ਦੇਸ਼ ਵਿਚ ਹਰਿਆਣਾ ਦੀ ਇਕ ਅਨੋਖੀ ਪਛਾਣ ਬਣੇ, ਜੋ ਨਾ ਸਿਰਫ ਆਰਥਿਕ ਵਿਕਾਸ ਦਾ ਸਰੋਤ ਬਣੇ, ਸਗੋਂ ਨੌਜੁਆਨਾਂ ਲਈ ਰੁਜ਼ਗਾਰ ਦੇ ਨਵੇਂ ਮੌਕਿਆਂ ਦੇ ਦਰਵਾਜੇ ਵੀ ਖੋਲ੍ਹੇ।ਮੁੱਖ ਮੰਤਰੀ ਅੱਜ ਇੱਥੇ ਹਰਿਆਣਾ ਦੇ ਸਟਾਰਟਅਪ ਉਦਮੀਆਂ ਨਾਲ ਆਯੋਜਿਤ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੀਟਿੰਗ ਵਿਚ ਸਹਿਕਾਰਤਾ ਅਤੇ ਸੈਰ-ਸਪਾਟਾ ਮੰਤਰੀ ਡਾ.ਅਰਵਿੰਦ ਸ਼ਰਮਾ ਵੀ ਹਾਜ਼ਰ ਰਹੇ।ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਉਣ ਵਾਲੇ ਸਮੇਂ 'ਚ ਹਰਿਆਣਾ ਵਿਚ ਸਟਾਰਟਅਪ ਦੀ ਗਿਣਤੀ 3 ਗੁਣਾ ਵਧਣੀ ਚਾਹੀਦੀ ਹੈ। ਇਸ ਲਈ ਅੱਜ ਹਰ ਸਫਲ ਸਟਾਰਟਅਪ ਉਦਮੀ ਨੂੰ ਇਹ ਅਹਿਦ ਲੈਣਾ ਚਾਹੀਦਾ ਹੈ ਕਿ ਉਹ ਅੱਗੇ 3 ਨਵੇਂ ਸਟਾਰਟਅਪ ਨੂੰ ਪ੍ਰੋਤਸਾਹਨ ਦੇਣ ਵਿਚ ਸਹਿਯੋਗ ਕਰੇਗਾ। ਸੈਣੀ ਨੇ ਕਿਹਾ ਕਿ ਮਾਲੀ ਵਰ੍ਹੇ, 2025-26 ਦੇ ਸੂਬਾ ਬਜਟ ਵਿਚ ਸਰਕਾਰ ਸਟਾਰਟਅਪ ਨੂੰ ਪ੍ਰੋਤਸਾਹਨ ਦੇਣ ਲਈ ਨਵੀਂ ਯੋਜਨਾਵਾਂ ਬਣਾਉਣ 'ਤੇ ਵਿਚਕਾਰ ਕਰ ਰਹੀ ਹੈ, ਤਾਂ ਜੋ ਨੌਜੁਆਨਾਂ ਨੂੰ ਸਟਾਰਟਅਪ ਸ਼ੁਰੂ ਕਰਨ ਲਈ ਮਾਰਗਦਰਸ਼ਨ ਅਤੇ ਫੰਡ ਦੀ ਉਪਲੱਬਧਤਾ ਯਕੀਨੀ ਹੋ ਸਕੇ।ਮੁੱਖ ਮੰਤਰੀ ਨੇ ਕਿਹਾ ਕਿ ਰਵਾਇਤੀ ਉਦਯੋਗਾਂ ਨੂੰ ਪ੍ਰੋਤਸਾਹਨ ਦੇਣ ਵਿਚ ਸਟਾਰਟਅਪ ਬਹੁਤ ਵੱਡੀ ਭੂਕਿਮਾ ਅਦਾ ਕਰ ਸਕਦੇ ਹਨ। ਪਿੰਡਾਂ ਵਿਚ ਜਾ ਕੇ ਅਜਿਹੇ ਰਵਾਇਤੀ ਕੰਮ ਕਰਨ ਵਾਲੇ ਲੋਕਾਂ ਨੂੰ ਜੋੜ ਕੇ ਉਨ੍ਹਾਂ ਨੂੰ ਰੁਜ਼ਗਾਰ ਦੇ ਮੌਕੇ ਉਪਲੱਬਧ ਕਰਵਾਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਵਾਇਤੀ ਤੇ ਜੱਦੀ ਉਦਯੋਗਾਂ ਨੂੰ ਪ੍ਰੋਤਸਾਹਨ ਦੇਣ ਲਈ ਪੀ ਐਮ ਵਿਸ਼ਵਕਰਮਾ ਯੋਜਨਾ ਚਲਾਈ ਹੈ।ਮੁੱਖ ਮੰਤਰੀ ਨੇ ਕਿਹਾ ਕਿ ਮਾਲੀ ਵਰ੍ਹੇ 2025-26 ਦੇ ਰਾਜ ਬਜਟ ਤੋਂ ਪਹਿਲਾਂ ਰਾਜ ਸਰਕਾਰ ਬਜਟ ਪਹਿਲਾਂ ਸਲਾਹ ਮੀਟਿੰਗ ਰਾਹੀਂ ਨਾਗਰਿਕਾਂ, ਉਦਯੋਗਪਤੀਆਂ ਤੇ ਹੋਰ ਸਟੇਕਹੋਲਡਰਾਂ ਨਾਲ ਸੁਝਾਅ ਪ੍ਰਾਪਤ ਕਰ ਰਹੀ ਹੈ, ਤਾਂ ਜੋ ਹਰੇਕ ਵਰਗ ਦੀ ਭਲਾਈ ਅਤੇ ਹਰਿਆਣਾ ਦੇ ਸਮਾਵੇਸ਼ੀ ਵਿਕਾਸ ਦਾ ਬਜਟ ਤਿਆਰ ਕੀਤਾ ਜਾ ਸਕੇ। ਮੁੱਖ ਮੰਤਰੀ ਨੇ ਸਟਾਟਅਪ ਉਦਮੀਆਂ ਤੋਂ ਵੀ ਬਜਟ ਦੇ ਸਬੰਧ ਵਿਚ ਸੁਝਾਅ ਦੇਣ ਲਈ ਸੱਦਾ ਦਿੱਤਾ ਅਤੇ ਸੁਝਾਵਾਂ ਨੂੰ ਬਜਟ ਵਿਚ ਸ਼ਾਮਲ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਪ੍ਰਾਪਤ ਸੁਝਾਵਾਂ ਦੇ ਆਧਾਰ 'ਤੇ ਹਰਿਆਣਾ ਵਿਚ ਸਟਾਰਟਅਪ ਦੀ ਗਿਣਤੀ ਵਧਾਉਣ ਲਈ ਨਵੀਆਂ ਯੋਜਨਾਵਾਂ ਬਣਾਈਆਂ ਜਾਣਗੀਆਂ।ਮੀਟਿੰਗ ਵਿਚ ਸਹਿਕਾਰਤਾ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਹਰਿਆਣਾ ਵਿਚ ਸੈਰ-ਸਪਾਟਾ ਨੂੰ ਪ੍ਰੋਤਸਾਹਨ ਦੇਣ 'ਤੇ ਵਿਸ਼ੇਸ਼ ਫੋਕਸ ਕੀਤਾ ਜਾ ਰਿਹਾ ਹੈ। ਸੂਬੇ ਨੂੰ ਸੈਲਾਨੀ ਈਕੋ ਕਲਚਰ ਬਣਾਇਆ ਜਾਵੇਗਾ, ਜਿਸ ਨਾਲ ਦੇਸ਼ ਵਿਦੇਸ਼ ਦੇ ਸੈਲਾਨੀਆਂ ਨੂੰ ਹਰਿਆਣਾ ਵਿਚ ਸੈਲਾਨੀ ਥਾਂਵਾਂ ਦੀ ਜਾਣਕਾਰੀ ਮੁਹੱਈਆ ਹੋ ਸਕੇਗੀ।ਮੀਟਿੰਗ ਵਿਚ ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਰੁਣ ਕੁਮਾਰ ਗੁਪਤਾ, ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਡਾ.ਸਾਕੇਤ ਕੁਮਾਰ, ਸੂਚਨਾ, ਲੋਕ ਸੰਪਰਕ, ਭਾਸ਼ਾ ਤੇ ਸਭਿਆਚਾਰ ਵਿਭਾਗ ਦੇ ਡਾਇਰੈਕਟਰ ਜਰਨਲ ਕੇ. ਮਕਰੰਦ ਪਾਂਡੂਰੰਗ ਸਮੇਤ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਤੇ ਵੱਡੀ ਗਿਣਤੀ ਵਿਚ ਹਰਿਆਣਾ ਦੇ ਸਟਾਰਟਅਪ ਉਦਮੀ ਵੀ ਹਾਜ਼ਰ ਸਨ।

# ਡੇਰਾ ਸੰਤਪੁਰਾ ਜੱਬੜ ਵਿਖੇ ਸਲਾਨਾ ਬਰਸੀ ਸਮਾਗਮ ਕਰਵਾਇਆ



**ਆਦਮਪੁਰ (ਪਰਮਜੀਤ ਸਿੰਘ)**

ਡੇਰਾ ਸੰਤਪੁਰਾ ਜੱਬੜ੍ਹ ਵਿਖੇ ਬ੍ਰਹਮ ਗਿਆਨੀ ਸੰਤ ਬਾਬਾ ਭਾਗ ਸਿੰਘ, ਸੰਤ ਹਰਦਿਆਲ ਸਿੰਘ ਮੁਸਾਫਰ, ਸੰਤ ਬਾਬਾ ਮਲਕੀਤ ਸਿੰਘ, ਸੰਤ ਬਾਬਾ ਦਿਲਾਵਰ ਸਿੰਘ ਬ੍ਰਹਮ ਦਾ ਸਲਾਨਾ ਬਰਸੀ ਸਮਾਗਮ ਬਾਬਾ ਮਨਮੋਹਨ ਸਿੰਘ ਤੇ ਬਾਬਾ ਜਨਕ ਸਿੰਘ ਦੀ ਅਗਵਾਈ ਹੇਠ ਮਨਾਇਆ ਗਿਆ । ਸਮਾਗਮ ਦੌਰਾਨ ਭਾਈ ਗਗਨਦੀਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਗੁਰਇਕਬਾਲ ਸਿੰਘ ਬਾਲੀ ਮੁੰਬਈ ਵਾਲੇ, ਭਾਈ ਜਗਤ ਸਿੰਘ ਹਜ਼ੂਰੀ ਰਾਗੀ ਸੰਤਪੁਰਾ ਜੱਬੜ੍ਹ, ਭਾਈ ਜਗਦੀਸ਼ ਸਿੰਘ, ਭਾਈ ਜਸਵਿੰਦਰ ਸਿੰਘ ਦੁਸਾਂਝ ਕਲਾ ਵਾਲਿਆਂ ਵੱਲੋਂ ਗੁਰਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਰਾਜਨੀਤਿਕ ਆਗੂ ਸਮੇਤ ਸੰਤ ਮਹਾਂਪੁਰਸ਼ ਜਿਨ੍ਹਾਂ ਵਿਚ ਨਿਰਮਲ ਦੁਆਬਾ ਮੰਡਲ ਦੇ ਪ੍ਰਧਾਨ ਸੰਤ ਬਾਬਾ ਭਾਗ ਸਿੰਘ ਬੰਗਾ, ਸੰਤ ਗੁਰਬਚਨ ਸਿੰਘ ਪਾਂਡਵਾ, ਸੰਤ ਆਤਮ ਪ੍ਰਕਾਸ਼, ਸੰਤ ਤੇਜਾ ਸਿੰਘ ਖੁੱਡੇ ਵਾਲੇ, ਸੰਤ ਸੁਰਿੰਦਰ ਸਿੰਘ ਸੋਢੀ, ਸੰਤ ਅਵਤਾਰ ਸਿੰਘ, ਸੰਤ ਸੁਰਜੀਤ ਸਿੰਘ ਕਾਲਰਾ, ਸੰਤ ਤਰਸੇਮ ਸਿੰਘ ਆਦਮਪੁਰ, ਸੰਤ ਗੁਰਨਾਮ ਸਿੰਘ ਉਦੇਸੀਆਂ, ਸੰਤ ਜੋਗਿੰਦਰ ਸਿੰਘ ਅਟਾਰੀ, ਸੰਤ ਗੁਰਨਾਮ ਸਿੰਘ ਡੱਲੀ, ਸੰਤ ਕਸ਼ਮੀਰ ਕੋਟ ਫਤੂਹੀ, ਸੰਤ ਹਰਦੇਵ ਸਿੰਘ ਤਲਵੰਡੀ ਅਰਾਈਆਂ, ਸੰਤ ਹਰੀ ਸਿੰਘ, ਸੰਤ ਨਰਿੰਦਰ ਸਿੰਘ ਅਨੰਦਪੁਰ ਸਾਹਿਬ, ਸੰਤ ਇੰਦਰ ਦਾਸ ਮੇਗੋਵਾਲ, ਸੰਤ ਮੱਖਣ ਸਿੰਘ, ਸੰਤ ਰਣ ਜੋਧ ਸਿੰਘ ਸ਼ਾਮ ਚੁਰਾਸੀ, ਸੰਤ ਗੁਰਮੁਖ ਸਿੰਘ ਸੱਜਣਾ, ਪਲਵਿੰਦਰ ਸਿੰਘ ਡਗਾਣਾ, ਸੰਤ ਅਵਤਾਰ ਸਿੰਘ, ਸੰਤ ਪ੍ਰੀਤਮ ਸਿੰਘ ਬਾੜੀਆ, ਪਵਨ ਕੁਮਾਰ ਟੀਨੂੰ ਮੁੱਖ ਬੁਲਾਰਾ ਆਪ ਪਾਰਟੀ, ਦਲਜੀਤ ਸਿੰਘ ਕਿਸਾਨ ਵਿੰਗ ਆਪ, ਪਰਮਜੀਤ ਸਿੰਘ ਰਾਜ ਵੰਸ਼ ਚੇਅਰਮੈਨ ਮਾਰਕਟ ਕਮੇਟੀ ਆਦਮਪੁਰ, ਪਰਮਜੀਤ ਸਿੰਘ ਮੈਂਬਰ ਐਸ ਜੀ ਪੀ ਸੀ ਆਦਮਪੁਰ, ਤਰਸੇਮ ਸਿੰਘ ਕੋਟਲੀ ਪ੍ਰਧਾਨ ਬੀ ਕੇ ਯੂ ਖੋਸਾ, ਬਲਵਿੰਦਰ ਸਿੰਘ ਕਾਲਰਾ ਵਾਇਸ ਪ੍ਰਧਾਨ ਖੋਸਾ, ਜਥੇਦਾਰ ਮਨੋਹਰ ਸਿੰਘ ਡਰੋਲੀ ਕਲਾਂ, ਸਰਪੰਚ ਰਸ਼ਪਾਲ ਸਿੰਘ, ਪੁਰਸ਼ੋਤਮ ਸਿੰਘ ਮਾਣਕੋ, ਰੇਸ਼ਮ ਸਿੰਘ ਮਾਣਕੋ ਸਮੇਤ ਸਮੂਹ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਨਤਮਸਤਕ ਹੋਈਆਂ।

# ਸੰਗੀਤਾ ਸ਼ਰਮਾ ਦੀ ਯਾਦ 'ਚ ਲੰਗਰ ਲਗਾਇਆ

**ਕਾਲਾ ਸੰਘਿਆਂ (ਮਨਜੀਤ ਮਾਨ)**- ਜ਼ਿਲ੍ਹਾ ਕਪੂਰਥਲਾ ਦੇ ਇਤਿਹਾਸਕ ਕਸਬਾ ਕਾਲਾ ਸੰਘਿਆਂ ਵਿਖੇ ਪ੍ਰਵਾਸੀ ਭਾਰਤੀ ਰਾਜਿੰਦਰ ਸ਼ਰਮਾ ਯੂਕੇ ਵੱਲੋਂ ਆਪਣੀ ਧਰਮ ਪਤਨੀ ਸਵਰਗਵਾਸੀ ਸੰਗੀਤਾ ਸ਼ਰਮਾ ਦੀ ਯਾਦ ਵਿੱਚ ਹਨੂੰਮਾਨ ਮੰਦਰ ਵਿੱਚ ਲੰਗਰ ਲਗਾਇਆ ਗਿਆ. ਸੰਗੀਤਾ ਦੇ ਜੁਵਾਈ ਮਾਇਕ,ਬੇਟੀ ਸੁਮਨ,ਸੀਤਲ, ਅਨੀਤਾ ਤੇ ਸੀਮਾ ਨੇ ਯੂਕੇ ਤੋਂ ਆ ਕੇ ਵਿਸ਼ੇਸ਼ ਤੌਰ 'ਤੇ ਲੰਗਰ ਲਗਾਇਆ। ਇਸ ਮੌਕੇ ਉੱਘੇ ਸਮਾਜ ਸੇਵਕ ਸਤੀਸ਼ ਕੁਮਾਰ ਘੋਨਾ ਨੇ ਦੱਸਿਆ ਕਿ ਉਨ੍ਹਾਂ ਦੀ ਵੱਡੀ ਭਰਜਾਈ ਸ਼੍ਰੀਮਤੀ ਸੰਗੀਤਾ ਸ਼ਰਮਾ ਦੀ ਯਾਦ ਵਿੱਚ ਹਰ ਸਾਲ ਲੰਗਰ ਲਗਾਇਆ ਜਾਂਦਾ ਹੈ। ਇਸ ਵਾਰ ਵੀ ਉਨ੍ਹਾਂ ਦੇ ਪਰਵਾਰ ਵੱਲੋਂ ਇੰਗਲੈਂਡ ਤੋਂ ਆ ਕੇ ਤੀਸਰਾ ਲੰਗਰ ਲਗਾਇਆ ਗਿਆ। ਸ੍ਰੀ ਸਤੀਸ਼ ਕੁਮਾਰ ਘੋਨਾ ਨੇ ਹੋਰ ਦੱਸਿਆ ਕਿ ਰਾਜਿੰਦਰ ਸ਼ਰਮਾ ਵੱਲੋਂ ਹਨੂੰਮਾਨ ਮੰਦਰ ਕਾਲਾ ਸੰਘਿਆਂ ਵਿਖੇ ਰਾਧਾ ਕ੍ਰਿਸ਼ਨ, ਮਾਤਾ ਵੈਸ਼ਨੂੰ ਦੇਵੀ ਦੀਆਂ ਮੂਰਤੀਆਂ ਦੀ ਵੀ ਸਥਾਪਨਾ ਕਰਵਾਈ ਗਈ ਤੇ ਸੁੰਦਰ ਗੇਟ ਬਣਵਾਇਆ ਹੈ। ਇਸ ਮੌਕੇ ਰਾਜਿੰਦਰ ਸ਼ਰਮਾ ਦੀਆਂ ਬੇਟੀਆਂ ਨੇ ਝੁੱਗੀਆਂ ਝੌਂਪੜੀਆਂ ਵਾਲੇ ਬੱਚਿਆਂ ਨੂੰ ਆਪਣੇ ਹੱਥੀਂ ਲੰਗਰ ਛਕਾਇਆ ਤੇ ਨਵੇਂ ਗਰਮ ਕੱਪੜੇ ਲੈ ਕੇ ਦਿੱਤੇ । ਇਸ ਮੌਕੇ ਪਰਮਜੀਤ ਸਿੰਘ ਬੱਸਣ ਪ੍ਰਧਾਨ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਪ੍ਰਬੰਧਕ ਕਮੇਟੀ ਕਾਲਾ ਸੰਘਿਆਂ,ਡਾਕਟਰ ਪਰਮਜੀਤ ਸਿੰਘ ਪੰਮਾ, ਉੱਘੇ ਸਮਾਜ ਸੇਵਕ ਸਤੀਸ਼ ਕੁਮਾਰ ਘੋਨਾ, ਮਾਸਟਰ ਸ਼ਾਮ ਲਾਲ,ਰਾਜੂ ਪੰਡਿਤ, ਮਨਿੰਦਰ ਸਿੰਘ,ਸੋਹਣ ਭੰਵਰਾ, ਡਾਕਟਰ ਵੇਦ ਪ੍ਰਕਾਸ਼ ਵਾਸੂਦੇਵ, ਮਾਸਟਰ ਵਿਪਨ ਜੋਸ਼ੀ, ਡਾਕਟਰ ਬਲਰਾਮ ਸ਼ਰਮਾ ਉਰਫ਼ ਡਾਕਟਰ ਕਿੰਦੀ, ਧਰਮਪਾਲ, ਅਰਵਿੰਦਰ ਜੋਸ਼ੀ , ਹਰਪਾਲ ਸਿੰਘ ਪਾਲਾ ਉਰਫ਼ ਪਾਲਾ ਟੇਲਰ ਤੋਂ ਇਲਾਵਾ ਹੋਰ ਆਗੂ ਵੀ ਹਾਜ਼ਰ ਸਨ।



# ਬਜਵਾੜਾ ਕਲਾਂ ਗੁਰਮਤਿ ਸਮਾਗਮ ਅੱਜ

**ਮੇਹਟੀਆਣਾ (ਜਗਤਾਰ ਸਿੰਘ ਭੁੱਗਰਨੀ)**-ਪਿੰਡ ਬਜਵਾੜਾ ਕਲਾਂ ਵਿਖੇ ਗੁਰਦੁਆਰਾ ਸਿੰਘ ਸਭਾ ਛਾਉਣੀ ਨਿਹੰਗ ਸਿੰਘਾਂ ਜੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੇਮਕੁੰਟ ਵਾਸੀ, ਅੰਮ੍ਰਿਤ ਦੇ ਦਾਤੇ, ਹੇਮਕੁੰਟ ਦੇ ਵਾਸੀ, ਸਰਬੰਸ ਦਾਨੀ, ਸਾਹਿਬ ਏ ਕਮਾਲ, ਚਿੱਟੇ ਬਾਜਾਂ ਵਾਲੇ, ਕਲਗੀਧਰ ਦਸਮੇਸ਼ ਪਿਤਾ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਮਹਾਨ ਗੁਰਮਤਿ ਸਮਾਗਮ 6 ਜਨਵਰੀ ਨੂੰ ਸ਼ਰਧਾ ਭਾਵਨਾ ਨਾਲ ਜਥੇਦਾਰ ਬਾਬਾ ਗੁਰਦੇਵ ਸਿੰਘ ਮੁੱਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਹਨ। ਇਸ ਮੌਕੇ ਬਾਬਾ ਰਾਜਵੀਰ ਸਿੰਘ ਹੁਸ਼ਿਆਰਪੁਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ 6 ਜਨਵਰੀ ਨੂੰ ਸ੍ਰੀ ਸਾਹਿਜ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਭਾਈ ਜਸਵਿੰਦਰ ਸਿੰਘ ਹੈਡ ਗ੍ਰੰਥੀ, ਭਾਈ ਹਰਭਜਨ ਸਿੰਘ ਹੁਸ਼ਿਆਰਪੁਰ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

# ਟਰੱਕ ਯੂਨੀਅਨ ਵੱਲੋਂ ਐੱਮ ਐੱਲ ਏ ਕੁਲਜੀਤ ਸਿੰਘ ਰੰਧਾਵਾ ਦਾ ਧੰਨਵਾਦ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਟਰੱਕ ਯੂਨੀਅਨ ਡੇਰਾਬੱਸੀ ਵਿਖੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਗੁਰੂ ਕੇ ਲੰਗਰ ਵਰਤਾਏ ਗਏ। ਇਸ ਮੌਕੇ ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਐਮ ਐਲ ਏ ਕੁਲਜੀਤ ਸਿੰਘ ਰੰਧਾਵਾ ਨੇ ਟਰੱਕ ਯੂਨੀਅਨ ਡੇਰਾਬੱਸੀ ਵਿਖੇ ਹਾਜ਼ਰੀ ਭਰੀ ਤੇ ਟਰੱਕਾਂ ਵਾਲਿਆਂ ਨਾਲ ਹਰ ਸਥਿਤੀ ਵਿੱਚ ਡਟ ਕੇ ਨਾਲ ਖੜ੍ਹਨ ਦਾ ਭਰੋਸਾ ਦਿੱਤਾ। ਟਰੱਕ ਯੂਨੀਅਨ ਡੇਰਾਬੱਸੀ ਦੇ ਮੌਜੂਦਾ ਪ੍ਰਧਾਨ ਸੁਖਦੀਪ ਸਿੰਘ ਫੌਜੀ ਤੇ ਸਮੂਹ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਵੱਲੋਂ ਵਿਧਾਇਕ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਤੇ ਟਰੱਕ ਯੂਨੀਅਨ ਡੇਰਾਬੱਸੀ ਦੇ ਸਾਰੇ ਹੀ ਅਪਰੇਟਰਾਂ ਨੇ ਵੀ ਰੰਧਾਵਾ ਦਾ ਧੰਨਵਾਦ ਕੀਤਾ ਤੇ ਕਿਹਾ ਤੁਸੀਂ ਹਮੇਸ਼ਾ ਹੀ ਟਰੱਕਾਂ ਵਾਲਿਆਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਦੇ ਰਹੇ ਹੋ, ਇਥੋਂ ਤੱਕ ਕਿ ਪੰਜਾਬ ਵਿਧਾਨ ਸਭਾ ਵਿੱਚ ਵੀ ਟਰੱਕਾਂ ਵਾਲਿਆਂ ਦੀ ਅਵਾਜ਼ ਬਣ ਕੇ ਸਰਕਾਰ ਨੂੰ ਸਾਡੀਆਂ ਸਮੱਸਿਆਵਾਂ ਤੋਂ ਜਾਣੂੰ ਕਰਵਾਇਆ। ਇਸ ਮੌਕੇ ਟਰੱਕ ਯੂਨੀਅਨ ਡੇਰਾਬੱਸੀ ਦੀ ਟੀਮ ਚੇਅਰਮੈਨ ਕਮਲਜੀਤ ਸਿੰਘ ਢੀਂਡਸਾ, ਉਪ ਪ੍ਰਧਾਨ ਸੁਰਿੰਦਰ ਸਿੰਘ ਗਰੇਵਾਲ, ਖ਼ਜ਼ਾਨਚੀ ਸਰਪੰਚ ਗੁਰਪ੍ਰੀਤ ਸਿੰਘ, ਸਕੱਤਰ ਹਰਪ੍ਰੀਤ ਸਿੰਘ ਤੇ ਅੱਡਾ ਇੰਚਾਰਜ ਤਰੁਣ ਕੁਮਾਰ ਪੋਪਲੀ ਤੇ ਸਮੂਹ ਟਰੱਕ ਅਪਰੇਟਰ ਹਾਜ਼ਰ ਸਨ।



# 'ਗਰੀਬ ਦਾ ਮੂੰਹ, ਗੁਰੂ ਦੀ ਗੋਲਕ' ਸੰਸਥਾ ਨੂੰ ਸੰਗਤਾਂ ਵੱਲੋਂ ਸੇਵਾ ਲਗਾਤਾਰ ਜਾਰੀ

**ਮੇਹਟੀਆਣਾ (ਜਗਤਾਰ ਸਿੰਘ ਭੁੱਗਰਨੀ)**

ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੇ ਜੱਦੀ ਪਿੰਡ ਅਜਨੋਹਾ ਇਨ੍ਹਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ । ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਨੇ ਦੱਸਿਆ ਕਿ ਸੰਸਥਾ ਵਲੋਂ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਮਹਾਰਾਜ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਆਪਾਰ ਮੇਹਰ ਸਦਕਾ, ਇਲਾਕਾ ਨਿਵਾਸੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਗਤਾਂ ਦੂਰੋਂ ਦੂਰੋਂ ਦਵਾਈਆਂ ਲੈਣ ਆ ਰਹੀਆਂ ਹਨ। ਸੰਗਤਾਂ ਲਗਾਤਾਰ ਧਨ ਮਨ ਅਤੇ ਧਨ ਨਾਲ ਆਪਣਾ ਸਹਿਯੋਗ ਦੇ ਰਹੀਆਂ ਨੇ । ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਡਾਕਟਰ ਤਰਸੇਮ ਸਿੰਘ, ਲੈਬ ਟੈਕਨੀਸ਼ੀਅਨ ਗੁਰਪ੍ਰੀਤ ਸਿੰਘ, ਸੰਦੀਪ ਕੌਰ, ਬਲਜੀਤ ਕੌਰ, ਲਵਪ੍ਰੀਤ ਕੌਰ, ਉਂਕਾਰ ਸਿੰਘ ਖਾਲਸਾ ਨਰੂੜ, ਗੁਰਜੀਤ ਸਿੰਘ ਖਾਲਸਾ, ਸਤਨਾਮ ਕੌਰ, ਹਰਜੀਤ ਕੌਰ, ਸੁਨੀਤਾ ਰਾਣੀ,ਆਸ਼ਾ ਦੇਵੀ, ਹਰਜਿੰਦਰ ਕੌਰ ਅਤੇ ਕੁਲਵੰਤ ਕੌਰ ਆਦਿ ਹਾਜ਼ਰ ਸਨ।



# ਡੀ ਐੱਸ ਪੀ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਸੰਬੰਧੀ ਮੀਟਿੰਗ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਐਸ.ਏ.ਐਸ.ਨਗਰ ਦੀਪਕ ਪਾਰਿਕ ਵੱਲੋਂ ਪੰਜਾਬ ਪੁਲਸ ਪ੍ਰੋਜੈਕਟ ਸੰਪਰਕ ਦੇ ਹਿੱਸੇ ਵਜੋਂ ਚਲਾਈ ਗਈ ਮੁਹਿੰਮ ਤਹਿਤ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਹੇਠ ਕਰਨੈਲ ਸਿੰਘ ਉਪ ਕਪਤਾਨ ਪੁਲਸ, ਟ੍ਰੈਫਿਕ ਵੱਲੋਂ ਰਵੀਦਾਸ ਭਵਨ, ਵਾਰਡ ਨੰਬਰ 19, ਮੁਹੱਲਾ ਪਹਾੜੀ ਗੇਟ ਅਤੇ ਸੈਣੀਆਂ, ਡੇਰਾਬੱਸੀ ਵਿਖੇ ਲੋਕਾਂ ਦੀਆਂ ਸਮੱਸਿਆਵਾਂ ਸਬੰਧੀ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਸੁਸਾਇਟੀ ਤੇ ਇਲਾਕਾ ਵਾਸੀਆਂ ਨੂੰ ਜਨਤਕ ਸ਼ਿਕਾਇਤਾਂ ਦੀ ਆਵਾਜ਼ ਉਠਾਉਣ, ਸਥਾਨਕ ਚਿੰਤਾਵਾਂ ਦੇ ਹੱਲ ਕਰਨ ਲਈ ਪੁਲਸ ਅਤੇ ਨਾਗਰਿਕਾਂ ਵਿਚਕਾਰ ਵਿਸ਼ਵਾਸ ਅਤੇ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਉਤਸ਼ਾਹਤ ਕੀਤਾ ਗਿਆ। ਇਸ ਦੇ ਨਾਲ ਹੀ ਲੋਕਾਂ ਨੂੰ ਸਾਈਬਰ ਕ੍ਰਾਇਮ ਕੇਸਾਂ ਅਤੇ ਟ੍ਰੈਫਿਕ ਨਿਯਮਾਂ ਸਬੰਧੀ ਵੀ ਜਾਗਰੂਕ ਕੀਤਾ ਗਿਆ। ਲੋਕਾਂ ਨੂੰ ਦੱਸਿਆ ਗਿਆ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਵਹੀਕਲ ਨਾ ਚਲਾਉਣ ਦਿਓ, ਜੇਕਰ 18 ਸਾਲ ਤੋਂ ਘੱਟ ਉਮਰ ਦਾ ਕੋਈ ਬੱਚਾ ਵਹੀਕਲ ਚਲਾਉਂਦਾ ਹੈ ਤਾਂ ਉਸ ਦੇ ਮਾਪਿਆਂ ਨੂੰ 3 ਸਾਲ ਦੀ ਕੈਦ, 25 ਹਜ਼ਾਰ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ, ਜਿਸ ਵਿਅਕਤੀ ਵੱਲੋਂ 18 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਵਹੀਕਲ ਦਿੱਤਾ ਜਾਵੇਗਾ, ਉਸ ਵਿਅਕਤੀ ਨੂੰ ਵੀ 3 ਸਾਲ ਦੀ ਸਜ਼ਾ ਜਾਂ ਜੁਰਮਾਨਾ ਹੋ ਸਕਦਾ ਹੈ।ਇਸ ਦੇ ਨਾਲ ਹੀ ਲੋਕਾਂ ਨੂੰ ਸਰਕਾਰ ਦੁਆਰਾ ਚਲਾਈ ਗਈ ਫ਼ਰਿਸ਼ਤੇ ਸਕੀਮ ਬਾਰੇ ਜਾਣੂ ਕਰਵਾਇਆ ਗਿਆ ਅਤੇ ਦੱਸਿਆ ਕਿ ਜੇਕਰ ਕੋਈ ਵਿਅਕਤੀ ਕਿਸੇ ਐਕਸੀਡੈਂਟ ਹੋਏ ਵਿਅਕਤੀ ਦੀ ਮਦਦ ਕਰਦਾ ਹੈ ਤਾਂ ਉਸ ਨੂੰ 2000 ਰੁਪਏ ਸਰਕਾਰ ਵੱਲੋਂ ਦਿੱਤੇ ਜਾਣਗੇ। ਜੇਕਰ ਤੁਸੀਂ ਆਪਣਾ ਕੋਈ ਫਲੈਟ ਜਾਂ ਮਕਾਨ ਕਿਰਾਏ 'ਤੇ ਦਿੱਤਾ ਹੋਇਆ ਹੈ ਤਾਂ ਆਪਣੇ ਕਿਰਾਏਦਾਰਾਂ ਦੀ ਪੁਲਸ ਵੈਰੀਫਿਕੇਸ਼ਨ ਜ਼ਰੂਰ ਕਰਵਾਓ।ਇਸ ਮੌਕੇ ਵਾਰਡ ਨੰਬਰ 19, ਮੁਹੱਲਾ ਪਹਾੜੀ ਗੇਟ ਅਤੇ ਸੈਣੀਆਂ, ਡੇਰਾਬੱਸੀ ਦੇ ਦਵਿੰਦਰ ਸੈਣੀ ਬਲਾਕ ਪ੍ਰਧਾਨ ਡੇਰਾਬੱਸੀ, ਕੁਸ਼ਲ ਸੈਣੀ, ਮੇਵਾ ਸਿੰਘ, ਹਰਜਿੰਦਰ ਸਿੰਘ, ਸੱਤਪਾਲ ਮਾਸਟਰ, ਗੁਰਮੇਲ ਸੈਣੀ, ਜਸਬੀਰ ਸੈਣੀ, ਗੁਰਪ੍ਰੀਤ, ਰਾਮ ਚੰਦਰ, ਸੁਰਿੰਦਰ ਸਿੰਘ, ਸੁਖਵਿੰਦਰ ਸਿੰਘ, ਸੁਭਾਸ਼ ਅਰੋੜਾ, ਬਲਦੇਵ ਬੰਸੀ ਲਾਲ, ਗੁਰਪ੍ਰੀਤ ਸਿੰਘ, ਮਾਸਟਰ ਫੂਲ ਸਿੰਘ, ਵਰਿੰਦਰ ਸਿੰਘ, ਪ੍ਰਦੀਪ ਅਤੇ ਹੋਰ ਮੋਹਤਬਰ ਵਿਅਕਤੀਆਂ ਨੇ ਜ਼ਿਲ੍ਹਾ ਪੁਲਸ ਵੱਲੋਂ ਚਲਾਈ ਗਈ ਇਸ ਮੁਹਿੰਮ ਦਾ ਅਤੇ ਡੀ .ਐਸ .ਪੀ (ਟ੍ਰੈਫਿਕ) ਦਾ ਇਹ ਜਨਤਕ ਮੀਟਿੰਗ ਕਰਨ ਲਈ ਧੰਨਵਾਦ ਕੀਤਾ।



# ਲਾਇਲਪੁਰ ਖ਼ਾਲਸਾ ਕਾਲਜ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ

**ਜਲੰਧਰ (ਸ਼ੈਲੀ ਐਲਬਰਟ)**

ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਆਪਣੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਇਸ ਦ੍ਰਿਸ਼ਟੀਕੋਣ ਨੂੰ ਧਿਆਨ ਵਿੱਚ ਰੱਖਦੇ ਹੋਏ, ਕਾਲਜ ਆਪਣੇ ਵਿਦਿਆਰਥੀਆਂ ਨੂੰ ਰਾਸ਼ਟਰੀ ਪੱਧਰ ਦੇ ਕੈਂਪਾਂ ਵਿੱਚ ਆਪਣੀ ਪ੍ਰਤਿਭਾ ਦਿਖਾਉਣ ਅਤੇ ਉਹਨਾਂ ਦੇ ਗੁਣਾਂ ਦੀ ਪੜਚੋਲ ਕਰਨ ਦੇ ਭਰਪੂਰ ਮੌਕੇ ਪ੍ਰਦਾਨ ਕਰਦਾ ਹੈ। ਦਸੰਬਰ ਦੇ ਮਹੀਨੇ ਵਿੱਚ, ਕਾਲਜ ਦੇ ਚਾਰ ਐਨ.ਐਸ.ਐਸ. ਵਲੰਟੀਅਰਾਂ ਨੇ ਮੈਕਲੋਡਗੰਜ ਵਿਖੇ 'ਐਨ.ਐਸ.ਐਸ. ਐਡਵੈਂਚਰ ਕੈਂਪ' ਵਿੱਚ ਭਾਗ ਲਿਆ, ਦੋ ਵਲੰਟੀਅਰਾਂ ਨੇ ਪਟਨਾ, ਬਿਹਾਰ ਵਿਖੇ ਰਾਸ਼ਟਰੀ ਏਕਤਾ ਕੈਂਪ ਵਿੱਚ ਭਾਗ ਲਿਆ ਅਤੇ ਨੌਂ ਵਾਲੰਟੀਅਰ ਦਿੱਲੀ ਦਰਸ਼ਨ ਦਾ ਹਿੱਸਾ ਬਣੇ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਵਲੰਟੀਅਰਾਂ ਨੂੰ ਵਧਾਈ ਦਿੱਤੀ ਅਤੇ ਇਨ੍ਹਾਂ ਕੈਂਪਾਂ ਦੌਰਾਨ ਸਿੱਖੀਆਂ ਕਦਰਾਂ-ਕੀਮਤਾਂ ਅਤੇ ਜਾਣਕਾਰੀ ਨੂੰ ਅਮਲ ਵਿਚ ਲਿਆਉਣ ਦੀ ਸਲਾਹ ਦਿੱਤੀ। ਚੀਫ ਪ੍ਰੋਗਰਾਮ ਅਫ਼ਸਰ ਪ੍ਰੋ. ਸਤਪਾਲ ਸਿੰਘ ਨੇ ਦੱਸਿਆ ਕਿ ਵਲੰਟੀਅਰ ਨਵਨੀਤ, ਸਾਕਸ਼ੀ, ਨੰਦਿਨੀ ਅਤੇ ਹਰਦੀਪ ਨੇ ਰੀਜਨਲ ਮਾਊਂਟੇਨਰਿੰਗ ਸੈਂਟਰ, ਮੈਕਲੋਡਗੰਜ ਵਿਖੇ ਐਡਵੈਂਚਰ ਕੈਂਪ ਵਿਖੇ ਆਰਟੀਫੀਸ਼ੀਅਲ ਰੌਕ ਕਲਾਈਬਿੰਗ, ਰਿਵਰ ਕਰਾਸਿੰਗ, ਜ਼ੂਮਰਿੰਗ, ਟ੍ਰੈਕਿੰਗ, ਰੈਪਲਿੰਗ ਆਦਿ ਵਿੱਚ ਭਾਗ ਲਿਆ । ਇਸ ਤਰ੍ਹਾਂ ਬਲਪ੍ਰੀਤ ਕੌਰ ਅਤੇ ਜੈਸਮੀਨ ਨੇ ਪਟਨਾ ਵਿਖੇ ਰਾਸ਼ਟਰੀ ਏਕਤਾ ਕੈਂਪ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੀ ਨੁਮਾਇੰਦਗੀ ਕੀਤੀ। ਇਸ ਤੋਂ ਇਲਾਵਾ, ਕਾਸ਼ਿਕਾ, ਜੈਸਮੀਨ, ਸਿਰਸਾ, ਰਵਨੀਤ, ਮਮਤਾ, ਮੁਸਕਾਨ, ਅੰਜਲੀ, ਸਿਮਰਨਜੋਤ ਅਤੇ ਰਸ਼ਮੀ ਨੇ ਯੁਵਕ ਸੇਵਾਵਾਂ, ਪੰਜਾਬ ਸਰਕਾਰ ਦੇ ਤਹਿਤ ਦਿੱਲੀ ਦਰਸ਼ਨਾਂ ਪ੍ਰੋਗਰਾਮ ਵਿੱਚ ਭਾਗ ਲਿਆ । ਵਲੰਟੀਅਰਾਂ ਨੇ ਅਜਿਹੇ ਮੌਕੇ ਪ੍ਰਦਾਨ ਕਰਨ ਲਈ ਕਾਲਜ ਗਵਰਨਿੰਗ ਕੌਂਸਲ, ਪ੍ਰਿੰਸੀਪਲ, ਸਟੇਟ ਐਨ.ਐਸ.ਐਸ. ਸੈੱਲ, ਚੰਡੀਗੜ੍ਹ ਅਤੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਭਾਰਤ ਸਰਕਾਰ ਦਾ ਧੰਨਵਾਦ ਕੀਤਾ।




# 'ਹਰਿਆਣਾ ਦੇ ਮੁੱਖ ਮੰਤਰੀ ਦੀ ਅਗਵਾਈ ਹੇਠ ਸੂਬੇ ਦੇ ਮਾਲੀਆ 'ਚ ਲਗਾਤਾਰ ਹੋ ਰਿਹਾ ਵਾਧਾ'

**ਚੰਡੀਗੜ੍ਹ,(ਕ੍ਰਿਸ਼ਨ ਗਰਗ)**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਕੁਸ਼ਲ ਅਗਵਾਈ ਹੇਠ ਸੂਬੇ ਦੇ ਮਾਲੀਆ ਵਿਚ ਲਾਗਾਤਾਰ ਵਾਧਾ ਹੋ ਰਿਹਾ ਹੈ। ਦਸੰਬਰ, 2024 ਵਿਚ ਹਰਿਆਣਾ ਸਰਕਾਰ ਦੇ ਆਬਕਾਰੀ ਤੇ ਕਰਾਧਨ ਵਿਭਾਗ ਨੇ ਜੀ ਐਸ ਟੀ ਕੁਲੈਕਸ਼ਨ ਵਿਚ 28 ਫੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਹੈ, ਜੋ ਦੇਸ਼ ਦੇ ਵੱਡੇ ਸੂਬਿਆਂ ਵਿਚ ਸਭ ਤੋਂ ਵੱਧ ਹੈ। ਦਸੰਬਰ, 2024 ਦੌਰਾਨ ਹਰਿਆਣਾ ਨੇ 10,403 ਕਰੋੜ ਰੁਪਏ ਦਾ ਕੁਲੈਕਸ਼ਨ ਕੀਤਾ, ਜਿਸ ਨਾਲ ਇਹ ਜੀ.ਐਸ.ਟੀ. ਕੁਲੈਕਸ਼ਨ ਦੇ ਮਾਮਲੇ ਵਿਚ ਦੇਸ਼ ਦੇ 28 ਸੂਬਿਆਂ ਅਤੇ 8 ਕੇਂਦਰ ਸ਼ਾਸਿਤ ਸੂਬਿਆਂ ਵਿਚ ਚੌਥੇ ਨੰਬਰ 'ਤੇ ਪੁੱਜ ਗਿਆ ਹੈ, ਉੱਥੇ ਜੇਕਰ ਜੀ.ਐਸ.ਟੀ. ਕੁਲੈਕਸ਼ਨ ਵਿਚ ਵਾਧਾ ਦੀ ਫੀਸਦੀ ਦੀ ਗੱਲ ਕਰਨ ਤਾਂ ਹਰਿਆਣਾ ਤੀਜੀ ਥਾਂ 'ਤੇ ਹੈ। ਇਹ ਉਪਲੱਬਧੀ ਇਸ ਗੱਲ ਦਾ ਸਬੂਤ ਹੈ ਕਿ ਸੂਬਾ ਸਰਕਾਰ ਅਤੇ ਵਿਭਾਗ ਨੇ ਆਪਣੇ ਟੈਕਸ ਕੁਲੈਕਸ਼ਨ ਦੀਆਂ ਜ਼ਿੰਮੇਵਾਰੀਆਂ ਨੂੰ ਇਮਾਨਦਾਰੀ ਅਤੇ ਪ੍ਰਤੀਬੱਧਤਾ ਨਾਲ ਨਿਭਾਇਆ ਹੈ। ਮਾਲੀਆ ਵਿਚ ਹੋਇਆ ਵਾਧਾ ਸੂਬੇ ਦੇ ਵਿਕਾਸ ਲਈ ਇਕ ਹਾਂ-ਪੱਖੀ ਇਸ਼ਾਰਾ ਹੈ। ਨਾਲ ਹੀ, ਇਹ ਸੂਬੇ ਦੀ ਆਰਥਿਕ ਤਰੱਕੀ ਨੂੰ ਵੀ ਦਰਸਾਉਂਦਾ ਹੈ।ਸਰਕਾਰੀ ਬੁਲਾਰੇ ਨੇ ਦੱਸਿਆ ਕਿ ਆਬਕਾਰੀ ਤੇ ਕਰਾਧਾਨ ਵਿਭਾਗ ਨੇ ਅਪ੍ਰੈਲ ਤੋਂ ਦਸੰਬਰ, 2024 ਵਿਚਕਾਰ ਕੁਲ 46,188 ਕਰੋੜ ਰੁਪਏ ਦਾ ਸ਼ੁੱਧ ਕੁਲੈਕਸ਼ਨ ਕੀਤਾ ਹੈ। ਇਸ ਵਿਚ ਵੈਟ ਅਤੇ ਸੀ ਐਸ ਟੀ ਨਾਲ 8812 ਕਰੋੜ ਰੁਪਏ, ਉਤਪਾਦਨ ਫੀਸ ਨਾਲ 9527 ਕਰੋੜ ਰੁਪਏ ਅਤੇ ਐਸ ਜੀ ਐਸ ਟੀ ਤੋਂ 27849 ਕਰੋੜ ਰੁਪਏ ਦਾ ਯੋਗਦਾਨ ਸ਼ਾਮਲ ਹਨ। ਮਾਲੀ ਵਰ੍ਹੇ 2024-25 ਲਈ ਵਿਭਾਗ ਨੂੰ 63348 ਕਰੋੜ ਰੁਪਏ ਦਾ ਟੀਚਾ ਦਿੱਤਾ ਗਿਆ ਸੀ। ਇਸ ਤਰ੍ਹਾਂ, ਵਿਭਾਗ ਨੇ ਮਾਲੀ ਵਰ੍ਹੇ 2024-25 ਦੇ ਟੀਚੇ ਦਾ 73 ਫੀਸਦੀ ਪਹਿਲਾਂ ਹੀ ਪ੍ਰਾਪਤ ਕਰ ਲਿਆ ਹੈ। ਉਨ੍ਹਾਂ ਦਸਿਆ ਕਿ ਇਹ ਨਾ ਸਿਰਫ ਹਰਿਆਣਾ ਸਰਕਾਰ ਦੀ ਟੈਕਸ ਸੁਧਾਰ ਨੀਤੀ ਦੀ ਸਫਲਤਾ ਨੂੰ ਦਰਸਾਉਂਦਾ ਹੈ, ਸਗੋਂ ਇਹ ਸੂਬੇ ਦੇ ਵਿਕਾਸ ਦੀ ਦਿਸ਼ਾ ਵਿਚ ਇਕ ਮਹੱਤਵਪੂਰਨ ਕਦਮ ਵੀ ਹੈ।ਆਬਕਾਰੀ ਤੇ ਕਰਾਧਾਨ ਵਿਭਾਗ ਦਾ ਯਤਨ ਹੈ ਕਿ ਸੂਬੇ ਬਜਟ ਵਿਚ ਵਿਭਾਗ ਲਈ ਨਿਰਧਾਰਤ ਟੀਚੇ ਤੋਂ ਵੱਧ ਮਾਲੀਆ ਇੱਕਠਾ ਕੀਤਾ ਜਾਵੇ ਜਿਸ ਨਾਲ ਸੂਬੇ ਵਿਚ ਵਿਕਾਸਾਤਮਕ ਕੰਮਾਂ ਲਈ ਪੈਸੇ ਦੀ ਕੋਈ ਕਮੀ ਨਾ ਰਹੇ।

# ਖੁੱਡੀਆਂ ਵੱਲੋਂ ਕੇਂਦਰੀ ਖੇਤੀਬਾੜੀ ਮੰਤਰੀ ਨੂੰ ਅੰਦੋਲਨਕਾਰੀ ਕਿਸਾਨ ਯੂਨੀਅਨਾਂ ਨਾਲ ਗੱਲਬਾਤ ਮੁੜ ਸ਼ੁਰੂ ਕਰਨ ਦੀ ਅਪੀਲ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸ਼ਨੀਵਾਰ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਅਪੀਲ ਕੀਤੀ ਕਿ ਕਿਸਾਨਾਂ ਅਤੇ ਕੇਂਦਰ ਸਰਕਾਰ ਦਰਮਿਆਨ ਸੰਵਾਦ ਵਿੱਚ ਆਈ ਖੜੋਤ ਨੂੰ ਤੋੜ ਕੇ ਦੋਵੇਂ ਧਿਰਾਂ ਵਿਚਕਾਰ ਸਾਰਥਕ ਗੱਲਬਾਤ ਮੁੜ ਸ਼ੁਰੂ ਕੀਤੀ ਜਾਵੇ।ਚੌਹਾਨ ਵੀਡੀਓ ਕਾਨਫਰੰਸ ਰਾਹੀਂ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਖੇਤੀਬਾੜੀ ਅਤੇ ਬਾਗ਼ਬਾਨੀ ਮੰਤਰੀਆਂ ਨਾਲ ਖੇਤੀਬਾੜੀ ਸੈਕਟਰ 'ਚ ਸੁਧਾਰਾਂ ਬਾਰੇ ਚਰਚਾ ਕਰ ਰਹੇ ਸਨ। ਖੁੱਡੀਆਂ ਨੇ ਡੂੰਘੀ ਚਿੰਤਾ ਜ਼ਾਹਰ ਕਰਦਿਆਂ ਕੇਂਦਰੀ ਖੇਤੀਬਾੜੀ ਮੰਤਰੀ ਨੂੰ ਦੱਸਿਆ ਕਿ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 40 ਦਿਨਾਂ ਤੋਂ ਚੱਲ ਰਿਹਾ ਹੈ, ਜਿਸ ਕਾਰਨ ਉਨ੍ਹਾਂ ਦੀ ਸਿਹਤ ਅਤੇ ਜ਼ਿੰਦਗੀ ਦਾਅ 'ਤੇ ਲੱਗੀ ਹੋਈ ਹੈ। ਇਸ ਲਈ ਅਜਿਹੀ ਸਥਿਤੀ ਵਿੱਚ ਇਹ ਲਾਜ਼ਮੀ ਹੋ ਜਾਂਦਾ ਹੈ ਕਿ ਕੇਂਦਰ ਸਰਕਾਰ ਕਿਸਾਨ ਆਗੂ ਦੀ ਜਾਨ ਬਚਾਉਣ ਅਤੇ ਕਿਸਾਨਾਂ ਦੇ ਮਸਲਿਆਂ ਦਾ ਜਲਦ ਤੋਂ ਜਲਦ ਹੱਲ ਕੱਢਣ ਲਈ ਕੋਈ ਮਿਸਾਲੀ ਫੈਸਲਾ ਲਵੇ।ਪੰਜਾਬ ਦੇ ਖੇਤੀਬਾੜੀ ਮੰਤਰੀ ਨੇ ਦੁਹਰਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਦੀਆਂ ਜਾਇਜ਼ ਮੰਗਾਂ ਦਾ ਸਮਰਥਨ ਕਰਦੀ ਹੈ ਅਤੇ ਖੁਸ਼ਹਾਲ ਖੇਤੀ ਦੇ ਟੀਚੇ ਦੀ ਪ੍ਰਾਪਤੀ ਲਈ ਕੇਂਦਰ ਸਰਕਾਰ ਨਾਲ ਮਿਲ ਕੇ ਕੰਮ ਕਰਨ ਲਈ ਪੂਰੀ ਤਰ੍ਹਾਂ ਤਤਪਰ ਹੈ।ਇੱਕ ਹੋਰ ਵੱਡਾ ਮੁੱਦਾ ਉਠਾਉਂਦਿਆਂ ਉਨ੍ਹਾਂ ਨੇ ਪਾਣੀ ਦੀ ਜ਼ਿਆਦਾ ਖ਼ਪਤ ਵਾਲੀ ਝੋਨੇ ਦੀ ਫਸਲ ਤੋਂ ਛੁਟਕਾਰਾ ਦਿਵਾਉਣ ਲਈ ਕਿਸਾਨਾਂ ਨੂੰ ਬਦਲਵੀਆਂ ਫ਼ਸਲਾਂ ਦੀ ਲਾਗਤ ਦੇ ਪਾੜੇ ਨੂੰ ਪੂਰਨ ਲਈ ਗੈਪ ਫੰਡਿੰਗ ਵਜੋਂ 15,000 ਰੁਪਏ ਪ੍ਰਤੀ ਏਕੜ ਦੇਣ ਦੀ ਮੰਗ ਕੀਤੀ। ਖੁੱਡੀਆਂ ਨੇ ਕਿਹਾ ਕਿ ਸੂਬੇ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਤੇਜ਼ੀ ਨਾਲ ਘਟ ਰਿਹਾ ਅਤੇ ਜਲਵਾਯੂ ਤਬਦੀਲੀ ਚਿੰਤਾ ਦਾ ਮੁੱਖ ਵਿਸ਼ਾ ਹੈ, ਜਿਸ ਦੇ ਹੱਲ ਲਈ ਫ਼ਸਲੀ ਵਿਭਿੰਨਤਾ ਸਕੀਮ ਤਹਿਤ ਵੱਧ ਤੋਂ ਵੱਧ ਰਕਬੇ ਨੂੰ ਝੋਨੇ ਦੀ ਥਾਂ ਮੱਕੀ, ਕਪਾਹ, ਸਾਉਣੀ ਸੀਜ਼ਨ ਦੀਆਂ ਦਾਲਾਂ ਅਤੇ ਤੇਲ ਬੀਜ ਵਾਲੀਆਂ ਫਸਲਾਂ ਆਦਿ ਦੀ ਕਾਸ਼ਤ ਹੇਠਾਂ ਲਿਆਉਣ ਦੀ ਲੋੜ ਹੈ ਤਾਂ ਜੋ ਕਿਸਾਨਾਂ ਨੂੰ ਝੋਨੇ ਦੇ ਬਰਾਬਰ ਮੁਨਾਫ਼ਾ ਮਿਲ ਸਕੇ। ਖੁੱਡੀਆਂ ਨੇ ਕਿਹਾ ਕਿ ਜੇ ਕਿਸਾਨ ਪਰਾਲੀ ਨੂੰ ਖੇਤ ਵਿੱਚ ਹੀ ਵਾਹੁੰਦੇ ਹਨ ਤਾਂ ਉਨ੍ਹਾਂ ਨੂੰ 3000-4000 ਰੁਪਏ ਪ੍ਰਤੀ ਏਕੜ ਦਾ ਵਾਧੂ ਖ਼ਰਚਾ ਝੱਲਣਾ ਪੈਂਦਾ ਹੈ, ਇਸ ਲਈ ਕੇਂਦਰ ਸਰਕਾਰ ਨੂੰ ਅਜਿਹੀ ਸਥਿਤੀ ਵਿੱਚ ਅੱਗੇ ਆ ਕੇ ਕਿਸਾਨਾਂ ਦੀ ਬਾਂਹ ਫੜਨੀ ਚਾਹੀਦੀ ਹੈ ਅਤੇ ਉਨ੍ਹਾਂ ਨੂੰ ਪਰਾਲੀ ਦੇ ਵਿਗਿਆਨਕ ਢੰਗ ਨਾਲ ਪ੍ਰਬੰਧਨ ਲਈ 2500 ਰੁਪਏ ਪ੍ਰਤੀ ਏਕੜ (2000 ਰੁਪਏ ਪ੍ਰਤੀ ਏਕੜ ਕੇਂਦਰ ਵੱਲੋਂ ਅਤੇ 500 ਰੁਪਏ ਪ੍ਰਤੀ ਏਕੜ ਪੰਜਾਬ ਸਰਕਾਰ ਵੱਲੋਂ) ਦੀ ਵਿੱਤੀ ਸਹਾਇਤਾ ਪ੍ਰਦਾਨ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਹਾਲਾਂਕਿ ਕਿਸਾਨਾਂ ਨੂੰ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਰਿਆਇਤੀ ਦਰਾਂ 'ਤੇ ਮੁਹੱਈਆ ਕਰਵਾਈਆਂ ਗਈਆਂ ਹਨ, ਪਰ ਇਨ੍ਹਾਂ ਮਸ਼ੀਨਾਂ ਦੀ ਵਰਤੋਂ ਨਾਲ ਜੁੜੀ ਵਾਧੂ ਲਾਗਤ ਕਿਸਾਨਾਂ ਵੱਲੋਂ ਅਜਿਹੀਆਂ ਤਕਨੀਕਾਂ ਨੂੰ ਅਪਣਾਉਣ ਦੇ ਰਾਹ ਵਿੱਚ ਅੜਿੱਕਾ ਬਣ ਰਹੀ ਹੈ। ਉਨ੍ਹਾਂ ਤਜਵੀਜ਼ ਰੱਖੀ ਕਿ ਪਰਾਲੀ ਦੇ ਪ੍ਰਬੰਧਨ ਲਈ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ.) ਮਸ਼ੀਨਾਂ 'ਤੇ ਸਬਸਿਡੀ ਦੇਣ ਤੋਂ ਇਲਾਵਾ, ਸੂਬਾ ਸਰਕਾਰ ਨੂੰ ਸਬਸਿਡੀ ਦੀ ਰਕਮ ਦੀ ਵਰਤੋਂ ਦੀ ਇਜਾਜ਼ਤ ਵੱਖ-ਵੱਖ ਉਦੇਸ਼ਾਂ ਜਿਵੇਂ ਕਿ ਸੀ.ਬੀ.ਜੀ. ਪਲਾਂਟ, ਬਾਇਓ-ਫਿਊਲ ਪਲਾਂਟ, ਪੈਲੇਟਾਈਜ਼ੇਸ਼ਨ ਯੂਨਿਟਾਂ ਆਦਿ ਲਈ ਵੀ ਦਿੱਤੀ ਜਾਣੀ ਚਾਹੀਦੀ ਹੈ। ਗੁਰਮੀਤ ਸਿੰਘ ਖੁੱਡੀਆਂ ਨੇ ਗੁਲਾਬੀ ਸੁੰਡੀ ਅਤੇ ਚਿੱਟੀ ਮੱਖੀ ਰੋਧਕ ਬੀ.ਜੀ.-3 ਹਾਈਬ੍ਰਿਡ ਨਰਮੇ ਦੇ ਬੀਜਾਂ ਦੀ ਸੂਬੇ ਵਿੱਚ ਕਾਸ਼ਤ ਨੂੰ ਮਨਜ਼ੂਰੀ ਦੇਣ ਦੀ ਮੰਗ ਵੀ ਕੀਤੀ । ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸੂਬੇ ਵਿੱਚ ਕਪਾਹ ਦੇ ਉਤਪਾਦਨ ਨੂੰ ਮੁੜ ਉਤਸ਼ਾਹਿਤ ਕਰਨ ਲਈ ਕਪਾਹ ਤੇ ਨਰਮੇ ਦੇ ਚੰਗੀ ਗੁਣਵੱਤਾ ਵਾਲੇ ਹਾਈਬ੍ਰਿਡ ਬੀਜਾਂ 'ਤੇ ਕੇਂਦਰੀ ਸਪਾਂਸਰਡ ਸਕੀਮਾਂ ਤਹਿਤ ਸਬਸਿਡੀ ਵੀ ਦਿੱਤੀ ਜਾਣੀ ਚਾਹੀਦੀ ਹੈ।ਇਸ ਉੱਚ ਪੱਧਰੀ ਮੀਟਿੰਗ ਵਿੱਚ ਵਧੀਕ ਮੁੱਖ ਸਕੱਤਰ ਖੇਤੀਬਾੜੀ ਅਤੇ ਕਿਸਾਨ ਭਲਾਈ ਅਨੁਰਾਗ ਵਰਮਾ, ਡਾਇਰੈਕਟਰ ਖੇਤੀਬਾੜੀ ਸ੍ਰੀ ਜਸਵੰਤ ਸਿੰਘ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਮੋਨਾ ਕਲਾਂ 'ਚ ਵਿਸ਼ਾਲ ਨਗਰ ਕੀਰਤਨ ਅੱਜ

**ਮੇਹਟੀਆਣਾ (ਜਗਤਾਰ ਸਿੰਘ ਭੁੱਗਰਨੀ)**- ਪਿੰਡ ਮੋਨਾ ਕਲਾਂ ਵਿਖੇ ਗੁਰਦੁਆਰਾ ਸਿੰਘ ਸਭਾ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਲਗੀਧਰ ਪਾਤਸ਼ਾਹ, ਅੰਮ੍ਰਿਤ ਦੇ ਦਾਤੇ, ਹੇਮਕੁੰਟ ਵਾਸੀ, ਸਾਹਿਬ -ਏ-ਕਮਾਲ, ਸਰਬੰਸਦਾਨੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 359ਵੇਂ ਪ੍ਰਕਾਸ਼ ਪੁਰਬ ਮੌਕੇ 6 ਜਨਵਰੀ ਨੂੰ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ। ਇਸ ਮੌਕੇ ਅਮਰਜੀਤ ਸਿੰਘ ਮੋਨਾ ਕਲਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 6 ਜਨਵਰੀ ਨੂੰ ਸਵੇਰੇ 10 ਵਜੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਏ ਜਾਣਗੇ। ਉਨ੍ਹਾਂ ਦੱਸਿਆ ਕਿ ਵਿਸ਼ਾਲ ਨਗਰ ਕੀਰਤਨ ਦੌਰਾਨ ਭਾਈ ਤਰਲੋਚਨ ਸਿੰਘ ਹੈਡ ਗ੍ਰੰਥੀ, ਭਾਈ ਗੁਰਦੇਵ ਸਿੰਘ ਕੋਮਲ ਇੰਟਰਨੈਸ਼ਨਲ ਢਾਡੀ ਜਥਾ ਸ਼ਾਹਕੋਟ, ਪ੍ਰਭਾਤ ਫੇਰੀ ਜਥਾ ਤੇ ਹੋਰ ਰਾਗੀ ਜਥੇ ਸੰਗਤਾਂ ਨੂੰ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਤੋਂ ਨਗਰ ਕੀਰਤਨ ਸਜਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਤੋਂ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ।ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਸਵਾਰੀ ਵਿਸ਼ੇਸ਼ ਤੌਰ 'ਤੇ ਫੁੱਲਾਂ ਨਾਲ ਸਜਾਏ ਗਏ ਪਾਲਕੀ ਸਾਹਿਬ ਵਾਹਨ 'ਚ ਸੁਸ਼ੋਭਿਤ ਕੀਤੀ ਹੋਈ ਸੀ। ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਗਰ ਕੀਰਤਨ ਵਿੱਚ ਸ਼ਰਧਾ ਤੇ ਉਤਸ਼ਾਹ ਨਾਲ ਸ਼ਿਰਕਤ ਕੀਤੀ। ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਅਤੇ ਨਿਸ਼ਾਨਚੀ ਕਰ ਰਹੇ ਸਨ। ਸਭ ਤੋਂ ਅੱਗੇ ਬੈਂਡ ਪਾਰਟੀਆਂ, ਪਿੱਛੇ ਭਾਈ ਬਚਿੱਤਰ ਸਿੰਘ ਗਤਕਾ ਅਖਾੜਾ ਦੇ ਸਿੰਘ ਜੰਗਜੂ ਕਰਤੱਬ ਗਤਕੇ ਦੀ ਪੇਸ਼ਕਾਰੀ ਕਰ ਰਹੇ ਸਨ। ਉਪਰੰਤ ਮਾਤਾ ਗੁਜਰੀ ਇਸਤਰੀ ਸਤਿਸੰਗ ਸਭਾ, ਮਾਤਾ ਸਾਹਿਬ ਕੌਰ ਇਸਤਰੀ ਸਤਿਸੰਗ ਸਭਾ, ਅਖੰਡ ਕੀਰਤਨੀ ਜਥਾ, ਹੋਰ ਸਭਾ ਸੁਸਾਇਟੀਆਂ ਅਤੇ ਹੋਰ ਸੰਗਤਾਂ ਇਲਾਹੀ ਬਾਣੀ ਦਾ ਰਸਭਿੰਨਾ ਕੀਰਤਨ ਕਰਦੀਆਂ ਹੋਈਆਂ ਨਾਲ ਨਾਲ ਚੱਲ ਰਹੀਆਂ ਸਨ।ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਤੋਂ ਆਰੰਭ ਹੋਇਆ ਇਹ ਨਗਰ ਕੀਰਤਨ ਰੇਲਵੇ ਰੋਡ, ਸੈਸ਼ਨ ਚੌਂਕ, ਭਗਵਾਨ ਵਾਲਮੀਕ ਚੌਂਕ, ਕਮਾਲਪੁਰ ਚੌਂਕ, ਫਗਵਾੜਾ ਰੋਡ, ਸਰਕਾਰੀ ਕਾਲਜ ਚੌਂਕ, ਸੁਤਹਿਰੀ ਰੋਡ ਗੁਰਦੁਆਰਾ ਰਾਮਗੜ੍ਹੀਆ, ਸੈਸ਼ਨ ਚੌਂਕ ਤੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਜੈਕਾਰਿਆਂ ਦੀ ਗੂੰਜ ਵਿੱਚ ਸੰਪੰਨ ਹੋਇਆ। ਨਗਰ ਕੀਰਤਨ ਦਾ ਸ਼ਹਿਰ ਦੀਆਂ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਅਤੇ ਵੱਖ ਵੱਖ ਖਾਣ ਪੀਣ ਵਾਲੇ ਪਦਾਰਥਾਂ ਦੇ ਲੰਗਰ ਲਗਾ ਕੇ ਸ਼ਾਨਦਾਰ ਸਵਾਗਤ ਕੀਤਾ ਗਿਆ। ਸਿੱਖ ਵੈਲਫੇਅਰ ਸੋਸਾਇਟੀ ਹੁਸ਼ਿਆਰਪੁਰ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਸੁਸਾਇਟੀ ਵੱਲੋਂ ਪੰਜ ਪਿਆਰਿਆਂ ਅਤੇ ਗੁਰੂ ਸਾਹਿਬ ਜੀ ਰੁਮਾਲਾ ਸਾਹਿਬ ਅਤੇ ਸਿਰਪਾਓ ਭੇਟ ਕਰਕੇ ਸਤਿਕਾਰ ਕੀਤਾ ਅਤੇ ਪ੍ਰਸ਼ਾਦ ਵਰਤਾਇਆ ਗਿਆ। ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦੇ ਕਮੇਟੀ ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਲਾਇਲ, ਚਰਨਜੀਤ ਸਿੰਘ ਖ਼ਾਲਸਾ ਨੇ ਦੱਸਿਆ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ 6 ਜਨਵਰੀ ਨੂੰ ਮਨਾਇਆ ਜਾ ਰਿਹਾ ਹੈ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵਿਸ਼ੇਸ਼ ਕੀਰਤਨ ਦੀਵਾਨ ਸਜਾਏ ਜਾਣਗੇ।



# ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਵੱਲੋਂ ਕਾਨਪੁਰ ਮੀਟਿੰਗ 'ਚ ਸੰਘਰਸ਼ ਦਾ ਐਲਾਨ

**ਹੁਸ਼ਿਆਰਪੁਰ, (ਬਲਵੀਰ ਸੈਣੀ)**

ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੀ ਕੌਮੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਪਿਛਲੇ ਦਿਨੀਂ ਅਗਰਸੇਨ ਸਮ੍ਰਿਤੀ ਭਵਨ ਕਾਨਪੁਰ ਵਿਖੇ ਹੋਈ।ਮੀਟਿੰਗ ਦੀ ਪ੍ਰਧਾਨਗੀ ਫੈਡਰੇਸ਼ਨ ਦੇ ਪ੍ਰਧਾਨ ਸਾਥੀ ਸੁਭਾਸ਼ ਲਾਂਬਾ ਨੇ ਕੀਤੀ ਅਤੇ ਪ੍ਰਧਾਨਗੀ ਮੰਡਲ ਵਿੱਚ ਫੈਡਰੇਸ਼ਨ ਮੀਤ ਪ੍ਰਧਾਨ ਸਤੀਸ਼ ਰਾਣਾ, ਸ਼ਸ਼ੀਕਾਂਤ ਰਾਏ, ਉਮੇਸ਼ ਚੰਦਰ ਚਿਲਬੁਲੇ, ਵਿਸ਼ਵਾਸ ਕਾਟਕਰ, ਕੇ.ਸ਼ਿਵਾ ਰੈਡੀ, ਪੁਨੀਤ ਤ੍ਰਿਪਾਠੀ ਹਾਜ਼ਰ ਸਨ। ਮੀਟਿੰਗ ਦੀ ਮੇਜ਼ਬਾਨੀ 'ਉੱਤਰ ਪ੍ਰਦੇਸ਼ ਰਾਜ ਮੁਲਾਜ਼ਮ ਕਨਫੈਡਰੇਸ਼ਨ' ਵੱਲੋਂ ਕੀਤੀ ਗਈ। ਮੀਟਿੰਗ ਦੇ ਸ਼ੁਰੂ ਵਿੱਚ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੇ ਸਾਬਕਾ ਮੀਤ ਪ੍ਰਧਾਨ ਸਾਥੀ ਵੇਦ ਪ੍ਰਕਾਸ਼, ਕੁੱਲ ਹਿੰਦ ਰਾਜ ਸਰਕਾਰੀ ਪੈਨਸ਼ਨਰਜ਼ ਫੈਡਰੇਸ਼ਨ ਦੇ ਪ੍ਰਧਾਨ ਸਾਥੀ ਅਸ਼ੋਕ ਧੂਲ ਸਮੇਤ ਪਿਛਲੇ ਸਮੇਂ ਦੌਰਾਨ ਹੋਰ ਵਿਛੜੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਉਪਰੰਤ ਫੈਡਰੇਸ਼ਨ ਦੇ ਜਨਰਲ ਸਕੱਤਰ ਸਾਥੀ ਏ. ਸ੍ਰੀਕੁਮਾਰ ਵੱਲੋਂ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਅਵਸਥਾ ਅਤੇ ਪਿਛਲੇ ਕੰਮਾਂ ਦਾ ਰਿਵਿਊ ਅਤੇ ਅਗਲੇ ਕਾਰਜਾਂ ਸਬੰਧੀ ਰਿਪੋਰਟ ਪੇਸ਼ ਕੀਤੀ ਗਈ। ਦੇਸ਼ ਦੇ ਵੱਖ-ਵੱਖ ਰਾਜਾਂ ਤੋਂ ਆਈਆਂ 24 ਐਫੀਲੀਏਟ ਫੈਡਰੇਸ਼ਨਾਂ ਵੱਲੋਂ ਜਨਰਲ ਸਕੱਤਰ ਦੀ ਰਿਪੋਰਟ ਉੱਤੇ ਅਤੇ ਆਪਣੇ ਆਪਣੇ ਰਾਜਾਂ ਅੰਦਰ ਸਰਕਾਰਾਂ ਦੀਆਂ ਮੁਲਾਜ਼ਮਾਂ ਪ੍ਰਤੀ ਨੀਤੀਆਂ ਅਤੇ ਮੁਲਾਜ਼ਮ ਮੰਗਾਂ ਸਬੰਧੀ ਲਿਖਤੀ ਵਿਚਾਰ ਪੇਸ਼ ਕੀਤੇ। ਇਸ ਮੀਟਿੰਗ ਦੌਰਾਨ ਦੇਸ਼ ਪੱਧਰ 'ਤੇ ਮੁਲਾਜ਼ਮਾਂ ਦੇ ਭਖਦੇ ਮਸਲੇ ਅਤੇ ਕੇਂਦਰ ਅਤੇ ਰਾਜ ਸਰਕਾਰਾਂ ਦੀ ਮੁਲਾਜ਼ਮ ਵਿਰੋਧੀ ਨੀਤੀਆਂ ਤੇ ਵਿਸਥਾਰ ਸਹਿਤ ਚਰਚਾ ਹੋਈ। ਸ੍ਰੀ ਰਾਣਾ ਨੇ ਆਖਿਆ ਕਿ ਮੰਗਾਂ ਦੀ ਪ੍ਰਾਪਤੀ ਲਈ ਸਮੁੱਚੇ ਰਾਜਾਂ ਦੀਆਂ ਫੈਡਰੇਸ਼ਨਾਂ ਜਨਵਰੀ ਮਹੀਨੇ ਵਿੱਚ ਸੂਬਾ ਕਮੇਟੀਆਂ ਦੀਆਂ ਮੀਟਿੰਗਾਂ ਕਰਨ ਉਪਰੰਤ 7- 8 ਫਰਵਰੀ ਨੂੰ ਜ਼ਿਲ੍ਹਾ ਕੇਂਦਰਾਂ ਤੇ ਦੋ ਦਿਨਾਂ ਦੇ ਧਰਨੇ ਦਿੱਤੇ ਜਾਣਗੇ, ਫਰਵਰੀ ਤੇ ਮਾਰਚ ਮਹੀਨੇ ਦੌਰਾਨ ਜੋਨਲ /ਮੰਡਲ /ਜ਼ਿਲਾ ਪੱਧਰੀ ਵਰਕਸ਼ਾਪਾਂ ਲਗਾਈਆਂ ਜਾਣਗੀਆਂ, ਜੂਨ ਤੇ ਜੁਲਾਈ ਮਹੀਨੇ ਵਿੱਚ ਹਰ ਸਕੂਲ, ਹਰ ਦਫਤਰ ਤੇ ਹਰ ਮੁਲਾਜ਼ਮ ਤੱਕ ਪਹੁੰਚ ਕੀਤੀ ਜਾਵੇਗੀ ਅਤੇ ਅਗਸਤ ਮਹੀਨੇ ਵਹੀਕਲ ਜੱਥਾ ਮਾਰਚ ਕੀਤਾ ਜਾਵੇਗਾ, ਇਸ ਉਪਰੰਤ ਦੇਸ਼ ਪੱਧਰ 'ਤੇ ਸਾਂਝੀ ਹੜਤਾਲ ਵੱਲ ਵਧਿਆ ਜਾਵੇਗਾ।ਰਾਣਾ ਨੇ ਆਖਿਆ ਕਿ ਮੀਟਿੰਗ ਦੌਰਾਨ 22-23 ਮਾਰਚ ਤੋਂ ਟਰੇਡ ਯੂਨੀਅਨ ਸਕੂਲ ਲਗਾਉਣ ਦਾ ਵੀ ਫੈਸਲਾ ਕੀਤਾ ਗਿਆ, ਇਹ ਸਕੂਲ ਫੈਡਰੇਸ਼ਨ ਦੇ ਮੁੱਖ ਦਫਤਰ ਸੁਕੋਮਲ ਸੇਨ ਭਵਨ ਫਰੀਦਾਬਾਦ ਵਿਖੇ ਲੱਗਣਗੇ। ਮੀਟਿੰਗ ਦੌਰਾਨ ਵੱਖ- ਵੱਖ ਰਾਜਾਂ ਅੰਦਰ ਬਿਜਲੀ ਬੋਰਡ ਦੇ ਕੀਤੇ ਜਾ ਰਹੇ ਨਿੱਜੀਕਰਨ ਅਤੇ ਹੋਰ ਭਖਦਿਆਂ ਮਸਲਿਆਂ 'ਤੇ ਮਤੇ ਵੀ ਪੇਸ਼ ਕੀਤੇ ਗਏ।




# ਸੂਬੇ 'ਚ ਪੇਂਡੂ ਵਿਕਾਸ ਨਾਲ ਜੁੜੀਆਂ ਯੋਜਨਾਵਾਂ 'ਤੇ ਕੰਮ ਕੀਤਾ ਜਾ ਰਿਹਾ : ਪੰਵਾਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਦੇ ਵਿਕਾਸ ਤੇ ਪੰਚਾਇਤ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨੇ ਕਿਹਾ ਕਿ ਸੂਬੇ ਵਿਚ ਪੇਂਡੂ ਵਿਕਾਸ ਨਾਲ ਜੁੜੀਆਂ ਯੋਜਨਾਵਾਂ ਨੂੰ ਹੋਰ ਵਧੀਆ ਬਣਾਉਣ ਦੀ ਦਿਸ਼ਾ ਵਿਚ ਕੰਮ ਕੀਤਾ ਜਾ ਰਿਹਾ ਹੈ। ਯੋਜਨਾਵਾਂ ਦੀ ਗੁਣਵੱਤਾ 'ਤੇ ਖਾਸ ਧਿਆਨ ਦਿੱਤਾ ਜਾ ਰਿਹਾ ਹੈ, ਤਾਂ ਜੋ ਅਸਲ ਵਿਚ ਇਸ ਦਾ ਫਾਇਦਾ ਪਿੰਡ ਵਿੱਚ ਰਹਿਣ ਵਾਲੇ ਲੋਕਾਂ ਨੂੰ ਮਿਲ ਸਕੇ ਅਤੇ ਪਿੰਡਾਂ ਦਾ ਵਧੀਆ ਵਿਕਾਸ ਹੋ ਸਕੇ।ਵਿਕਾਸ ਤੇ ਪੰਚਾਇਤ ਮੰਤਰੀ ਪੰਵਾਰ ਨੇ ਇਹ ਜਾਣਕਾਰੀ ਦੇਰ ਸ਼ਾਮ ਦਿੱਲੀ ਸਥਿਤ ਹਰਿਆਣਾ ਭਵਨ ਤੋਂ ਕੇਂਦਰੀ ਖੇਤੀਬਾੜੀ ਤੇ ਪੇਂਡੂ ਵਿਕਾਸ ਮੰਤਰੀ ਸ਼ਿਵ ਰਾਜ ਸਿੰਘ ਚੌਹਾਨ ਨਾਲ ਵੀਡੀਓ ਕਾਨਫਰੈਂਸਿੰਗ ਰਾਹੀਂ ਦਿੱਤੀ। ਇਸ ਦੌਰਾਨ ਕੇਂਦਰੀ ਮੰਤਰੀ ਨੇ ਸੂਬੇ ਵਿਚ ਪੇਂਡੂ ਵਿਕਾਸ ਵਿਚ ਚਲ ਰਹੀਆਂ ਯੋਜਨਾਵਾਂ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਪੇਂਡੂ ਵਿਕਾਸ ਦੇ ਖੇਤਰ ਵਿਚ ਜੋ ਯੋਜਨਾਵਾਂ ਚਲ ਰਹੀਆਂ ਹਨ, ਉਨ੍ਹਾਂ ਨੂੰ ਹੋਰ ਵਧੀਆ ਢੰਗ ਨਾਲ ਲਾਗੂ ਕਰਨਾ। ਜੋ ਵੀ ਯੋਜਨਾਵਾਂ ਜਾਰੀ ਹਨ, ਜ਼ਮੀਨੀ ਪੱਧਰ 'ਤੇ ਉਨ੍ਹਾਂ ਦਾ ਪ੍ਰਭਾਵ ਵੀ ਨਜ਼ਰ ਆਉਣਾ ਚਾਹੀਦਾ ਹੈ।ਵੀਡੀਓ ਕਾਨਫਰੈਂਸਿੰਗ ਦੌਰਾਨ ਹਰਿਆਣਾ ਦੇ ਵਿਕਾਸ ਤੇ ਪੰਚਾਇਤ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨੇ ਕੇਂਦਰੀ ਮੰਤਰੀ ਸ਼ਿਵ ਰਾਜ ਸਿੰਘ ਚੌਹਾਨ ਨੂੰ ਭਰੋਸਾ ਦਿੱਤਾ ਕਿ ਹਰਿਆਣਾ ਪੇਂਡੂ ਵਿਕਾਸ ਦੇ ਖੇਤਰ ਵਿਚ ਹੋਰ ਵਧੀਆ ਕੰਮ ਕਰੇਗਾ। ਪੇਂਡੂ ਵਿਕਾਸ ਨਾਲ ਜੁੜੀਆਂ ਯੋਜਨਾਵਾਂ ਦੀ ਰੈਗੂਲਰ ਜ਼ਿਲ੍ਹਾ ਪੱਧਰ ਤੇ ਸੂਬਾ ਪੱਧਰ 'ਤੇ ਸਮੀਖਿਆ ਕੀਤੀ ਜਾਂਦੀ ਹੈ।

# ਟਰਾਂਸਪੋਰਟਰਾਂ ਤੋਂ ਲੱਖਾਂ ਰੁਪਏ ਦੀ ਰਿਸ਼ਵਤ ਲੈਣ ਵਾਲਾ ਖੇਤਰੀ ਟਰਾਂਸਪੋਰਟ ਅਧਿਕਾਰੀ ਦਾ ਗੰਨਮੈਨ ਕਾਬੂ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਰਿਜਨਲ ਟਰਾਂਸਪੋਰਟ ਅਥਾਰਟੀ (ਆਰ.ਟੀ.ਏ.) ਬਠਿੰਡਾ ਨਾਲ ਗੰਨਮੈਨ ਵਜੋਂ ਤਾਇਨਾਤ ਸਿਪਾਹੀ ਸੁਖਪ੍ਰੀਤ ਸਿੰਘ ਨੂੰ ਆਪਣੇ ਸਾਥੀਆਂ ਦੀ ਮਦਦ ਨਾਲ ਟਰਾਂਸਪੋਰਟਰਾਂ ਤੋਂ ਕਰੀਬ 20-25 ਲੱਖ ਰੁਪਏ ਦੀ ਮਹੀਨਾਵਾਰ ਰਿਸ਼ਵਤ ਲੈਣ ਦੇ ਦੋਸ਼ ਹੇਠ ਕਾਬੂ ਕੀਤਾ ਹੈ। ਮੁਹਾਲੀ ਅਦਾਲਤ ਨੇ ਉਸ ਨੂੰ ਹੋਰ ਪੁੱਛਗਿੱਛ ਲਈ ਚਾਰ ਦਿਨ ਦੇ ਪੁਲਸ ਰਿਮਾਂਡ 'ਤੇ ਵਿਜੀਲੈਂਸ ਬਿਊਰੋ ਦੀ ਹਿਰਾਸਤ ਵਿੱਚ ਭੇਜ ਦਿੱਤਾ ਹੈ।ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫਤਾਰੀ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਉਪਰ ਬਠਿੰਡਾ ਜ਼ਿਲ੍ਹੇ ਦੇ ਰਾਮਪੁਰਾ ਕਸਬੇ ਨੇੜਲੇ ਪਿੰਡ ਲਹਿਰਾ ਧੂਰਕੋਟ ਦੇ ਇੱਕ ਟਰਾਂਸਪੋਰਟਰ ਧਰਮ ਸਿੰਘ ਵੱਲੋਂ ਕੀਤੀ ਗਈ ਆਨਲਾਈਨ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਹੈ।ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਸਹਾਇਕ ਟਰਾਂਸਪੋਰਟ ਅਫ਼ਸਰ ਵੱਲੋਂ ਉਸ ਦੇ ਟਰੱਕਾਂ ਅਤੇ ਟਿੱਪਰਾਂ ਦੇ ਚਲਾਨ ਕੀਤੇ ਜਾ ਰਹੇ ਸਨ ਅਤੇ ਸਿਪਾਹੀ ਸੁਖਪ੍ਰੀਤ ਸਿੰਘ ਅਤੇ ਕਸਬਾ ਮੌੜ ਜ਼ਿਲ੍ਹਾ ਬਠਿੰਡਾ ਦਾ ਵਾਸੀ ਜੱਗੀ ਸਿੰਘ ਉਸ ਤੋਂ ਅੰਕਿਤ ਕੁਮਾਰ, ਸਹਾਇਕ ਟਰਾਂਸਪੋਰਟ ਅਫਸਰ ਬਠਿੰਡਾ ਅਤੇ ਹੋਰਾਂ ਦੇ ਨਾਂ 'ਤੇ ਉਸ (ਸ਼ਿਕਾਇਤਕਰਤਾ) ਦੇ ਢੋਆ-ਢੁਆਈ ਵਾਲੇ ਟਰੱਕ/ਟਿੱਪਰਾਂ ਨੂੰ ਜੁਰਮਾਨੇ ਤੋਂ ਬਚਾਉਣ ਬਦਲੇ ਪ੍ਰਤੀ ਟਰੱਕ 1800 ਰੁਪਏ ਪ੍ਰਤੀ ਮਹੀਨਾ "ਸੁਰੱਖਿਆ ਰਾਸ਼ੀ" ਦੀ ਮੰਗ ਕਰ ਰਹੇ ਹਨ। ਉਕਤ ਏ.ਟੀ.ਓ. ਨੇ ਸ਼ਿਕਾਇਤਕਰਤਾ ਦੇ ਖੜ੍ਹੇ ਹੋਏ ਟਰੱਕਾਂ ਦੇ ਚਲਾਨ ਕੀਤੇ ਸਨ ਅਤੇ ਦਬਾਅ ਹੇਠ ਉਸ ਨੇ ਉਕਤ ਏ.ਟੀ.ਓ. ਦੇ ਗੰਨਮੈਨ ਗੁਰਾਂਜੀਤ ਸਿੰਘ ਦੁਆਰਾ ਦਿੱਤੇ ਮੋਬਾਇਲ ਫ਼ੋਨ ਨੰਬਰ 'ਤੇ ਗੂਗਲ ਪੇਅ ਰਾਹੀਂ 15000 ਰੁਪਏ ਅਦਾ ਕੀਤੇ ਸਨ। ਸ਼ਿਕਾਇਤਕਰਤਾ ਨੇ ਮੁਲਜ਼ਮਾਂ ਨਾਲ ਕੀਤੀ ਗੱਲਬਾਤ ਰਿਕਾਰਡ ਕਰ ਲਈ ਸੀ, ਜੋ ਕਿ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤੀ ਹੈ।ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਦੋਸ਼ਾਂ ਦੇ ਸਹੀ ਹੋਣ ਤਸਦੀਕ ਕੀਤੀ ਗਈ ਕਿਉਂਕਿ ਦੋਸ਼ੀ ਮੁਲਾਜ਼ਮ ਸ਼ਿਕਾਇਤਕਰਤਾ ਦੇ ਟਰਾਂਸਪੋਰਟ ਵਾਹਨਾਂ ਨੂੰ ਬਿਨਾਂ ਰੋਕ-ਟੋਕ ਦੇ ਚੱਲਣ ਦੇਣ ਬਦਲੇ ਰਿਸ਼ਵਤ ਦੀ ਮੰਗ ਕਰਦਾ ਪਾਇਆ ਗਿਆ। ਸ਼ਿਕਾਇਤਕਰਤਾ ਦੇ ਬਿਆਨਾਂ ਅਤੇ ਆਡੀਓ ਸਬੂਤਾਂ ਦੇ ਆਧਾਰ 'ਤੇ ਸਿਪਾਹੀ ਸੁਖਪ੍ਰੀਤ ਸਿੰਘ ਅਤੇ ਜੱਗੀ ਸਿੰਘ ਖਿਲਾਫ ਵਿਜੀਲੈਂਸ ਬਿਊਰੋ ਪੁਲਸ ਥਾਣਾ, ਫਲਾਇੰਗ ਸਕੁਐਡ-1, ਪੰਜਾਬ, ਮੋਹਾਲੀ ਵਿਖੇ ਐਫ ਆਈ ਆਰ ਦਰਜ ਕੀਤੀ ਗਈ ਹੈ।ਫਲਾਇੰਗ ਸਕੁਐਡ ਦੀ ਟੀਮ ਵੱਲੋਂ ਪੁੱਛਗਿੱਛ 'ਤੇ ਸਿਪਾਹੀ ਸੁਖਪ੍ਰੀਤ ਸਿੰਘ ਨੇ ਟਰਾਂਸਪੋਰਟਰਾਂ ਤੋਂ ਰਿਸ਼ਵਤ ਮੰਗਣ ਅਤੇ ਲੈਣ ਦੀ ਗੱਲ ਕਬੂਲ ਲਈ ਹੈ। ਪੁੱਛਗਿੱਛ ਦੌਰਾਨ ਸਿਪਾਹੀ ਸੁਖਪ੍ਰੀਤ ਸਿੰਘ ਨੇ ਦੱਸਿਆ ਕਿ ਰਿਸ਼ਵਤ ਲੈਣ ਲਈ ਜੱਗੀ ਸਿੰਘ ਅਤੇ ਕੁਝ ਛੋਟੇ ਟਰਾਂਸਪੋਰਟਰਾਂ ਸਮੇਤ ਆਮ ਵਿਅਕਤੀਆਂ ਦੀ ਮਦਦ ਲਈ ਜਾਂਦੀ ਸੀ। ਉਸ ਨੇ ਇਹ ਵੀ ਖੁਲਾਸਾ ਕੀਤਾ ਕਿ ਏ.ਟੀ.ਓ. ਅੰਕਿਤ ਕੁਮਾਰ ਦਾ ਇੱਕ ਹੋਰ ਗੰਨਮੈਨ ਸਿਪਾਹੀ ਗੁਰਾਂਜੀਤ ਸਿੰਘ ਟਰਾਂਸਪੋਰਟਰਾਂ ਤੋਂ 8-10 ਲੱਖ ਰੁਪਏ ਮਹੀਨਾ ਵਸੂਲਦਾ ਸੀ, ਜਦਕਿ ਬਾਕੀ ਟਰਾਂਸਪੋਰਟਰਾਂ ਤੋਂ ਉਹ ਖੁਦ 7-8 ਲੱਖ ਰੁਪਏ ਵਸੂਲਦਾ।ਬੁਲਾਰੇ ਨੇ ਅੱਗੇ ਕਿਹਾ ਕਿ ਏ.ਟੀ.ਓ. ਬਠਿੰਡਾ, ਉਸ ਦੇ ਗੰਨਮੈਨ ਗੁਰਾਂਜੀਤ ਸਿੰਘ ਅਤੇ ਹੋਰ ਵਿਅਕਤੀਆਂ ਦੀ ਭੂਮਿਕਾ ਜਾਂਚ ਅਧੀਨ ਹੈ ਅਤੇ ਉਨ੍ਹਾਂ ਨੂੰ ਜਾਂਚ ਵਿੱਚ ਸ਼ਾਮਲ ਤਫਤੀਸ਼ ਹੋਣ ਲਈ ਬੁਲਾਇਆ ਗਿਆ ਹੈ ਤਾਂ ਜੋ ਉਹਨਾਂ ਨੂੰ ਸੁਖਪ੍ਰੀਤ ਸਿੰਘ ਵੱਲੋਂ ਕੀਤੇ ਗਏ ਇਕਬਾਲੀਆ ਬਿਆਨ ਸਮੇਤ ਹੋਰ ਸਬੂਤਾਂ ਦੇ ਅਧਾਰ 'ਤੇ ਸਾਹਮਣੇ ਬਿਠਾ ਕੇ ਪੁੱਛਗਿੱਛ ਕੀਤੀ ਜਾ ਸਕੇ।

# ਕੈਦੀ ਮਹਿਲਾਵਾਂ ਦੇ ਬੱਚਿਆਂ ਨੂੰ ਆਂਗਣਵਾੜੀ ਸੈਂਟਰਾਂ 'ਚ ਕੀਤਾ ਜਾਵੇਗਾ ਇਨਰੋਲ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਸੂਬੇ ਦੀਆਂ ਜੇਲ੍ਹਾਂ ਵਿੱਚ ਕੈਦੀ ਮਹਿਲਾਵਾਂ ਦੇ ਬੱਚਿਆਂ ਨੂੰ ਆਂਗਣਵਾੜੀ ਸੈਂਟਰਾਂ ਵਿੱਚ ਇਨਰੋਲ ਕਰਕੇ ਉਨ੍ਹਾਂ ਨੂੰ ਪੌਸ਼ਟਿਕ ਆਹਾਰ ਦੇਣ ਅਤੇ ਮੁੱਢਲੀ ਸਿੱਖਿਆ ਨਾਲ ਜੋੜਨ ਦੇ ਉਪਰਾਲੇ ਕੀਤੇ ਜਾਣਗੇ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਫਰੀਦਕੋਟ ਜੇਲ੍ਹ ਦੇ ਦੌਰੇ ਦੌਰਾਨ ਕੀਤਾ।ਉਨ੍ਹਾਂ ਕੈਦੀ ਮਹਿਲਾਵਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਬੁਨਿਆਦੀ ਲੋੜਾਂ ਦਾ ਮੁਲਾਂਕਣ ਕੀਤਾ, ਜੇਲ੍ਹ ਵਿੱਚ ਕੈਦੀ ਮਹਿਲਾਵਾਂ ਦੇ ਬੱਚਿਆਂ ਨੂੰ ਆਂਗਣਵਾੜੀ ਕੇਂਦਰਾਂ ਵਿੱਚ ਦਾਖਲ ਕੀਤਾ ਗਿਆ ਤਾਂ ਕਿ ਉਹਨਾਂ ਬੱਚਿਆਂ ਨੂੰ ਸਪਲੀਮੈਂਟਰੀ ਨਿਊਟ੍ਰੀਸ਼ਨ ਪ੍ਰੋਗਰਾਮ ਤਹਿਤ ਲਾਭ ਦਿੱਤਾ ਜਾ ਸਕੇ ਅਤੇ ਜ਼ਰੂਰੀ ਸ਼ੁਰੂਆਤੀ ਸਿੱਖਿਆ ਪ੍ਰੋਗਰਾਮਾਂ ਨਾਲ ਜੋੜਿਆ ਜਾ ਸਕੇ।ਕੈਦੀ ਮਹਿਲਾਵਾਂ ਨੂੰ ਸਸ਼ਕਤ ਕਰਨ ਲਈ, ਉਨ੍ਹਾਂ ਨੂੰ ਹੁਨਰ ਵਿਕਾਸ ਦੇ ਮੌਕੇ ਪ੍ਰਦਾਨ ਕਰਨ, ਉਨ੍ਹਾਂ ਦੀ ਆਤਮ-ਨਿਰਭਰਤਾ ਨੂੰ ਵਧਾਉਣ ਅਤੇ ਜੇਲ੍ਹ ਤੋਂ ਬਾਹਰ ਦੀ ਜ਼ਿੰਦਗੀ ਲਈ ਉਨ੍ਹਾਂ ਨੂੰ ਤਿਆਰ ਕਰਨ ਲਈ ਜੇਲ੍ਹ ਵਿੱਚ ਇੱਕ ਸਿਲਾਈ ਸੈਂਟਰ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਜੇਲ੍ਹ ਵਿੱਚ ਸੱਭਿਆਚਾਰਕ ਪ੍ਰੋਗਰਾਮ ਹੋਇਆ, ਜਿੱਥੇ ਔਰਤਾਂ ਨੇ ਆਪਣੀ ਪ੍ਰਤਿਭਾ ਅਤੇ ਰਚਨਾਤਮਕਤਾ ਦਾ ਪ੍ਰਦਰਸ਼ਨ ਕਰਦੇ ਹੋਏ ਉਤਸ਼ਾਹ ਨਾਲ ਭਾਗ ਲਿਆ।ਉਨ੍ਹਾਂ ਅੱਗੇ ਕਿਹਾ ਕਿ ਜੇਲ੍ਹ ਵਿੱਚ ਕੈਦੀ ਮਹਿਲਾਵਾਂ ਦੀ ਸਿਹਤ ਜਾਂਚ, ਉਨ੍ਹਾਂ ਦੀ ਸਰੀਰਕ ਸਥਿਤੀ, ਉਨ੍ਹਾਂ ਦੇ ਬੱਚਿਆ ਲਈ ਸਹੂਲਤਾਂ ਆਦਿ ਦੇਖਣ ਲਈ ਉਨ੍ਹਾਂ ਵੱਲੋਂ ਇਹ ਦੌਰਾ ਕੀਤਾ ਗਿਆ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੀ ਡਾਇਰੈਕਟਰ ਸ਼ੇਨਾ ਅਗਰਵਾਲ ਅਤੇ ਐਸ.ਐਸ.ਪੀ. ਡਾ. ਪ੍ਰਗਿਆ ਜੈਨ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਐੱਸ ਜੀ ਪੀ ਸੀ ਬੋਰਡ ਦੇ ਗਠਨ ਲਈ ਡ੍ਰਾਫਟ ਵੋਟਰ ਸੂਚੀ ਜਾਰੀ

**ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)**

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਦੇ ਨਵੇਂ ਬੋਰਡ ਦੇ ਗਠਨ ਲਈ ਡ੍ਰਾਫਟ ਵੋਟਰ ਸੂਚੀ ਜਾਰੀ ਕੀਤੀ ਗਈ।ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਿਆਸੀ ਪਾਰਟੀਆਂ ਅਤੇ ਸਿੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਡਾ. ਅਗਰਵਾਲ ਨੇ ਦੱਸਿਆ ਕਿ ਡ੍ਰਾਫਟ ਸੂਚੀ 21 ਅਕਤੂਬਰ, 2023 ਤੋਂ 15 ਦਸੰਬਰ, 2024 ਦਰਮਿਆਨ ਚਲਾਈ ਗਈ ਵੋਟਰ ਰਜਿਸਟ੍ਰੇਸ਼ਨ ਮੁਹਿੰਮ ਦੇ ਆਧਾਰ 'ਤੇ ਤਿਆਰ ਕੀਤੀ ਗਈ ਹੈ।ਚੀਫ਼ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਨਿਰਧਾਰਿਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਯੋਗ ਵੋਟਰ 24 ਜਨਵਰੀ, 2025 ਤੱਕ ਡ੍ਰਾਫਟ ਸੂਚੀ ਬਾਰੇ ਦਾਅਵੇ ਅਤੇ ਇਤਰਾਜ਼ ਦਾਇਰ ਕਰ ਸਕਦੇ ਹਨ। ਸਬੰਧਤ ਰਿਵਾਈਜ਼ਿੰਗ ਅਥਾਰਟੀਆਂ ਵੱਲੋਂ 5 ਫਰਵਰੀ, 2025 ਤੱਕ ਇਨ੍ਹਾਂ ਦਾਅਵਿਆਂ ਤੇ ਇਤਰਾਜ਼ਾਂ ਦੀ ਸਮੀਖਿਆ ਅਤੇ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸਪਲੀਮੈਂਟਰੀ ਸੂਚੀਆਂ ਦੇ ਖਰੜੇ ਨੂੰ 24 ਫਰਵਰੀ, 2025 ਤੱਕ ਅੰਤਿਮ ਰੂਪ ਦਿੱਤਾ ਜਾਵੇਗਾ ਅਤੇ 25 ਫਰਵਰੀ, 2025 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ। ਡਾ. ਅਗਰਵਾਲ ਨੇ ਦੱਸਿਆ ਕਿ ਡ੍ਰਾਫਟ ਵੋਟਰ ਸੂਚੀ ਵਿੱਚ ਛੇ ਬੋਰਡ ਹਲਕਿਆਂ ਦੇ 365 ਪੋਲਿੰਗ ਸਟੇਸ਼ਨਾਂ ਦੇ 183,125 ਵੋਟਰ ਸ਼ਾਮਲ ਹਨ। ਇਨ੍ਹਾਂ ਵਿੱਚ ਫਿਲੌਰ (54 ਪੋਲਿੰਗ ਸਟੇਸ਼ਨ, 38,952 ਵੋਟਰ), ਨਕੋਦਰ (74 ਪੋਲਿੰਗ ਸਟੇਸ਼ਨ, 40,387 ਵੋਟਰ), ਸ਼ਾਹਕੋਟ (71 ਪੋਲਿੰਗ ਸਟੇਸ਼ਨ, 32,280 ਵੋਟਰ), ਆਦਮਪੁਰ (48 ਪੋਲਿੰਗ ਸਟੇਸ਼ਨ, 20,610 ਵੋਟਰ), ਜਲੰਧਰ ਸ਼ਹਿਰ (58 ਪੋਲਿੰਗ ਸਟੇਸ਼ਨ, 26,014 ਵੋਟਰ) ਅਤੇ ਕਰਤਾਰਪੁਰ (60 ਪੋਲਿੰਗ ਸਟੇਸ਼ਨ ਅਤੇ 24,882 ਵੋਟਰ) ਸ਼ਾਮਲ ਹਨ। ਐਸ.ਡੀ.ਐਮ. ਫਿਲੌਰ, ਸ਼ਾਹਕੋਟ ਅਤੇ ਨਕੋਦਰ ਨੂੰ ਕ੍ਰਮਵਾਰ ਫਿਲੌਰ, ਸ਼ਾਹਕੋਟ ਅਤੇ ਨਕੋਦਰ ਬੋਰਡ ਹਲਕਿਆਂ ਲਈ ਰਿਵਾਈਜ਼ਿੰਗ ਅਥਾਰਟੀ ਨਿਯੁਕਤ ਕੀਤਾ ਗਿਆ ਹੈ ਜਦਕਿ ਜੁਆਇੰਟ ਕਮਿਸ਼ਨਰ ਜਲੰਧਰ ਨਗਰ ਨਿਗਮ ਜਲੰਧਰ ਸ਼ਹਿਰ ਲਈ, ਐਸ.ਡੀ.ਐਮ.-1 ਆਦਮਪੁਰ ਲਈ, ਐਸ.ਡੀ.ਐਮ.-2 ਕਰਤਾਰਪੁਰ ਬੋਰਡ ਹਲਕੇ ਲਈ ਰਿਵਾਈਜ਼ਿੰਗ ਅਥਾਰਟੀ ਲਾਏ ਗਏ ਹਨ।ਡਾ. ਅਗਰਵਾਲ ਨੇ ਸਿੱਖ ਜਥੇਬੰਦੀਆਂ ਅਤੇ ਸਿਆਸੀ ਪਾਰਟੀਆਂ ਨੂੰ ਰਜਿਸਟ੍ਰੇਸ਼ਨ ਮੁਹਿੰਮ ਬਾਰੇ ਜਾਗਰੂਕਤਾ ਪੈਦਾ ਕਰਨ ਦੀ ਅਪੀਲ ਕੀਤੀ ਤਾਂ ਜੋ ਕੋਈ ਵੀ ਯੋਗ ਵੋਟਰ ਆਪਣੀ ਵੋਟ ਬਣਾਉਣ ਤੋਂ ਵਾਂਝਾ ਨਾ ਰਹੇ। ਯੋਗ ਵੋਟਰ 24 ਜਨਵਰੀ, 2025 ਤੱਕ ਆਪਣੇ ਰਜਿਸਟ੍ਰੇਸ਼ਨ ਫਾਰਮ ਜਮ੍ਹਾ ਕਰਵਾ ਸਕਦੇ ਹਨ ।



# ਸਾਗਰ ਬੱਤਾ ਨਿਊ ਜ਼ੀਲੈਂਡ ਵਿਖੇ ਵਕੀਲ ਬਣੇ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਸੁਤੰਤਰਤਾ ਸੈਨਾਨੀ ਮਰਹੂਮ ਬਲਦੇਵ ਸਹਾਏ ਦੇ ਪੋਤਰੇ ਸਾਗਰ ਬੱਤਾ ਨੇ ਨਿਊਜ਼ੀਲੈਂਡ ਵਿੱਚ ਵਕੀਲ ਬਣਨ ਦਾ ਨਾਮਣਾ ਖੱਟਿਆ ਹੈ। ਪਰਵੀਨ ਕੁਮਾਰ ਸੰਤ ਨੇ ਦੱਸਿਆ ਕਿ ਉਨ੍ਹਾਂ ਦਾ ਬੇਟਾ ਕੁਝ ਸਾਲ ਪਹਿਲਾਂ ਨਿਊਜ਼ੀਲੈਂਡ ਵਿਖੇ ਪੜ੍ਹਾਈ ਕਰਨ ਗਿਆ ਸੀ। ਉਸ ਤੋਂ ਬਾਅਦ ਉਸ ਨੇ ਉੱਥੇ ਉਚੇਰੀ ਸਿੱਖਿਆ ਪ੍ਰਾਪਤ ਕਰਨਾ ਜਾਰੀ ਰੱਖਿਆ ਅਤੇ ਉੱਥੇ ਹੀ ਉਹ ਵਕੀਲ ਬਣਨ ਵਿੱਚ ਸਫ਼ਲ ਹੋਇਆ ਹੈ। ਸਾਗਰ ਬੱਤਾ ਸੰਨ 2009 ਵਿੱਚ ਪ੍ਰਬੰਧਨ ਅਤੇ ਸੂਚਨਾ ਤਕਨਾਲੋਜੀ ਵਿੱਚ ਅਧਿਐਨ ਕਰਨ ਲਈ ਵਿਦਿਆਰਥੀ ਵੀਜ਼ੇ 'ਤੇ ਨਿਊਜ਼ੀਲੈਂਡ ਗਿਆ, ਜਿੱਥੇ ਉਸ ਨੇ ਪੜ੍ਹਾਈ ਤੋਂ ਬਾਅਦ ਕਾਊਂਟਡਾਊਨ ਸੁਪਰ ਮਾਰਕੀਟ ਵਿੱਚ ਇੱਕ ਮੈਨੇਜਰ ਵਜੋਂ ਕੰਮ ਵੀ ਕੀਤਾ। ਇਸ ਤੋਂ ਇਲਾਵਾ ਉਸ ਨੇ ਸੰਨ 2022 ਵਿੱਚ ਵਾਈਕਾਟੋ ਯੂਨੀਵਰਸਿਟੀ ਵਿੱਚ ਆਪਣੀ 4 ਸਾਲਾਂ ਦੀ ਬੈਚਲਰ ਆਫ ਲਾਅ ਦੀ ਡਿਗਰੀ ਪੂਰੀ ਕੀਤੀ। ਉਸ ਨੇ ਕਾਨੂੰਨ ਵਿੱਚ ਆਪਣਾ ਅਧਿਐਨ ਜਾਰੀ ਰੱਖਿਆ ਅਤੇ 2023 ਵਿੱਚ ਇੱਕ ਮਾਸਟਰ ਆਫ ਲਾਅਜ਼ (ਆਨਰਸ) ਨੂੰ ਪੂਰਾ ਕੀਤਾ। ਸਾਗਰ ਬੱਤਾ ਨਿਊਜ਼ੀਲੈਂਡ ਵਿੱਚ ਬੈਰਿਸਟਰ ਵਜੋਂ ਕੰਮ ਕਰ ਰਿਹਾ ਹੈ। ਉਹ ਅਪਰਾਧਕ ਕਾਨੂੰਨ (ਕਰਿਮੀਨਲ ਲਾਅ) ਅਤੇ ਸ਼ਰਨਾਰਥੀ ਕਾਨੂੰਨ (ਰਿਫ੍ਯੂਜੀ ਲਾਅ) ਵਿੱਚ ਮੁਹਾਰਤ ਰੱਖਦਾ ਹੈ। ਇਸ ਸੰਬੰਧੀ ਸੀਨੀਅਰ ਅਕਾਲੀ ਆਗੂ ਅਮਨਦੀਪ ਸਿੰਘ ਮਾਂਗਟ, ਸੂਬਾ ਆਗੂ ਬਲਦੇਵ ਸਿੰਘ ਹਾਫਿਜ਼ਾਬਾਦ, ਸਾਬਕਾ ਕੌਂਸਲਰ ਨੰਬਰਦਾਰ ਜਗਵਿੰਦਰ ਸਿੰਘ ਪੰਮੀ, ਸੰਗਤ ਸਿੰਘ ਭਾਮੀਆਂ, ਬਾਈ ਪਰਮਿੰਦਰ ਸਿੰਘ ਸੇਖੋਂ ਨੇ ਉਸ ਦੀ ਇਸ ਪ੍ਰਾਪਤੀ ਉੱਤੇ ਮਾਣ ਮਹਿਸੂਸ ਕੀਤਾ ਹੈ।



# ਸੂਬੇ 'ਚ ਹੁਣ ਤੱਕ ਰੂਫਟਾਪ ਸੋਲਰ ਦੀ ਕੁੱਲ ਸਥਾਪਤ ਸਮਰੱਥਾ 430 ਮੈਗਾਵਾਟ : ਹਰਭਜਨ ਸਿੰਘ ਈ ਟੀ ਓ

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਇਥੇ ਦੱਸਿਆ ਕਿ ਪੀ.ਐੱਸ.ਪੀ.ਸੀ.ਐੱਲ. ਦੇ ਮਹੱਤਵਪੂਰਨ ਯੋਗਦਾਨ ਨੂੰ ਮਾਨਤਾ ਦਿੰਦੇ ਹੋਏ, ਭਾਰਤ ਸਰਕਾਰ ਨੇ ਕਾਰਪੋਰੇਸ਼ਨ ਨੂੰ ਵਿੱਤੀ ਸਾਲ 2022-23 ਦੌਰਾਨ ਸੂਬੇ ਦੀ ਰੂਫਟਾਪ ਸੋਲਰ ਊਰਜਾ ਵਿੱਚ 60.51 ਮੈਗਾਵਾਟ ਦੇ ਸਫਲਤਪੂਰਵਕ ਵਾਧੇ ਲਈ 11.39 ਕਰੋੜ ਰੁਪਏ ਦਾ ਵਿੱਤੀ ਇਨਾਮ ਦਿੱਤਾ ਹੈ। ਇਸ ਸਮਰੱਥਾ ਵਾਧੇ ਨਾਲ ਰੋਜ਼ਾਨਾ ਲਗਭਗ 2.4 ਲੱਖ ਯੂਨਿਟ ਸੂਰਜੀ ਊਰਜਾ ਪੈਦਾ ਹੋਣ ਦੀ ਉਮੀਦ ਹੈ, ਜੋ ਕਿ ਪੰਜਾਬ ਵੱਲੋਂ ਸਾਫ਼ ਅਤੇ ਟਿਕਾਊ ਊਰਜਾ ਅਪਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।ਰੂਫਟਾਪ ਸੋਲਰ ਸਮਰੱਥਾ ਦੀ ਸਮਰੱਥਾ ਵਿੱਚ ਹੋਈ ਮਹੱਤਵਪੂਰਨ ਤਰੱਕੀ 'ਤੇ ਰੋਸ਼ਨੀ ਪਾਉਂਦਿਆਂ ਬਿਜਲੀ ਮੰਤਰੀ ਨੇ ਕਿਹਾ ਕਿ ਵਿੱਤੀ ਸਾਲ 2023-24 ਦੌਰਾਨ ਵੀ 86 ਮੈਗਾਵਾਟ ਦਾ ਪ੍ਰਭਾਵਸ਼ਾਲੀ ਵਾਧਾ ਹੋਇਆ। ਉਨ੍ਹਾਂ ਕਿਹਾ ਕਿ ਇਸ ਨਾਲ ਪੰਜਾਬ ਵਿੱਚ ਰੂਫਟਾਪ ਸੋਲਰ ਦੀ ਕੁੱਲ ਸਥਾਪਿਤ ਸਮਰੱਥਾ ਹੁਣ ਤੱਕ 430 ਮੈਗਾਵਾਟ ਹੋ ਗਈ ਹੈ, ਜੋ ਰਾਜ ਦੀ ਨਵਿਆਉਣਯੋਗ ਊਰਜਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਇਸ ਪ੍ਰਾਪਤੀ ਦੇ ਬਹੁਪੱਖੀ ਲਾਭਾਂ ਨੂੰ ਦਰਸਾਉਂਦੇ ਹੋਏ, ਬਿਜਲੀ ਮੰਤਰੀ ਨੇ ਕਿਹਾ ਕਿ ਇਸ ਸਮਰੱਥਾ ਵਾਧੇ ਤੋਂ ਪੈਦਾ ਹੋਣ ਵਾਲੀ ਸੂਰਜੀ ਊਰਜਾ ਪੀ.ਐਸ.ਪੀ.ਸੀ.ਐਲ ਦੇ ਖਪਤਕਾਰਾਂ ਲਈ ਬਿਜਲੀ ਦੇ ਬਿੱਲਾਂ ਵਿੱਚ ਮਹੱਤਵਪੂਰਨ ਕਮੀ ਕਰੇਗੀ ਅਤੇ ਵਾਤਾਵਰਣ ਨੂੰ ਬਹੁਤ ਲਾਭ ਪਹੁੰਚਾਏਗੀ। ਉਨ੍ਹਾਂ ਨੇ ਰਾਜ ਦੇ ਘਰੇਲੂ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਉਹ ਰੂਫਟਾਪ ਸੋਲਰ ਸਿਸਟਮ ਲਗਾਉਣ ਅਤੇ ਪਹਿਲੇ 2 ਕਿਲੋਵਾਟ ਲਈ 30,000 ਰੁਪਏ ਪ੍ਰਤੀ ਕਿਲੋਵਾਟ, 2 ਕਿਲੋਵਾਟ ਤੋਂ 3 ਕਿਲੋਵਾਟ ਤੱਕ 18,000 ਰੁਪਏ ਪ੍ਰਤੀ ਕਿਲੋਵਾਟ, ਅਤੇ 3 ਕਿਲੋਵਾਟ ਲਈ ਕੁੱਲ 78,000 ਰੁਪਏ ਦੀ ਸਬਸਿਡੀ ਦਾ ਲਾਭ ਲੈਣ।ਪੀ.ਐਸ.ਪੀ.ਸੀ.ਐਲ ਨੇ ਰੂਫ਼ਟਾਪ ਸੋਲਰ ਨੂੰ ਅਪਣਾਉਣ ਦੀ ਸਹੂਲਤ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਮਰਪਿਤ ਨੋਡਲ ਦਫ਼ਤਰ ਸ਼ੁਰੂ ਕੀਤਾ ਹੈ।ਇਸ ਨੋਡਲ ਦਫ਼ਤਰ ਨਾਲ 9646129246 'ਤੇ ਫ਼ੋਨ ਕਰ ਕੇ ਜਾਂ rts.ipc@gmail.com 'ਤੇ ਈਮੇਲ ਰਾਹੀਂ ਸੰਪਰਕ ਕੀਤਾ ਜਾ ਸਕਦਾ ਹੈ।

## ਪ੍ਰਵਾਸੀ ਭਾਰਤੀਆਂ ਨੇ ਲੋੜਵੰਦ ਕਾਲਜੀਏਟਾਂ ਦੀ ਸਾਢੇ ਦਸ ਲੱਖ ਰੁਪਏ ਫ਼ੀਸ ਭਰੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਦੇ ਕੈਨੇਡਾ ਜਾ ਵਸੇ ਪੁਰਾਣੇ ਵਿਦਿਆਰਥੀਆਂ ਅਤੇ ਪ੍ਰੋਫੈਸਰਾਂ ਦੇ ਗਰੁੱਪ ਨੇ ਚਾਲੂ ਵਿੱਦਿਅਕ ਵਰ੍ਹੇ ਦੌਰਾਨ ਇਸ ਕਾਲਜ ਦੇ ਆਰਥਿਕ ਪੱਖੋਂ ਕਮਜ਼ੋਰ ਵਿੱਦਿਆਰਥੀਆਂ ਦੀਆਂ ਫੀਸਾਂ ਲਈ ਸਾਢੇ ਦਸ ਲੱਖ ਰੁਪਏ ਸਹਾਇਤਾ ਰਾਸ਼ੀ ਦਿੱਤੀ। ਕਾਲਜ ਦੇ ਪ੍ਰਿੰਸੀਪਲ ਡਾ. ਸੁਖਵਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ ਇਹ ਸਹਾਇਤਾ ਗੈਰ-ਸਰਕਾਰੀ ਸੰਸਥਾ ਜੰਡਿਆਲਾ ਲੋਕ ਭਲਾਈ ਮੰਚ ਰਾਹੀਂ ਲੋੜਵੰਦਾਂ ਨੂੰ ਵਿੱਦਿਅਕ ਸਾਲ 2021-22 ਤੋਂ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਥਾਨਕ ਗੁਰੂ ਗੋਬਿੰਦ ਸਿੰਘ ਸਰਕਾਰੀ ਕਾਲਜ ਤਿੰਨ ਸਾਲ ਬੰਦ ਰਹਿਣ ਤੋਂ ਬਾਅਦ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕਾਂਸਟੀਚੂਐਂਟ ਕਾਲਜ ਵਜੋਂ 'ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ' ਦੇ ਨਾਂਅ ਨਾਲ ਸਾਲ 2021 ਤੋਂ ਦੁਬਾਰਾ ਸ਼ੁਰੂ ਹੋਇਆ ਹੈ। ਇਸ ਸਾਲ ਕਾਲਜ ਵਿੱਚ ਦਾਖਲ ਪੜ੍ਹਾਈ ਵਿੱਚ ਹੁਸ਼ਿਆਰ ਪਰ ਆਰਥਿਕ ਪੱਖੋਂ ਕਮਜ਼ੋਰ ਜਨਰਲ ਕੈਟਾਗਰੀ ਦੇ 59 ਵਿਦਿਆਰਥੀਆਂ ਦੀਆਂ ਫੀਸਾਂ ਐੱਨਆਰਆਈਜ਼ ਨੇ ਜਮ੍ਹਾਂ ਕਰਵਾਈਆਂ ਹਨ। ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਦੀਆਂ ਫੀਸਾਂ ਪੋਸਟ-ਮੈਟ੍ਰਿਕ ਸਕਾਲਰਸ਼ਿਪ ਵਿੱਚੋਂ ਕੱਟੀਆਂ ਜਾਂਦੀਆਂ ਹਨ। ਲਗਪਗ 80 ਫ਼ੀਸਦੀ ਵਿਦਿਆਰਥੀ ਮੁਫਤ ਵਿੱਦਿਆ ਪ੍ਰਾਪਤ ਕਰ ਰਹੇ ਹਨ। ਸਾਲ 2021-22 ਤੋਂ ਹਰ ਸਾਲ ਕੈਨੇਡਾ ਤੋਂ 10 ਲੱਖ ਰੁਪਏ ਦਾਨ ਰਾਸ਼ੀ ਭੇਜੀ ਜਾ ਰਹੀ ਹੈ। ਇਸ ਸਾਲ ਇਸੇ ਕਾਲਜ ਦੇ ਸੇਵਾਮੁਕਤ ਪ੍ਰਿੰਸੀਪਲ ਦਵਿੰਦਰ ਸਿੰਘ ਸੁੰਨੜ ਉਚੇਚੇ ਤੌਰ 'ਤੇ ਕੈਨੇਡਾ ਤੋਂ ਸਹਾਇਤਾ ਰਾਸ਼ੀ ਦੇਣ ਲਈ ਆਏ।



# ਧੀਆਂ ਦੀਆਂ ਲੋਹੜੀਆਂ ਪੁੱਤਰਾਂ ਵਾਂਗੂ ਪਾਉਣ ਦੀ ਸੋਚ ਵਧਾਉਣ ਦੀ ਲੋੜ : ਗਿੱਦਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਬੀ ਐਲ ਐਮ ਗਰਲਜ਼ ਕਾਲਜ ਦੇ ਸੱਤ ਰੋਜ਼ਾ ਕੈਂਪ ਦੇ ਛੇਵੇਂ ਦਿਨ ਹੋਏ ਬੇਟੀ ਬਚਾਓ ਤੇ ਖ਼ੂਨਦਾਨ ਸੇਵਾਵਾਂ ਬਾਰੇ ਵਿਚਾਰ ਚਰਚਾ ਕੀਤੀ ਗਈ। ਉਪਕਾਰ ਸੋਸਾਇਟੀ ਦੇ ਪ੍ਰਧਾਨ ਜੇ ਐਸ ਗਿੱਦਾ ਨੇ ਕਿਹਾ ਕਿ ਬੇਟੀ ਬਚਾਓ ਲਹਿਰ ਦੇ ਪਸਾਰ ਲਈ ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਵਲੋਂ ਪਿਛਲੇ 20 ਸਾਲ ਤੋਂ ਹਰ ਸਾਲ ਧੀਆਂ ਦੀ ਲੋਹੜੀ ਪਾਉਣ ਦਾ ਜਾਗਰੂਕਤਾ ਕਾਰਜ ਜਾਰੀ ਹੈ ਇਸ ਤਰ੍ਹਾਂ ਸਮਾਜ ਹੁਣ ਧੀਆਂ ਦੀਆਂ ਲੋਹੜੀਆਂ ਪੁੱਤਰਾਂ ਵਾਂਗ ਪਾਉਣ ਵੱਲ ਵਧ ਰਿਹਾ ਹੈ। ਇੱਥੋਂ ਨਜ਼ਦੀਕ ਪਿੰਡ ਚੂਹੜਪੁਰ ਦੇ ਸਰਕਾਰੀ ਸਕੂਲ ਵਿਖੇ ਚੱਲ ਰਹੇ ਕੈਂਪ ਵਿੱਚ ਉਹਨਾਂ ਕਿਹਾ ਕਿ ਅੱਜ ਜਦੋਂ ਧੀਆਂ ਹਰ ਖੇਤਰ ਵਿੱਚ ਵਿਸ਼ੇਸ਼ ਸਫਲਤਾਵਾਂ ਹਾਸਲ ਕਰ ਰਹੀਆਂ ਹਨ ਤਾਂ ਸਮਾਜ ਨੂੰ ਸਦੀਆਂ ਪੁਰਾਣੀ ਸੋਚ ਨੂੰ ਬਦਲ ਕੇ ਧੀ ਪੁੱਤਰ ਨੂੰ ਇੱਕ-ਬਰਾਬਰ ਪਿਆਰ ਅਤੇ ਵਧਣ ਫੁੱਲਣ ਦੇ ਮੌਕੇ ਦੇਣ ਦੀ ਲੋੜ ਹੈ। ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਇੱਕ ਸਾਲ ਤੱਕ ਦੇ ਬੱਚਿਆਂ ਵਿੱਚ ਇੱਕ ਹਜ਼ਾਰ ਪੁੱਤਰਾਂ ਪਿੱਛੇ 962 ਧੀਆਂ ਦੀ ਗਿਣਤੀ ਦਰਜ ਹੋਈ ਹੈ ਜੋ ਪੰਜਾਬ 'ਚੋਂ ਪਹਿਲਾ ਸਥਾਨ ਹੈ। ਉਹਨਾਂ ਕਿਹਾ ਕਿ ਨਵਾਂ ਸ਼ਹਿਰ ਮਾਡਲ ਨੂੰ ਕੌਮੀ ਪੱਧਰ 'ਤੇ ਜਾਣਿਆ ਜਾਂਦਾ ਹੈ।ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ, ਉਪਕਾਰ ਸੋਸਾਇਟੀ, ਪੀ.ਐਸ.ਟੀ.ਐਸ ਗਿੱਦਾ ਵੈਲਫੇਅਰ ਸੋਸਾਇਟੀ ਸੁੱਜੋਂ ਤੇ ਚੰਨੀ ਰਿਸੋਰਟ ਰਾਹੋਂ ਵਲੋਂ ਇਸ ਸਾਲ ਨਵ-ਜਨਮੀਆਂ ਬੱਚੀਆਂ ਦੀ ਲੋਹੜੀ ਪਾਉਣ ਦੀ ਤਿਆਰੀ ਕਰ ਲਈ ਗਈ ਹੈ। ਇਸ ਮੌਕੇ ਪ੍ਰਿੰਸੀਪਲ ਤਰਨਪ੍ਰੀਤ ਕੌਰ,ਸਮਾਜ ਸੇਵੀ ਮਨੋਜ ਕੰਡਾ, ਮੁੱਖ ਅਧਿਆਪਕ ਸਟੇਟ ਐਵਾਰਡੀ ਰਾਮ ਲਾਲ, ਕੈਂਪ ਇੰਚਾਰਜ ਹਰਦੀਪ ਕੌਰ, ਸਰਪੰਚ ਆਸ਼ਾ ਰਾਣੀ, ਸਾਬਕਾ ਸਰਪੰਚ ਸੁਰਿੰਦਰ ਸਿੰਘ, ਮੈਂਬਰ ਪੰਚਾਇਤ ਅਤੇ ਐਨ.ਐਸ.ਐਸ ਵਲੰਟੀਅਰ ਹਾਜ਼ਰ ਸਨ।




# ਐੱਲ ਪੀ ਯੂ ਨੇ ਪਹਿਲੀ ਰਨਰ-ਅੱਪ ਮਾਕਾ ਸਪੋਰਟਸ ਟਰਾਫੀ ਜਿੱਤੀ

**ਜਲੰਧਰ (ਸੈਲੀ ਐਲਬਰਟ)**

ਇੱਕ ਇਤਿਹਾਸਕ ਪ੍ਰਾਪਤੀ ਵਿੱਚ, ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਨੇ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ (ਐੱਲ.ਪੀ.ਯੂ.) ਨੂੰ 2024 ਮੌਲਾਨਾ ਅਬੁਲ ਕਲਾਮ ਆਜ਼ਾਦ (ਮਾਕਾ) ਸਪੋਰਟਸ ਟਰਾਫੀ ਲਈ ਪਹਿਲੀ ਰਨਰ-ਅੱਪ ਯੂਨੀਵਰਸਿਟੀ ਐਲਾਨਿਆ ਹੈ। ਇਹ ਇਤਿਹਾਸਕ ਪ੍ਰਾਪਤੀ ਇੱਕ ਬੇਮਿਸਾਲ ਪਲ ਹੈ ਕਿਉਂਕਿ ਐਲਪੀਯੂ ਲਗਾਤਾਰ ਦੋ ਸਾਲਾਂ ਲਈ ਇਹ ਸਨਮਾਨ ਪ੍ਰਾਪਤ ਕਰਨ ਵਾਲੀ ਪਹਿਲੀ ਨਿੱਜੀ ਯੂਨੀਵਰਸਿਟੀ ਬਣ ਗਈ ਹੈ, ਜੋ ਕਿ 1956 ਤੋਂ ਬਾਅਦ ਅਜੇ ਤਕ ਕਿਸੀ ਨੇ ਹਾਸਿਲ ਨਹੀਂ ਕੀਤਾ ਹੈ । ਇਹ ਪੁਰਸਕਾਰ ਰਾਸ਼ਟਰੀ ਖੇਡ ਪੁਰਸਕਾਰ ਸਮਾਰੋਹ ਦੌਰਾਨ ਦਿੱਤਾ ਜਾਵੇਗਾ। ਜਿੱਥੇ ਸਨਮਾਨਿਤ ਖਿਡਾਰੀਆਂ ਨੂੰ 17 ਜਨਵਰੀ 2025 ਨੂੰ ਨਵੀਂ ਦਿੱਲੀ ਦੇ ਰਾਸ਼ਟਰਪਤੀ ਭਵਨ ਵਿਖੇ ਭਾਰਤ ਦੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੁਆਰਾ ਸਨਮਾਨਿਤ ਕੀਤਾ ਜਾਵੇਗਾ । ਇਸ ਸਨਮਾਨ ਤੋਂ ਇਲਾਵਾ, ਐਲਪੀਯੂ ਦੇ ਬੇਮਿਸਾਲ ਅਥਲੀਟਾਂ ਨੂੰ ਦੇਸ਼ ਦੇ ਦੋ ਸਰਵਉੱਚ ਸਨਮਾਨ ਪ੍ਰਾਪਤ ਹੋਣਗੇ: ਮੇਜਰ ਧਿਆਨ ਚੰਦ ਖੇਲ ਰਤਨ ਐਵਾਰਡ 2024 ਅਤੇ ਅਰਜੁਨ ਐਵਾਰਡ। ਸਮਾਰੋਹ ਦੌਰਾਨ, ਐਲਪੀਯੂ ਦੇ ਵਿਦਿਆਰਥੀ ਅਤੇ ਭਾਰਤੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਨੂੰ ਮੇਜਰ ਧਿਆਨ ਚੰਦ ਖੇਲ ਰਤਨ ਪੁਰਸਕਾਰ 2024 ਨਾਲ ਸਨਮਾਨਿਤ ਕੀਤਾ ਜਾਵੇਗਾ । ਇਸ ਤੋਂ ਇਲਾਵਾ, ਐਲਪੀਯੂ ਦੇ ਵਿਦਿਆਰਥੀ ਸੁਖਜੀਤ ਸਿੰਘ ਅਤੇ ਜਰਮਨਪ੍ਰੀਤ ਸਿੰਘ ਨੂੰ ਹਾਕੀ ਵਿੱਚ ਉਨ੍ਹਾਂ ਦੀ ਉੱਤਮਤਾ ਲਈ ਅਰਜੁਨ ਪੁਰਸਕਾਰ ਦਿੱਤਾ ਜਾਵੇਗਾ । ਹਰਮਨਪ੍ਰੀਤ ਸਿੰਘ ਨੇ ਪੈਰਿਸ ਓਲੰਪਿਕ ਵਿੱਚ ਸ਼ਾਨਦਾਰ ਅਗਵਾਈ ਦਾ ਪ੍ਰਦਰਸ਼ਨ ਕੀਤਾ ਅਤੇ ਹਾਕੀ ਵਿੱਚ ਭਾਰਤ ਦੀ ਸ਼ਾਨਦਾਰ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ। ਡਾ: ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਨੇ ਸਾਰੇ ਪੁਰਸਕਾਰ ਜੇਤੂਆਂ ਅਤੇ ਵਿਦਿਆਰਥੀਆਂ, ਸਟਾਫ਼ ਅਤੇ ਕੋਚਾਂ ਸਮੇਤ ਇਹਨਾਂ ਖੇਡ ਪ੍ਰਾਪਤੀਆਂ ਵਿੱਚ ਭੂਮਿਕਾ ਨਿਭਾਉਣ ਵਾਲੇ ਸਾਰੇ ਲੋਕਾਂ ਨੂੰ ਵਧਾਈ ਦਿੱਤੀ। ਡਾ. ਮਿੱਤਲ ਨੇ ਕਿਹਾ, ਐਥਲੈਟਿਕ ਪ੍ਰਤਿਭਾਵਾਂ ਦੇ ਵਿਕਾਸ ਨੂੰ ਯਕੀਨੀ ਬਣਾਉਣ ਲਈ ਐਲਪੀਯੂ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਅਤੇ ਮਹੱਤਵਪੂਰਨ ਵਿੱਤੀ ਸਹਾਇਤਾ ਪ੍ਰਦਾਨ ਕਰਕੇ ਖੇਡਾਂ ਦੇ ਖੇਤਰ ਨੂੰ ਬਿਹਤਰ ਬਣਾਉਣ ਲਈ ਵਚਨਬੱਧ ਹੈ। ਇਸ ਕਮੇਟੀ ਦੀ ਪ੍ਰਧਾਨਗੀ ਭਾਰਤ ਦੀ ਸੁਪਰੀਮ ਕੋਰਟ ਦੇ ਜਸਟਿਸ (ਸੇਵਾਮੁਕਤ) ਵੀ. ਰਾਮਸੁਬਰਾਮਨੀਅਨ ਨੇ ਕੀਤੀ ਅਤੇ ਇਸ ਵਿੱਚ ਚੋਟੀ ਦੇ ਅਥਲੀਟਾਂ, ਪ੍ਰਸਿੱਧ ਖੇਡ ਪੱਤਰਕਾਰਾਂ ਅਤੇ ਤਜਰਬੇਕਾਰ ਖੇਡ ਪ੍ਰਸ਼ਾਸਕਾਂ ਸਮੇਤ ਖੇਡ ਪੇਸ਼ੇਵਰਾਂ ਦਾ ਇੱਕ ਉੱਘੇ ਪੈਨਲ ਸ਼ਾਮਲ ਸੀ।



## ਲੂਈ ਬਰੇਲ ਦੇ ਜਨਮ ਦਿਨ ਮੌਕੇ ਹਸਪਤਾਲ ਨੂੰ ਦਿੱਤੀਆਂ ਦਵਾਈਆਂ

**ਕਰਤਾਰਪੁਰ (ਹਰਮੇਸ਼ ਦੱਤ)** - ਬਰੇਲ ਲਿੱਪੀ ਦੇ ਜਨਮ ਦਾਤਾ ਲੂਈ ਬਰੇਲ ਦੇ ਜਨਮ ਦਿਨ ਮੌਕੇ ਸਮਾਜ ਸੇਵੀ ਸੰਸਥਾ ਨੇਕੀ ਦੀ ਦੁਕਾਨ, ਕਰਤਾਰਪੁਰ ਵੱਲੋਂ ਸਮਾਜ ਸੇਵੀ ਸੁਨੀਲ ਰਤਨ ਸਹਿਗਲ ਅਤੇ ਪਰਵਾਰ ਦੇ ਸਹਿਯੋਗ ਨਾਲ ਸ਼ਹੀਦ ਭਗਤ ਸਿੰਘ ਚੈਰੀਟੇਬਲ ਹਸਪਤਾਲ ਪਿੰਡ ਸੁਦਾਨਾ ਵਿਖੇ ਲੋੜਵੰਦ ਮਰੀਜ਼ਾਂ ਲਈ ਦਵਾਈਆਂ ਦਿੱਤੀਆਂ ਗਈਆਂ।ਇਸ ਮੌਕੇ ਹਸਪਤਾਲ ਮੈਨੇਜਮੈਂਟ ਕਮੇਟੀ ਅਤੇ ਨੇਕੀ ਦੀ ਦੁਕਾਨ ਵੱਲੋਂ ਲੂਈ ਬਰੇਲ ਨੂੰ ਯਾਦ ਕਰਦਿਆਂ ਉਨ੍ਹਾਂ ਵੱਲੋਂ ਨੇਤਰਹੀਣਾਂ ਲਈ ਬਰੇਲ ਲਿਪੀ ਤਿਆਰ ਕਰਕੇ ਨੇਤਰਹੀਣਾਂ ਨੂੰ ਆਪਣੇ ਜੀਵਨ ਵਿੱਚ ਅੱਗੇ ਵਧਣ ਲਈ ਦਿੱਤੀ ਦੇਣ ਲਈ ਸ਼ਰਧਾਂਜਲੀ ਦਿੱਤੀ ਗਈ।ਇਸ ਲਈ ਹਸਪਤਾਲ ਕਮੇਟੀ ਦੇ ਡਾ. ਸੁਰਜੀਤ ਲਾਲ ਵੱਲੋਂ ਸੰਸਥਾ ਨੇਕੀ ਦੀ ਦੁਕਾਨ ਅਤੇ ਸੁਨੀਲ ਰਤਨ ਸਹਿਗਲ ਅਤੇ ਪਰਵਾਰ ਵੱਲੋਂ ਹਰ ਮਹੀਨੇ ਹਸਪਤਾਲ ਨੂੰ ਦਿੱਤੀਆਂ ਜਾ ਰਹੀਆਂ ਦਵਾਈਆਂ ਲਈ ਧੰਨਵਾਦ ਕਰਦਿਆਂ ਮਾਸਟਰ ਅਮਰੀਕ ਸਿੰਘ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਸੁਰਜੀਤ ਲਾਲ ( ਕਰੀਅਰ ਅਤੇ ਗਾਈਡੈਂਸ ਕਾਊਂਸਲਰ), ਮਾਸਟਰ ਅਮਰੀਕ ਸਿੰਘ, ਡਾ. ਪਰਮਜੀਤ ਕੌਰ, ਡਾ. ਸੰਜੀਵ ਕੁਮਾਰ, ਮੁਮਤਾਜ਼, ਕੋਮਲਪ੍ਰੀਤ ਕੌਰ, ਮਨਦੀਪ ਕੌਰ ਆਦਿ ਹਾਜ਼ਰ ਸਨ।



# ਬਾਰ ਐਸੋਸੀਏਸ਼ਨ ਡੇਰਾਬੱਸੀ ਵੱਲੋਂ ਨਵੇਂ ਕੋਰਟ ਕੰਪਲੈਕਸ ਦਾ ਕੰਮ ਜਲਦ ਸ਼ੁਰੂ ਕਰਨ ਦੀ ਮੰਗ

**ਡੇਰਾਬਸੀ (ਵਿਨੈ ਕੁਮਾਰ ਜੈਨ)**

ਬਾਰ ਐਸੋਸੀਏਸ਼ਨ ਵੱਲੋਂ ਡੇਰਾਬੱਸੀ ਤਹਿਸੀਲ ਵਿੱਚ 16 ਸਾਲ ਪਹਿਲਾਂ ਆਰਜ਼ੀ ਤੌਰ 'ਤੇ ਸਥਾਪਤ ਕੀਤੀਆਂ ਗਈਆਂ ਅਦਾਲਤਾਂ ਨੂੰ ਪੱਕੇ ਤੌਰ 'ਤੇ ਸਥਾਪਤ ਕਰਨ ਦੇ ਯਤਨ ਇਸ ਵਾਰ ਸਫ਼ਲ ਹੁੰਦੇ ਨਜ਼ਰ ਆ ਰਹੇ ਹਨ। ਕਿਉਂਕਿ ਪਿੰਡ ਜਵਾਹਰਪੁਰ ਦੀ ਜ਼ਮੀਨ ਦੀ ਚੋਣ ਕਾਫੀ ਸਮਾਂ ਪਹਿਲਾਂ ਹੋਈ ਸੀ, ਜਿਸ ਦੀ ਰਜਿਸਟਰੀ ਸਰਪੰਚ ਗੁਰਪ੍ਰੀਤ ਸਿੰਘ ਨੇ ਵਿਭਾਗ ਦੇ ਨਾਂ ਕਰਵਾ ਦਿੱਤੀ ਹੈ। ਇਸ ਕੰਮ ਨੂੰ ਨੇਪਰੇ ਚਾੜ੍ਹਨ ਲਈ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਹਰਸ਼ ਜੋਸ਼ੀ ਅਤੇ ਸਕੱਤਰ ਰਾਮ ਧੀਮਾਨ ਨੇ ਆਪਣੀ ਟੀਮ ਦੇ ਨਾਲ ਮਾਨਯੋਗ ਜਸਟਿਸ ਅਨਿਲ ਖੇਤਰਪਾਲ, ਜ਼ਿਲ੍ਹਾ ਅਤੇ ਸੈਸ਼ਨ ਜੱਜ ਅਤੁਲ ਕਸਾਨਾ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਈ ਵਾਰ ਮਿਲੇ। ਇਸੇ ਲਈ ਕੋਰਟ ਕੰਪਲੈਕਸ ਲਈ ਚੁਣੀ ਗਈ ਜ਼ਮੀਨ ਦੀ ਰਜਿਸਟਰੀ ਕਰਵਾਈ ਗਈ ਹੈ। ਇਸ ਸਬੰਧੀ ਅੱਜ ਬਾਰ ਐਸੋਸੀਏਸ਼ਨ ਡੇਰਾਬੱਸੀ ਵਿਖੇ ਲੱਡੂ ਵੰਡੇ ਗਏ ਅਤੇ ਇਸ ਮੌਕੇ ਇੱਕ ਹੋਰ ਮੈਂਬਰ ਮਾਨਯੋਗ ਜਸਟਿਸ ਅਨਿਲ ਖੇਤਰਪਾਲ, ਜ਼ਿਲ੍ਹਾ ਤੇ ਸੈਸ਼ਨ ਜੱਜ ਅਤੁਲ ਕਸਾਨਾ, ਸਿਵਲ ਜੱਜ ਨਵਨੀਤ ਕੌਰ, ਜੱਜ ਰਮੇਸ਼ ਕੁਮਾਰ, ਐਸ ਬਾਰ ਐਸੋਸੀਏਸ਼ਨ ਡੇਰਾਬਸੀ ਦੀ ਤਰਫੋਂ ਐਸ.ਡੀ.ਐਮ ਅਮਿਤ ਗੁਪਤਾ ਦਾ ਧੰਨਵਾਦ ਕੀਤਾ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਹਰਸ਼ ਜੋਸ਼ੀ ਤੋਂ ਇਲਾਵਾ ਸਕੱਤਰ ਰਾਮ ਧੀਮਾਨ, ਉਪ ਪ੍ਰਧਾਨ ਜੀਵਨ ਰਾਣਾ, ਸੰਯੁਕਤ ਸਕੱਤਰ ਨੇਹਾ ਹਾਂਡਾ, ਕੈਸ਼ੀਅਰ ਸਤੀਸ਼ ਕੁਮਾਰ, ਸਾਬਕਾ ਪ੍ਰਧਾਨ ਵਿਕਰਾਂਤ ਪਵਾਰ, ਸਾਬਕਾ ਪ੍ਰਧਾਨ ਨਿਤਿਨ ਕੌਸ਼ਲ, ਪਰਮਵੀਰ ਰਾਣਾ, ਅਸ਼ੀਸ਼ ਸ਼ਰਮਾ, ਸੁਮਿਤ ਗੋਇਲ, ਗੁਰਪ੍ਰੀਤ ਭੱਟੀ, ਸ਼ਿਵ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਬਾਰ ਮੈਂਬਰ ਹਾਜ਼ਰ ਸਨ।



## ਸੈਣੀ ਨੇ ਕੁਰੂਕਸ਼ੇਤਰ 'ਚ ਮਾਂ ਸ਼ਬਦ ਦੇ 51 ਫੁੱਟ ਵੱਡੇ ਤੇ ਅਦਭੁੱਤ ਰੂਪ ਦਾ ਰੱਖਿਆ ਨੀਂਹ ਪੱਥਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕੁਰੂਕਸ਼ੇਤਰ ਵਿਚ ਸ੍ਰੀ ਦੇਵੀਕੂਪ ਭੱਦਰਕਾਲੀ ਮੰਦਰ ਵਿਚ ਮਾਂਸ਼ਕਤੀ ਨੂੰ ਸਪਰਪਤ ਮਾਂ ਸ਼ਬਦ ਦੇ 51 ਫੁੱਟ ਵੱਡੀ ਤੇ ਅਦਭੁੱਤ ਰੂਪ ਦਾ ਨੀਂਹ ਰੱਖਿਆ। ਇਸ ਦੌਰਾਨ ਮੁੱਖ ਮੰਤਰੀ ਨੇ ਸ੍ਰੀ ਦੇਵੀਕੂਪ ਭੱਦਰਕਾਲੀ ਮੰਦਰ ਵਿਚ ਸਥਾਪਿਤ ਸ਼ਕਤੀਪੀਠ 'ਤੇ ਮੰਤਰਾਂ ਨਾਲ ਪੂਜਾ ਕਰਕੇ ਸੂਬਾ ਵਾਸੀਆਂ ਲਈ ਸੁੱਖ, ਸ਼ਾਂਤੀ ਅਤੇ ਤਰੱਕੀ ਲਈ ਕਾਮਨਾ ਕੀਤੀ।ਮੁੱਖ ਮੰਤਰੀ ਨੇ ਕਿਹਾ ਕਿ ਵਿਸ਼ਵ ਪ੍ਰਸਿੱਧ ਸ੍ਰੀ ਦੇਵੀਕੂਪ ਭੱਦਰਕਾਲੀ ਮੰਦਰ ਦੇ ਕੰਪਲੈਕਸ ਵਿਚ ਮਾਂ ਸ਼ਬਦ ਦੇ 51 ਫੁੱਟ ਵੱਡੇ ਤੇ ਅਦਭੁੱਤ ਰੂਪ ਦੇ ਨਿਰਮਾਣ ਨਾਲ ਮੰਦਰ ਦੀ ਮਹਿਮਾ ਹੋਰ ਵਧੇਗੀ। ਇਸ ਮੰਦਰ ਵਿਚ ਪੂਜਾ ਕਰਨਾ ਲਈ ਪੁੱਜਣ ਵਾਲੇ ਲੱਖਾਂ ਸ਼ਰਧਾਲੂ ਮਾਂ ਦੇ ਇਕ ਮਾਣ ਵਾਲੀ ਥਾਂ ਤੋਂ ਪ੍ਰੇਰਣਾ ਲੈ ਕੇ ਜਾਣਗੇ।ਮੁੱਖ ਮੰਤਰੀ ਨੇ ਮੰਦਰ ਵਿਚ ਜ਼ਮੀਨ ਪੂਜਾ ਕਰਨ ਤੋਂ ਬਾਅਦ ਯੱਗ ਵਿਚ ਆਹੂਤੀ ਪਾਈ। ਸੈਣੀ ਨੇ ਕਿਹਾ ਕਿ ਦੇਸ਼ ਦੇ 52 ਮਹਾਸ਼ਕਤੀ ਪੀਠਾਂ ਵਿਚੋਂ ਕੁਰੂਕਸ਼ੇਤਰ ਦੇ ਸ੍ਰੀ ਦੇਵੀਕੂਪ ਭਦਰਕਾਲੀ ਮੰਦਿਰ ਵਿਚ ਮਾਂ ਸ਼ਬਦ ਦੇ ਵੱਡੇ ਤੇ ਅਦਭੁੱਤ ਰੂਪ ਦੀ ਸਥਾਪਨਾ ਲਈ ਜ਼ਮੀਨ ਪੂਜਾ ਕਰਕੇ ਆਪਣੇ ਆਪ ਵਿੱਚ ਮਾਣ ਮਹਿਸੂਸ ਕਰ ਰਿਹਾ ਹਾਂ। ਮਾਂ ਇਕ ਸ਼ਬਦ ਹੀ ਨਹੀਂ ਸਗੋਂ ਮਾਂ ਮਮਤਾ, ਪ੍ਰੇਰਣਾ ਅਤੇ ਪ੍ਰੇਮ ਦਾ ਅਨੋਖਾ ਮੇਲ ਹੈ। ਇਸ ਸੰਸਾਰ ਵਿਚ ਹਰ ਸਾਧਨ ਤੇ ਸਰੋਤ ਦੀ ਪੂਰਤੀ ਹੋ ਸਕਦੀ ਹੈ ਲੇਕਿਨ ਮਾਂ ਸ਼ਬਦ ਦੀ ਪੂਰਤੀ ਨਹੀਂ ਹੋ ਸਕਦੀ। ਮਾਂ ਦੀ ਕੋਖ ਵਿਚੋਂ ਹੀ ਮਹਾਰਾਣਾ ਪ੍ਰਤਾਪ, ਛੱਤਰਪਤੀ ਸ਼ਿਵਾਜੀ ਵਰਗੇ ਮਹਾਨ ਯੁੱਧੇ ਪੈਦਾ ਹੋਏ, ਇਸ ਲਈ ਮਾਂ ਦੀ ਕਲਪਨਾ ਦਾ ਸੰਸਾਰ ਅਸੀਮਿਤ ਹੈ।

# ਸੜਕ ਸੁਰੱਖਿਆ ਮੁਹਿੰਮ ਤਹਿਤ ਵਾਹਨਾਂ ਦੇ ਕੱਟੇ ਚਾਲਾਨ

**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ )**

ਰਾਸ਼ਟਰੀ ਸੁਰੱਖਿਆ ਮਹੀਨਾ-2025 ਤਹਿਤ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੇ ਨਿਰਦੇਸ਼ ਅਨੁਸਾਰ ਅੱਜ ਰੀਜ਼ਨਲ ਟਰਾਂਸਪੋਰਟ ਅਫ਼ਸਰ ਰਵਿੰਦਰ ਸਿੰਘ ਗਿੱਲ ਦੀ ਅਗਵਾਈ ਵਿਚ ਹੁਸ਼ਿਆਰਪੁਰ ਜ਼ਿਲ੍ਹੇ ਵਿਚ ਸੜਕ ਸੁਰੱਖਿਆ ਮੁਹਿੰਮ ਚਲਾਈ ਗਈ। ਮੁਹਿੰਮ ਤਹਿਤ ਵੱਖ-ਵੱਖ ਥਾਵਾਂ 'ਤੇ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ੧੪ਚਾਲਾਨ ਕੀਤੇ ਗਏ।ਮੁਹਿੰਮ ਦੌਰਾਨ ਵਿਸ਼ੇਸ਼ ਰੂਪ ਵਿੱਚ ਟਰੈਕਟਰ-ਟਰਾਲੀਆਂ, ਟਰੱਕਾਂ ਅਤੇ ਹੋਰ ਭਾਰੀ ਵਾਹਨਾਂ ਪਿੱਛੇ ਰਿਫਲੈਕਟਰ ਟੇਪ ਲਗਾਈ ਗਈ।ਵਾਹਨ ਚਾਲਕਾਂ ਨੂੰ ਵਿਸ਼ੇਸ਼ ਕਰਕੇ ਧੁੰਦ ਵਾਲੇ ਮੌਸਮ ਵਿਚ ਹੌਲੀ ਗਤੀ ਨਾਲ ਵਾਹਨ ਚਲਾਉਣ ਅਤੇ ਆਵਾਜਾਈ ਨਿਯਮਾਂ ਦੀ ਪਾਲਣਾ ਕਰਨ ਦੀ ਸਲਾਹ ਦਿੱਤੀ ਗਈ।ਨਾਲ ਹੀ ਸੜਕ ਦੁਰਘਟਨਾਵਾਂ ਨੂੰ ਰੋਕਣ ਲਈ ਜ਼ਰੂਰੀ ਸੁਰੱਖਿਆ ਨਿਯਮਾਂ ਪ੍ਰਤੀ ਜਾਗਰੂਕ ਕੀਤਾ ਗਿਆ।ਰੀਜਨਲ ਟਰਾਂਸਪੋਰਟ ਅਫ਼ਸਰ ਰਵਿੰਦਰ ਸਿੰਘ ਗਿੱਲ ਨੇ ਕਿਹਾ ਕਿ ਰਾਸ਼ਟਰੀ ਸੁਰੱਖਿਆ ਮਹੀਨਾ ਤਹਿਤ ਸਾਡਾ ਉਦੇਸ਼ ਸੜਕ 'ਤੇ ਸੁਰੱਖਿਆ ਦੇ ਮਹੱਤਵ ਨੂੰ ਕੇਂਦਰਿਤ ਕਰਨਾ ਅਤੇ ਲੋਕਾਂ ਨੂੰ ਆਵਾਜਾਈ ਨਿਯਮਾਂ ਪ੍ਰਤੀ ਜਾਗਰੂਕ ਕਰਨਾ ਹੈ।ਆਵਾਜਾਈ ਨਿਯਮਾਂ ਦੀ ਪਾਲਣਾ ਨਾ ਕੇਵਲ ਚਾਲਕਾਂ ਦੀ ਸੁਰੱਖਿਆ ਯਕੀਨੀ ਬਣਾਉਂਦਾ ਹੈ, ਬਲਕਿ ਹੋਰ ਰਾਹੀਗਰਾਂ ਦੀ ਜਾਨ-ਮਾਲ ਦੀ ਸੁਰੱਖਿਆ ਵਿਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।ਇਸ ਮੁਹਿੰਮ ਦੌਰਾਨ ਡਰਾਈਵਰਾਂ ਨੂੰ ਸਮਝਾਇਆ ਗਿਆ ਕਿ ਧੁੰਦ ਦੇ ਮੌਸਮ ਵਿਚ ਵਾਹਨ ਚਲਾਉਂਦੇ ਸਮੇਂ ਵਿਸ਼ੇਸ਼ ਸਾਵਧਾਨੀ ਵਰਤਣ ਅਤੇ ਯਕੀਨੀ ਬਣਾਉਣ ਕਿ ਵਾਹਨਾਂ ਦੀਆਂ ਲਾਈਟਾਂ ਅਤੇ ਰਿਫਲੈਕਟਰ ਸਹੀ ਢੰਗ ਨਾਲ ਕੰਮ ਕਰ ਰਹੇ ਹੋਣ। ਦੁਰਘਟਨਾਵਾਂ ਨੂੰ ਰੋਕਣ ਅਤੇ ਆਵਾਜਾਈ ਨਿਯਮਾਂ ਦੀ ਪਾਲਣਾ ਕਰਾਉਣ ਲਈ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ।ਜ਼ਿਲ੍ਹਾ ਪ੍ਰਸ਼ਾਸਨ ਨੇ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਸੜਕ 'ਤੇ ਚੱਲਣ ਸਮੇਂ ਸਾਵਧਾਨ ਰਹਿਣ ਅਤੇ ਆਵਾਜਾਈ ਨਿਯਮਾਂ ਦੀ ਸਖਤੀ ਨਾਲ ਪਾਲਣ ਕਰਨ। ਇਹ ਮੁਹਿੰਮ ਜ਼ਿਲ੍ਹੇ ਵਿਚ ਸੜਕ ਦੁਰਘਟਨਾਵਾਂ ਨੂੰ ਘੱਟ ਕਰਨ ਅਤੇ ਆਵਾਜਾਈ ਵਿਵਸਥਾ ਨੂੰ ਬਿਹਤਰ ਬਣਾਉਣ ਦੀ ਦਿਸ਼ਾ ਵਿਚ ਇਕ ਅਹਿਮ ਕਦਮ ਹੈ।



## ਰਿਆਤ ਬਾਹਰਾ ਇੰਸਟੀਚਿਊਟ ਆਫ ਫਾਰਮੇਸੀ ਵੱਲੋਂ 'ਦੇਸ਼ ਦੀ ਕੁਦਰਤ ਪਰਖ ਮੁਹਿੰਮ' ਤਹਿਤ ਜਾਗਰੂਕਤਾ ਪ੍ਰੋਗਰਾਮ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਰਿਆਤ ਬਾਹਰਾ ਇੰਸਟੀਚਿਊਟ ਆਫ ਫਾਰਮੇਸੀ ਨੇ ਭਾਰਤ ਸਰਕਾਰ ਅਤੇ ਐਨ.ਸੀ.ਆਈ.ਐਮ ਵੱਲੋਂ ਚਲਾਈ ਜਾ ਰਹੀ 'ਦੇਸ਼ ਦੀ ਕੁਦਰਤ ਪਰਖ ਮੁਹਿੰਮ' ਤਹਿਤ ਜਾਗਰੂਕਤਾ ਮੁਹਿੰਮ ਦਾ ਆਯੋਜਨ ਕੀਤਾ। ਇਹ ਪ੍ਰੋਗਰਾਮ ਡਾਇਰੈਕਟਰ ਪ੍ਰਿੰਸੀਪਲ ਡਾ. ਮਨਿੰਦਰ ਸਿੰਘ ਗਰੇਵਰ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੁਹਿੰਮ ਦਾ ਉਦੇਸ਼ ਰਵਾਇਤੀ ਗਿਆਨ ਅਤੇ ਆਧੁਨਿਕ ਸਿਹਤ ਤਕਨੀਕਾਂ ਨੂੰ ਜੋੜ ਕੇ ਲੋਕਾਂ ਨੂੰ ਆਪਣੇ ਸਰੀਰ ਨੂੰ ਸਮਝਣ ਅਤੇ ਇੱਕ ਸਿਹਤਮੰਦ ਅਤੇ ਸੰਤੁਲਿਤ ਜੀਵਨ ਜੀਣ ਲਈ ਪ੍ਰੇਰਿਤ ਕਰਨਾ ਹੈ। ਸੈਮੀਨਾਰ ਵਿੱਚ ਮਾਹਿਰ ਡਾ. ਰਵਿੰਦਰਜੀਤ, ਡਾ. ਕ੍ਰਿਤੀ ਅਤੇ ਡਾ. ਅਮਿਤ ਸਿੱਧੂ ਨੇ ਦੱਸਿਆ ਕਿ ਇਸ ਮੁਹਿੰਮ ਰਾਹੀਂ ਵਿਅਕਤੀਆਂ ਨੂੰ ਉਨ੍ਹਾਂ ਦੇ ਸੁਭਾਅ ਨੂੰ ਸਮਝਣ ਅਤੇ ਇਸ ਦੇ ਆਧਾਰ 'ਤੇ ਆਪਣੀ ਸਿਹਤ ਅਤੇ ਜੀਵਨ ਸ਼ੈਲੀ ਨੂੰ ਸੁਧਾਰਨ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਮਾਹਿਰਾਂ ਨੇ ਕਿਹਾ ਕਿ ਕੁਦਰਤ ਦੇ ਗਿਆਨ ਰਾਹੀਂ ਲੋਕ ਆਪਣੀ ਸਰੀਰਕ ਅਤੇ ਮਾਨਸਿਕ ਸਿਹਤ ਵਿੱਚ ਸੁਧਾਰ ਕਰ ਸਕਦੇ ਹਨ ਅਤੇ ਸੰਤੁਲਿਤ ਜੀਵਨ ਬਤੀਤ ਕਰ ਸਕਦੇ ਹਨ। ਇਸ ਦੌਰਾਨ ਸੰਸਥਾ ਦੇ ਸਟਾਫ ਅਤੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਇਸ ਉਪਰਾਲੇ ਨੂੰ ਸਫਲ ਬਣਾਉਣ ਵਿੱਚ ਯੋਗਦਾਨ ਪਾਇਆ। ਇਸ ਮੌਕੇ ਡਾ. ਅਮਿਤ ਸ਼ਰਮਾ, ਪ੍ਰੋ. ਦਵਿੰਦਰ ਸਿੰਘ, ਪ੍ਰੋ. ਸਿਮਰਜੀਤ ਕੌਰ ਸਮੇਤ ਕਾਲਜ ਦਾ ਸਾਰਾ ਸਟਾਫ ਮੌਜੂਦ ਸੀ।



## ਪ੍ਰਕਾਸ਼ ਪੁਰਬ ਮੌਕੇ ਸੇਂਟ ਸੋਲਜਰ ਗਰੁੱਪ ਨੇ ਸੁਖਮਨੀ ਸਾਹਿਬ ਦੇ ਪਾਠ ਕਰਵਾਏ

**ਜਲੰਧਰ (ਇਕਬਾਲ ਸਿੰਘ ਉੱਭੀ)**-ਸੇਂਟ ਸੋਲਜ਼ਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀਆਂ ਵੱਖ-ਵੱਖ ਸ਼ਾਖਾਵਾਂ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਕਾਲਜ ਕੈਂਪਸ ਵਿੱਚ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ । ਸਵੇਰੇ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਉਪਰੰਤ , ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ।ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਲੰਗਰ ਦਾ ਪ੍ਰਬੰਧ ਕੀਤਾ ਗਿਆ। ਅੰਤ ਵਿੱਚ ਸ਼ਾਖਾ ਦੀ ਤਰੱਕੀ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਅਰਦਾਸ ਕੀਤੀ ਗਈ। ਇਸ ਉਪਰੰਤ ਸਮੂਹ ਵਿਦਿਆਰਥੀਆਂ, ਸਟਾਫ਼, ਮਾਪਿਆਂ ਅਤੇ ਭਾਈਚਾਰੇ ਲਈ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ । ਇਸ ਮੌਕੇ ਗਰੁੱਪ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਾਰਿਆਂ ਨੂੰ ਵਧਾਈ ਦਿੱਤੀ ਅਤੇ ਸਮੂਹ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਜੀ ਦਾ ਆਸ਼ੀਰਵਾਦ ਲੈਣ ਲਈ ਪ੍ਰੇਰਿਤ ਕੀਤਾ।



# ਪ੍ਰਕਾਸ਼ ਪੁਰਬ ਨੂੰ ਸਮਰਪਤ ਵਿਸ਼ਾਲ ਨਗਰ ਕੀਰਤਨ ਸਜਾਇਆ



**ਮਾਹਿਲਪੁਰ (ਸਫ਼ਰੀ)**

ਨਵਾਂ ਗੁਰਦੁਆਰਾ ਸਾਹਿਬ ਦੀ ਸਥਾਨਕ ਪ੍ਰਬੰਧਕ ਕਮੇਟੀ ਵੱਲੋਂ ਪਿੰਡ ਪੱਟੀ ਵਿਖੇ ਸਾਹਿਬ ਸਤਿਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸਜਾਇਆ ਗਿਆ। ਇਹ ਨਗਰ ਕੀਰਤਨ ਪਿੰਡ ਦੇ ਨਵਾਂ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਗੁਰਦੁਆਰਾ ਸਿੰਘ ਸਭਾ ਨਾਨਕਬਾੜੀ, ਡੀ ਏ ਵੀ ਸਕੂਲ ਮੁਹੱਲਾ ਤੋਂ ਹੁੰਦਾ ਹੋਇਆ ਪੂਰੇ ਨਗਰ ਦੀ ਪਰਿਕਰਮਾ ਕਰਕੇ ਵਾਪਸ ਨਵਾਂ ਗੁਰਦੁਆਰਾ ਸਾਹਿਬ ਵਿਖੇ ਆ ਕੇ ਹੀ ਸਮਾਪਤ ਹੋਇਆ। ਰਸਤੇ ਦੌਰਾਨ ਗੁਰੂ ਘਰ ਤੇ ਕੀਰਤਨੀਏ ਭਾਈ ਜਸਪ੍ਰੀਤ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਰਾਜਾ ਸਿੰਘ ਖਾਲਸਾ, ਬੀਬੀ ਊਸ਼ਾ ਰਾਣੀ, ਬੀਬੀ ਸਿਮਰਨਜੀਤ ਕੌਰ ਜਥਿਆਂ ਨੇ ਸੰਗਤਾਂ ਨੂੰ ਕਥਾ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕੀਤਾ। ਇਸ ਮੌਕੇ ਸ਼ਰਧਾਲੂਆਂ ਵੱਲੋਂ ਨਗਰ ਕੀਰਤਨ ਦਾ ਸਤਿਕਾਰ ਕਰਦੇ ਹੋਏ ਫੁੱਲਾਂ ਦੀ ਵਰਖਾ ਕੀਤੀ ਗਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲੇ ਭੇਟਾ ਕੀਤੇ ਗਏ। ਸ਼ਰਧਾਲੂਆਂ ਵੱਲੋਂ ਵੱਖ-ਵੱਖ ਪੜਾਵਾਂ ਉੱਤੇ ਚਾਹ- ਪਕੌੜੇ, ਮਠਿਆਈਆਂ, ਫਲ ਅਤੇ ਗੁਰੂ ਕੇ ਲੰਗਰ ਲਗਾਏ ਗਏ। ਇਸ ਮੌਕੇ ਗਿਆਨੀ ਗੁਰਬਚਨ ਸਿੰਘ, ਬਲਵੀਰ ਸਿੰਘ ਜੇਈ, ਰਾਜਾ ਸਿੰਘ ਖਾਲਸਾ, ਅਮਰਜੀਤ ਸਿੰਘ ਗਿੱਲ, ਸਰਦਾਰਾ ਸਿੰਘ, ਜਸਵਿੰਦਰ ਸਿੰਘ ਧਾਲੀਵਾਲ, ਸੁਰਿੰਦਰਪਾਲ ਸਿੰਘ ਤੰਬੜ ,ਦਲਵਿੰਦਰ ਸਿੰਘ, ਵਿਜੇ ਸਿੰਘ, ਸਰਪੰਚ ਸ਼ਿੰਦਰਪਾਲ, ਜਗਜੀਤ ਸਿੰਘ ਗਿੱਲ ਪੰਚ, ਸੋਹਣ ਲਾਲ ਪੰਚ, ਸਾਬਕਾ ਸਰਪੰਚ ਲਖਬੀਰ ਸਿੰਘ, ਨੰਬਰਦਾਰ ਸਤੀਸ਼ ਕੁਮਾਰ, ਜੋਗਾ ਸਿੰਘ, ਗੁਰਚਰਨ ਸਿੰਘ ਬੰਗਾ, ਚਰਨਜੀਤ ਸਿੰਘ, ਨੰਬਰਦਾਰ ਦੇਸ਼ਰਾਜ ਸਿੰਘ, ਤਰਲੋਚਨ ਸਿੰਘ ਬੰਗਾ, ਹਰਭਜਨ ਸਿੰਘ, ਪ੍ਰਗਟ ਸਿੰਘ, ਸੁੱਚਾ ਸਿੰਘ, ਸੁਖਵਿੰਦਰ ਸਿੰਘ, ਇੰਦਰਜੀਤ ਸਿੰਘ, ਬਲਵੀਰ ਸਿੰਘ, ਪਵਨਵੀਰ ਸਿੰਘ, ਗੁਰਚਰਨ ਸਿੰਘ ਧਨੋਤਾ ਸਮੇਤ ਵੱਡੀ ਗਿਣਤੀ ਵਿੱਚ ਨਗਰ ਨਿਵਾਸੀ ਅਤੇ ਇਲਾਕੇ ਦੀਆਂ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤਨ ਮਨ ਧਨ ਦੇ ਨਾਲ ਸੇਵਾ ਕਰਨ ਵਾਲੇ ਸ਼ਰਧਾਲੂਆਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਸਿਰੋਪਾ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

# ਸਰਕਾਰ ਨੇ ਭਰੋਸਾ ਤੋੜਿਆ, ਸਰਕਾਰੀ ਹਸਪਤਾਲਾਂ ਦੀਆਂ ਸੇਵਾਵਾਂ ਮੁੜ ਹੋ ਸਕਦੀਆਂ ਹਨ ਪ੍ਰਭਾਵਤ

## ਡਾਕਟਰਾਂ ਨੇ 20 ਜਨਵਰੀ ਤੱਕ ਮੰਨੀਆਂ ਮੰਗਾਂ ਪੂਰੀਆਂ ਕਰਨ ਦਾ ਦਿੱਤਾ ਸਮਾਂ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**



ਬੀਤੇ ਸਾਲ ਸਤੰਬਰ ਮਹੀਨੇ ਦੌਰਾਨ ਪੰਜਾਬ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੈਡੀਕਲ ਅਫਸਰਾਂ ਵੱਲੋਂ ਸੁਰੱਖਿਆ ਅਤੇ ਤਰੱਕੀਆਂ ਦੀਆਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਬੀਤੇ ਸਾਲ ੧੪ ਸਤੰਬਰ ਨੂੰ ਧਰਨੇ ਦਿਤੇ ਗਏ ਸਨ। ਇਸ ਦੌਰਾਨ ਓਪੀਡੀ ਸੇਵਾਵਾਂ ਬੰਦ ਰਹਿਣ ਕਾਰਨ ਲੋਕਾਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ ਸੀ। ਸਿਹਤ ਮੰਤਰੀ ਪੰਜਾਬ ਵੱਲੋਂ ਪੰਜਾਬ ਭਵਨ ਵਿੱਚ ਬੈਠਕ ਉਪਰੰਤ ਮੀਡੀਆ ਵਿੱਚ ਲੋਕਾਂ ਦੇ ਸਾਹਮਣੇ ਆ ਕੇ ਇਹ ਵਾਅਦਾ ਕੀਤਾ ਸੀ ਕਿ ਇਹਨਾਂ ਦੀਆਂ ਮੰਗਾਂ ਮੰਨ ਲਈਆਂ ਗਈਆਂ ਹਨ ਅਤੇ ਤਿੰਨ ਹਫਤੇ ਦੇ ਸਮੇਂ ਵਿੱਚ ਪੂਰੀਆਂ ਕਰ ਦਿੱਤੀਆਂ ਜਾਣਗੀਆਂ।ਸਰਕਾਰੀ ਡਾਕਟਰਾਂ ਦੀ ਜਥੇਬੰਦੀ ਨੇਂ ਇਸ ਭਰੋਸੇ 'ਤੇ ਧਰਨਾ ਖਤਮ ਕਰ ਆਪਣੇ ਸੇਵਾਵਾਂ ਸ਼ੁਰੂ ਕਰ ਦਿੱਤੀਆਂ ਸਨ। ਪਰ ਮਿਥੇ ਗਏ ਸਮੇਂ ਵਿੱਚ ਸਰਕਾਰ ਵੱਲੋਂ ਦੋਨੋਂ ਮੁੱਦਿਆਂ 'ਤੇ ਕੁਝ ਨਾ ਕੀਤੇ ਜਾਣ ਕਾਰਨ ਪੂਰੇ ਪੰਜਾਬ ਦੇ ਮੈਡੀਕਲ ਅਫਸਰਾਂ ਵਿੱਚ ਭਾਰੀ ਰੋਸ ਹੈ ਅਤੇ ਬਹੁਤੀਆਂ ਥਾਵਾਂ 'ਤੇ ਕਈ ਸਪੈਸ਼ਲਿਸਟ ਸਰਕਾਰੀ ਸੇਵਾਵਾਂ ਤੋਂ ਰਿਜ਼ਾਇਨ ਕਰਕੇ ਹਸਪਤਾਲ ਛੱਡ ਰਹੇ ਹਨ। ਇਸ ਨੂੰ ਦੇਖਦੇ ਹੋਏ ਡਾਕਟਰਾਂ ਦੀ ਐਸੋਸੀਏਸ਼ਨ ਨੇ ਪੰਜਾਬ ਸਰਕਾਰ ਨੂੰ ਮੁੜ ਚੇਤਾਵਨੀ ਦਿੱਤੀ ਹੈ ਕਿ ਡਾਕਟਰ ਨਹੀਂ ਚਾਹੁੰਦੇ ਕਿ ਮਰੀਜ਼ ਪਰੇਸ਼ਾਨ ਹੋਣ, ਇਸ ਲਈ ਸਰਕਾਰ ਸਮੇਂ ਰਹਿੰਦੇ ਹੀ ਸੁਰੱਖਿਆ ਤੇ ਕਰੀਅਰ ਪ੍ਰੋਗਰੈਸ਼ਨ ਦੇ ਦੋਨੋਂ ਮੁੱਦਿਆਂ 'ਤੇ ਜਿੱਥੇ ਸਹਿਮਤੀ ਬਣੀ ਸੀ, ਉਹਨਾਂ ਨੂੰ ਪੂਰਾ ਕਰੇ ਨਹੀਂ ਤਾਂ20 ਜਨਵਰੀ 2025 ਤੋਂ ਮੁੜ ਤੋਂ ਓਪੀਡੀ ਸੇਵਾਵਾਂ ਬੰਦ ਕਰਕੇ ਧਰਨੇ ਦੇਣ ਤੋਂ ਇਲਾਵਾ ਉਹਨਾਂ ਕੋਲ ਹੋਰ ਕੋਈ ਚਾਰਾ ਨਹੀਂ ਰਹੇਗਾ।ਐਸੋਸੀਏਸ਼ਨ ਨੇ ਆਪਣੇ ਸਾਰੇ ਜ਼ਿਲ੍ਹਿਆਂ ਦੀਆਂ ਇਕਾਈਆਂ ਦੀ ੧੨ ਜਨਵਰੀ ਨੂੰ ਅਗਲੀ ਨੀਤੀ ਸਬੰਧੀ ਇੱਕ ਮੀਟਿੰਗ ਵੀ ਸੱਦੀ ਹੈ।ਉਹਨਾਂ ਇਹ ਵੀ ਸਪੱਸ਼ਟ ਕੀਤਾ ਕਿ ਕਿ ਸਾਡੀ ਐਸੋਸੀਏਸ਼ਨ ਲੋਕਾਂ ਦੇ ਹਿੱਤ ਵਿੱਚ ਕੰਮ ਕਰਨ ਵਾਲੀ ਜਥੇਬੰਦੀ ਹੈ।ਹਸਪਤਾਲਾਂ ਵਿੱਚ ਸੁਰੱਖਿਆ ਸਿਰਫ ਡਾਕਟਰਾਂ ਦਾ ਨਹੀਂ ਉੱਥੇ ਹਰੇਕ ਸਟਾਫ ਅਤੇ ਆਉਣ ਵਾਲੇ ਮਰੀਜ਼ਾਂ ਦੀ ਵੀ ਲੋੜ ਹੈ, ਕਿਉਂਕਿ ਹਸਪਤਾਲਾਂ ਵਿੱਚ ਮਰੀਜ਼ਾਂ ਦੇ ਸਮਾਨ ਦੀ ਚੋਰੀਆਂ ਦੀਆਂ ਘਟਨਾਵਾਂ ਨੂੰ ਰੋਕਣ ਲਈ ਸੁਰੱਖਿਆ ਗਾਰਡ ਹੋਣੇ ਚਾਹੀਦੇ ਹਨ।ਇਸੇ ਤਰ੍ਹਾਂ ਡਾਕਟਰਾਂ ਦੇ ਕੈਰੀਅਰ ਵਿੱਚ ਪ੍ਰੋਮੋਸ਼ਨ ਨਾ ਹੋਣ ਕਾਰਨ ਮਾਹਿਰ ਡਾਕਟਰ ਸਰਕਾਰੀ ਹਸਪਤਾਲ ਛੱਡ ਕੇ ਪ੍ਰਾਈਵੇਟ ਹਸਪਤਾਲਾਂ ਵੱਲ ਜਾਣ ਲਈ ਮਜ਼ਬੂਰ ਹੋ ਰਹੇ ਹਨ। ਇਹ ਸਰਕਾਰ ਦੀ ਨਾਕਾਮਯਾਬੀ ਹੈ ਕਿ ਉਹ ਨਾ ਤਾਂ ਪੁਰਾਣੇ ਕੰਮ ਕਰ ਰਹੇ ਡਾਕਟਰਾਂ ਨੂੰ ਸੰਭਾਲ ਪਾ ਰਹੇ ਹਨ ਅਤੇ ਨਾ ਹੀ ਉਹਨਾਂ ਕੋਲ ਨਵੀਂ ਭਰਤੀ ਵਿੱਚ ਡਾਕਟਰ ਜੁਆਇਨ ਕਰ ਰਹੇ ਹਨ ।ਜ਼ਿਕਰਯੋਗ ਹੈ ਕਿ ਪਿਛਲੇ ਮਹੀਨੇ ਮੁੱਖ ਮੰਤਰੀ ਪੰਜਾਬ ਵੱਲੋਂ ਇੱਕ ਵੱਡਾ ਆਯੋਜਨ ਕਰਦੇ ਹੋਏ ਪਟਿਆਲਾ ਜ਼ਿਲ੍ਹੇ ਵਿੱਚ 304 ਮੈਡੀਕਲ ਅਫਸਰਾਂ ਨੂੰ ਨਿਯੁਕਤੀ ਪੱਤਰ ਦਿੱਤੇ ਸਨ, ਜਿਨ੍ਹਾਂ ਦੇ ਜੁਆਇਨ ਕਰਨ ਦੀ ਅੱਜ ਆਖਰੀ ਮਿਤੀ ਸੀ। ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਤਿਹਾਈ ਡਾਕਟਰਾਂ ਨੇ ਨੌਕਰੀ ਜੁਆਇਨ ਹੀ ਨਹੀਂ ਕੀਤੀ। ਪੀਸੀਐਮਐਸ ਮੈਡੀਕਲ ਅਧਿਕਾਰੀਆਂ ਨੇ ਹਾਲੇ ਵੀ ਆਸ ਜਤਾਈ ਹੈ ਕਿ ਸਿਹਤ ਮੰਤਰੀ ਅਤੇ ਸਿਹਤ ਪ੍ਰਬੰਧਕੀ ਸਕੱਤਰ ਵੱਲੋਂ ਸਮੇਂ ਸਿਰ ਫਾਈਨੈਂਨਸ ਡਿਪਾਰਟਮੈਂਟ ਤੋਂ ਲੋੜੀਂਦੀਆਂ ਮਨਜ਼ੂਰੀਆਂ ਲੈ ਲਈਆਂ ਜਾਣ ਤਾਂ ਜੋ ਕਿਸੇ ਧਰਨੇ ਦੀ ਨੌਬਤ ਨਾ ਆਵੇ। ਪ੍ਰਧਾਨ ਸਤਵਿੰਦਰ ਪਾਲ ਸਿੰਘ, ਡਾ.ਹਰਪਿੰਦਰ ਸਿੰਘ ਜਨਰਲ ਸਕੱਤਰ, ਡਾ.ਨਿਰਮਲ ਕੁਮਾਰ ਮੀਤ ਪ੍ਰਧਾਨ, ਡਾ. ਅਜੈ ਬਸਰਾ ਪ੍ਰੈਸ ਸਕੱਤਰ, ਅਮਿਤ ਆਰਗੇਨਾਈਜਿੰਗ ਸੈਕਟਰੀਨੇ ਕਿਹਾ ਕਿ ੨੦ ਜਨਵਰੀ ਤੱਕ ਜੇਕਰ ਇਸ ਬਾਬਤ ਸਰਕਾਰ ਨੇ ਕੁਝ ਨਾ ਕੀਤਾ ਤਾਂ ਸਾਰੇ ਪੰਜਾਬ ਦੇ ਸਰਕਾਰੀ ਹਸਪਤਾਲਾਂ ਵਿੱਚ ਇਕੱਠੀ ਹੜਤਾਲ ਕੀਤੀ ਜਾਵੇਗੀ।

6-JAN-PAGE-10.qxd add full page.qxd 1/5/2025 9:55 PM Page 1




GOVT. OF PUNJAB

Punjab Land of Unlimited Opportunities

ਸਿਰਫ਼ 33 ਮਹੀਨਿਆਂ ਵਿੱਚ

50,000+

ਸਰਕਾਰੀ ਨੌਕਰੀਆਂ







ਹਰ ਘਰ ਰੁਜ਼ਗਾਰ ਪਹੁੰਚਾਇਆ,
ਨੌਜਵਾਨਾਂ ਨੂੰ ਸਮਰੱਥ ਬਣਾਇਆ

“ ਸਾਡੇ ਨੌਜਵਾਨ ਰੰਗਲੇ ਪੰਜਾਬ ਦੇ ਨਿਰਮਾਤਾ ਹਨ। ਉਨ੍ਹਾਂ ਨੂੰ ਸਰਕਾਰੀ ਨੌਕਰੀਆਂ ਦੇ ਕੇ ਅਸੀਂ ਨਾ ਕੇਵਲ ਉਨ੍ਹਾਂ ਨੂੰ ਮੌਕੇ ਪ੍ਰਦਾਨ ਕਰ ਰਹੇ ਹਾਂ, ਸਗੋਂ ਆਪਣੇ ਪੰਜਾਬ ਦੇ ਸੁਨਹਿਰੇ ਭਵਿੱਖ ਵਿੱਚ ਨਿਵੇਸ਼ ਵੀ ਕਰ ਰਹੇ ਹਾਂ। ”

ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ



ਮੁੱਖ ਮੰਤਰੀ ਭਗਵੰਤ ਸਿੰਘ ਮਾਨ
ਦੇ ਵੱਟਸਐਪ ਚੈਨਲ ਨਾਲ ਜੁੜੋ

ਇੱਥੇ ਸਕੈਨ ਕਰੋ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

## ਵਡਾਲਾ ਜੌਹਲ ਵਿਖੇ ਨਗਰ ਕੀਰਤਨ ਦਾ ਅਲੌਕਿਕ ਜਲੌਅ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਪਿੰਡ ਵਡਾਲਾ ਜੌਹਲ ਦੇ ਗੁਰਦੁਆਰਾ ਸੋਮਦਾਸ ਤੋਂ ਸਾਹਿਬੇ ਕਮਾਲ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਏ ਗਏ।ਇਹ ਨਗਰ ਕੀਰਤਨ ਗੁਰਦੁਆਰਾ ਸੋਮਦਾਸ ਤੋਂ ਸ਼ੁਰੂ ਹੋ ਕੇ ਗੁਰਦੁਆਰਾ ਬਾਬੇ ਸ਼ਹੀਦਾਂ ਚੜ੍ਹਦੀ ਪੱਤੀ, ਗੁਰਦੁਆਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਤੋਂ ਹੁੰਦਾ ਹੋਇਆ ਸ਼ਾਮ ਨੂੰ ਸਮਾਪਤ ਹੋਏ।

ਇਸ ਮੌਕੇ ਪਿੰਡ ਦੀਆਂ ਸੰਗਤਾਂ ਨੇ ਗੁਰੂ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਤੇ ਹਰੇਕ ਗੁਰਦੁਆਰੇ ਵਿੱਚ ਗੁਰੂ ਕੇ ਲੰਗਰ ਵੀ ਵਰਤਾਏ ਗਏ ਜੋ ਸਾਰਾ ਦਿਨ ਅਟੁੱਟ ਚੱਲਦੇ ਰਹੇ।ਇਸ ਮੌਕੇ ਗੁਰੂ ਘਰ ਦੇ ਵਜੀਰ ਬਾਬਾ ਗੁਰਭਿੰਦਰ ਸਿੰਘ, ਬਾਬਾ ਚਮਕੌਰ ਸਿੰਘ, ਬਾਬਾ ਗੁਰਸ਼ਰਨ ਸਿੰਘ ਤੇ ਹੋਰ ਸਿੱਖ ਵਿਦਵਾਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਗੁਰੂਆਂ ਦੇ ਪਾਏ ਹੋਏ ਪੂਰਨਿਆਂ ਤੇ ਚੱਲ ਕੇ ਆਪਣਾ ਜੀਵਨ ਸਫ਼ਲ ਕਰਨ।

## ਪੰਜਾਬ ਸਰਕਾਰ ਨੇ ਸੂਬੇ ਦੇ ਵਸਨੀਕਾਂ ਲਈ ਬਿਹਤਰ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਈਆਂ : ਸ਼ੈਰੀ ਕਲਸੀ

ਬਟਾਲਾ (ਡਾ. ਮਲਵਿੰਦਰ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ 2024 ਦੌਰਾਨ ਸੂਬੇ ਦੇ ਵਸਨੀਕਾਂ ਲਈ ਬਿਹਤਰ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਅਤੇ ਸਾਫ਼-ਸੁਥਰਾ ਵਾਤਾਵਰਣ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਸ਼ਾਨਦਾਰ ਤਰੱਕੀ ਕੀਤੀ ਹੈ।ਇਹ ਮਹੱਤਵਪੂਰਨ ਪ੍ਰਗਤੀ ਸੂਬੇ ਦੇ ਸ਼ਹਿਰੀ ਬੁਨਿਆਦੀ ਢਾਂਚੇ ਅਤੇ ਜਨਤਕ ਸੇਵਾ ਖੇਤਰਾਂ ਵਿੱਚ ਇੱਕ ਸਾਲ ਵਿੱਚ ਕੀਤੇ ਵਿਕਾਸ ਨੂੰ ਦਰਸਾਉਂਦੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਵਿੱਚ ਕੁੱਲ ਸਥਾਪਿਤ ਸੀਵਰੇਜ ਟ੍ਰੀਟਮੈਂਟ ਸਮਰੱਥਾ 2142 ਐੱਮ.ਐੱਲ.ਡੀ. (ਮਿਲੀਅਨ ਲੀਟਰ ਪ੍ਰਤੀ ਦਿਨ) ਤੱਕ ਪਹੁੰਚ ਗਈ ਹੈ, ਜਿਸ ਵਿੱਚ ਵਾਧੂ 492.15 ਐੱਮ.ਐੱਲ.ਡੀ. ਜੋੜਨ ਨਾਲ ਕੁੱਲ ਸਮਰੱਥਾ 2634.15 ਐੱਮ.ਐੱਲ.ਡੀ. ਹੋ ਗਈ ਹੈ।ਇਸ ਵਾਧੇ ਦਾ ਉਦੇਸ਼ ਸ਼ਹਿਰੀ ਆਬਾਦੀ ਦੀਆਂ ਵਧਦੀਆਂ ਜ਼ਰੂਰਤਾਂ ਨੂੰ ਪੂਰਾ ਕਰਨਾ ਅਤੇ ਸਾਫ਼, ਸ਼ੁੱਧ ਪਾਣੀ ਸਬੰਧੀ ਪ੍ਰਣਾਲੀਆਂ ਨੂੰ ਯਕੀਨੀ ਬਣਾਉਣਾ ਹੈ।ਇਸ ਤੋਂ ਇਲਾਵਾ 650 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ 607 ਐੱਮ.ਐੱਲ.ਡੀ. ਦੀ ਸਮਰੱਥਾ ਵਾਲੇ 52 ਸੀਵਰੇਜ ਟ੍ਰੀਟਮੈਂਟ ਪਲਾਂਟ (ਐੱਸਟੀਪੀ) ਨਿਰਮਾਣ ਅਧੀਨ ਹਨ। ਇਹ ਪ੍ਰਾਜੈਕਟ ਅਗਲੇ 1-2 ਸਾਲਾਂ ਦੇ ਅੰਦਰ ਮੁਕੰਮਲ ਹੋਣ ਦੀ ਉਮੀਦ ਹੈ, ਜਿਸ ਨਾਲ ਸੂਬੇ ਦੀ ਸੀਵਰੇਜ ਪ੍ਰਬੰਧਨ ਸਮਰੱਥਾਵਾਂ ਵਿੱਚ ਹੋਰ ਵਾਧਾ ਹੋਵੇਗਾ।ਸੂਬੇ ਭਰ ਵਿੱਚ ਸ਼ਹਿਰੀ ਬੁਨਿਆਦੀ ਢਾਂਚੇ ਦੇ ਸੁਧਾਰ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

ਸਮੂਹ ਸ਼ਹਿਰੀ ਸਥਾਨਕ ਇਕਾਈਆਂ ਕੋਲ ਉਪਲਬਧ ਫੰਡਾਂ ਦੇ ਨਾਲ-ਨਾਲ ਮੌਜੂਦਾ ਵਿੱਤੀ ਸਾਲ ਦੌਰਾਨ ਅਲਾਟ ਕੀਤੀ 450 ਕਰੋੜ ਰੁਪਏ ਦੀ ਗ੍ਰਾਂਟ ਦੀ ਵਰਤੋਂ ਨਾਲ ਸ਼ਹਿਰੀ ਸਥਾਨਕ ਇਕਾਈਆਂ (ਯੂ.ਐੱਲ.ਬੀਜ਼) ਵਿੱਚ ਮਹੱਤਵਪੂਰਨ ਵਿਕਾਸ ਕਾਰਜ ਸ਼ੁਰੂ ਕੀਤੇ ਗਏ ਹਨ। ਇਸ ਪਹਿਲਕਦਮੀ ਤਹਿਤ ਸ਼ਹਿਰੀ ਥਾਵਾਂ ਦਾ ਆਧੁਨਿਕੀਕਰਨ ਕੀਤਾ ਜਾਵੇਗਾ, ਨਾਗਰਿਕ ਸਹੂਲਤਾਂ ਵਿੱਚ ਸੁਧਾਰ ਹੋਵੇਗਾ ਅਤੇ ਨਿਵਾਸੀਆਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾਉਣ ਦੀ ਦਿਸ਼ਾ ਵਿੱਚ ਵੱਡਾ ਕਦਮ ਚੁੱਕਦਿਆਂ ਸਰਕਾਰ ਵੱਲੋਂ ਸਤਹੀ ਨਹਿਰੀ ਪਾਣੀ ਰਾਹੀਂ ਵੱਡੇ ਪੱਧਰ 'ਤੇ ਜਲ ਸਪਲਾਈ ਪ੍ਰਾਜੈਕਟ ਲਾਗੂ ਕੀਤੇ ਜਾ ਰਹੇ ਹਨ।

## ਮਨੁੱਖਾਂ ਤੇ ਪੰਛੀਆਂ ਲਈ ਘਾਤਕ ਖੂਨੀ ਡੋਰ ਦੀ ਵਰਤੋਂ ਕਰਨ ਵਾਲਿਆਂ 'ਤੇ ਹੋਵੇਗੀ ਸਖਤ ਕਾਰਵਾਈ : ਐੱਸ ਐੱਚ ਓ



**ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)**- ਲੋਹੜੀ ਦੇ ਤਿਉਹਾਰ ਮੌਕੇ ਪਤੰਗਬਾਜ਼ੀ ਲਈ ਬਜਾਰਾਂ ਵਿੱਚ ਗੈਰ-ਕਾਨੂੰਨੀ ਢੰਗ ਨਾਲ ਵਿਕਣ ਵਾਲੀ ਚਾਇਨਾ ਡੋਰ ਦੀ ਵਿਕਰੀ ਕਰਨ ਅਤੇ ਖਰੀਦਣ ਵਾਲਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਹੋਵੇਗੀ।ਇਸ ਸਬੰਧੀ ਚਾਇਨਾ ਡੋਰ ਦਾ ਗੋਰਖ ਧੰਦਾ ਕਰਨ ਵਾਲਿਆਂ ਨੂੰ ਤਾੜਨਾ ਕਰਦਿਆ ਐੱਸਐੱਚਓ ਪ੍ਰਭਜੀਤ ਸਿੰਘ ਗਿੱਲ ਨੇ ਆਖਿਆ ਕਿ ਮਨੁੱਖੀ ਜਾਨਾਂ ਅਤੇ ਪਸ਼ੂ ਪੰਛੀਆਂ ਲਈ ਘਾਤਕ ਸਿੱਧ ਹੋ ਰਹੀ ਚਾਇਨਾ ਡੋਰ ਨਾਲ ਕਈ ਕੀਮਤੀ ਜਾਨਾਂ ਅਜਾਈਂ ਜਾ ਚੁੱਕੀਆਂ ਹਨ।ਉਨ੍ਹਾਂ ਚਾਇਨਾ ਡੋਰ ਦੀ ਵਿਕਰੀ ਕਰਨ ਵਾਲਿਆਂ ਨੂੰ ਆਖਿਆ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਆਉਣ ਨਹੀਂ ਤਾਂ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਐੱਸਐੱਚਓ ਪ੍ਰਭਜੀਤ ਸਿੰਘ ਗਿੱਲ ਨੇ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕਰਦਿਆਂ ਆਖਿਆ ਕਿ ਉਹ ਆਪਣੇ ਬੱਚਿਆਂ ਨੂੰ ਚਾਇਨਾ ਡੋਰ ਦੀ ਵਰਤੋਂ ਤੋਂ ਸਖਤੀ ਨਾਲ ਰੋਕਣ। ਉਨ੍ਹਾਂ ਆਖਿਆ ਕਿ ਜੇਕਰ ਕੋਈ ਦੁਕਾਨਦਾਰ ਚਾਇਨਾ ਡੋਰ ਦੀ ਵਿਕਰੀ ਕਰਦਾ ਪਾਇਆ ਗਿਆ ਤਾਂ ਲਿਹਾਜ਼ ਨਹੀਂ ਹੋਵੇਗਾ।ਚਾਇਨਾ ਡੋਰ ਦੀ ਹੋਮ ਡਲਿਵਰੀ ਤੇ ਆਨਲਾਈਨ ਵਿਕਰੀ ਕਰਨ ਵਾਲਿਆਂ 'ਤੇ ਵੀ ਪ੍ਰਸ਼ਾਸਨ ਦੀ ਬਾਜ ਅੱਖ ਹੋਵੇਗੀ।ਉਨ੍ਹਾਂ ਆਖਿਆ ਕਿ ਕਈ ਲੋਕ ਚੰਦ ਪੈਸਿਆਂ ਦੇ ਲਾਲਚ ਵਿੱਚ ਚਾਇਨਾ ਡੋਰ ਵੇਚ ਕੇ ਮਨੁੱਖੀ ਜ਼ਿੰਦਗੀ ਨੂੰ ਖਤਰੇ ਵਿੱਚ ਪਾ ਰਹੇ ਹਨ ਜਿਸ ਨੂੰ ਲੈ ਕੇ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਗੰਭੀਰ ਹੈ।ਉਨ੍ਹਾਂ ਪਤੰਗਬਾਜ਼ੀ ਦੇ ਸ਼ੌਕੀਨ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਤੰਗ ਉਡਾਉਣ ਲਈ ਸਾਦਾ ਧਾਗੇ ਵਾਲੀ ਡੋਰ ਦੀ ਹੀ ਵਰਤੋਂ ਕਰਨ ਤਾਂ ਜੋ ਕਿਸੇ ਦਾ ਜਾਨੀ ਨੁਕਸਾਨ ਨਾ ਹੋਵੇ।

## ਪ੍ਰਕਾਸ਼ ਪੁਰਬ ਮੌਕੇ ਸਜਾਇਆ ਵਿਸ਼ਾਲ ਨਗਰ ਕੀਰਤਨ



ਕਲਾਨੌਰ (ਮਨਦੀਪ ਕੋਹਲੀ)- ਦਸਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਇਤਿਹਾਸਕ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਕਲਾਨੌਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।

ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਕੀਤਾ ਗਿਆ, ਜਿਸ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ। ਇਸ ਵਿਸ਼ਾਲ ਨਗਰ ਕੀਰਤਨ ਦੇ ਅੱਗੇ ਸੰਗਤਾਂ ਵੱਲੋਂ ਰਸਤੇ ਦੀ ਸਫਾਈ ਕੀਤੀ ਜਾ ਰਹੀ ਸੀ ਅਤੇ ਪਿਛਲੇ ਪਾਸੇ ਗਤਕਾ ਪਾਰਟੀਆਂ ਆਪਣੇ ਜੌਹਰ ਦਿਖਾ ਰਹੀਆਂ ਸਨ।ਨਗਰ ਕੀਰਤਨ ਦੇ ਚਲਦੇ ਸੰਗਤਾਂ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਵੀ ਲਗਾਏ ਗਏ।ਭਾਈ ਗੁਰਮੀਤ ਸਿੰਘ ਦੇ ਕੀਰਤਨ ਜਥੇ ਵੱਲੋਂ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕੀਤਾ ਜਾ ਰਿਹਾ ਸੀ।ਮਹਾਨ ਨਗਰ ਕੀਰਤਨ ਸ਼ਹਿਰ ਦੀ ਪਰਿਕਰਮਾ ਕਰਕੇ ਵਾਪਸ ਇਤਿਹਾਸਕ ਗੁਰਦੁਆਰਾ ਬਾਬਾ ਬੰਦਾ ਸਿੰਘ ਜੀ ਬਹਾਦਰ ਵਿਖੇ ਪਹੁੰਚਿਆ।

ਇਸ ਮੌਕੇ ਮੈਨੇਜਰ ਸਤਨਾਮ ਸਿੰਘ ਗੋਸਲ, ਸੁਖਜਿੰਦਰ ਸਿੰਘ ਸੋਨੂੰ ਲੰਗਾਹ, ਸੁਖਦੇਵ ਸਿੰਘ ਇੰਸਪੈਕਟਰ, ਨਿਰਮਲ ਸਿੰਘ ਫਲਾਇੰਗ ਵਿਭਾਗ, ਬਲਜਿੰਦਰ ਸਿੰਘ ਹੈੱਡ ਗ੍ਰੰਥੀ ਕਲਾਨੌਰ, ਜਗਦੀਪ ਸਿੰਘ ਰਿਕਾਰਡ ਕੀਪਰ, ਪ੍ਰਗਟ ਸਿੰਘ ਮੂਲੋ ਵਾਲਾ, ਬਲਜੀਤ ਸਿੰਘ ਰੋਜ਼, ਬਲਵਿੰਦਰ ਸਿੰਘ, ਭਾਈ ਦਲਵਿੰਦਰ ਸਿੰਘ ਬਿੱਟੂ, ਰਾਜਿੰਦਰ ਸਿੰਘ, ਰਣਜੀਤ ਸਿੰਘ, ਰਾਜਿੰਦਰ ਸਿੰਘ ਭੰਗੂ, ਸਤਨਾਮ ਸਿੰਘ ਤੋਂ ਇਲਾਵਾ ਸੈਂਕੜੇ ਨਾਨਕ ਨਾਮ ਲੇਵਾ ਸੰਗਤਾਂ ਹਾਜ਼ਰ ਸਨ।

## 3 ਲੱਖ 30 ਹਜ਼ਾਰ ਦੀ ਨਾਜਾਇਜ਼ ਸ਼ਰਾਬ ਬਰਾਮਦ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਥਾਣਾ ਦੀਨਾਨਗਰ ਦੀ ਪੁਲਸ ਨੇ ਛਾਪੇਮਾਰੀ ਕਰ ਕੇ ਭਾਰੀ ਮਾਤਰਾ 'ਚ ਨਾਜਾਇਜ਼ ਸ਼ਰਾਬ ਬਰਾਮਦ ਕਰਨ 'ਚ ਸਫਲਤਾ ਹਾਸਲ ਕੀਤੀ ਹੈ।ਏ. ਐੱਸ. ਆਈ. ਅਸ਼ਵਨੀ ਕੁਮਾਰ ਨੇ ਦੱਸਿਆ ਕਿ ਗੁਪਤ ਸੂਚਨਾ ਮਿਲੀ ਸੀ ਕਿ ਚਾਹਤ ਲੁੱਧੀ ਉਰਫ ਗਿੰਨੀ ਪੁੱਤਰ ਅਸ਼ਵਨੀ ਕੁਮਾਰ ਉਰਫ ਪੱਪੂ ਵਾਸੀ ਨੈਣ ਆਬਾਦੀ ਨਾਜਾਇਜ਼ ਸ਼ਰਾਬ ਅਤੇ ਸ਼ਰਾਬ ਵੇਚਣ ਦਾ ਧੰਦਾ ਕਰਦਾ ਹੈ।ਸੂਚਨਾ ਮਿਲੀ ਸੀ ਕਿ ਬਹਿਰਾਮਪੁਰ ਰੋਡ ਲਿੰਕ ਰੋਡ ਅਵਾਂਖਾ ਛੰਭ ਦੀਨਾਨਗਰ ਰੋਡ ਵਾਲੇ ਪਾਸੇ ਗੰਨੇ ਦੇ ਖੇਤ ਵਿੱਚ ਪਲਾਸਟਿਕ ਦੇ ਡੱਬੇ ਰੱਖੇ ਹੋਏ ਹਨ ਜਿਸ ਵਿੱਚ ਸ਼ਰਾਬ ਹੋ ਸਕਦੀ ਹੈ।ਪੁਲਸ ਜਦੋਂ ਉਕਤ ਦੱਸੇ ਸਥਾਨ 'ਤੇ ਪਹੁੰਚੀ ਤਾਂ ਖੇਤ 'ਚ ਇਕ ਵਿਅਕਤੀ ਖੜ੍ਹਾ ਸੀ ਜੋ ਪੁਲਸ ਪਾਰਟੀ ਨੂੰ ਦੇਖ ਕੇ ਮੌਕੇ ਤੋਂ ਭੱਜ ਗਿਆ।ਖੇਤ ਦੀ ਚੈਕਿੰਗ ਕਰਨ 'ਤੇ 3 ਲੱਖ 30 ਹਜ਼ਾਰ ਰੁਪਏ ਦੀ ਸ਼ਰਾਬ ਬਰਾਮਦ ਹੋਈ।



## ਸੰਗਤਾਂ ਵੱਲੋਂ ਕਲਾਨੌਰ 'ਚ ਲੰਗਰ ਦੀ ਸੇਵਾ

ਕਲਾਨੌਰ (ਮਨਦੀਪ ਕੋਹਲੀ)-ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ



ਮੌਕੇ ਕਲਾਨੌਰ ਵਿਖੇ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿਚ ਸੰਗਤਾਂ ਲਈ ਦੁਕਾਨਦਾਰਾਂ ਵਲੋਂ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਕਲਾਨੌਰ ਦੇ ਸ਼ਿਵ ਮੰਦਰ ਬਾਜ਼ਾਰ ਵਿੱਚ ਮਿੱਠੀ, ਸੁਸ਼ੀਲ ਮਹਾਜਨ, ਰਾਜੇਸ਼ ਮਹਾਜਨ, ਸਾਬੀ ਮਹਾਜਨ, ਦੀਪੂ ਮਹਿੰਦਰੂ, ਕਾਲਾ ਪੰਸੋਤਰਾ, ਸੋਨਾ ਸੰਤ ਆਦਿ ਵੱਲੋਂ ਕੜਾਹ ਪ੍ਰਸ਼ਾਦ ਦਾ ਲੰਗਰ ਲਗਾਇਆ ਗਿਆ।

## ਜਪੁਜੀ ਹੈਲਥ ਕੇਅਰ ਐਂਡ ਰਿਸਰਚ ਸੈਂਟਰ ਨੇ ਦੁੱਧ ਦਾ ਲੰਗਰ ਲਗਾਇਆ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਗੁਰਦੁਆਰਾ ਸ੍ਰੀ ਗੁਰੂ ਕਲਗੀਧਰ ਸਾਹਿਬ ਤੋਂ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਜਨਮ ਦਿਹਾੜੇ ਨੂੰ ਸਮਰਪਿਤ ਇੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜਿਸ ਨਗਰ ਕੀਰਤਨ ਦੀ ਅਗਵਾਈ ਜੁਗੋ ਜੁਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਅਤੇ ਪੰਜ ਪਿਆਰੇ ਕਰ ਰਹੇ ਸਨ।ਇਹ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਚੱਲਣ ਉਪਰੰਤ ਜਪਜੀ ਹੈਲਥ ਕੇਅਰ ਐਂਡ ਰਿਸਰਚ ਸੈਂਟਰ ਵੱਲੋਂ ਫਤਿਹਗੜ੍ਹ ਚੂੜੀਆਂ ਰੋਡ ਬਾਈਪਾਸ ਤੇ ਦੁੱਧ ਦਾ ਲੰਗਰ ਲਗਾਇਆ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਪਰਮਜੀਤ ਸਿੰਘ ਨੇ ਆਖਿਆ ਕਿ ਸਾਨੂੰ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਜਨਮ ਦਿਹਾੜੇ 'ਤੇ ਸਾਰਿਆਂ ਨੂੰ ਨਸ਼ੇ ਛੱਡ ਕੇ ਗੁਰੂ ਸਾਹਿਬ ਦੇ ਦੱਸੇ ਮਾਰਗ 'ਤੇ ਚੱਲਣਾ ਚਾਹੀਦਾ। ਇਸ ਮੌਕੇ ਡਾ. ਪਰਮਜੀਤ ਸਿੰਘ, ਬਲਜਿੰਦਰ ਸਿੰਘ ਮਾਹਲ, ਬਾਵਾ ਸਿੰਘ, ਰਾਜਬੀਰ ਸਿੰਘ ਛੀਨਾ, ਕਰਮਜੀਤ ਸਿੰਘ, ਰਸ਼ਪਾਲ ਸਿੰਘ, ਡਾ. ਹਰਪ੍ਰੀਤ ਸਿੰਘ, ਰਕੇਸ਼ ਭੰਡਾਰੀ, ਪ੍ਰਧਾਨ ਕੇਵਲ ਸਿੰਘ, ਪ੍ਰਧਾਨ ਭੁਪਿੰਦਰ ਸਿੰਘ, ਗੁਰਬੀਰ ਸਿੰਘ, ਰਾਮ ਸਿੰਘ, ਬਿਕਰਮਜੀਤ ਸਿੰਘ ਹੈਪੀ, ਜਸਮੀਨ ਕੌਰ, ਦਵਿੰਦਰ ਕੌਰ, ਕੁਲਵਿੰਦਰ ਕੌਰ, ਕਰਮਜੀਤ ਸਿੰਘ, ਜਗਤਾਰ ਸਿੰਘ ਆਦ ਹਾਜ਼ਰ ਸਨ।



## ਮਾਸਟਰ ਭੁਪਿੰਦਰ ਸਿੰਘ ਸ਼ਹੀਦ ਭਗਤ ਸਿੰਘ ਵੈੱਲਫੇਅਰ ਸੁਸਾਇਟੀ ਦੀਨਾਨਗਰ ਦੇ ਮੈਂਬਰ ਬਣੇ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਸ਼ਹੀਦ ਭਗਤ ਸਿੰਘ ਵੈੱਲਫੇਅਰ ਸੁਸਾਇਟੀ ਦੀਨਾਨਗਰ ਦੇ ਪ੍ਰਧਾਨ ਰਮੇਸ਼ ਪਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਿੰਡ ਦਬੁਰਜੀ ਸ਼ਾਮ ਸਿੰਘ ਵਿਖੇ ਸਥਿਤ ਸੁਸਾਇਟੀ ਦੇ ਦਫ਼ਤਰ ਵਿੱਚ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਮਾਸਟਰ ਭੁਪਿੰਦਰ ਸਿੰਘ ਅਤੇ ਸੁਰਿੰਦਰ ਸਿੰਘ ਨੂੰ ਸੁਸਾਇਟੀ ਦੇ ਮੈਂਬਰ, ਪ੍ਰੋਫੈਸਰ ਸੁਬੀਰ ਰਗਬੌਤਰਾ ਨੂੰ ਪ੍ਰੈੱਸ ਸਕੱਤਰ ਅਤੇ ਕ੍ਰਿਪਾਲ ਸਿੰਘ ਨੂੰ ਜਨਰਲ ਸਕੱਤਰ ਚੁਣਿਆ ਗਿਆ।

ਸੁਸਾਇਟੀ ਮੈਂਬਰਾਂ ਨੇ ਨਵ-ਨਿਯੁਕਤ ਆਗੂਆਂ ਦਾ ਹਾਰ ਪਾ ਕੇ ਸਵਾਗਤ ਕੀਤਾ।ਮਾਸਟਰ ਭੁਪਿੰਦਰ ਸਿੰਘ ਕੋਲ ਬੀ.ਐੱਡ, ਐੱਮ.ਏ. ਪੰਜਾਬੀ, ਐੱਮ. ਏ ਆਫ਼ ਐਜੂਕੇਸ਼ਨ, ਐੱਮ. ਏ ਟੂਰਿਜ਼ਮ ਮੈਨੇਜਮੈਂਟ, ਐੱਮ.ਫਿਲ ਪੰਜਾਬੀ ਦੀ ਵਿੱਦਿਅਕ ਯੋਗਤਾ ਹੈ।ਮਾਸਟਰ ਭੁਪਿੰਦਰ ਸਿੰਘ, ਪ੍ਰੋਫੈਸਰ ਸੁਬੀਰ ਰੰਗੋਤਰਾ ਅਤੇ ਕ੍ਰਿਪਾਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਹ ਪੂਰੀ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਸਮਾਜ ਵਿੱਚ ਕੰਮ ਕਰਨਗੇ।

ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਭਗਵਾਨ ਦਾਸ, ਸੂਬੇਦਾਰ ਦਲਵਿੰਦਰ ਸਿੰਘ, ਬਲਵਿੰਦਰ ਸਿੰਘ, ਅਸ਼ਵਨੀ ਕੁਮਾਰ, ਰਮੇਸ਼ ਚੰਦ, ਦੀਪਕ ਸਿੰਗਲਾ, ਦਲਬੀਰ ਚੰਦ, ਜੋਧ ਰਾਜ, ਸੁਭਾਸ਼ ਕੁਮਾਰ, ਪਰਮਜੀਤ, ਕਮਲ ਕਿਸ਼ੋਰ, ਸਰਬਜੀਤ, ਸੰਜੀਵ ਕੁਮਾਰ, ਮੰਗਲ ਦਾਸ, ਰਾਕੇਸ਼ ਕੁਮਾਰ, ਪ੍ਰਸ਼ੋਤਮ ਲਾਲ, ਯੋਗੇਸ਼ ਕੁਮਾਰ, ਤਜਿੰਦਰ ਸਿੰਘ, ਦਿਸ਼ਾਂਤ ਸਮਰਾਲ ਅਸ਼ਬਾਨੀ, ਡਾ: ਸੁਭਾਸ਼, ਰਮਨਦੀਪ ਆਦਿ ਹਾਜ਼ਰ ਸਨ।

## ਜੁਝਾਰੂ ਆਗੂ ਜਹਾਂਗੀਰ ਦਾ ਸੇਜਲ ਅੱਖਾਂ ਨਾਲ ਅੰਤਿਮ ਸੰਸਕਾਰ

**ਵੇਰਕਾ (ਰਾਣਾ)**-ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ ਦੇ ਜ਼ਿਲਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ ਦੇ ਅਤਿਅੰਤ ਨੇੜਲੇ ਸਾਥੀ ਅਤੇ ਜਥੇਬੰਦਕ ਜੁਝਾਰੂ ਆਗੂ ਜਗੀਰ ਸਿੰਘ ਜਹਾਂਗੀਰ ਜਿਹੜੇ ਸੰਖੇਪ ਜਿਹੀ ਬਿਮਾਰੀ ਕਾਰਨ ਅਚਨਚੇਤ ਬੀਤੇ ਕੱਲ੍ਹ ਨੂੰ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ। ਉਨ੍ਹਾਂ ਨੂੰ ਅਚਨਚੇਤ ਢਿੱਡ 'ਚ ਅਸਿਹ ਪੀੜ ਹੋਣ ਉਪਰੰਤ ਸ੍ਰੀ ਗੁਰੂ ਰਾਮਦਾਸ ਮੈਡੀਕਲ ਹਸਪਤਾਲ ਵੱਲਾ, ਅੰਮ੍ਰਿਤਸਰ ਵਿਖੇ ਭਰਤੀ ਕਰਵਾਇਆ ਗਿਆ ਸੀ ਜਿੱਥੇ ਉਨ੍ਹਾਂ ਦੀ ਸਿਹਤ 'ਚ ਸੁਧਾਰ ਹੋਣ ਉਪਰੰਤ ਉਨ੍ਹਾਂ ਦੇ ਹਿਰਦੇ ਦੀ ਅਚਾਨਕ ਧੜਕਣ ਰੁਕ ਗਈ।ਉਹ ਲਗਭਗ 59 ਵਰ੍ਹਿਆਂ ਦੇ ਸਨ। ਇਸ ਉਪਰੰਤ ਜਗੀਰ ਸਿੰਘ ਜਹਾਂਗੀਰ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਜਹਾਂਗੀਰ ਵਿਖੇ ਸੈਂਕੜੇ ਸੇਜਲ ਅੱਖਾਂ ਨਾਲ ਕਰ ਦਿੱਤਾ ਗਿਆ।ਇਸ ਮੌਕੇ ਸਮੂਹ ਦੁਖੀ ਪਰਿਵਾਰ ਅਤੇ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ ਨਾਲ ਹਮਦਰਦੀ ਪ੍ਰਗਟ ਕਰਨ ਵਾਲਿਆਂ ਵਿੱਚ ਜਥੇਬੰਦਕ ਚੀਫ ਆਰਗੇਨਾਈਜ਼ਰ ਕਰਨਰਾਜ ਸਿੰਘ ਗਿੱਲ, ਸੂਬਾਈ ਕਾਨੂੰਨੀ ਸਲਾਹਕਾਰ ਮਨਜੀਤ ਸਿੰਘ ਵਿਰਕ, ਸੂਬਾ ਪ੍ਰੈੱਸ ਸਕੱਤਰ ਹਰਬਿੰਦਰ ਸਿੰਘ ਰਾਣਾ (ਖੁਸ਼ੀਪੁਰ) ਜ਼ਿਲਾ ਜਰਨਲ ਸਕੱਤਰ ਕੁਲਜੀਤ ਸਿੰਘ ਵੇਰਕਾ, ਸਲਾਹਕਾਰ ਹਰਮਨਦੀਪ ਸਿੰਘ ਛੀਨਾ, ਵਿੱਤ ਸਕੱਤਰ ਹਰਪਾਲ ਸਿੰਘ ਓਠੀਆ, ਮੀਤ ਪ੍ਰਧਾਨ ਮਨਜੀਤ ਸਿੰਘ ਸੋਹੀਆ ਖੁਰਦ, ਅਮਰਿੰਦਰ ਸਿੰਘ ਛੀਨਾ, ਰਣਜੀਤ ਸਿੰਘ ਰਾਣਾ ਬਲਾਕ ਪ੍ਰਧਾਨ ਐਲੀਮੈਂਟਰੀ ਟੀਚਰ ਯੂਨੀਅਨ ਪੰਜਾਬ, ਨਰਿੰਦਰ ਸਿੰਘ ਨਿੰਦਾ ਅਤੇ ਗੁਰਮੀਤ ਸਿੰਘ ਆਦਿ ਵੀ ਹਾਜ਼ਰ ਸਨ।

## ਸ: ਪ੍ਰਿਥੀਪਾਲ ਸਿੰਘ ਅਠੌਲਾ ਯਾਦਗਾਰੀ ਐਵਾਰਡ ਡਾ: ਲਖਵਿੰਦਰ ਜੌਹਲ ਦੀ ਝੋਲੀ



**ਬਾਬਾ ਬਕਾਲਾ ਸਾਹਿਬ/ਬੁਤਾਲਾ (ਨਿਰਮਲ ਸਿੰਘ ਸੰਘਾ)**-ਪਿਛਲੇ 40 ਸਾਲਾਂ ਤੋਂ ਲਗਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸੇਵਾਵਾਂ ਨਿਭਾਉਣ ਵਾਲੀ ਮਾਝੇ ਦੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ, ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਸਭਾ ਦੇ ਬਾਨੀ ਸਰਪ੍ਰਸਤ ਅਤੇ 'ਕੌਮੀ ਸਵਤੰਤਰ' ਦੇ ਬਾਨੀ ਸੰਸਥਾਪਕ ਸ: ਪ੍ਰਿਥੀਪਾਲ ਸਿੰਘ ਅਠੌਲਾ ਯਾਦਗਾਰੀ ਐਵਾਰਡ-2025 ਐਤਕੀਂ ਡਾ: ਲਖਵਿੰਦਰ ਜੌਹਲ ਸਾ: ਪ੍ਰਧਾਨ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਨੂੰ ਦਿੱਤਾ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮਤਿ ਪ੍ਰਧਾਨ ਅਤੇ ਬਾਬਾ ਬਕਾਲਾ ਸਾਹਿਬ ਸਾਹਿਤ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਦੱਸਿਆ ਹੈ ਕਿ 8 ਜਨਵਰੀ, 2025, ਦਿਨ ਬੁੱਧਵਾਰ ਨੂੰ ਮੀਟਿੰਗ ਹਾਲ, ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਸਵੇਰੇ 11 ਵਜੇ ਹੋਣ ਜਾ ਰਹੇ ਇਸ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਡਾ: ਹਰਜਿੰਦਰ ਸਿੰਘ ਅਟਵਾਲ (ਸੀਨੀਅਰ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ), ਡਾ: ਗੋਪਾਲ ਸਿੰਘ ਬੁੱਟਰ (ਸਾ: ਮੁਖੀ ਪੰਜਾਬੀ ਵਿਭਾਗ ਲਾਇਲਪੁਰ ਖਾਲਸਾ ਕਾਲਜ ਜਲੰਧਰ), ਸ: ਦੀਪ ਦਵਿੰਦਰ ਸਿੰਘ (ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ), ਗੁਰਮੀਤ ਸਿੰਘ ਬਾਜਵਾ (ਕਾਰਜਕਾਰਨੀ ਮੈਂਬਰ ਕੇਂਦਰੀ ਪੰਜਾਬੀ ਲੇਖਕ ਸਭਾ) ਸੁਸ਼ੋਭਿਤ ਹੋਣਗੇ ਅਤੇ ਹਾਜ਼ਰੀਨ ਵੱਲੋਂ ਕਵਿਤਾ ਪਾਠ ਵੀ ਹੋਵੇਗਾ ।

ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਡਾ: ਪਰਮਜੀਤ ਸਿੰਘ ਬਾਠ ਅਤੇ ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਨੇ ਸਮੂਹ ਸਾਹਿਤਕਾਰਾਂ ਨੂੰ ਪੁੱਜਣ ਲਈ ਅਪੀਲ ਕੀਤੀ ਹੈ।

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਗੁਰਦੁਆਰਾ ਸਿੰਘ ਸਭਾ (ਛੋਟੀ ਖੂਹੀ) ਧਾਰੀਵਾਲ ਤੋਂ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਗੁਰਦੁਆਰਾ ਸਿੰਘ ਸਭਾ ਸਾਹਿਬ ਤੋਂ ਆਰੰਭ ਹੋ ਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਹੁੰਦਾ ਹੋਇਆ ਰਣੀਆਂ ਅਤੇ ਨਵੀਂ ਆਬਾਦੀ ਤੋਂ ਮੁੜ ਵਾਪਿਸ ਦੇਰ ਸ਼ਾਮ ਨੂੰ ਅਰੰਭਿਕ ਸਥਾਨ 'ਤੇ ਸਮਾਪਤ ਹੋਇਆ।

ਨਗਰ ਕੀਰਤਨ ਦੌਰਾਨ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਵਿੱਚ ਗਤਕਾ ਖਿਡਾਰੀਆਂ ਨੇ ਪੜਾਅਵਾਰ ਗਤਕੇ ਦੇ ਜੌਹਰ ਵਿਖਾਏ। ਨਗਰ ਕੀਰਤਨ ਦਾ ਸ਼ਰਧਾਲੂਆਂ ਵਲੋਂ ਥਾਂ-ਥਾਂ 'ਤੇ ਭਰਵਾਂ ਸਵਾਗਤ ਕੀਤਾ ਅਤੇ ਸੰਗਤਾਂ ਲਈ ਲੰਗਰ ਲਗਾਏ ਗਏ। ਨਗਰ ਕੀਰਤਨ ਵਿੱਚ ਗੁਰਦੁਆਰਾ ਸਿੰਘ ਸਭਾ ਦੇ ਪ੍ਰਧਾਨ ਬਲਵਿੰਦਰ ਸਿੰਘ ਪਲਾਈਆਂ ਵਾਲਾ, ਮੁਖਵੰਤ ਸਿੰਘ ਨਾਗੀ, ਬੇਬੇ ਨਾਨਕੀ ਜੀ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਮਰਜੀਤ ਸਿੰਘ ਹੈਪੀ, ਡਾ. ਗੁਰਜਿੰਦਰ ਸਿੰਘ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ, ਆਮ ਆਦਮੀ ਪਾਰਟੀ ਦੇ ਆਗੂ ਡਾ. ਕਮਲਜੀਤ ਸਿੰਘ ਕੇਜੇ, ਬੁਰਜ ਸਾਹਿਬ ਸਕੂਲ ਦੇ ਪ੍ਰਿੰ. ਅਨੂਪ ਸਿੰਘ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਿੰ. ਗਗਨਜੀਤ ਕੌਰ, ਹਿੰਦੂ ਕੰਨਿਆ ਮਹਾਂਵਿਦਿਆਲਾ ਕਾਲਜ ਦੇ ਪ੍ਰਧਾਨ ਐਂਨ. ਡੀ. ਅਨੰਦ ਤੇ ਪ੍ਰਿੰ. ਡਾ. ਰਾਜਵਿੰਦਰ ਕੌਰ ਨਾਗਰਾ, ਗੁਰਜੀਤ ਸਿੰਘ ਲੇਹਲ, ਪਲਵਿੰਦਰ ਸਿੰਘ ਤੇਜਾ, ਕੇਵਲ ਸਿੰਘ, ਇੰਦਰਪਾਲ ਸਿੰਘ ਅਰੋੜਾ, ਹਿਊਮਨ ਰਾਈਟਸ ਸੁਰੱਕਸ਼ਾ ਸੁਸਾਇਟੀ ਦੇ ਪੰਜਾਬ ਪ੍ਰਧਾਨ ਇੰਜ ਜੇਪੀ ਸਿੰਘ, ਸਤਿਗੁਰੂ ਕਬੀਰ ਮੰਦਿਰ ਕਮੇਟੀ ਫੱਜੂਪੁਰ ਨੇ ਪ੍ਰਧਾਨ ਅਸ਼ਵਨੀ ਫੱਜੂਪੁਰ, ਬਲਦੇਵ ਸਿੰਘ ਨਿਮਾਣਾ, ਹਰਭਜਨ ਸਿੰਘ ਭਾਟੀਆ ਦੂੱਲੂਆਣਾ, ਬਲਜੀਤ ਸਿੰਘ ਨਾਗੀ, ਜਸਪਾਲ ਸਿੰਘ, ਬੂਆ ਸਿੰਘ, ਗੁਰਮੇਜ ਸਿੰਘ, ਅੰਮ੍ਰਿਤਪਾਲ ਸਿੰਘ ਲਾਲੀ ਆਦਿ ਤੋਂ ਇਲਾਵਾ ਵੀ ਹੋਰ ਸੇਵਾਦਾਰ ਅਤੇ ਇਲਾਕੇ ਦੀਆਂ ਮੁੱਖ ਸ਼ਖ਼ਸੀਅਤਾਂ ਸਮੇਤ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ 'ਚ ਸ਼ਾਮਲ ਸਨ।

## ਮੁਜਾਰੇ ਕਿਸਾਨ ਬਲਵਿੰਦਰ ਸਿੰਘ ਤੇ ਕਸ਼ਮੀਰ ਸਿੰਘ ਦੀ ਸ਼ਹਾਦਤ ਨੂੰ ਨਮਨ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪਿੰਡ ਖੰਨਾ ਚਮਾਰਾਂ ਵਿਖੇ ਤਿੰਨ ਨਵੰਬਰ 2009 ਨੂੰ ਐੱਸਜੀਪੀਸੀ ਦੀ ਹਥਿਆਰਬੰਦ ਟਾਸਕ ਫੋਰਸ ਅਤੇ ਪੁਲਸ ਪਾਰਟੀ ਦੇ ਸਾਂਝੇ ਐਕਸ਼ਨ ਵਿੱਚ ਸ਼ਹੀਦ ਕੀਤੇ ਗਏ ਮੁਜਾਰੇ ਕਿਸਾਨ ਬਲਵਿੰਦਰ ਸਿੰਘ ਅਤੇ ਕਸ਼ਮੀਰ ਸਿੰਘ ਦਾ ਸ਼ਹੀਦੀ ਦਿਨ ਮਨਾਇਆ ਗਿਆ। ਸ਼ਹੀਦੀ ਕਾਨਫਰੰਸ ਵਿੱਚ ਬੋਲਦਿਆਂ ਆਲ ਇੰਡੀਆ ਕਿਸਾਨ ਸਭਾ ਦੇ ਸੂਬਾਈ ਆਗੂ ਗੁਲਜ਼ਾਰ ਸਿੰਘ ਬਸੰਤਕੋਟ, ਦਿਲਬਾਗ ਸਿੰਘ ਡੋਗਰ, ਪੰਜਾਬ ਕਿਸਾਨ ਯੂਨੀਅਨ ਦੇ ਆਗੂ ਸੁਖਦੇਵ ਸਿੰਘ ਭਾਗੋਕਾਵਾਂ, ਅਸ਼ਵਨੀ ਕੁਮਾਰ ਲੱਖਣ ਕਲਾਂ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਕਰੀਬ 8 ਦਹਾਕਿਆਂ ਤੋਂ ਐੱਸਜੀਪੀਸੀ ਦੀ ਜ਼ਮੀਨ ਨੂੰ ਆਬਾਦ ਕਰਕੇ ਇੱਥੇ ਵਸੇ ਮੁਜਾਰੇ ਕਿਸਾਨਾਂ ਨੂੰ ਉਜਾੜਨ ਲਈ ਐੱਸਜੀਪੀਸੀ ਨੇ 3 ਨਵੰਬਰ 2009 ਨੂੰ ਹਥਿਆਰਬੰਦ ਹਮਲਾ ਕਰ ਦਿੱਤਾ ਸੀ ਜਿਸ ਦਾ ਮੁਜਾਰਿਆਂ ਨੇ ਸਖਤ ਵਿਰੋਧ ਕੀਤਾ ਅਤੇ ਦੋ ਮੁਜਾਰੇ ਮੌਕੇ 'ਤੇ ਮਾਰੇ ਗਏ, ਜਿਨ੍ਹਾਂ ਦੀ ਮੌਤ ਬਾਬਤ ਕਰੀਬ ਦੋ ਦਰਜਨ ਐੱਸਜੀਪੀਸੀ ਦੇ ਅਹੁਦੇਦਾਰਾਂ ਤੇ ਮੁਲਾਜ਼ਮਾਂ ਖਿਲਾਫ 302 ਦਾ ਪਰਚਾ ਦਰਜ ਹੋਇਆ ਸੀ ਅਤੇ ਆਖਰ ਐੱਸਜੀਪੀਸੀ ਨੇ ਮੁਜਾਰਿਆਂ ਦੀ ਜਥੇਬੰਦੀ ਨਾਲ ਹਰ ਸਾਲ 5 ਫੀਸਦ ਵਾਧੇ ਨਾਲ 2500 ਰੁਪਏ ਸਾਲਾਨਾ ਠੇਕਾ ਲੈਣ ਦਾ ਅਦਾਲਤੀ ਸਮਝੌਤਾ ਕਰ ਲਿਆ ਸੀ ਪਰ ਇਸ ਦੇ ਬਾਵਜੂਦ ਐੱਸਜੀਪੀਸੀ ਦੀ ਪ੍ਰਬੰਧਕ ਕਮੇਟੀ ਮੁਜਾਰਿਆਂ ਨੂੰ ਲਗਾਤਾਰ ਪਰੇਸ਼ਾਨ ਕਰ ਰਹੀ ਅਤੇ ਅਦਾਲਤੀ ਚੱਕਰਾਂ ਵਿੱਚ ਫਸਾ ਰਹੀ ਹੈ ਜੋ ਬਰਦਾਸ਼ਤ ਨਹੀ ਕੀਤਾ ਜਾਵੇਗਾ।ਆਗੂਆਂ 4 ਜਨਵਰੀ ਨੂੰ ਟੋਹਾਣੇ ਦੀ ਕਿਸਾਨ ਪੰਚਾਇਤ ਵਿੱਚ ਸ਼ਾਮਿਲ ਹੋਣ ਜਾਂਦਿਆਂ ਤਿੰਨ ਔਰਤ ਕਿਸਾਨਾਂ ਦੇ ਮਾਰੇ ਜਾਣ ਅਤੇ ਬਹੁਤ ਸਾਰਿਆਂ ਦੇ ਜਖਮੀ ਹੋਣ ਉਪਰੰਤ ਕਿਸਾਨਾਂ ਦੇ ਪਰਿਵਾਰਾਂ ਨਾਲ ਹਮਦਰਦੀ ਜ਼ਾਹਰ ਕਰਦਿਆਂ ਪੰਜਾਬ ਸਰਕਾਰ ਤੋਂ ਮ੍ਰਿਤਕਾਂ ਦੇ ਪਰਿਵਾਰਾਂ ਨੂੰ 10-10 ਲੱਖ ਰੁਪਿਆ ਮੁਆਵਜ਼ਾ ਦੇਣ ਅਤੇ ਇੱਕ ਇੱਕ ਨੌਕਰੀ ਦੇਣ ਦੀ ਮੰਗ ਕੀਤੀ। ਮੁਜਾਰੇ ਸ਼ਹੀਦ ਕਿਸਾਨਾਂ ਸਮੇਤ ਸ਼ਹੀਦ ਔਰਤਾਂ ਨੂੰ ਸ਼ਰਧਾਂਜਲੀ ਭੇਟ ਗਈ।ਕਾਨਫਰੰਸ ਵਿੱਚ ਗੁਰਦੀਪ ਸਿੰਘ ਕਾਮਲਪੁਰ, ਮਾਸਟਰ ਲਖਵਿੰਦਰ ਸਿੰਘ ਸਿੱਧੂ ਰੋਸਾ, ਜੋਗਿੰਦਰ ਪਾਲ ਲੇਹਲ, ਦਲਬੀਰ ਭੋਲਾ ਮਲਕਵਾਲ, ਪ੍ਰੇਮ ਮਸੀਹ ਸੋਨਾ, ਬਚਨ ਸਿੰਘ ਤੇਜਾ ਕਲਾਂ, ਮਨਜੀਤ ਸਿੰਘ ਖਹਿਰਾ, ਸੱਤਾ ਛੀਨਾ, ਅਰਜਨ ਸਿੰਘ ਅਤੇ ਕੁਲਵੰਤ ਸਿੰਘ ਰਾਮਦਵਾਲੀ ਸ਼ਾਮਿਲ ਸਨ।

## ਪ੍ਰਸ਼ਾਸਨ ਦੇ ਨੱਕ ਹੇਠ ਚਾਈਨਾ ਡੋਰ ਦਾ ਘਾਤਕ ਵਾਰ ਅੱਜ ਵੀ ਜਾਰੀ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਗ੍ਰਾਮ ਸੁਧਾਰ ਸਭਾ ਬਹਿਰਾਮਪੁਰ ਵੱਲੋਂ ਪ੍ਰਧਾਨ ਵਿਜੇ ਸਲਾਰੀਆ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ।ਸਲਾਰੀਆ ਨੇ ਬੱਚਿਆਂ ਅਤੇ ਨੌਜਵਾਨਾਂ ਵੱਲੋਂ ਪਤੰਗ ਉਡਾਉਣ ਸਮੇਂ ਵਰਤੀ ਜਾਂਦੀ ਚਾਈਨਾ ਡੋਰ ਨਾਲ ਹੋਣ ਵਾਲੇ ਨੁਕਸਾਨ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਭਿਆਨਕ ਚਾਈਨਾ ਡੋਰ ਕਾਰਨ ਬੱਚੇ, ਬਜ਼ੁਰਗ ਅਤੇ ਆਮ ਲੋਕ ਹਰ ਰੋਜ਼ ਜ਼ਖ਼ਮੀ ਹੋ ਰਹੇ ਹਨ।ਜਦਕਿ ਕਈ ਮੌਤ ਦਾ ਸਾਹਮਣਾ ਕਰ ਰਹੇ ਹਨ।ਪਰ ਪ੍ਰਸ਼ਾਸਨ ਬਿਆਨਬਾਜ਼ੀ ਕਰਨ ਤੋਂ ਇਲਾਵਾ ਇਸ ਦੀ ਰੋਕਥਾਮ ਲਈ ਕੋਈ ਸੰਜੀਦਗੀ ਨਹੀਂ ਲੈ ਰਿਹਾ।ਪਿੰਡ ਦੇ ਸੂਝਵਾਨ ਲੋਕਾਂ ਨੇ ਪੁਲਸ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ 'ਤੇ ਜ਼ਮੀਨੀ ਪੱਧਰ 'ਤੇ ਸਖ਼ਤੀ ਨਾਲ ਪਾਬੰਦੀ ਲਗਾਈ ਜਾਵੇ ਤਾਂ ਜੋ ਆਉਣ ਵਾਲੇ ਸਮੇਂ 'ਚ ਜਾਨੀ ਅਤੇ ਮਾਲੀ ਤੋਂ ਆਮ ਲੋਕਾਂ ਨੂੰ ਬਚਾਇਆ ਜਾ ਸਕੇ। ਇਸ ਮੌਕੇ ਰਵਿਦਾਸ ਮੰਦਰ ਸਭਾ ਬਹਿਰਾਮਪੁਰ ਦੇ ਪ੍ਰਧਾਨ ਤਰਲੋਕ ਚੰਦ, ਪ੍ਰਧਾਨ ਚਰਨਦਾਸ, ਸਕੱਤਰ ਗ੍ਰਾਮ ਸੁਧਾਰ ਸਭਾ ਬਹਿਰਾਮਪੁਰ ਦੇਸਰਾਜ, ਅਨੂਪ ਸਿੰਘ, ਡਿਪਟੀ ਡਾਇਰੈਕਟਰ ਮੈਡੀਕਲ ਕਾਲਜ ਅਤੇ ਹਸਪਤਾਲ ਪਠਾਨਕੋਟ ਵਿਜੇ ਸਲਾਰੀਆ, ਠਾਕੁਰ ਬਲਬੀਰ ਸਿੰਘ, ਜੁਗਲ ਕਿਸ਼ੋਰ ਸ਼ਰਮਾ ਹਾਜ਼ਰ ਸਨ।



## ਜਨਤਾ ਦਲ (ਯੂ) ਪੰਜਾਬ ਦੀ ਸਿਆਸਤ 'ਚ ਸਿਆਸੀ ਬਦਲ ਵਜੋਂ ਉਭਰ ਸਕਦੈ

ਅੰਮ੍ਰਿਤਸਰ (ਜਸਬਰਿ ਸਿੰਘ ਪੱਟੀ)-ਰਾਜਨੀਤਕ ਹਲਕਿਆਂ 'ਚ ਜਨਤਾ ਦਲ (ਯੂ) ਕੌਮੀ ਸਿਆਸਤ 'ਚ ਅਹਿਮ ਭੂਮਿਕਾ ਨਿਭਾਉਣ ਦੇ ਨਾਲ-ਨਾਲ ਪੰਜਾਬ ਵੱਲ ਰੁਖ ਕਰ ਚੁੱਕਾ।ਕੁਝ ਸਮਾਂ ਪਹਿਲਾਂ ਵੀ ਪੰਜਾਬ ਦੀ ਸਿਆਸਤ 'ਚ ਦਖ਼ਲ ਦੇਣ ਤੋਂ ਬਾਅਦ ਖੇਤਰੀ ਸਿਆਸਤ ਤੋਂ ਕਿਨਾਰਾ ਕਰ ਲਿਆ ਸੀ, ਪਰ ਹੁਣ ਕੌਮੀ ਜਮਹੂਰੀ ਗਠਜੋੜ 'ਚ ਪ੍ਰਭਾਵਸ਼ਾਲੀ ਕੱਦ ਵਧਾਉਣ ਤੋਂ ਬਾਅਦ ਪੰਜਾਬ 'ਚ ਮਜ਼ਬੂਤ ਅਧਾਰ ਬਣਾਉਣ ਲਈ ਯਤਨ ਸ਼ੁਰੂ ਕਰ ਦਿੱਤੇ ਹਨ।ਦਿਲਚਸਪ ਗੱਲ ਇਹ ਹੈ ਕਿ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਰਤ ਸਰਕਾਰ ਨੇ ਕਿਸਾਨ ਵਿਰੋਧੀ 3 ਬਿੱਲ ਪਾਸ ਕਰਕੇ ਕਿਸਾਨ ਸੱਥ 'ਚ 'ਭਾਜਪਾ' ਲਈ ਬੱਡੀ ਬਿਪਤਾ ਸਹੇੜ ਰੱਖੀ ਹੈ।ਪੰਜਾਬ 'ਚ ਭਾਜਪਾ ਅਤੇ ਕਿਸਾਨਾਂ ਦੇ ਵਿਚਕਾਰ ਹੁੰਦੇ ਰਹੇ 'ਤਕਰਾਰ' ਦੇ ਨਤੀਜੇ ਵਜੋਂ ਭਾਜਪਾ ਦੇ ਦਲ ਉਹ ਸਾਰੇ ਉਮੀਦਵਾਰ ਵਿਧਾਨ ਸਭਾ ਦੀਆਂ ਚੋਣਾਂ 'ਚ ਲੋਕਾਂ ਦੁਆਰਾ ਹਰਾ ਦਿੱਤੇ ਗਏ ਸਨ।ਭਾਵੇਂ ਕਿ ਭਾਜਪਾ ਨੇ ਦੂਸਰੀਆਂ ਪਾਰਟੀਆਂ ਤੋਂ ਆਉਣ ਵਾਲੇ ਮੌਜੂਦਾ ਤੇ ਸਾਬਕਾ ਵਿਧਾਇਕਾਂ ਨੂੰ ਵਾਈ ਸ਼੍ਰੇਣੀ ਦੀ ਸੁਰੱਖਿਆ ਵੀ ਪ੍ਰਦਾਨ ਕੀਤੀ ਸੀ, ਪਰ ਲੋਕਾਂ 'ਚ ਆਪਣਾ ਸਿਆਸੀ ਵਕਾਰ ਗੁਆ ਚੁੱਕੇ ਲੀਡਰ ਭਾਜਪਾ ਦੀ ਕਸੌਟੀ ਦੇ ਖਰੇ ਨਹੀਂ ਸਨ ਉਤਰ ਪਾਏ।ਜੇਡੀਯੂ ਜਿਸ ਦਾ ਪੰਜਾਬ ਵਿੱਚ ਨਾ ਹੀ ਜਾਤੀ ਵਿਰੋਧ ਹੈ, ਨਾ ਹੀ ਕਿਸੇ ਨਾਲ ਕੋਈ ਸਿਆਸੀ ਮਤਭੇਦ ਹਨ।ਪੰਜਾਬ 'ਚ ਜਨਤਾ ਦਲ (ਯੂ) ਨੂੰ ਪੰਜਾਬ 'ਚ ਸਿਆਸੀ ਬਦਲ ਵਜੋਂ ਵੇਖਿਆ ਜਾ ਸਕਦਾ ਹੈ ਕਿਉਂਕਿ ਕੇਂਦਰ 'ਚ ਜੇਡੀਯੂ ਦੀ ਮਜ਼ਬੂਤ ਪਕੜ ਅਤ ਜੇਡੀਯੂ ਦੇ ਕੌਮੀ ਪ੍ਰਧਾਨ ਨਤੀਸ਼ ਕੁਮਾਰ ਮੁੱਖ ਮੰਤਰੀ ਬਿਹਾਰ ਹੋਣ ਕਰਕੇ ਪੰਜਾਬ ਦੀ ਜੇਡੀਯੂ ਦੀ ਲੀਡਰਸ਼ਿਪ ਸੂਬੇ ਦੀ ਸਿਆਸਤ 'ਚ ਵਿਰੋਧੀ ਧਿਰ ਦਾ ਰੋਲ ਵੀ ਤਕੜੇ ਹੋ ਕੇ ਨਿਭਾਏਗੀ ਅਤੇ ਕੇਂਦਰ 'ਚ ਭਾਈਵਾਲ ਹੋਣ ਕਰਕੇ ਸਤਾ ਦੇ ਗਲਿਆਰਿਆਂ 'ਚ ਵੀ ਰਹੇਗੀ।ਰਹੀ ਗੱਲ ਪੰਜਾਬ 'ਚ ਸੱਤਾ 'ਚ ਜਾਣ ਬਾਰੇ ਤਾਂ ਇਹ ਅਨੁਮਾਨ ਹੈ ਕਿ ਜੇਡੀਯੂ ਫਾਰਮੂਲੇ ਅਤੇ ਕੂਟਨੀਤਕ ਪੱਖੋਂ ਕਿਸੇ ਵੇਲੇ ਵੀ ਕੋਈ ਵੀ ਸਿਆਸੀ ਫੈਸਲਾ ਲੈ ਸਕਦੀ ਹੈ।ਸਭ ਤੋਂ ਖਾਸ ਗੱਲ ਇਹ ਹੈ ਕਿ ਯੂਪੀ, ਬਿਹਾਰ ਤੋਂ ਪੰਜਾਬ 'ਚ ਮਿਹਨਤ ਮਜ਼ਦੂਰੀ ਲਈ ਆਏ ਪ੍ਰਵਾਸੀ ਜਨਤਾ ਦਲ (ਯੂ) ਦੀ ਵੋਟ ਬੈਂਕ ਬਣ ਕੇ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਜੇਡੀਯੂ ਨੂੰ ਅਸੈਂਬਲੀ ਤੱਕ ਪਹੁੰਚਾਉਣ 'ਚ ਅਹਿਮ ਭੂਮਿਕਾ ਨਿਭਾਉਣ ਵੱਲ ਦਿਲਚਸਪੀ ਦਿਖਾ ਸਕਦੇ ਹਨ।ਪੰਜਾਬ ਦੀ ਸਿਆਸਤ 'ਚ 'ਆਪ' ਜੋ ਕਦੇ ਲੋਕਾਂ ਲਈ 'ਵਿਕਲਪ' ਸੀ ਹੁਣ ਇਸ ਦਾ ਪ੍ਰਭਾਵ ਮੱਠਾ ਪੈਂਦਾ ਨਜ਼ਰ ਆ ਰਿਹਾ ਹੈ। ਪੰਜਾਬ ਦੀ ਰਵਾਇਤੀ ਜ਼ਮਾਤ ਰਹੀ ਸ਼੍ਰੋਮਣੀ ਅਕਾਲੀ ਦਲ ਬਾਦਲ ਅੱਜ ਕੱਲ 'ਹਾਸ਼ੀਏ' ਤੇ ਹੈ।ਬਸਪਾ ਦਾ ਪੰਜਾਬ 'ਚ ਆਧਾਰ ਵੀ ਬਹੁਤਾ ਮਜ਼ਬੂਤ ਨਹੀ ਹੈ।'ਖੱਬੂ' ਲਹਿਰਾਂ ਸੰਘਰਸ਼ ਦੇ ਮੈਦਾਨ 'ਚ ਤਕੜੀਆਂ ਹਨ, ਪਰ ਵੋਟ ਬੈਂਕ ਪੱਖੋਂ ਕਮਜ਼ੋਰ ਹਨ।ਕਾਂਗਰਸ ਪਾਰਟੀ 'ਤੇ ਲੋਕਾਂ ਨੂੰ ਉਮੀਦ ਹੈ ਕਿ ਪੰਜਾਬ ਦੀ ਸੱਤਾ 'ਚ ਇਨ੍ਹਾਂ ਦੀ ਵਾਪਸੀ ਜ਼ਰੂਰ ਹੋਵੇਗੀ ਕਿਉਂਕਿ ਪੰਜਾਬ 'ਚ ਵਿਰੋਧੀ ਧਿਰ ਹੋਣ ਕਰਕੇ ਇਸ ਦੇ 2027 ਦੇ ਚੋਣ ਨਤੀਜੇ 'ਪ੍ਰਮਾਣਿਤ' ਹੋ ਸਕਦੇ ਹਨ।ਭਾਵੇਂ ਕਿ ਅਜੇ ਤੱਕ 'ਜੇਡੀਯੂ' ਨੇ ਪੰਜਾਬ ਦੀ ਸਿਆਸਤ ਬਾਰੇ ਕੋਈ ਪੱਤਾ ਨਹੀਂ ਖੇਡਿਆ ਹੈ।ਫਿਰ ਵੀ ਕਨਸੋਆਂ ਹਨ ਕਿ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਜੇਡੀਯੂ ਖੇਤਰੀ ਪੱਧਰ ਤੇ ਸੰਘਾਤਮਕ ਢਾਂਚੇ ਦੀ ਹਮਾਇਤ ਦਾ ਹੋਕਾ ਦੇ ਸਕਦੀ ਹੈ।ਇਹ ਅਨੁਮਾਨ ਸਿਆਸੀ ਵਿਸ਼ਲੇਸ਼ਣਾ ਵੱਲੋਂ ਲਗਾਇਆ ਜਾ ਰਿਹਾ ਹੈ।ਜੇਡੀਯੂ ਦੇ ਕੌਮੀ ਪ੍ਰਧਾਨ ਨਤੀਸ਼ ਕੁਮਾਰ ਮੁੱਖ ਮੰਤਰੀ ਬਿਹਾਰ ਨੇ ਪੰਜਾਬ ਦੀ ਵਾਗਡੋਰ ਮਾਲਵਿੰਦਰ ਸਿੰਘ ਬੈਨੀਪਾਲ ਦੇ ਹੱਥਾਂ 'ਚ ਸੌਂਪੀ ਹੋਈ ਹੈ।ਪੰਜਾਬ ਦੀ ਟੀਮ ਵੱਲੋਂ ਸਤਨਾਮ ਸਿੰਘ ਗਿੱਲ ਜਨਰਲ ਸਕੱਤਰ ਵਜੋਂ ਪੰਜਾਬ ਦੇ ਸਿਆਸੀ ਗਲਿਆਰਿਆਂ 'ਚ ਵਿਚਰ ਕੇ ਬੂਥ ਪੱਧਰ 'ਤੇ ਕੇਡਰ ਤਿਆਰ ਕਰਨ ਦੀ ਯੋਜਨਾ ਦੇ 'ਫਾਰਮੂਲੇ' ਤੇ ਕੰਮ ਕਰ ਰਹੇ ਹਨ।ਪਤਾ ਲੱਗਾ ਹੈ ਕਿ ਸਿਆਸਤ 'ਚ ਸਰਗਰਮ ਰਹਿਣ ਵਾਲੇ ਦਿਓ ਕੱਦ ਉਨ੍ਹਾਂ ਸਿਆਸਤਦਾਨਾਂ ਨੂੰ ਪਾਰਟੀ 'ਚ ਸ਼ਾਮਲ ਕਰਾਉਣ ਲਈ ਯਤਨਸ਼ੀਲ ਹਨ ਜਿਨ੍ਹਾਂ ਦੇ ਨਾਮ ਦਾ ਕਦੇ ਸਿੱਕਾ ਚੱਲਿਆ ਕਰਦਾ ਸੀ।ਦੇਖਿਆ ਜਾ ਰਿਹਾ ਹੈ ਕਿ ਜੇਡੀਯੂ ਵੀ ਦੂਸਰੀਆਂ ਰਾਜਨੀਤਕ ਪਾਰਟੀਆਂ ਵਾਂਗ ਪੰਜਾਬ 'ਚ ਡੇਰਿਆਂ ਵੱਲ ਰੁਖ ਕਰਨ ਦੀ ਯੋਜਨਾ ਬਣਾ ਰਹੇ ਹਨ।ਆਉਂਣ ਵਾਲਾ ਸਮਾ ਹੀ ਦੱਸੇਗਾ ਕਿ ਪੰਜਾਬ ਦੀ ਸਿਆਸਤ ਕੀ ਰੁਖ ਲਵੇਗੀ।

## ਕਾਮਰੇਡ ਨਾਗੋਕੇ ਨਮਿੱਤ ਅੰਤਿਮ ਅਰਦਾਸ 19 ਨੂੰ



ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਕਾਮਰੇਡ ਸਰਵਨ ਸਿੰਘ ਨਾਗੋਕੇ ਨੇ ਸਾਰੀ ਜ਼ਿੰਦਗੀ ਮਿਹਨਤਕਸ਼ ਲੋਕਾਂ ਦੇ ਲੇਖੇ ਲਾਈ ਹੈ।ਉਨ੍ਹਾਂ ਦੇ ਬੱਚਿਆਂ ਨੂੰ ਉਨ੍ਹਾਂ ਦੀ ਸੰਘਰਸ਼ਸ਼ੀਲ ਜ਼ਿੰਦਗੀ 'ਤੇ ਮਾਣ ਹੈ। ਉਨ੍ਹਾਂ ਦੀਆਂ ਅੰਤਿਮ ਰਸਮਾਂ 19 ਜਨਵਰੀ ਐਤਵਾਰ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਨਾਗੋਕੇ ਵਿਖੇ 12 ਤੋਂ 2 ਵਜੇ ਤੱਕ ਹੋਣਗੀਆਂ।ਉਸ ਦਿਨ ਭਾਰਤੀ ਕਮਿਊਨਿਸਟ ਪਾਰਟੀ ਤੇ ਮਜ਼ਦੂਰਾਂ/ਕਿਸਾਨਾਂ ਦੇ ਸੂਬਾਈ ਆਗੂ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪਹੁੰਚਣਗੇ।ਇਹ ਜਾਣਕਾਰੀ ਕਾਮਰੇਡ ਨਾਗੋਕੇ ਦੇ ਪਰਿਵਾਰ ਨਾਲ ਅੱਜ ਦੁੱਖ ਸਾਂਝਾ ਕਰਨ ਪਹੁੰਚੇ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਆਗੂ ਕਾਮਰੇਡ ਦਵਿੰਦਰ ਸੋਹਲ ਤੇ ਗੁਰਦਿਆਲ ਸਿੰਘ ਖਡੂਰ ਸਾਹਿਬ ਅਤੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਬਲਕਾਰ ਸਿੰਘ ਵਲਟੋਹਾ, ਬਲਦੇਵ ਸਿੰਘ ਧੂੰਦਾ ਤੇ ਦਲਬੀਰ ਸਿੰਘ ਦਿਓਲ ਨੇ ਦਿੱਤੀ।ਇਸ ਮੌਕੇ ਆਗੂਆਂ ਨੇ ਕਿਹਾ ਕਿ ਅੱਜ ਪੰਜਾਬ ਅਤੇ ਦੇਸ਼ ਵਿਚਲੇ ਮਿਹਨਤਕਸ਼ ਲੋਕਾਂ ਦੀ ਜ਼ਿੰਦਗੀ ਖ਼ੁਸ਼ਹਾਲ ਬਣਾਉਣ ਲਈ ਕਾਮਰੇਡ ਨਾਗੋਕੇ ਵਾਂਗ ਸੰਘਰਸ਼ਸ਼ੀਲ ਰਹਿਣ ਦੀ ਲੋੜ ਹੈ।ਇਸ ਮੌਕੇ ਉਨ੍ਹਾਂ ਦੇ ਬੱਚਿਆਂ ਨੇ ਕਿਹਾ ਕਿ ਉਹ ਆਪਣੇ ਬਾਪ ਦੀ ਤਰ੍ਹਾਂ ਹਮੇਸ਼ਾ ਕਮਿਊਨਿਸਟ ਪਾਰਟੀ ਨਾਲ ਖੜੇ ਰਹਿਣਗੇ।

## ਗੁਰਦੁਆਰਾ (ਪੱਤੀ ਚੀਮਾ) ਤੋਂ ਪ੍ਰਕਾਸ਼ ਦਿਹਾੜੇ ਮੌਕੇ ਵਿਸ਼ਾਲ ਨਗਰ ਕੀਰਤਨ ਸਜਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪਿੰਡ ਧਾਰੀਵਾਲ ਕਲਾਂ ਵਿਖੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ ਪੁਰਬ ਦੇ ਸਬੰਧ ਵਿੱਚ ਨਗਰ ਦੀਆਂ ਸਮੂਹ ਸੰਗਤਾਂ ਵਲੋਂ ਪਿੰਡ ਦੇ ਗੁਰਦੁਆਰਾ ਸਿੰਘ ਸਭਾ ਸਾਹਿਬ (ਪੱਤੀ ਚੀਮਾ) ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਗੁਰਦੁਆਰਾ ਸਿੰਘ ਸਭਾ (ਪੱਤੀ ਚੀਮਾ) ਤੋਂ ਆਰੰਭ ਹੋ ਕੇ ਰੰਘਰੇਟਾ ਗੁਰੂ ਕਾ ਬੇਟਾ ਪੜਾਅ, ਪਿੰਡ ਖਾਨਮਲਕ ਦੇ ਗੁਰਦੁਆਰਾ ਸਿੰਘ ਸਭਾ ਤੋਂ ਮੁੜ ਵਾਪਸ ਪਿੰਡ ਧਾਰੀਵਾਲ ਕਲਾਂ ਦੇ ਗੁਰਦੁਆਰਾ ਸਾਹਿਬ (ਡੇਰਾ ਪੱਡਿਆਂ), ਗੁਰਦੁਆਰਾ ਸਾਹਿਬ (ਪੱਤੀ ਧਾਲੀਵਾਲ), ਗੁਰਦੁਆਰਾ ਸਾਹਿਬ ਜੌਹਲ ਪੱਤੀ ਤੋਂ ਹੁੰਦਾ ਹੋਇਆ ਸਾਰੇ ਪਿੰਡ ਦੀਆਂ ਪਰਿਕਰਮਾ ਕਰਦਾ ਹੋਇਆ ਵਾਪਿਸ ਆਰੰਭਿਕ ਸਥਾਨ ਗੁਰਦੁਆਰਾ (ਪੱਤੀ ਚੀਮਾ) ਵਿਖੇ ਸਮਾਪਤ ਹੋਇਆ। ਨਗਰ ਕੀਰਤਨ ਦਾ ਸ਼ਰਧਾਲੂਆਂ ਵੱਲੋਂ ਵੱਖ-ਵੱਖ ਥਾਵਾਂ ਤੇ ਨਿੱਘਾ ਸਵਾਗਤ ਕੀਤਾ ਅਤੇ ਸੰਗਤ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਨਗਰ ਕੀਰਤਨ ਦੌਰਾਨ ਪਿੰਡ ਦੇ ਵੱਖ-ਵੱਖ ਗੁਰਦੁਆਰਿਆਂ ਵਿੱਚ ਪੜਾਅਵਾਰ ਸਜਾਏ ਗਏ ਧਾਰਮਿਕ ਦੀਵਾਨਾਂ ਵਿੱਚ ਕਵੀਸ਼ਰੀ ਜਥਾ ਭਾਈ ਮਨਜੀਤ ਸਿੰਘ ਗਿੱਲਮੰਝ, ਭਾਈ ਗੁਰਦੀਪ ਸਿੰਘ ਤੇ ਭਾਈ ਪਰਮਜੀਤ ਸਿੰਘ ਅਤੇ ਕਵੀਸ਼ਰੀ ਜਥਾ ਭਾਈ ਸੁਖਵਿੰਦਰ ਸਿੰਘ ਧਾਰੀਵਾਲ ਕਲਾਂ ਤੇ ਦਿਲਬਾਗ ਸਿੰਘ ਨੇ ਕਵੀਸ਼ਰੀਆਂ ਪੇਸ਼ ਕਰਦੇ ਹੋਏ ਗੁਰੂ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਗਾਇਕ ਸਾਧੂ ਸੇਖਵਾਂ ਨੇ ਧਾਰਮਿਕ ਗੀਤਾਂ ਨਾਲ ਹਾਜ਼ਰੀ ਲਵਾਈ। ਇਸ ਦੌਰਾਨ ਸੁਖਮਨੀ ਸੇਵਾ ਸੁਸਾਇਟੀ ਜਥਾ (ਬੀਬੀਆਂ) ਵੱਲੋਂ ਗੁਰੂ ਜੀ ਦੀ ਮਹਿਮਾ ਵਿੱਚ ਸ਼ਬਦ ਗਾਇਨ ਕੀਤੇ ਗਏ। ਇਸ ਨਗਰ ਕੀਰਤਨ ਵਿੱਚ ਗੁਰਦੁਆਰਾ ਸਾਹਿਬ (ਪੱਤੀ ਚੀਮਾ) ਦੇ ਮੁੱਖ ਸੇਵਾਦਾਰ ਬਾਬਾ ਅਜੈਬ ਸਿੰਘ ਨਿਊ ਸੂਰਜ ਟ੍ਰਾਂਸਪੋਰਟ ਵਾਲੇ, ਸਾਬਕਾ ਸਰਪੰਚ ਗੁਰਨਾਮ ਸਿੰਘ, ਸਰਪੰਚ ਸੁਖਚੈਨ ਸਿੰਘ, ਸਾਬਕਾ ਸਰਪੰਚ ਗੁਰਮੁੱਖ ਸਿੰਘ, ਕੈਪਟਨ ਮਨਜੀਤ ਸਿੰਘ, ਸੁਰਜੀਤ ਸਿੰਘ ਫੌਜੀ, ਮੰਗਲ ਸਿੰਘ, ਅਜੀਤ ਸਿੰਘ ਨੰਬਰਦਾਰ, ਸੁਖਵੰਤ ਸਿੰਘ ਸਾਖਾ, ਗੁਰਚਰਨ ਸਿੰਘ ਨੰਬਰਦਾਰ, ਸਰਵਣ ਸਿੰਘ ਚੀਮਾ ਫੋਰਮੈਨ, ਜਥੇ. ਰਤਨ ਸਿੰਘ ਪੱਡਾ, ਸੁੱਚਾ ਸਿੰਘ ਪੱਡਾ, ਮਾਸਟਰ ਤਰਸੇਮ ਸਿੰਘ, ਰਾਜਿੰਦਰ ਵਾਰਿਸ ਬਟਾਲਾ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬੁਰਜ ਸਾਹਿਬ ਧਾਰੀਵਾਲ ਦੇ ਪ੍ਰਧਾਨ ਹਰਚਰਨ ਸਿੰਘ, ਕੁਲਵਿੰਦਰ ਸਿੰਘ, ਹਰਬੀਰ ਸਿੰਘ ਰਿੰਕੂ, ਮੇਜਰ ਸਿੰਘ, ਸਵਰਨ ਸਿੰਘ, ਕੁਲਵੰਤ ਸਿੰਘ ਖਾਲਸਾ, ਜਸਬੀਰ ਸਿੰਘ ਪੱਡਾ, ਬੀਬੀ ਬਲਬੀਰ ਕੌਰ ਖਾਲਸਾ, ਲਖਵਿੰਦਰ ਕੌਰ, ਬਲਵਿੰਦਰ ਕੌਰ, ਹਰਪ੍ਰੀਤ ਕੌਰ, ਰਾਜਵਿੰਦਰ ਕੌਰ ਸੋਨੀਆ, ਹਰਜਿੰਦਰ ਕੌਰ ਚੀਮਾ, ਲਖਵਿੰਦਰ ਕੌਰ ਚੀਮਾ, ਬਲਜੀਤ ਕੌਰ ਆਦਿ ਸ਼ਰਧਾਲੂ ਸੇਵਾਦਾਰਾਂ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਿਲ ਸਨ।

## ਪਾਰਲੀਮੈਂਟ 'ਚ ਅਮਿਤ ਸ਼ਾਹ ਵੱਲੋਂ ਡਾ. ਅੰਬੇਡਕਰ ਲਈ ਵਰਤੀ ਸ਼ਬਦਾਵਲੀ ਮਨੂੰਵਾਦੀ ਹੰਕਾਰ ਦਾ ਪ੍ਰਗਟਾਵਾ: ਪਾਸਲਾ

### * ਪੂੰਜੀਵਾਦ ਤੇ ਫਿਰਕੂ ਰਾਜਨੀਤਕ ਸੋਚ ਦਾ ਬਦਲ ਸਾਂਝੀਵਾਲਤਾ ਦੀ ਖੱਬੇ-ਪੱਖੀ ਵਿਚਾਰਧਾਰਾ ਹੀ ਹੈ

ਗੁਰਦਾਸਪੁਰ (ਜਨਕ ਮਹਾਜਨ)-ਪਾਰਲੀਮੈਂਟ ਵਿੱਚ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਜਿਸ ਅੰਦਾਜ਼ ਵਿੱਚ ਡਾ. ਅੰਬੇਡਕਰ ਸਾਹਿਬ ਬਾਰੇ ਭਾਸ਼ਾ ਦਾ ਇਸਤੇਮਾਲ ਕੀਤਾ ਹੈ, ਉਹ ਅਮਿਤ ਸ਼ਾਹ ਦੀ ਮਨੂੰਵਾਦੀ ਸੋਚ ਦੇ ਹੰਕਾਰ ਦਾ ਪ੍ਰਗਟਾਵਾ ਹੀ ਹੈ। ਹਰੇਕ ਵਰਗ ਦੀਆਂ ਆਰਥਿਕ ਮੁਸ਼ਕਲਾਂ ਦਾ ਸ੍ਰੋਤ ਪੂੰਜੀਵਾਦ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਮੋਦੀ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਕਾਰਪੋਰੇਟ ਪੱਖੀ ਨੀਤੀਆਂ ਹਨ। ਕੇਜਰੀਵਾਲ ਦਾ ਪੁਜਾਰੀਆਂ ਤੇ ਗ੍ਰੰਥੀਆਂ ਨੂੰ 18000 ਰੁਪਏ ਪ੍ਰਤੀ ਮਹੀਨਾ ਸਨਮਾਨ ਦੇਣ ਦਾ ਐਲਾਨ ਕੇਵਲ ਵੋਟਾਂ ਲੈਣਾ ਹੈ, ਇਨ੍ਹਾਂ ਦਾ ਕਿਸੇ ਧਰਮ ਦੀ ਮੂਲ ਭਾਵਨਾ ਨਾਲ ਕੋਈ ਸਰੋਕਾਰ ਨਹੀਂ ਹੈ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਆਰਐੱਮਪੀਆਈ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਪ੍ਰਭਾਵਸ਼ਾਲੀ ਕਾਨਫਰੰਸ ਵਿੱਚ ਅੱਗੇ ਕਿਹਾ ਕਿ ਭਾਜਪਾ ਤੇ ਆਮ ਆਦਮੀ ਪਾਰਟੀ ਦੋਵੇਂ ਆਰਐੱਸਐੱਸ ਤੇ ਕਾਰਪੋਰੇਟ ਜਗਤ ਲਈ ਕੰਮ ਕਰ ਰਹੀਆਂ ਹਨ। ਪੰਜਾਬ ਅੰਦਰ ਭਗਵੰਤ ਮਾਨ ਸਰਕਾਰ ਨੇ ਲੁੱਟਣ ਤੇ ਕੁੱਟਣ, ਨਸ਼ਾ ਤੇ ਮਾਈਨਿੰਗ ਮਾਫੀਆ ਨੂੰ ਸ਼ਹਿ ਦੇਣ ਤੇ ਪਿਛਲੀਆਂ ਸਾਰੀਆਂ ਸਰਕਾਰਾਂ ਨੂੰ ਵੀ ਮਾਤ ਪਾਈ ਹੈ। ਪੰਜਾਬ ਸਮੇਤ ਸਮੁੱਚੇ ਦੇਸ਼ ਦੀ 80% ਆਬਾਦੀ ਸਾਹਮਣੇ ਖੜ੍ਹੇ ਆਰਥਿਕ ਸੰਕਟ ਲਈ ਜ਼ਿੰਮੇਵਾਰ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਅਤੇ ਭਾਈਚਾਰਕ ਸਾਂਝ ਨੂੰ ਤੋੜਨ ਵਾਲੀ ਆਰਐੱਸਐੱਸ ਦੀ ਫਿਰਕੂ ਸੋਚ ਨੂੰ ਖੱਬੀਆਂ ਧਿਰਾਂ ਅਤੇ ਅਗਾਂਹਵਧੂ ਸੋਚ ਦੇ ਧਾਰਨੀ ਲੋਕਾਂ ਵਿਸ਼ਾਲ ਏਕਾ ਹੀ ਸਹੀ ਦਿਸ਼ਾ ਵਿਚ ਲੋਕਪੱਖੀ ਰਾਜਨੀਤਕ ਬਦਲ ਦੇ ਸਕਦਾ ਹੈ। ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਤਹਿਸੀਲ ਕਮੇਟੀ ਗੁਰਦਾਸਪੁਰ ਵੱਲੋਂ ਰੁਲੀਆ ਰਾਮ ਕਾਲੋਨੀ ਜੇਲ੍ਹ ਰੋਡ ਸ਼ਹੀਦ ਕਾਮਰੇਡ ਬਲਜੀਤ ਸਿੰਘ ਫਜ਼ਲਾਬਾਦ ਭਵਨ ਵਿਖੇ ਕਾਮਰੇਡ ਹਰਜੀਤ ਸਿੰਘ ਕਾਹਲੋਂ, ਸਾਬਕਾ ਹੈੱਡਮਾਸਟਰ ਅਬਿਨਾਸ਼ ਸਿੰਘ, ਭੈਣ ਅਮਰੀਕ ਕੌਰ ਅਤੇ ਮਾਸਟਰ ਸੁਭਾਸ਼ ਸ਼ਰਮਾ ਦੀ ਪ੍ਰਧਾਨਗੀ ਹੇਠ ਮੁਲਾਜ਼ਮਾਂ, ਪੈਨਸ਼ਨਰਾਂ, ਕਿਸਾਨਾਂ, ਮਜ਼ਦੂਰਾਂ ਦੇ ਹੱਕਾਂ ਲਈ ਸਾਰੀ ਉਮਰ ਸੰਘਰਸ਼ਸ਼ੀਲ ਰਹੇ ਪਾਰਟੀ ਦੇ ਸਤਿਕਾਰਤ ਆਗੂ ਸਾਥੀ ਨਿਰਮਲ ਸਿੰਘ ਬੋਪਾਰਾਏ ਦੀ ਯਾਦ ਨੂੰ ਸਮਰਪਿਤ ਸ਼ਰਧਾਂਜਲੀ ਸਮਾਰੋਹ ਅਤੇ ਮੌਜੂਦਾ ਹਾਲਾਤ ਤੇ ਆਯੋਜਿਤ ਰਾਜਸੀ ਚੇਤਨਾ ਕਾਨਫਰੰਸ ਮੌਕੇ ਇਨਕਲਾਬੀ ਸ਼ਰਧਾਂਜਲੀ ਭੇਟ ਕਰਦਿਆਂ ਕਾਮਰੇਡ ਨੱਥਾ ਸਿੰਘ ਢਡਵਾਲ, ਸ਼ਿਵ ਕੁਮਾਰ, ਸੰਤੋਖ ਸਿੰਘ ਕਾਦੀਆਂ, ਸ਼ਮਸ਼ੇਰ ਸਿੰਘ ਨਵਾਂ ਪਿੰਡ ਅਤੇ ਹੋਰ ਆਗੂਆਂ ਨੇ ਕਿਹਾ ਕਿ ਜਮਹੂਰੀਅਤ ਤੇ ਫੈਡਰਲ ਢਾਂਚੇ ਦੀ ਰਾਖੀ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਜੀਵਨ ਨਾਲ ਜੁੜੇ ਮੁੱਖ ਮੁੱਦਿਆਂ ਜਿਵੇਂ ਕੇਂਦਰ ਤੇ ਪੰਜਾਬ ਸਰਕਾਰ ਦੇ ਲੋਕ ਵਿਰੋਧੀ ਫੈਸਲਿਆਂ ਕਰਕੇ ਬੇਰੋਕ ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ ਤੇ ਭ੍ਰਿਸ਼ਟਾਚਾਰ ਨੂੰ ਰੋਕਣ ਲਈ। ਸਰਕਾਰੀ ਸ਼ਹਿ ਪ੍ਰਾਪਤ ਪਨਪ ਰਹੇ ਨਸ਼ਾ ਤੇ ਮਾਈਨਿੰਗ ਮਾਫੀਆ, ਬੁਰੀ ਤਰ੍ਹਾਂ ਫੇਲ੍ਹ ਹੋ ਰਹੀ ਵਿਗੜੀ ਕਾਨੂੰਨ ਵਿਵਸਥਾ ਦੇ ਖਿਲਾਫ ਮਜ਼ਦੂਰਾਂ ਨੂੰ ਕੰਮ ਨਾ ਮਿਲਣ ਕਰਕੇ ਉਨ੍ਹਾਂ ਸਾਹਮਣੇ ਦੋ ਵਕਤ ਦੀ ਰੋਟੀ ਦਾ ਜੁਗਾੜ ਕਰਨਾ ਵੀ ਮੁਸ਼ਕਲ ਹੋ ਗਿਆ ਹੈ। ਵਾਰ-ਵਾਰ ਖੇਤੀ ਖੇਤਰ ਵਿੱਚ ਕਾਰਪੋਰੇਟ ਪੱਖੀ ਨੀਤੀਆਂ ਲਿਆਉਣ ਕਰਕੇ ਕਿਸਾਨੀ ਸੰਕਟ ਲਗਾਤਾਰ ਵੱਧ ਰਿਹਾ ਹੈ। ਨਵੀਂ ਪੈਨਸ਼ਨ ਸਕੀਮ ਅਤੇ ਠੇਕੇ 'ਤੇ ਹੋ ਰਹੀ ਭਰਤੀ ਨੇ ਮੁਲਾਜ਼ਮਾਂ ਦਾ ਭਵਿੱਖ ਧੁੰਦਲਾ ਕਰ ਦਿੱਤਾ ਹੈ। ਸਿੱਖਿਆ, ਸਿਹਤ ਸਹੂਲਤਾਂ, ਸਮਾਜਿਕ ਸੁਰੱਖਿਆ, ਸਾਫ ਪਾਣੀ, ਸਰਕਾਰੀ ਰਾਸ਼ਨ ਡਿੱਪੂਆਂ ਰਾਹੀਂ ਘਰੇਲੂ ਵਰਤੋਂ ਦੀਆਂ ਜ਼ਰੂਰੀ ਵਸਤਾਂ ਘੱਟ ਕੀਮਤ 'ਤੇ ਮੁਹੱਈਆ ਕਰਨ ਤੋਂ ਸਰਕਾਰਾਂ ਨੇ ਪਾਸਾ ਵੱਟ ਲਿਆ ਹੈ। ਔਰਤਾਂ, ਦਲਿਤਾਂ ਤੇ ਘੱਟ ਗਿਣਤੀ ਭਾਈਚਾਰਿਆਂ ਉਤੇ ਲਗਾਤਾਰ ਹੋ ਰਹੇ ਹਮਲਿਆਂ ਖਿਲਾਫ ਆਵਾਜ਼ ਬੁਲੰਦ ਕਰਨ ਲਈ ਰਾਜਨੀਤਕ ਚੇਤਨਾ ਕਾਨਫਰੰਸਾਂ ਦਾ ਸਿਲਸਿਲਾ ਲਗਾਤਾਰ ਜਾਰੀ ਰਹੇਗਾ। ਇਸ ਮੌਕੇ ਕਾਮਰੇਡ ਸੁਰਜੀਤ ਸਿੰਘ ਘੁਮਾਣ, ਸਾਥੀ ਅਜੀਤ ਸਿੰਘ ਹੁੰਦਲ, ਗੁਰਦਿਆਲ ਸਿੰਘ ਸੋਹਲ, ਤਰਸੇਮ ਸਿੰਘ ਭੰਗੂ, ਸੁਭਾਸ਼ ਦਿਵਾਨਾ, ਸੀਤਲ ਸਿੰਘ ਗੁਨੋਪੁਰ, ਕਰਨੈਲ ਸਿੰਘ ਰਾਜੂਬੇਲਾ, ਕਪੂਰ ਸਿੰਘ ਘੁੰਮਣ, ਅਮਰਜੀਤ ਸਿੰਘ ਸੈਣੀ, ਰਘਬੀਰ ਸਿੰਘ ਚਾਹਲ, ਬਲਦੇਵ ਰਾਜ ਭੋਆ, ਸ਼ਿੰਦਰਪਾਲ ਬਿਸ਼ਨਕੋਟ, ਬਲਜੀਤ ਸਿੰਘ ਅਤੇ ਹੋਰ ਸਾਥੀਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ।



